ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 73
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Monday, 16 March, 2026) ਸੋਮਵਾਰ, 16 ਮਾਰਚ, 2026, 3 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

## ਗੰਗਾ ਕੰਢੇ ਨਾਜਾਇਜ਼ ਕਬਜ਼ਿਆਂ 'ਤੇ ਸੁਪਰੀਮ ਕੋਰਟ ਹੋਈ ਸਖ਼ਤ

ਨਵੀਂ ਦਿੱਲੀ, 15 ਮਾਰਚ (ਚੜ੍ਹਦੀਕਲਾ ਬਿਊਰੋ): ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਗੰਗਾ ਨਦੀ ਦੇ ਕਿਨਾਰਿਆਂ ਅਤੇ ਹੜ੍ਹ ਦੇ ਮੈਦਾਨਾਂ 'ਚ ਗੈਰ-ਕਾਨੂੰਨੀ ਉਸਾਰੀਆਂ ਬਾਰੇ ਵਿਆਪਕ ਰਿਪੋਰਟ ਪੇਸ਼ ਕਰਨ ਅਤੇ ਕਬਜ਼ਿਆਂ ਨੂੰ ਹਟਾਉਣ ਲਈ ਚੁਕੇ ਗਏ ਕਦਮਾਂ ਬਾਰੇ ਜਾਣਕਾਰੀ ਦੇਣ ਦੇ ਹੁਕਮ ਦਿਤੇ ਹਨ। ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਜਸਟਿਸ ਕੇ.ਵੀ. ਵਿਸ਼ਵਨਾਥਨ ਦੀ ਬੈਂਚ ਨੇ ਕੇਂਦਰ ਸਰਕਾਰ ਨੂੰ ਗੰਗਾ ਦੇ ਪੁਨਰ-ਸੁਰਜੀਤੀ, ਸੁਰੱਖਿਆ ਅਤੇ ਪ੍ਰਬੰਧਨ ਬਾਰੇ ਨੋਟੀਫਿਕੇਸ਼ਨ ਨੂੰ ਲਾਗੂ ਕਰਨ ਲਈ

(ਬਾਕੀ ਸਫਾ 2 'ਤੇ)

## ਚੋਣ ਕਮਿਸ਼ਨ ਵੱਲੋਂ 5 ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਰੀਕਾਂ ਦਾ ਐਲਾਨ

### ਬੰਗਾਲ 'ਚ 23 ਤੇ 29 ਅਪ੍ਰੈਲ, ਕੇਰਲਾ, ਆਸਾਮ ਤੇ ਪੁਡੂਚੇਰੀ 'ਚ 9 ਅਪ੍ਰੈਲ ਤੇ ਤਾਮਿਲਨਾਡੂ 'ਚ 23 ਅਪ੍ਰੈਲ ਨੂੰ ਹੋਵੇਗੀ ਵੋਟਿੰਗ, ਨਤੀਜੇ 4 ਮਈ ਨੂੰ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 15 ਮਾਰਚ: ਭਾਰਤੀ ਚੋਣ ਕਮਿਸ਼ਨ ਨੇ ਪੱਛਮੀ ਬੰਗਾਲ, ਤਾਮਿਲਨਾਡੂ, ਕੇਰਲਾ, ਆਸਾਮ ਅਤੇ ਪੁਡੂਚੇਰੀ 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਕਰ ਦਿੱਤਾ ਹੈ। ਚੋਣ ਕਮਿਸ਼ਨ ਅਨੁਸਾਰ ਇਨ੍ਹਾਂ ਸੂਬਿਆਂ 'ਚ ਅਪ੍ਰੈਲ ਮਹੀਨੇ




ਦੌਰਾਨ ਵੋਟਿੰਗ ਕਰਵਾਈ ਜਾਵੇਗੀ, ਜਦਕਿ ਸਾਰੇ ਸੂਬਿਆਂ ਦੇ ਨਤੀਜੇ 4 ਮਈ ਨੂੰ ਐਲਾਨ ਕੀਤੇ ਜਾਣਗੇ। ਚੋਣ ਪ੍ਰੋਗਰਾਮ ਦੇ ਐਲਾਨ ਦੇ ਨਾਲ ਹੀ ਸਬੰਧਤ ਸੂਬਿਆਂ 'ਚ ਆਦਰਸ਼ ਚੋਣ ਜ਼ਾਬਤਾ ਵੀ ਲਾਗੂ ਹੋ ਗਿਆ ਹੈ।

**ਆਸਾਮ, ਕੇਰਲਾ ਅਤੇ ਪੁਡੂਚੇਰੀ 'ਚ 9 ਅਪ੍ਰੈਲ ਨੂੰ ਵੋਟਿੰਗ:** ਚੋਣ ਕਮਿਸ਼ਨ ਅਨੁਸਾਰ ਆਸਾਮ, ਕੇਰਲਾ ਤੇ ਪੁਡੂਚੇਰੀ 'ਚ 9 ਅਪ੍ਰੈਲ ਨੂੰ ਇੱਕੋ ਪੜਾਅ 'ਚ ਵੋਟਾਂ ਪਾਈਆਂ ਜਾਣਗੀਆਂ। ਇਨ੍ਹਾਂ ਸੂਬਿਆਂ 'ਚ ਚੋਣ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਵੋਟਾਂ ਦੀ ਗਿਣਤੀ 4 ਮਈ ਨੂੰ ਹੋਵੇਗੀ। ਕਮਿਸ਼ਨ ਨੇ ਭਰੋਸਾ ਦਿੱਤਾ ਹੈ ਕਿ ਚੋਣਾਂ ਨੂੰ ਸ਼ਾਂਤੀਪੂਰਵਕ ਅਤੇ ਨਿਰਪੱਖ ਤਰੀਕੇ ਨਾਲ ਨੇਪਰੇ ਚਾੜ੍ਹਨ ਲਈ ਸੁਰੱਖਿਆ ਦੇ ਵਿਆਪਕ ਪ੍ਰਬੰਧ ਕੀਤੇ ਜਾਣਗੇ।

**ਪੱਛਮੀ ਬੰਗਾਲ ਤੇ ਤਾਮਿਲਨਾਡੂ ਦਾ ਚੋਣ ਸ਼ਡਿਊਲ:** ਪੱਛਮੀ ਬੰਗਾਲ 'ਚ ਵਿਧਾਨ ਸਭਾ ਚੋਣਾਂ ਦੋ ਪੜਾਵਾਂ 'ਚ ਕਰਵਾਈਆਂ ਜਾਣਗੀਆਂ। ਸੂਬੇ 'ਚ ਪਹਿਲੇ ਪੜਾਅ ਦੀ ਵੋਟਿੰਗ 23 ਅਪ੍ਰੈਲ ਨੂੰ ਅਤੇ ਦੂਜੇ ਪੜਾਅ ਦੀ 29 ਅਪ੍ਰੈਲ ਨੂੰ ਹੋਵੇਗੀ। ਦੂਜੇ ਪਾਸੇ, ਤਾਮਿਲਨਾਡੂ ਵਿੱਚ ਵਿਧਾਨ ਸਭਾ ਚੋਣਾਂ ਲਈ 23 ਅਪ੍ਰੈਲ ਨੂੰ ਇੱਕੋ ਪੜਾਅ ਵਿੱਚ ਮਤਦਾਨ ਹੋਵੇਗਾ। ਇਨ੍ਹਾਂ ਸਾਰੇ ਪੜਾਵਾਂ ਦੀ ਗਿਣਤੀ ਵੀ 4 ਮਈ ਨੂੰ ਹੀ ਕੀਤੀ ਜਾਵੇਗੀ।

**ਮਈ 'ਚ ਖਤਮ ਹੋ ਰਿਹਾ ਹੈ ਵਿਧਾਨ ਸਭਾਵਾਂ ਦਾ ਕਾਰਜਕਾਲ:** ਚੋਣ ਕਮਿਸ਼ਨ ਨੇ

(ਬਾਕੀ ਸਫਾ 2 'ਤੇ)

## ਪੰਜਾਬ 'ਚ 15 ਮਈ ਤੋਂ ਸ਼ੁਰੂ ਹੋਵੇਗੀ ਜਨਗਣਨਾ

*30 ਅਪ੍ਰੈਲ ਤੋਂ 14 ਮਈ ਤੱਕ ਹੋਵੇਗੀ ਸਵੈ-ਗਣਨਾ*

ਨਵੀਂ ਦਿੱਲੀ, 15 ਮਾਰਚ (ਚੜ੍ਹਦੀਕਲਾ ਬਿਊਰੋ): ਪੰਜਾਬ ਵਿੱਚ 15 ਮਈ ਤੋਂ ਜਨਗਣਨਾ ਸ਼ੁਰੂ ਹੋਵੇਗੀ ਜਿਸ ਦੀਆਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ। ਦੇਸ਼ ਵਿੱਚ 16 ਸਾਲ ਦੇ ਵਕਫ਼ੇ ਮਗਰੋਂ ਜਨਗਣਨਾ ਕਰਵਾਈ ਜਾ ਰਹੀ ਹੈ ਜੋ ਪਹਿਲੀ ਵਾਰ ਡਿਜੀਟਲੀ ਤਰੀਕੇ ਨਾਲ ਹੋਵੇਗੀ। ਨਾਗਰਿਕ ਘਰ ਦੇ ਵੇਰਵੇ ਆਨਲਾਈਨ ਦਰਜ ਕਰਵਾ ਸਕਣਗੇ। ਆਨਲਾਈਨ ਜਨਗਣਨਾ ਲਈ ਪੋਰਟਲ 30 ਅਪ੍ਰੈਲ ਤੋਂ ਖੁੱਲ੍ਹ ਜਾਣਗੇ। ਅਧਿਕਾਰੀਆਂ ਨੇ ਕਿਹਾ ਕਿ ਪਹਿਲੀ ਵਾਰ ਨਾਗਰਿਕ ਆਪਣੇ ਘਰ-ਬਾਰ ਦੇ ਵੇਰਵੇ ਆਨਲਾਈਨ ਦਰਜ ਕਰਵਾ ਸਕਣਗੇ। ਲੋਕਾਂ ਲਈ ਪੋਰਟਲ 30 ਅਪ੍ਰੈਲ ਤੋਂ 14 ਮਈ ਤੱਕ ਖੁੱਲ੍ਹਾ ਰਹੇਗਾ ਜਿਸ 'ਤੇ ਉਹ ਜਾਣਕਾਰੀ ਸਾਂਝੀ ਕਰ ਸਕਦੇ ਹਨ। ਪੰਜਾਬ ਵਿੱਚ ਘਰ-ਘਰ ਜਾ ਕੇ ਜਾਣਕਾਰੀ ਹਾਸਲ ਕਰਨ ਲਈ ਕਰੀਬ 65 ਹਜ਼ਾਰ ਮੁਲਾਜ਼ਮਾਂ ਨੂੰ ਤਾਇਨਾਤ ਕੀਤੇ ਜਾਣ ਦੀ ਸੰਭਾਵਨਾ ਹੈ। ਜਨਗਣਨਾ ਦੋ ਪੜਾਵਾਂ ਵਿੱਚ ਹੋਵੇਗੀ। ਪਹਿਲੇ ਪੜਾਅ ਤਹਿਤ ਘਰ-ਬਾਰ ਬਾਰੇ 15 ਮਈ ਤੋਂ 13 ਜੂਨ ਤੱਕ ਜਾਣਕਾਰੀ ਇਕੱਠੀ ਕੀਤੀ ਜਾਵੇਗੀ ਜਦਕਿ ਦੂਜਾ

(ਬਾਕੀ ਸਫਾ 2 'ਤੇ)

*ਮੁੱਖ ਮੰਤਰੀ ਵੱਲੋਂ ਤਿੰਨ-ਰੋਜ਼ਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੀ ਸਮਾਪਤੀ ਮੌਕੇ ਉੱਦਮੀਆਂ ਨੂੰ ਸੰਬੋਧਨ*

## ਪੰਜਾਬ 'ਚ ਨਿਵੇਸ਼ ਕਰੋ, ਸਰਕਾਰ ਤੁਹਾਨੂੰ ਪੂਰਾ ਸਹਿਯੋਗ ਅਤੇ ਰਿਆਇਤਾਂ ਦੇਵੇਗੀ: ਮਾਨ

**ਚੜ੍ਹਦੀਕਲਾ ਬਿਊਰੋ**

ਐਸ.ਏ.ਐਸ. ਨਗਰ (ਮੋਹਾਲੀ), 15 ਮਾਰਚ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਸ.ਏ.ਐਸ. ਨਗਰ (ਮੋਹਾਲੀ) ਵਿਖੇ ਤਿੰਨ-ਰੋਜ਼ਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਆਖਰੀ ਦਿਨ ਉਦਯੋਗਪਤੀਆਂ ਨੂੰ ਸੰਬੋਧਨ ਕਰਦਿਆਂ ਉਦਯੋਗ ਲਈ ਸਰਕਾਰ ਦੀ ਤਰਫ਼ੋਂ ਪੂਰਾ ਸਹਿਯੋਗ ਅਤੇ ਰਿਆਇਤਾਂ ਦਾ ਭਰੋਸਾ ਦਿੱਤਾ। ਆਲਮੀ ਅਤੇ ਕੌਮੀ ਨਿਵੇਸ਼ਕਾਂ ਦੀ ਮਜ਼ਬੂਤ ਭਾਈਵਾਲੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਸੰਮੇਲਨ ਨੇ ਉਦਯੋਗਿਕ ਵਿਕਾਸ ਲਈ ਅਜਿਹਾ ਮਾਹੌਲ ਸਿਰਜਿਆ, ਜੋ ਸੂਬੇ ਦੀ ਆਰਥਿਕ ਤਰੱਕੀ ਨੂੰ ਹੋਰ ਰਫ਼ਤਾਰ ਦੇਵੇਗਾ। ਉਨ੍ਹਾਂ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਸੰਮੇਲਨ ਦੌਰਾਨ ਦਿੱਤੇ ਗਏ ਨਿਵੇਸ਼ ਪ੍ਰਸਤਾਵਾਂ ਅਤੇ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਨ ਲਈ




ਛੇ ਮਹੀਨਿਆਂ ਬਾਅਦ ਸਮੀਖਿਆ ਸੈਸ਼ਨ ਕਰੇਗੀ।

ਇਤਿਹਾਸਕ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਸਮਾਪਤੀ ਵਾਲੇ ਦਿਨ ਕਾਰੋਬਾਰੀ ਦਿੱਗਜ਼ਾਂ ਨਾਲ ਵਿਚਾਰ-ਚਰਚਾ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸੰਮੇਲਨ ਵਿੱਚ ਸ਼ਾਮਲ ਹੋਣ ਅਤੇ ਸੂਬੇ ਦੀ ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਨ ਲਈ ਇੱਥੇ ਆਈਆਂ ਮਾਣਯੋਗ ਸ਼ਖ਼ਸੀਅਤਾਂ ਦੇ ਸਮਰਪਣ ਨੂੰ ਬਿਆਨ ਕਰਨ ਲਈ ਮੇਰੇ ਕੋਲ ਸ਼ਬਦ ਵੀ ਘੱਟ ਰਹਿਣ ਜਾਣਗੇ। ਦੁਨੀਆ ਭਰ ਦੇ ਮੋਹਰੀ ਉਦਯੋਗਿਕ ਆਗੂ ਇਸ ਇਤਿਹਾਸਕ ਅਤੇ ਪ੍ਰਗਤੀਸ਼ੀਲ ਸੰਮੇਲਨ ਵਿੱਚ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਸੂਝਵਾਨ ਅਤੇ ਦੂਰਅੰਦੇਸ਼ੀ ਵਾਲਾ ਆਗੂ ਉਹੀ ਹੁੰਦਾ ਹੈ ਜੋ ਹਰ ਤਰ੍ਹਾਂ ਦੇ ਮਾਹੌਲ ਅਤੇ ਚੁਣੌਤੀਆਂ ਲਈ ਆਪਣੀ ਟੀਮ ਨੂੰ ਤਿਆਰ ਰੱਖੇ ਅਤੇ ਸੂਬਾ ਸਰਕਾਰ ਇਸੇ ਤਰਜ਼ 'ਤੇ ਕੰਮ ਕਰਦੀ ਹੈ।

ਸੂਬੇ ਦੇ ਲੋਕਾਂ ਦੇ ਜਨੂੰਨ ਅਤੇ ਜਜ਼ਬੇ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਹਮੇਸ਼ਾ ਸੂਝਵਾਨ ਆਗੂ ਵਜੋਂ ਵਿਚਰਦੇ ਹਨ ਅਤੇ ਅਸੀਂ ਦੇਸ਼ ਅਤੇ ਇਸ ਦੇ ਲੋਕਾਂ ਲਈ ਕੁਝ ਵੀ ਕਰ ਸਕਦੇ ਹਾਂ ਕਿਉਂਕਿ ਦੇਸ਼ ਸਾਡੇ ਲਈ ਸਭ ਤੋਂ ਅੱਗੇ ਹੈ। ਉਨ੍ਹਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਨਵਾਂ ਉੱਭਰਦਾ ਖੇਤਰ ਹੈ ਪਰ

(ਬਾਕੀ ਸਫਾ 2 'ਤੇ)

## ਫ਼ੌਜ ਵੱਲੋਂ ਘੁਸਪੈਠ ਦੀ ਕੋਸ਼ਿਸ਼ ਨਾਕਾਮ; ਪਾਕਿਸਤਾਨੀ ਅੱਤਵਾਦੀ ਢੇਰ

ਸ੍ਰੀਨਗਰ, 15 ਮਾਰਚ (ਚੜ੍ਹਦੀਕਲਾ ਬਿਊਰੋ): ਭਾਰਤੀ ਫ਼ੌਜ ਨੇ ਜੰਮੂ-ਕਸ਼ਮੀਰ ਦੇ ਉੜੀ ਸੈਕਟਰ ਵਿੱਚ ਕੰਟਰੋਲ ਰੇਖਾ ਦੇ ਕੋਲ ਘੁਸਪੈਠ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਸ ਦੌਰਾਨ ਇੱਕ ਪਾਕਿਸਤਾਨੀ ਅੱਤਵਾਦੀ ਮਾਰਿਆ ਗਿਆ ਹੈ। ਫੌਜ ਦੀ ਸ੍ਰੀਨਗਰ ਸਥਿਤ ਚਿਨਾਰ ਕੋਰ ਨੇ ਆਪਣੇ ਐਕਸ ਹੈਂਡਲ 'ਤੇ ਪੋਸਟ ਕੀਤਾ, ਘੁਸਪੈਠ ਦੀ ਕੋਸ਼ਿਸ਼ ਦੇ ਸਬੰਧ ਵਿੱਚ ਜੰਮੂ-ਕਸ਼ਮੀਰ ਪੁਲਿਸ ਵੱਲੋਂ ਦਿੱਤੀ ਗਈ ਇੱਕ ਖਾਸ ਖ਼ੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਉੜੀ ਸੈਕਟਰ ਦੇ ਇਲਾਕੇ ਬੁਛਰ ਵਿੱਚ 14-15 ਮਾਰਚ 2026 ਦੀ ਦਰਮਿਆਨੀ ਰਾਤ ਨੂੰ ਇੱਕ ਸਾਂਝਾ ਅਪਰੇਸ਼ਨ ਚਲਾਇਆ ਗਿਆ। ਫੌਜ ਨੇ ਕਿਹਾ ਕਿ ਝਾੜੀਆਂ ਵਿੱਚ ਫੌਜੀਆਂ ਨੇ ਇੱਕ ਅੱਤਵਾਦੀ ਦੀ ਸ਼ੱਕੀ ਹਰਕਤ ਦੇਖੀ। ਫ਼ੌਜ ਨੇ ਅੱਗੇ ਕਿਹਾ,ਘਾਤ ਲਗਾ ਕੇ ਬੈਠੇ ਸੁਰੱਖਿਆ ਬਲਾਂ ਨੇ ਆਪਣੀ ਥਾਂ ਨੂੰ ਬਦਲਿਆ

(ਬਾਕੀ ਸਫਾ 2 'ਤੇ)

*ਕੇਜਰੀਵਾਲ ਨੂੰ ਝਟਕਾ*

## ਦਿੱਲੀ ਹਾਈ ਕੋਰਟ ਵੱਲੋਂ ਸ਼ਰਾਬ ਘਪਲੇ 'ਚ ਜੱਜ ਬਦਲਣ ਦੀ ਮੰਗ ਰੱਦ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 15 ਮਾਰਚ: ਦਿੱਲੀ ਹਾਈ ਕੋਰਟ ਦੇ ਚੀਫ਼ ਜਸਟਿਸ ਡੀ.ਕੇ. ਉਪਾਧਿਆਏ ਨੇ ਸਾਬਕਾ ਮੁੱਖ ਮੰਤਰੀ ਅਤੇ ਆਪ ਕਨਵੀਨਰ ਅਤੇ ਹੋਰ ਵਿਅਕਤੀਆਂ ਦੀ ਅਪੀਲ ਖਾਰਜ ਕਰ ਦਿੱਤੀ ਹੈ, ਜਿਸ 'ਚ ਆਬਕਾਰੀ ਨੀਤੀ ਮਾਮਲੇ ਚ ਉਨ੍ਹਾਂ ਨੂੰ ਦੋਸ਼ ਮੁਕਤ ਕੀਤੇ ਜਾਣ ਦੇ ਫ਼ੈਸਲੇ ਖ਼ਿਲਾਫ਼ ਦਾਇਰ ਸੀ.ਬੀ.ਆਈ. ਦੀ ਪਟੀਸ਼ਨ ਜੱਜ ਸਵਰਨ ਕਾਂਤਾ ਸ਼ਰਮਾ ਦੀ ਜਗ੍ਹਾ ਕਿਸੇ ਹੋਰ ਜੱਜ ਦੇ ਸਾਹਮਣੇ ਸੂਚੀਬੱਧ ਕਰਨ ਦੀ ਅਪੀਲ ਕੀਤੀ ਗਈ ਸੀ। ਘਟਨਾਕ੍ਰਮ ਤੋਂ ਜਾਣੂ ਸੂਤਰਾਂ ਅਨੁਸਾਰ ਜੱਜ ਉਪਾਧਿਆਏ ਨੇ ਕਿਹਾ ਕਿ ਜੱਜ ਸ਼ਰਮਾ ਰੋਸਟਰ ਅਨੁਸਾਰ, ਅਧੀਨ ਅਦਾਲਤ ਦੇ ਫ਼ੈਸਲੇ ਖ਼ਿਲਾਫ਼ ਦਾਇਰ ਸੀ.ਬੀ.ਆਈ. ਦੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਹੈ ਅਤੇ ਪਟੀਸ਼ਨ ਕਿਸੇ ਹੋਰ ਜੱਜ ਦੇ ਸਾਹਮਣੇ ਸੂਚੀਬੱਧ ਕਰਨ ਦਾ ਕੋਈ ਕਾਰਨ ਨਹੀਂ ਹੈ। ਚੀਫ ਜਸਟਿਸ ਨੇ ਸਪੱਸ਼ਟ ਕੀਤਾ ਕਿ ਸਬੰਧਤ ਜੱਜ ਹੀ ਕਿਸੇ ਪਟੀਸ਼ਨ ਤੋਂ ਖ਼ੁਦ ਨੂੰ ਵੱਖ ਕਰਨ ਦਾ ਫੈਸਲਾ ਲੈ ਸਕਦਾ ਹੈ। ਸੀ.ਬੀ.ਆਈ. ਦੀ ਪਟੀਸ਼ਨ ਸੋਮਵਾਰ ਨੂੰ ਜੱਜ ਸਵਰਨ ਕਾਂਤਾ ਸ਼ਰਮਾ ਦੇ

(ਬਾਕੀ ਸਫਾ 2 'ਤੇ)

## ਭਾਰਤੀ ਨਿਆਂ ਪ੍ਰਣਾਲੀ ਨੂੰ ਵੀ ਹਸਪਤਾਲਾਂ ਵਾਂਗ ਕਰਨਾ ਚਾਹੀਦੈ ਕੰਮ: ਸੀ.ਜੇ.ਆਈ. ਸੂਰਿਆਕਾਂਤ

**ਚੜ੍ਹਦੀਕਲਾ ਬਿਊਰੋ**

ਮੰਡੀ, 15 ਮਾਰਚ: ਭਾਰਤ ਦੇ ਮੁੱਖ ਜੱਜ ਜਸਟਿਸ ਸੂਰਿਆਕਾਂਤ ਨੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਹਾਜ਼ਰੀ ਵਿੱਚ ਅੱਜ 152 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਮੰਡੀ ਜੁਡੀਸ਼ੀਅਲ ਕੋਰਟ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ। ਇਹ ਅਤਿ-ਆਧੁਨਿਕ ਕੋਰਟ 9.6 ਹੈਕਟੇਅਰ ਜ਼ਮੀਨ 'ਤੇ ਬਣੇਗੀ। ਇਸ ਵਿੱਚ ਚਾਰ ਬਲਾਕ ਹੋਣਗੇ, ਜੱਜਾਂ ਦੇ ਨਾਲ-ਨਾਲ ਵਕੀਲਾਂ ਅਤੇ ਲੋਕਾਂ ਲਈ ਬਿਹਤਰ



ਸਹੂਲਤਾਂ ਮਿਲਣਗੀਆਂ। ਇਸ ਤੋਂ ਬਾਅਦ ਸਾਖਰਤਾ ਸ਼ਿਵਰ ਵਿੱਚ ਸੀਜੇਆਈ ਜਸਟਿਸ ਸੂਰਿਆਕਾਂਤ ਨੇ ਕਿਹਾ ਕਿ ਭਾਰਤੀ ਨਿਆਂ ਪ੍ਰਣਾਲੀ ਨੂੰ ਵੀ ਹਸਪਤਾਲਾਂ ਵਾਂਗ ਕੰਮ ਕਰਨ ਦੀ ਲੋੜ ਹੈ, ਜੋ ਭੂਮਿਕਾ ਹਸਪਤਾਲਾਂ ਦੀ ਹੈ ਉਸੇ ਸੇਵਾ ਭਾਵ ਨਾਲ ਨਿਆਂ ਪ੍ਰਣਾਲੀ ਨੂੰ ਵੀ ਕੰਮ ਕਰਨਾ ਚਾਹੀਦਾ ਹੈ । ਲੋਕ ਅਦਾਲਤਾਂ ਵਿੱਚ ਰਾਹਤ ਦੀ ਉਮੀਦ ਲੈ ਕੇ ਆਉਂਦੇ ਹਨ ।

(ਬਾਕੀ ਸਫਾ 2 'ਤੇ)

## ਅਰਾਵਲੀ ਦੀਆਂ ਪਹਾੜੀਆਂ ਦੀ ਪ੍ਰਿਭਾਸ਼ਾ ਤੈਅ ਕਰਨ ਲਈ ਬਣਾਈ ਕਮੇਟੀ ਦੇ ਨਾਵਾਂ ਨੂੰ ਕੇਂਦਰ ਵੱਲੋਂ ਮਨਜ਼ੂਰੀ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 15 ਮਾਰਚ: ਕੇਂਦਰੀ ਵਾਤਾਵਰਣ ਮੰਤਰਾਲਾ ਨੇ ਸੁਪਰੀਮ ਕੋਰਟ ਨੂੰ ਕਿਹਾ ਹੈ ਕਿ ਉਸ ਨੂੰ ਕੇਂਦਰੀ ਉੱਚ ਅਧਿਕਾਰ ਪ੍ਰਾਪਤ ਕਮੇਟੀ ਵਲੋਂ ਪ੍ਰਸਤਾਵਿਤ 10 ਮੈਂਬਰੀ ਉੱਚ ਪੱਧਰੀ ਮਾਹਿਰ ਕਮੇਟੀ ਤੇ ਕੋਈ ਇਤਰਾਜ਼ ਨਹੀਂ ਹੈ, ਜਿਸ ਨੂੰ ਅਰਾਵਲੀ ਦੀਆਂ ਪਹਾੜੀਆਂ ਅਤੇ ਪਰਬਤਮਾਲਾ ਦੀ ਇਕ ਸਮਾਨ ਪਰਿਭਾਸ਼ਾ ਤੈਅ ਕਰਨ ਦਾ ਕੰਮ ਸੌਂਪਿਆ ਗਿਆ ਹੈ। ਸੁਪਰੀਮ ਕੋਰਟ 'ਚ ਦਾਖ਼ਲ ਇਕ ਹਲਫਨਾਮੇ 'ਚ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲਾ ਨੇ ਉੱਚ ਪੱਧਰੀ ਮਾਹਿਰ ਕਮੇਟੀ ਲਈ ਸੁਝਾਏ ਗਏ ਨਾਵਾਂ ਦਾ ਸਮਰਥਨ ਕੀਤਾ ਹੈ। ਇਸ ਕਮੇਟੀ 'ਚ ਭਾਰਤੀ ਜੰਗਲਾਤ ਸਰਵੇਖਣ (ਐੱਫ.ਐੱਸ.ਆਈ.), ਭਾਰਤੀ ਭੂ ਵਿਗਿਆਨਕ ਸਰਵੇਖਣ (ਜੀ.ਐੱਸ.ਆਈ.) ਅਤੇ ਭਾਰਤੀ

(ਬਾਕੀ ਸਫਾ 2 'ਤੇ)

## ਐਨ.ਐਚ.ਏ.ਆਈ. ਵੱਲੋਂ ਫ਼ਾਸਟੈਗ ਸਾਲਾਨਾ ਪਾਸ ਦੀ ਫੀਸ 'ਚ ਵਾਧਾ; 1 ਅਪ੍ਰੈਲ ਤੋਂ ਦੇਣੇ ਪੈਣਗੇ 3,075 ਰੁ.

ਨਵੀਂ ਦਿੱਲੀ, 15 ਮਾਰਚ (ਚੜ੍ਹਦੀਕਲਾ ਬਿਊਰੋ): ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੇ ਵਿੱਤੀ ਸਾਲ 2026-27 ਲਈ ਫਾਸਟੈਗ ਸਾਲਾਨਾ ਪਾਸ ਦੀ ਫੀਸ ਵਿੱਚ ਸੋਧ ਕਰਦਿਆਂ ਇਸ ਨੂੰ 3,000 ਰੁਪਏ ਤੋਂ ਵਧਾ ਕੇ 3,075 ਰੁਪਏ ਕਰ ਦਿੱਤਾ ਹੈ। ਫੀਸ ਦੀਆਂ ਇਹ ਨਵੀਆਂ ਦਰਾਂ ਇਸੇ ਸਾਲ 1 ਅਪ੍ਰੈਲ ਤੋਂ ਲਾਗੂ ਹੋ ਜਾਣਗੀਆਂ। ਐਤਵਾਰ ਨੂੰ ਜਾਰੀ ਇੱਕ ਸਰਕਾਰੀ ਬਿਆਨ ਅਨੁਸਾਰ, ਇਹ ਫੈਸਲਾ ਨੈਸ਼ਨਲ ਹਾਈਵੇਅ ਫੀਸ ਨਿਯਮ, 2008 ਦੇ ਉਪਬੰਧਾਂ ਤਹਿਤ ਲਿਆ ਗਿਆ ਹੈ। ਮੌਜੂਦਾ ਸਮੇਂ ਵਿੱਚ 56 ਲੱਖ ਤੋਂ ਵੱਧ ਨਿੱਜੀ ਵਾਹਨ ਚਾਲਕ ਇਸ ਸਾਲਾਨਾ ਪਾਸ ਦੀ ਵਰਤੋਂ ਕਰ

(ਬਾਕੀ ਸਫਾ 2 'ਤੇ)

## ਨੇਪਾਲ 'ਚ ਭਾਰਤੀ ਸ਼ਰਧਾਲੂਆਂ ਨਾਲ ਭਰੀ ਬੱਸ ਹਾਦਸਾਗ੍ਰਸਤ, 7 ਮੌਤਾਂ

ਕਠਮੰਡੂ, 15 ਮਾਰਚ (ਚੜ੍ਹਦੀਕਲਾ ਬਿਊਰੋ):ਨੇਪਾਲ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ। ਮੱਧ ਨੇਪਾਲ ਵਿੱਚ ਭਾਰਤੀ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਇੱਕ ਯਾਤਰੀ ਬੱਸ ਦੇ ਹਾਦਸਾਗ੍ਰਸਤ ਹੋਣ ਕਾਰਨ ਸੱਤ ਲੋਕਾਂ ਦੀ ਮੌਤ ਹੋ ਗਈ ਅਤੇ ਸੱਤ ਹੋਰ ਜ਼ਖ਼ਮੀ ਹੋ ਗਏ। ਇਹ ਹਾਦਸਾ ਨੇਪਾਲ ਦੇ ਗੰਡਕੀ ਪ੍ਰਾਂਤ ਵਿੱਚ ਵਾਪਰਿਆ। ਪੁਲਿਸ ਅਨੁਸਾਰ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ

(ਬਾਕੀ ਸਫਾ 2 'ਤੇ)

*ਐਲ.ਪੀ.ਜੀ. ਸੰਕਟ ਵਿਚਾਲੇ ਸਰਕਾਰ ਦਾ ਵੱਡਾ ਫ਼ੈਸਲਾ*

## ਪੀ.ਐਨ.ਜੀ. ਖਪਤਕਾਰਾਂ ਨੂੰ ਨਹੀਂ ਮਿਲੇਗਾ ਐਲ.ਪੀ.ਜੀ. ਸਿਲੰਡਰ: ਪੈਟਰੋਲੀਅਮ ਮੰਤਰਾਲਾ

**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 15 ਮਾਰਚ: ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਘਰੇਲੂ ਰਸੋਈ ਗੈਸ



(ਐਲ.ਪੀ.ਜੀ.) ਦੀ ਸਪਲਾਈ ਸੰਬੰਧੀ ਇੱਕ ਵੱਡਾ ਅਤੇ ਮਹੱਤਵਪੂਰਨ ਬਦਲਾਅ ਕੀਤਾ ਹੈ। ਨਵੇਂ ਨਿਯਮਾਂ ਦੇ ਤਹਿਤ, ਮੌਜੂਦਾ ਪਾਈਪਡ ਕੁਦਰਤੀ ਗੈਸ (ਪੀ.ਐਨ.ਜੀ.) ਕੁਨੈਕਸ਼ਨਾਂ ਵਾਲੇ ਘਰਾਂ ਨੂੰ ਹੁਣ ਘਰੇਲੂ ਐਲ.ਪੀ.ਜੀ. ਸਿਲੰਡਰ ਨਹੀਂ ਦਿੱਤੇ ਜਾਣਗੇ। ਸਰਕਾਰੀ ਆਦੇਸ਼ ਦੇ ਅਨੁਸਾਰ, ਪੀ.ਐਨ.ਜੀ. ਅਤੇ ਐਲ.ਪੀ.ਜੀ. ਦੋਵੇਂ ਕੁਨੈਕਸ਼ਨ ਰੱਖਣ ਵਾਲੇ ਖਪਤਕਾਰਾਂ ਨੂੰ ਆਪਣੇ ਐਲ.ਪੀ.ਜੀ. ਕੁਨੈਕਸ਼ਨ ਤੁਰੰਤ ਵਾਪਸ ਕਰਨ ਦੀ ਲੋੜ ਹੋਵੇਗੀ। ਇਹ ਫੈਸਲਾ ਸ਼ਨੀਵਾਰ ਨੂੰ ਜਾਰੀ ਇੱਕ ਨੋਟੀਫਿਕੇਸ਼ਨ ਰਾਹੀਂ ਲਾਗੂ ਕੀਤਾ ਗਿਆ ਸੀ ਅਤੇ ਤੁਰੰਤ ਲਾਗੂ ਹੁੰਦਾ ਹੈ। ਮੰਤਰਾਲੇ ਦੁਆਰਾ ਜਾਰੀ ਗਜ਼ਟ ਨੋਟੀਫਿਕੇਸ਼ਨ ਤਰਲ ਪੈਟਰੋਲੀਅਮ ਗੈਸ (ਸਪਲਾਈ ਅਤੇ ਵੰਡ ਦਾ ਨਿਯਮ) ਆਰਡਰ, 2000 ਵਿੱਚ ਸੋਧ ਕਰਦਾ ਹੈ। ਨਵੇਂ ਉਪਬੰਧਾਂ ਦੇ ਅਨੁਸਾਰ, ਪੀ.ਐਨ.ਜੀ. ਕੁਨੈਕਸ਼ਨ ਰੱਖਣ ਵਾਲਾ ਕੋਈ ਵੀ ਵਿਅਕਤੀ ਨਵਾਂ ਘਰੇਲੂ ਐਲ.ਪੀ.ਜੀ. ਕੁਨੈਕਸ਼ਨ ਪ੍ਰਾਪਤ ਨਹੀਂ ਕਰ ਸਕੇਗਾ। ਪੀ.ਐਨ.ਜੀ. ਅਤੇ ਐਲ.ਪੀ.ਜੀ. ਦੋਵੇਂ ਰੱਖਣ ਵਾਲੇ ਖਪਤਕਾਰ ਐਲ.ਪੀ.ਜੀ. ਸਿਲੰਡਰ ਰੀਫਿਲ ਪ੍ਰਾਪਤ ਨਹੀਂ ਕਰ ਸਕਣਗੇ। ਅਜਿਹੇ ਖਪਤਕਾਰਾਂ ਨੂੰ ਆਪਣੇ ਐਲ.ਪੀ.ਜੀ. ਕੁਨੈਕਸ਼ਨ ਵਾਪਸ ਕਰਨ ਦੀ ਲੋੜ ਹੋਵੇਗੀ।

(ਬਾਕੀ ਸਫਾ 2 'ਤੇ)

## ਈਰਾਨ-ਅਮਰੀਕਾ ਯੁੱਧ 'ਚ ਅਰਬਾਂ ਡਾਲਰ ਦਾ ਖ਼ਰਚ ਟਰੰਪ ਦੀ ਸਨਕ ਅਮਰੀਕਾ ਦੀ ਚੌਧਰ ਖ਼ਤਮ ਕਰ ਦੇਵੇਗੀ

### *ਇਹ ਯੁੱਧ ਆਰਥਿਕ ਤਬਾਹੀ ਦਾ ਅਸਲੀ ਹਥਿਆਰ-ਮਿਜ਼ਾਈਲਾਂ ਨਾਲੋਂ ਵੱਧ ਵਿਨਾਸ਼ਕਾਰੀ*

**ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ**

ਈਰਾਨ ਅਤੇ ਇਜ਼ਰਾਈਲ ਤੇ ਅਮਰੀਕਾ ਵਿਚਕਾਰ ਚੱਲ ਰਿਹਾ ਖਾੜੀ ਯੁੱਧ ਹੁਣ ਤੱਕ ਦੇ ਸਭ ਤੋਂ ਵੱਡੇ ਆਰਥਿਕ ਸੰਕਟ ਵੱਲ ਵਧ ਰਿਹਾ ਹੈ। ਜੇਕਰ ਮਿਜ਼ਾਈਲਾਂ ਅਤੇ ਡਰੋਨਾਂ ਨੇ ਸਿੱਧੇ ਤੌਰ 'ਤੇ ਇਮਾਰਤਾਂ, ਫੌਜੀ ਅਡੇ ਅਤੇ ਜਾਨਾਂ ਨੂੰ ਨੁਕਸਾਨ ਪਹੁੰਚਾਇਆ ਹੈ ਤਾਂ ਹੋਰਮੁਜ਼ ਜਲਡਮਰੂ ਦੀ ਅਸਲ ਬੰਦਸ਼ ਨੇ ਪੂਰੀ ਦੁਨੀਆਂ ਦੀ ਆਰਥਿਕਤਾ ਨੂੰ ਅਪਾਹਜ ਕਰ ਦਿੱਤਾ ਹੈ।

ਦੁਨੀਆਂ ਦੇ ਆਰਥਿਕ ਸਰਵੇਖਣ ਵਿੱਚ ਕਿਹਾ ਗਿਆ ਹੈ ਕਿ ਇਹ ਯੁੱਧ ਹੁਣ ਹਥਿਆਰਾਂ ਨਾਲੋਂ ਆਰਥਿਕ ਹਥਿਆਰਾਂ ਨਾਲ ਲੜਿਆ ਜਾ ਰਿਹਾ ਹੈ, ਜਿੱਥੇ ਤੇਲ ਦੀ ਸਪਲਾਈ ਚੇਨ ਟੁੱਟਣ ਨਾਲ ਪੱਛਮੀ ਦੇਸ਼ਾਂ ਵਿੱਚ ਮੰਦੀ ਦੀਆਂ ਲਹਿਰਾਂ ਚੱਲ ਰਹੀਆਂ ਹਨ ਅਤੇ ਈਰਾਨ ਵੀ ਆਪਣੀ ਆਰਥਿਕਤਾ ਨੂੰ ਤਬਾਹੀ ਦੀ ਕਗਾਰ 'ਤੇ ਲੈ



ਆਇਆ ਹੈ।

ਯੁੱਧ ਦੇ ਸ਼ੁਰੂ ਹੋਣ ਤੋਂ ਬਾਅਦ (28 ਫਰਵਰੀ 2026 ਤੋਂ) ਹੋਰਮੁਜ਼ ਜਲਡਮਰੂ ਵਿੱਚ ਤੇਲ ਟੈਂਕਰਾਂ 'ਤੇ ਹਮਲੇ ਅਤੇ ਈਰਾਨ ਵੱਲੋਂ ਬੰਦਸ਼ ਦੇ ਐਲਾਨ ਨੇ ਵਿਸ਼ਵ ਦੇ ਲਗਭਗ 20% ਤੇਲ ਵਪਾਰ ਨੂੰ ਰੋਕ ਦਿੱਤਾ ਹੈ। ਇਸ ਨਤੀਜੇ ਵਜੋਂ ਬ੍ਰੈਂਟ ਕੱਚੇ ਤੇਲ ਦੀ ਕੀਮਤ £70 ਪ੍ਰਤੀ ਬੈਰਲ ਤੋਂ ਵਧ ਕੇ £100 ਤੋਂ £120 ਦੇ ਵਿਚਕਾਰ ਪਹੁੰਚ ਗਈ ਹੈ, ਅਤੇ ਕਈ ਵਿਸ਼ਲੇਸ਼ਕਾਂ ਨੇ ਚੇਤਾਵਨੀ ਦਿੱਤੀ ਹੈ ਕਿ ਜੇ ਬੰਦਸ਼ ਲੰਬੀ ਚੱਲੀ ਤਾਂ ਕੀਮਤ £150 ਜਾਂ ਇਸ ਤੋਂ ਵੀ ਵੱਧ ਹੋ ਸਕਦੀ ਹੈ। ਇਹ ਵਾਧਾ 2008 ਦੇ ਰਿਕਾਰਡ (£147.50) ਨੂੰ ਵੀ ਪਾਰ ਕਰ ਸਕਦਾ ਹੈ। ਇਸ ਨੇ ਪਹਿਲਾਂ ਹੀ ਵਿਸ਼ਵ ਨੂੰ ਸਭ ਤੋਂ ਵੱਡੇ ਊਰਜਾ ਸਪਲਾਈ ਸੰਕਟ ਵਿੱਚ ਧੱਕ ਦਿੱਤਾ ਹੈ।ਪੱਛਮੀ ਦੇਸ਼ਾਂ ਲਈ ਇਹ ਸਭ ਤੋਂ ਵੱਡਾ ਝਟਕਾ ਹੈ। ਯੂਰਪ (ਖਾਸ ਕਰਕੇ ਜਰਮਨੀ ਅਤੇ ਫਰਾਂਸ) ਅਤੇ ਅਮਰੀਕਾ ਵਿੱਚ ਊਰਜਾ ਕੀਮਤਾਂ ਵਧਣ ਨਾਲ ਅੱਜ ਇੰਡਸਟਰੀਅਲ ਉਤਪਾਦਨ ਘਟ ਰਿਹਾ ਹੈ। ਜਰਮਨੀ ਵਰਗੇ ਦੇਸ਼ਾਂ ਵਿੱਚ ਉਦਯੋਗਿਕ ਕੇਂਦਰ ਅਪਾਹਜ ਹੋ ਰਹੇ ਹਨ ਕਿਉਂਕਿ ਤੇਲ ਅਤੇ ਗੈਸ ਦੀ ਘਾਟ ਨੇ ਉਤਪਾਦਨ ਲਾਈਨਾਂ ਰੋਕ ਦਿੱਤੀਆਂ ਹਨ। ਅਮਰੀਕਾ ਵਿੱਚ ਗੈਸੋਲੀਨ ਦੀ ਕੀਮਤ £3.20 ਪ੍ਰਤੀ ਗੈਲਨ ਤੋਂ ਵੱਧ ਗਈ ਹੈ ਅਤੇ ਮਾਰਟਗੇਜ ਰੇਟਸ ਵਧ ਰਹੇ ਹਨ। ਸਟਾਕ ਮਾਰਕੀਟਾਂ ਵਿੱਚ ਗਿਰਾਵਟ ਆ ਰਹੀ ਹੈ - ਡਾਊ ਜੋਨਸ ਅਤੇ S&P 500 ਵਿੱਚ 400+ ਪੁਆਇੰਟਸ ਦੀ ਗਿਰਾਵਟ ਦੇਖੀ ਗਈ

(ਬਾਕੀ ਸਫਾ 2 'ਤੇ)



# ਕੇਂਦਰ ਦੀ ਨਖਿੱਧ ਵਿਦੇਸ਼ ਨੀਤੀ ਨੇ ਦੇਸ਼ ਨੂੰ ਤੇਲ ਤੇ ਗੈਸ ਸੰਕਟ 'ਚ ਧੱਕਿਆ: ਮਾਨ

ਐਸ.ਏ.ਐਸ. ਨਗਰ, 15 ਮਾਰਚ (ਚ.ਨ.ਸ.): ਪੰਜਾਬ ਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨ ਅੱਜ ਕਿਹਾ ਕਿ ਕੰਦਰ ਵਿੱਚ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ. ਸਰਕਾਰ ਦੀ ਵਿਦਸ਼ ਨੀਤੀ ਦ ਨਾਕਾਮ ਰਹਿਣ ਕਾਰਨ ਅੱਜ ਸਾਰਾ ਦਸ਼ ਤਲ ਤ ਐਲ.ਪੀ.ਜੀ. ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਵਿੱਚ ਸਿਰਫ ਚੰਦ ਨਤਾਵ ਦੇ ਹੱਥ ਵਿੱਚ ਸੱਤਾ ਦੀ ਵਾਗਡੋਰ ਹੋਣ 'ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਅਜਿਹਾ ਰੁਝਾਨ ਜਮਹੂਰੀਅਤ ਲਈ ਬੇਹੱਦ ਘਾਤਕ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਨੂੰ ਸਰਹੱਦ ਪਾਰੋਂ ਹੋ ਰਹੀ ਨਸ਼ੀਲੇ ਪਦਾਰਥ ਦੀ ਸਪਲਾਈ ਬਾਰ ਸਵਾਲ ਕਰਦਿਆਂ ਕੇਂਦਰੀ ਏਜੰਸੀਆਂ ਦੀ ਅਸਫਲਤਾ ਬਾਰ। ਸਪੱਸਟੀਕਰਨ ਦਣ ਲਈ ਆਖਿਆ। ਉਨ੍ਹਾਂ ਨੇ ਚਤਾਵਨੀ ਦਿੱਤੀ ਕਿ ਕੰਦਰ ਦੀ ਅਮਰੀਕਾ ਨਾਲ ਸੰਧੀ ਕਿਸਾਨ ਦੇ ਹਿੱਤ ਨੂੰ ਖੇਤਰ ਵਿੱਚ ਪਾ ਸਕਦੀ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪ੍ਰਧਾਨ ਮੰਤਰੀ ਦ ਲਗਾਤਾਰ ਵਿਦਸੀ ਦੌਰਿਅ ਦੇ ਬਾਵਜੂਦ ਦੇਸ਼ ਕੂਟਨੀਤਕ ਸਬੰਧ ਅਤੇ ਆਰਥਿਕ ਸੰਕਟ ਦਾ ਸਾਹਮਣਾ ਕਰ ਰਿਹਾ ਹੈ।

ਪ੍ਰਗਤੀਸੀਲ ਪੰਜਾਬ ਨਿਵਸਕ ਸੰਮਲਨ ਦੇ ਮੌਕੇ 'ਤੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਕੰਦਰ ਵਿੱਚ ਭਾਜਪਾ ਦੀ ਅਗਵਾਈ ਵਾਲੀ ਐਨਡੀਏ ਸਰਕਾਰ ਦੀ ਵਿਦਸ ਨੀਤੀ ਦੀ ਅਸਫਲਤਾ ਕਾਰਨ ਦੇਸ਼ ਤੇਲ ਅਤੇ ਐਲਪੀਜੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ।"

ਉਨ੍ਹਾਂ ਕਿਹਾ ਕਿ ਅਮਰੀਕਾ ਦ ਰਾਸਟਰਪਤੀ ਡੋਨਾਲਡ ਟਰੰਪ, ਜਿਨ੍ਹਾਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਪਣਾ ਕਰੀਬੀ ਦੋਸਤ ਦੱਸਦੇ ਹਨ, ਨੂੰ ਈਰਾਨ ਵਿਰੁੱਧ ਜੰਗ ਛਿੜਨ ਤੋਂ ਪਹਿਲਾਂ ਉਨਾਂ ਨਾਲ ਸਲਾਹ-ਮਸਵਰਾ ਕਰਨਾ ਚਾਹੀਦਾ ਸੀ। ਉਨ੍ਹਾਂ ਕਿਹਾ,"ਹਾਲ÷ਕਿ, ਕੰਦਰ ਸਰਕਾਰ ਇਸ ਜੰਗ ਤੋਂ ਉੱਭਰ ਰਹੀ ਸਥਿਤੀ ਤੋਂ ਬਪਰਵਾਹ ਰਹੀ, ਜਿਸ ਕਾਰਨ ਅੱਜ ਦੇਸ ਦੇ ਲੋਕ ਇਸ ਸੰਕਟ ਦਾ ਸਾਹਮਣਾ ਕਰ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨ ਕਿਹਾ ਕਿ ਮੌਜੂਦਾ ਹਾਲਾਤ ਦੇਸ ਦੀ ਵਿਦੇਸ ਨੀਤੀ ਵਿੱਚ ਵੱਡੀ ਕਮੀ ਨੂੰ ਦਰਸਾਉਂਦੇ ਹਨ। ਉਨ੍ਹਾਂ ਕਿਹਾ, "ਇਹ ਦੇਸ ਦੀ ਵਿਦਸ ਨੀਤੀ ਦੀ ਅਸਫਲਤਾ ਹੈ ਅਤੇ ਅਜਿਹਾ ਲੱਗਦਾ ਹੈ ਕਿ ਮੌਜੂਦਾ ਸਮਾਂ ਵਿੱਚ ਅਜਿਹੀ ਕੋਈ ਨੀਤੀ ਹੈ ਹੀ ਨਹੀਂ।"

ਪ੍ਰਧਾਨ ਮੰਤਰੀ ਦੇ ਲਗਾਤਾਰ ਵਿਦੇਸ ਦੌਰਿਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਯਾਤਰਾਵਾਂ ਨੇ ਪ੍ਰਧਾਨ ਮੰਤਰੀ ਨੂੰ ਜ਼ਮੀਨੀ ਹਕੀਕਤ ਤੋਂ ਦੂਰ ਕਰ ਦਿੱਤਾ। ਉਨ੍ਹਾਂ ਕਿਹਾ, "ਪ੍ਰਧਾਨ ਮੰਤਰੀ ਜ਼ਿਆਦਾਤਰ ਵਿਦਸੀ ਦੌਰਿਆਂ 'ਤੇ ਹੁੰਦ ਹਨ, ਜਿਸ ਕਾਰਨ ਉਹ ਦੇਸ ਵਾਸੀਆਂ ਨੂੰ ਦਰਪੇਸ ਸਮੱਸਿਆਵਾਂ ਤੋਂ ਜਾਣੂ ਨਹੀਂ ਹਨ।" ਉਨ੍ਹਾਂ ਕਿਹਾ ਕਿ ਦੇਸ ਵਿੱਚ ਅਜਿਹੀ ਸਥਿਤੀ ਪਹਿਲਾਂ ਕਦੇ ਨਹੀਂ ਦੇਖੀ ਗਈ। ਭਗਵੰਤ ਸਿੰਘ ਮਾਨ ਨ ਕਿਹਾ,"ਇੱਕ ਮਹੀਨ ਵਿੱਚ ਪ੍ਰਧਾਨ ਮੰਤਰੀ 15 ਦਿਨ ਵਿਦੇਸ਼ ਵਿੱਚ ਬਿਤਾਉਂਦੇ ਹਨ, ਪਰ ਦੂਜੇ ਦੇਸ ਨਾਲ ਉਨ੍ਹਾਂ ਦੇ ਸਬੰਧ ਸੁਖਾਵੇਂ ਨਹੀਂ ਹਨ।"

ਮੁੱਖ ਮੰਤਰੀ ਨ ਕਿਹਾ, "ਦੇਸ ਨੂੰ ਐਲਪੀਜੀ ਅਤੇ ਤੇਲ ਸੰਕਟ ਦਾ ਪਹਿਲਾਂ ਹੀ ਅੰਦਾਜਾ ਹੋਣਾ ਚਾਹੀਦਾ ਸੀ ਅਤ ਆਮ ਲੋਕਾਂ ਨੂੰ ਕਿਸ ਵੀ ਤਰ੍ਹਾਂ! ਦੀ ਅਸੁਵਿਧਾ ਤੋਂ ਬਚਣ ਲਈ ਢੁਕਵੇਂ ਪ੍ਰਬੰਧ ਸਮੇਂ ਸਿਰ ਕੀਤੇ ਜਾਣੇ ਚਾਹੀਦੇ ਸਨ।"

ਸਪਲਾਈ ਦੀ ਘਾਟ ਬਾਰੇ ਚਿੰਤਾਵਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸਟ ਕੀਤਾ ਕਿ ਖਾੜੀ ਵਿੱਚ ਜੰਗ ਕਾਰਨ ਐਲਪੀਜੀ ਸਿਲੰਡਰ ਦੀ ਘਾਟ ਬਾਰ ਅਫਵਾਹ ਫੈਲਾਈਆਂ ਜਾ ਰਹੀਆਂ ਹਨ, ਪਰ ਪੰਜਾਬ ਭਰ ਦੇ ਡਿਪਟੀ ਕਮਿਸਨਰ ਨੂੰ ਨਿਰਦੇਸ ਜਾਰੀ ਕੀਤੇ ਗਏ ਹਨ ਕਿ ਜਰੂਰੀ ਵਸਤਾਂ ਦੀ ਕੋਈ ਕਮੀ ਨਾ ਹੋਵੇ।

ਉਨ੍ਹਾਂ ਅੱਗੇ ਕਿਹਾ ਕਿ ਸਥਿਤੀ ਦਾ ਫਾਇਦਾ ਉਠਾਉਣ ਦੀ ਕੋਸ਼ਿਸ ਕਰਨ ਵਾਲੇ ਕਿਸ ਵੀ ਵਿਅਕਤੀ ਵਿਰੁੱਧ ਸਖਤ ਕਾਰਵਾਈ ਕੀਤੀ ਜਾਵਗੀ। ਮੁੱਖ ਮੰਤਰੀ ਕਿਹਾ ਕਿ ਜੇਕਰ ਕੋਈ ਵਿਅਕਤੀ ਜਰੂਰੀ ਵਸਤਾਂ! ਦੀ ਜਮ੍ਹਾਂਖੋਰੀ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ ਕਰਦਾ ਹੈ, ਤੇ ਉਸ ਵਿਰੁੱਧ ਸਖਤ ਤੋਂ ਸਖਤ ਮਿਸਾਲੀ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ! ਇਹ ਵੀ ਕਿਹਾ ਕਿ ਇਹ ਮਾਮਲਾ ਕੇਂਦਰ ਸਰਕਾਰ ਕੋਲ ਉਠਾਇਆ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨ ਅੱਗੇ ਕਿਹਾ ਕਿ ਮੈਂ ਇਹ ਮੁੱਦਾ ਕੇਂਦਰ ਸਰਕਾਰ ਕੋਲ ਵੀ ਉਠਾਇਆ ਹੈ ਤੇ ਜੋ ਆਮ ਲੋਕ ਨੂੰ ਕੋਈ ਮੁਸ਼ਕਲ ਨਾ ਆਵੇ ਅਤੇ ਸਥਿਤੀ ਕੰਟਰੋਲ ਹੇਠ ਰਹੇ।

ਕੇਂਦਰ ਸਰਕਾਰ ਦੇ ਕੰਮਕਾਜ 'ਤੇ ਟਿੱਪਣੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਧਿਕਾਰ ਦਾ ਬਹੁਤ ਜ਼ਿਆਦਾ ਕੇਂਦਰੀਕਰਨ ਲੋਕਤੰਤਰੀ ਸਾਸਨ ਲਈ ਨੁਕਸਾਨਦੇਹ ਹੈ। ਉਨ੍ਹਾਂ ਕਿਹਾ ਕਿ ਸਿਰਫ ਦੋ ਜਾਂ ਤਿੰਨ ਵਿਅਕਤੀਆਂ! ਦੇ ਹੱਥ ਵਿੱਚ ਸਕਤੀਆਂ ਦਾ ਬਹੁਤ ਜ਼ਿਆਦਾ ਕੇਂਦਰੀਕਰਨ ਇੱਕ ਖਤਰਨਾਕ ਰੁਝਾਨ ਹੈ ਜਿਸ ਤੋਂ ਬਚਣ ਦੀ ਲੋੜ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨ ਅੱਗ ਟਿੱਪਣੀ ਕੀਤੀ ਕਿ ਕੇਂਦਰੀ ਮੰਤਰੀ ਮੰਡਲ ਵਿੱਚ ਫੈਸਲ ਲੈਣ ਦਾ ਕੰਮ ਕੁਝ ਗਿਣਵੇਂ-ਚੁਣਵੇਂ ਹੱਥਾਂ ਵਿੱਚ ਹੀ ਹੈ। ਉਨ੍ਹਾਂ ਕਿਹਾ ਕਿ ਸਿਰਫ ਦੋ 'ਵੱਡੇ' ਵਿਅਕਤੀਆਂ ਨੂੰ ਛੱਡ ਕ ਪੂਰੀ ਕੇਂਦਰੀ ਕੈਬਨਿਟ ਵਿੱਚ ਕੋਈ ਮੰਤਰੀ ਨਹੀਂ ਹੈ, ਅਤੇ ਛੋਟ ਫੈਸਲ ਵੀ ਇਹੀ ਜੋੜੀ ਲੈਂਦੀ ਹੈ ਜੋ ਦੇਸ ਨੂੰ ਤਾਨਾਸਾਹੀ ਢੰਗ ਨਾਲ ਚਲਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮੰਦਭਾਗੀ ਸਥਿਤੀ ਨੇ ਦੇਸ ਵਾਸੀਆਂ ਨੂੰ ਸਮੱਸਿਆਵਾਂ ਦੀ ਦਲਦਲ ਵਿੱਚ ਧੱਕ ਦਿੱਤਾ ਹੈ।

ਕੇਂਦਰੀ ਗ੍ਰਹਿ ਮੰਤਰੀ ਵੱਲੋਂ ਸਨੀਵਾਰ ਨੂੰ ਪੰਜਾਬ ਦੀ ਆਪਣੀ ਫਰੀ ਦੌਰਾਨ ਕੀਤੀਆਂ ਟਿੱਪਣੀਆਂ ਦਾ ਸਖਤ ਨੋਟਿਸ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਬਿਆਨ ਪੂਰੀ ਤਰ੍ਹਾਂ ਗੁੰਮਰਾਹਕੁੰਨ ਸਨ। ਇਹ ਹੈਰਾਨੀ ਵਾਲੀ ਗੱਲ ਹੈ ਕਿ ਸਨੀਵਾਰ ਨੂੰ ਪੰਜਾਬ ਦੀ ਆਪਣੀ ਫਰੀ ਦੌਰਾਨ ਅਮਿਤ ਸਾਹ ਨੇ ਲੋਕਾਂ ਨੂੰ ਗੁੰਮਰਾਹ ਕਰਨ ਅਤ ਨਸ਼ਿਆਂ ਦੇ ਮੁੱਦੇ 'ਤੇ ਪੰਜਾਬ ਨੂੰ ਬਦਨਾਮ ਕਰਨ ਲਈ ਝੂਠ 'ਤੇ ਝੂਠ ਬੋਲਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੰਦਰੀ ਗ੍ਰਹਿ ਮੰਤਰੀ ਨੂੰ ਆਪਣੇ ਕੰਟਰੋਲ ਹਠਲੀਆਂ ਕੇਂਦਰੀ ਏਜੰਸੀਆਂ! ਦੀਆਂ ਨਾਕਾਮੀਆਂ ਬਾਰੇ ਲੋਕਾਂ ਨੂੰ ਦੱਸਣ ਦੀ ਚੁਣੌਤੀ ਦਿੱਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਬੀਐਸਐਫ ਅਤੇ ਉਨ੍ਹਾਂ ਦੇ ਅਧੀਨ ਹੋਰ ਕੇਂਦਰੀ ਏਜੰਸੀਆਂ ਸਰਹੱਦ ਪਾਰ ਤੋਂ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਵਿੱਚ ਕਿਉਂ ਅਸਫਲ ਰਹੀਆਂ ਹਨ।

ਮੁੱਖ ਮੰਤਰੀ ਨੇ ਦੇਸ ਵਿੱਚ ਕਿਤੇ ਹੋਰ ਨਸੀਲੇ ਪਦਾਰਥ ਦੀਆਂ ਵੱਡੀਆਂ ਬਰਾਮਦਗੀਆਂ ਵੱਲ ਵੀ ਇਸਾਰਾ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਦੇ ਜੱਦੀ ਰਾਜ ਵਿੱਚ ਮੁੰਦਰਾ ਬੰਦਰਗਾਹ ਤੋਂ 3000 ਕਿਲੋਗ੍ਰਾਮ ਤੋਂ ਵੱਧ ਨਸੀਲੇ ਪਦਾਰਥ ਬਰਾਮਦ ਕੀਤੇ ਗਏ ਹਨ, ਪਰ ਉਹ ਇਸ 'ਤੇ ਚੁੱਪ ਹਨ।

ਉਨ੍ਹਾਂ ਅੱਗੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ਕੇਂਦਰ ਦੀ ਨਾਕਾਮੀ ਤੋਂ ਧਿਆਨ ਹਟਾਉਣ ਲਈ ਸਨ। ਉਨ੍ਹਾਂ! ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਵੱਲੋਂ ਸਨੀਵਾਰ ਨੂੰ ਦਿੱਤੇ ਗਏ ਬੇਬੁਨਿਆਦ ਬਿਆਨ ਆਪਣੀਆਂ ਅਸਫਲਤਾਵਾਂ ਨੂੰ ਛੁਪਾਉਣ ਲਈ ਇੱਕ ਪਰਦਾ ਪਾਉਣ ਦੀ ਕੋਸ਼ਿਸ ਸਨ, ਕਿਉਂਕਿ ਕੇਂਦਰ ਨੇ ਦੇਸ ਭਰ ਵਿੱਚ ਨਸੀਲੇ ਪਦਾਰਥ ਦੀ ਸਮੱਸਿਆ ਨਾਲ ਨਜਿੱਠਣ ਲਈ ਕੁਝ ਵੀ ਠੋਸ ਨਹੀਂ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਦੇ ਮੁੱਦੇ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕੇਂਦਰ ਦੀਆਂ ਨੀਤੀਆਂ ਕਿਸਾਨਾਂ ਦੇ ਹਿੱਤ 'ਤੇ ਮਾੜਾ ਪ੍ਰਭਾਵ ਪਾ ਰਹੀਆਂ ਹਨ। "ਕੇਂਦਰੀ ਗ੍ਰਹਿ ਮੰਤਰੀ ਨੇ ਕਿਸਾਨਾਂ ਦੇ ਮੁੱਦੇ 'ਤੇ ਮਗਰਮੱਛ ਦੇ ਹੰਝੂ ਵਹਾਏ, ਜਦੋਂ ਕਿ ਅਸਲ ਵਿੱਚ ਕੇਂਦਰ ਸਰਕਾਰ ਅਮਰੀਕਾ ਨਾਲ ਸੰਧੀ 'ਤੇ ਦਸਤਖਤ ਕਰਕੇ ਕਿਸਾਨਾਂ ਦੇ ਹਿੱਤ ਨੂੰ ਖੇਤਰ ਵਿੱਚ ਪਾ ਰਹੀ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਇਸ ਸਮਝੌਤੇ ਦੇ ਗੰਭੀਰ ਨਤੀਜੇ ਹੋ ਸਕਦੇ ਹਨ। "ਇਹ ਸੰਧੀ ਕਿਸਾਨਾਂ ਅਤੇ ਉਨ੍ਹਾਂ ਦੇ ਹਿੱਤਾਂ ਲਈ ਵਧੇਰੇ ਖਤਰਨਾਕ ਹੈ ਅਤੇ ਸਾਡੇ ਅੰਨੇ ਉਤਪਾਦਕ ਨੂੰ ਇਸਦੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਇੱਕ ਵੱਡਾ ਫਿਲਮ ਬੁਨਿਆਦੀ ਢਾਂਚਾ ਪ੍ਰੋਜੈਕਟ ਵਿਕਸਤ ਕਰਨ ਲਈ ਪ੍ਰਮੁੱਖ ਫਿਲਮ ਪ੍ਰੋਡਕਸਨ ਹਾਊਸ ਨਾਲ ਸਰਗਰਮੀ ਨਾਲ ਜੁੜ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਵਿੱਚ ਇੱਕ ਅਤਿ-ਆਧੁਨਿਕ ਫਿਲਮ ਸਿਟੀ ਸਥਾਪਤ ਕਰਨ ਲਈ ਟੀ-ਸੀਰੀਜ, ਨੈੱਟਫਲਿਕਸ, ਯਸ ਰਾਜ ਫਿਲਮਜ ਅਤ ਹੋਰ÷ ਨਾਲ ਗੱਲਬਾਤ ਕਰ ਰਹੀ ਹੈ। ਫਿਲਮ ਉਦਯੋਗ ਵਿੱਚ ਪੰਜਾਬੀਆਂ ਦੇ ਸੱਭਿਆਚਾਰਕ ਪ੍ਰਭਾਵ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਬਾਲੀਵੁੱਡ ਵਿੱਚ ਹਮੇਸਾ ਪੰਜਾਬੀਆਂ ਦਾ ਦਬਦਬਾ ਰਿਹਾ ਹੈ ਅਤੇ ਹਿੰਦੀ ਫਿਲਮ ਵਿੱਚ ਇੱਕ ਪੰਜਾਬੀ ਗੀਤ ਨੂੰ ਇਸਦੀ ਸਫਲਤਾ ਦੀ ਗਰੰਟੀ ਮੰਨਿਆ ਜਾਂਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਫਿਲਮ ਉਦਯੋਗ ਨੂੰ ਉਤਸਾਹਿਤ ਕਰਨ ਲਈ ਵਚਨਬੱਧ ਹੈ। ਪੰਜਾਬ ਸਰਕਾਰ ਪੰਜਾਬ ਵਿੱਚ ਹਿੰਦੀ ਫਿਲਮਾਂ ਦੇ ਪੋਸਟ-ਪ੍ਰੋਡਕਸਨ ਅਤੇ ਸੂਟਿੰਗ ਨੂੰ ਵੱਡਾ ਹੁਲਾਰਾ ਦੇਣ ਲਈ ਹਰ ਸੰਭਵ ਯਤਨ ਕਰਗੀ, ਅਤੇ ਇਸ ਦਿਸਾ ਵਿੱਚ ਪਹਿਲਾਂ ਹੀ ਠੋਸ ਯਤਨ ਕੀਤੇ ਜਾ ਰਹੇ ਹਨ।

# ਪੰਜਾਬ 'ਚ ਮੀਂਹ ਤੇ ਹਿਮਾਚਲ ਵਿੱਚ ਬਰਫ਼ਬਾਰੀ ਨਾਲ ਤਾਪਮਾਨ ਆਇਆ ਹੇਠਾਂ

## ਕਸ਼ਮੀਰ 'ਚ ਬਰਫਬਾਰੀ ਕਾਰਨ ਆਵਾਜਾਈ ਪ੍ਰਭਾਵਤ

ਚੰਡੀਗੜ੍ਹ/ਨਵੀਂ ਦਿੱਲੀ, 15 ਮਾਰਚ (ਚ.ਨ.ਸ.): ਉੱਤਰ-ਪੱਛਮ ਭਾਰਤ ਵਿਚ ਮੌਸਮ ਨੇ ਐਤਵਾਰ ਨੂੰ ਅਚਾਨਕ ਰੂਪ ਬਦਲਿਆ। ਪੰਜਾਬ, ਹਰਿਆਣਾ ਅਤੇ ਦਿੱਲੀ ਵਿੱਚ ਮੀਂਹ ਨਾਲ ਵਧਦੀ ਗਰਮੀ ਨੂੰ ਠੱਲ੍ਹ ਪਈ ਹੈ, ਜਦਕਿ ਹਿਮਾਚਲ ਪ੍ਰਦੇਸ਼ ਵਿੱਚ ਬਰਫਬਾਰੀ ਨਾਲ ਸੈਰ-ਸਪਾਟੇ ਦੀ ਰੌਣਕ ਪਰਤੀ ਹੈ। ਕਸ਼ਮੀਰ ਵਿੱਚ ਬਰਫਬਾਰੀ ਕਾਰਨ ਆਵਾਜਾਈ ਪ੍ਰਭਾਵਤ ਹੋਈ। ਪੰਜਾਬ ਦੇ ਅੰਮ੍ਰਿਤਸਰ (5 ਮਿਲੀਮੀਟਰ), ਲੁਧਿਆਣਾ (1.2 ਮਿਲੀਮੀਟਰ) ਅਤੇ ਪਟਿਆਲਾ (2 ਮਿਲੀਮੀਟਰ) ਵਿੱਚ ਹਲਕਾ ਮੀਂਹ ਪਿਆ, ਜਿਸ ਨਾਲ ਵੱਧ ਤੋਂ ਵੱਧ ਤਾਪਮਾਨ 21.8, 22.7 ਅਤੇ 26.6 ਡਿਗਰੀ ਸੈਲਸੀਅਸ ਰਿਹਾ, ਜੋ ਆਮ ਤੋਂ 3-4 ਡਿਗਰੀ ਘੱਟ ਸੀ। ਗੁਰਦਾਸਪੁਰ, ਹੁਸ਼ਿਆਰਪੁਰ, ਮੋਹਾਲੀ, ਫਾਜ਼ਿਲਕਾ ਅਤੇ ਪਠਾਨਕੋਟ ਵਿੱਚ ਵੀ ਕਿਣਮਿਣ ਦਰਜ ਕੀਤੀ ਗਈ। ਚੰਡੀਗੜ੍ਹ ਵਿੱਚ 0.2 ਮਿ.ਮੀ. ਮੀਂਹ ਪਿਆ ਅਤੇ ਵੱਧ ਤੋਂ ਵੱਧ ਤਾਪਮਾਨ 26.5 ਡਿਗਰੀ ਰਿਹਾ। ਇਸ ਮੀਂਹ ਨੂੰ ਪਛਮੀ ਖਲਲ ਤੇ ਕੇਂਦਰੀ ਪਾਕਿਸਤਾਨ ਵਿਚ ਬਣੀ ਚੱਕਰਵਾਤੀ ਗਤੀਵਿਧੀ ਨਾਲ ਜੋੜਿਆ ਗਿਆ ਹੈ, ਜਿਸ ਦਾ ਪ੍ਰਭਾਵ ਪੰਜਾਬ, ਹਰਿਆਣਾ ਅਤੇ ਦਿੱਲੀ ਉਤੇ ਪਿਆ।



ਹਰਿਆਣਾ ਦੇ ਅੰਬਾਲਾ (0.3 ਮਿ.ਮੀ), ਗੁਰੁਗ੍ਰਾਮ (1 ਮਿ.ਮੀ.) ਅਤੇ ਕਰਨਾਲ (0.3 ਮਿ.ਮੀ.) ਵਿੱਚ ਹਲਕੇ ਮੀਂਹ ਨਾਲ ਤਾਪਮਾਨ ਵਿੱਚ ਕਮੀ ਆਈ। ਅੰਬਾਲਾ ਦਾ ਵੱਧ ਤੋਂ ਵੱਧ ਤਾਪਮਾਨ 26 ਡਿਗਰੀ, ਕਰਨਾਲ ਦਾ 26 ਡਿਗਰੀ ਅਤੇ ਨਾਰਨੌਲ 30.2 ਡਿਗਰੀ ਰਿਹਾ। ਹਿਸਾਰ ਵਿੱਚ 28.5 ਡਿਗਰੀ ਦਰਜ ਕੀਤਾ ਗਿਆ।

ਹਿਮਾਚਲ ਪ੍ਰਦੇਸ਼ ਵਿਚ ਮੌਸਮ ਹੋਰ ਵੀ ਨਾਟਕੀ ਰਿਹਾ। ਸ਼ਿਮਲਾ ਅਤੇ ਆਸ-ਪਾਸ ਦੇ ਇਲਾਕਿਆਂ ਵਿਚ ਓਲਿਆਂ ਸਮੇਤ ਮੀਂਹ ਪਿਆ, ਜਦਕਿ ਕੁਲੂ, ਲਾਹੌਲ-ਸਪੀਤੀ ਅਤੇ ਮਨਾਲੀ ਦੇ ਉੱਚੇ ਇਲਾਕਿਆਂ ਵਿਚ ਤਾਜ਼ਾ ਬਰਫਬਾਰੀ ਦਰਜ ਕੀਤੀ ਗਈ। ਭੁੰਤਰ ਵਿਚ 12 ਮਿ.ਮੀ., ਮਨਾਲੀ ਅਤੇ ਮੰਡੀ ਵਿਚ 8 ਮਿ.ਮੀ., ਕੁਫਰੀ ਵਿਚ 7 ਮਿ.ਮੀ. ਅਤੇ ਸ਼ਿਮਲਾ ਵਿਚ 6 ਮਿ.ਮੀ. ਮੀਂਹ ਪਿਆ। ਅਟਲ ਟਨਲ ਦੇ ਨੇੜੇ ਬਰਫਬਾਰੀ ਨਾਲ ਸੈਲਾਨੀਆਂ ਖੁਸ਼ ਨਜ਼ਰ ਆਏ। ਮੌਸਮ ਵਿਭਾਗ ਨੇ ਸ਼ਿਮਲਾ, ਕੁਲੂ ਅਤੇ ਮੰਡੀ ਜ਼ਿਲ੍ਹਿਆਂ ਲਈ ਸੰਤਰੀ ਰੰਗ ਦੀ ਚੇਤਾਵਨੀ ਜਾਰੀ ਕੀਤੀ ਹੈ, ਜਿਸ ਵਿੱਚ ਗਰਜ-ਚਮਕ, ਤੇਜ਼ ਹਵਾਵਾਂ ਅਤੇ ਓਲਿਆਂ ਦੀ ਸੰਭਾਵਨਾ ਜ਼ਾਹਰ ਕੀਤੀ ਗਈ ਹੈ। 21 ਮਾਰਚ ਤਕ ਹਲਕੇ ਮੀਂਹ ਅਤੇ ਬਰਫਬਾਰੀ ਜਾਰੀ ਰਹਿਣ ਦੀ ਸੰਭਾਵਨਾ ਹੈ।

ਕਸ਼ਮੀਰ ਦੇ ਉੱਚੇ ਇਲਾਕਿਆਂ ਵਿੱਚ ਵੀ ਤਾਜ਼ਾ ਬਰਫਬਾਰੀ ਹੋਈ, ਜਿਸ ਵਿਚ ਗੁਲਮਰਗ ਦੇ ਅਫਰਵਾਤ ਅਤੇ ਕੋਂਗਡੋਰੀ ਖੇਤਰ ਸ਼ਾਮਲ ਹਨ। ਸੋਨਮਰਗ ਅਤੇ ਪੀਰ ਕੀ ਗਲੀ ਵਿੱਚ ਵੀ ਬਰਫਬਾਰੀ ਦਰਜ ਕੀਤੀ ਗਈ, ਜਿਸ ਕਾਰਨ ਸ੍ਰੀਨਗਰ-ਲੇਹ ਕੌਮੀ ਹਾਈਵੇ ਬੰਦ ਕਰਨਾ ਪਿਆ। ਮੈਦਾਨੀ ਇਲਾਕਿਆਂ, ਜਿਵੇਂ ਸ੍ਰੀਨਗਰ, ਵਿਚ ਲਗਾਤਾਰ ਮੀਂਹ ਨਾਲ ਦਿਨ ਦਾ ਤਾਪਮਾਨ ਘੱਟ ਗਿਆ। ਮੌਸਮ ਵਿਭਾਗ ਨੇ 20 ਮਾਰਚ ਤਕ ਮੀਂਹ ਅਤੇ ਬਰਫਬਾਰੀ ਜਾਰੀ ਰਹਿਣ ਦੀ ਸੰਭਾਵਨਾ ਜ਼ਾਹਰ ਕੀਤੀ ਹੈ।

ਦਿੱਲੀ ਵਿੱਚ ਵੀ ਐਤਵਾਰ ਸਵੇਰੇ ਹਲਕੇ ਮੀਂਹ ਨਾਲ ਲੋਕਾਂ ਨੂੰ ਸੁੱਕੇ ਮੌਸਮ ਤੋਂ ਰਾਹਤ ਮਿਲੀ। ਸਫ਼ਦਰਜੰਗ ਅਤੇ ਲੋਧੀ ਰੋਡ ਉਤੇ 0.8 ਮਿ.ਮੀ., ਆਯਨਗਰ ਉਤੇ 2.6 ਮਿ.ਮੀ. ਅਤੇ ਪਿਤਮਪੁਰਾ ਉਤੇ 3.5 ਮਿ.ਮੀ. ਮੀਂਹ ਦਰਜ ਕੀਤਾ ਗਿਆ, ਜੋ ਸੱਭ ਤੋਂ ਵੱਧ ਸੀ। ਵੱਧ ਤੋਂ ਵੱਧ ਤਾਪਮਾਨ 30.1 ਡਿਗਰੀ ਸੈਲਸੀਅਸ ਰਿਹਾ, ਜੋ ਮੌਸਮੀ ਔਸਤ ਤੋਂ ਕੁੱਝ ਵੱਧ ਸੀ। ਮੌਸਮ ਵਿਭਾਗ ਨੇ ਅਗਲੇ ਦਿਨ ਵੀ ਹਲਕੇ ਮੀਂਹ ਦੀ ਸੰਭਾਵਨਾ ਜ਼ਾਹਰ ਕੀਤੀ ਹੈ, ਜਿਸ ਨੂੰ ਇਸ ਮੌਸਮ ਦਾ ਪਹਿਲਾ ਪ੍ਰੀ-ਮਾਨਸੂਨ ਮੀਂਹ ਮੰਨਿਆ ਜਾ ਰਿਹਾ ਹੈ। ਹਵਾ ਦੀ ਗੁਣਵੱਤਾ ਦਰਮਿਆਨੀ ਸ਼੍ਰੇਣੀ ਵਿੱਚ ਰਹੀ, ਜਿਸ ਨਾਲ ਲੋਕਾਂ ਨੂੰ ਕੁੱਝ ਹੱਦ ਤਕ ਪ੍ਰਦੂਸ਼ਣ ਤੋਂ ਰਾਹਤ ਮਿਲੀ। ਇਸ ਤੋਂ ਇਲਾਵਾ ਰਾਜਸਥਾਨ ਦੇ ਉੱਤਰੀ ਹਿੱਸਿਆਂ ਵਿੱਚ ਵੀ ਹਲਕੇ ਮੀਂਹ ਅਤੇ ਗਰਜ-ਚਮਕ ਦਰਜ ਕੀਤੀ ਗਈ। ਹਾਲਾਂਕਿ 16 ਅਤੇ 17 ਮਾਰਚ ਨੂੰ ਮੌਸਮ ਸੁੱਕਾ ਰਹਿਣ ਦੀ ਸੰਭਾਵਨਾ ਹੈ ਪਰ 18 ਤੋਂ 21 ਮਾਰਚ ਤਕ ਨਵੀਂ ਪਛਮੀ ਖਲਲ ਕਾਰਨ ਤੇਜ਼ ਹਵਾਵਾਂ ਅਤੇ ਮੀਂਹ ਦੀ ਸੰਭਾਵਨਾ ਹੈ।

# ਸਫ਼ਾ ਇੱਕ ਦੀ ਬਾਕੀ

### ਗੰਗਾ ਕੰਢੇ ਨਜਾਇਜ਼ ਕਬਜ਼ਿਆਂ 'ਤੇ ਸੁਪਰੀਮ ਕੋਰਟ ਹੋਈ ਸਖ਼ਤ

ਹੁਣ ਤਕ ਚੁੱਕੇ ਗਏ ਕਦਮਾਂ ਨੂੰ ਰੀਕਾਰਡ ਉਤੇ ਰੱਖਣ ਲਈ ਕਿਹਾ। ਉਨ੍ਹਾਂ ਕਿਹਾ,''ਨੋਟੀਫਿਕੇਸ਼ਨ ਨੂੰ ਬਿਹਤਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਅਥਾਰਟੀ (ਨੈਸ਼ਨਲ ਮਿਸ਼ਨ ਫਾਰ ਕਲੀਨ ਗੰਗਾ ਅਥਾਰਟੀ) ਦੇ ਰਾਹ ਵਿਚ ਕਿਹੜੀਆਂ ਰੁਕਾਵਟਾਂ ਆ ਰਹੀਆਂ ਹਨ?'' ਬੈਂਚ ਨੇ ਕਿਹਾ,''ਅਥਾਰਟੀ ਉਪਰੋਕਤ ਦੱਸੇ ਗਏ ਸਾਰੇ ਸੂਬਿਆਂ 'ਚੋਂ ਲੰਘਣ ਵਾਲੀ ਗੰਗਾ ਨਦੀ ਦੀ ਰੱਖਿਆ ਲਈ ਕੀ ਕਦਮ ਚੁੱਕਣ ਦਾ ਇਰਾਦਾ ਰਖਦੀ ਹੈ, ਅਤੇ ਇਹ ਯਕੀਨੀ ਬਣਾਉਣ ਦਾ ਇਰਾਦਾ ਰਖਦੀ ਹੈ ਕਿ ਨਦੀਆਂ ਦੇ ਮੈਦਾਨੀ ਇਲਾਕਿਆਂ ਅਤੇ ਕਿਨਾਰੇ ਸਾਰੇ ਕਬਜ਼ਿਆਂ ਤੋਂ ਮੁਕਤ ਹੋਣ'' ਸਿਖਰਲੀ ਅਦਾਲਤ ਨੇ ਗੰਗਾ ਬੇਸਿਨ ਦੇ ਕਈ ਸੂਬਿਆਂ ਨੂੰ ਨੋਟਿਸ ਜਾਰੀ ਕੀਤੇ ਅਤੇ ਕਿਹਾ ਕਿ ਇਸ ਮੁੱਦੇ ਨੂੰ ਵਿਅਕਤੀਗਤ ਮਾਮਲਿਆਂ ਤੋਂ ਪਰੇ ਵਿਆਪਕ ਜਾਂਚ ਦੀ ਲੋੜ ਹੈ। ਮਾਮਲੇ ਦੀ ਅਗਲੀ ਸੁਣਵਾਈ 23 ਅਪ੍ਰੈਲ ਨੂੰ ਸੂਚੀਬੱਧ ਹੈ। ਸੁਣਵਾਈ ਦੌਰਾਨ ਪਟੀਸ਼ਨਕਰਤਾ ਵਲੋਂ ਪੇਸ਼ ਹੋਏ ਵਕੀਲ ਆਕਾਸ਼ ਵਸ਼ਿਸ਼ਠ ਨੇ ਕਿਹਾ ਕਿ ਸਾਰੇ ਕਿਨਾਰਿਆਂ ਉਤੇ ਵੱਡੇ ਪੱਧਰ ਉਤੇ ਕਬਜ਼ੇ ਹੋ ਰਹੇ ਹਨ, ਜਿਨ੍ਹਾਂ ਵਲ ਤੁਰਤ ਧਿਆਨ ਦੇਣ ਦੀ ਲੋੜ ਹੈ ਅਤੇ ਦਸਿਆ ਕਿ ਇਨ੍ਹਾਂ ਨਦੀਆਂ ਦੇ ਕਿਨਾਰਿਆਂ ਦੇ ਕੁੱਝ ਹਿੱਸੇ ਤਾਜ਼ੇ ਪਾਣੀ ਦੀਆਂ ਡੌਲਫਿਨ ਨਾਲ ਭਰਪੂਰ ਹਨ। ਸੁਪਰੀਮ ਕੋਰਟ ਪਟਨਾ ਨਿਵਾਸੀ ਅਸ਼ੋਕ ਕੁਮਾਰ ਸਿਨਹਾ ਵਲੋਂ ਐਨ.ਜੀ.ਟੀ. ਦੇ 30 ਜੂਨ 2020 ਦੇ ਹੁਕਮ ਵਿਰੁਧ ਦਾਇਰ ਪਟੀਸ਼ਨ ਉਤੇ ਸੁਣਵਾਈ ਕਰ ਰਹੀ ਸੀ।

### ਚੋਣ ਕਮਿਸ਼ਨ ਵੱਲੋਂ 5 ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ . . .

ਜਾਣਕਾਰੀ ਦਿੱਤੀ ਹੈ ਕਿ ਇਨ੍ਹਾਂ ਪੰਜਾਂ ਸੂਬਿਆਂ ਦੀਆਂ ਵਿਧਾਨ ਸਭਾਵਾਂ ਦਾ ਕਾਰਜਕਾਲ ਮਈ ਮਹੀਨੇ ਵਿੱਚ ਖਤਮ ਹੋ ਰਿਹਾ ਹੈ। ਇਸੇ ਕਾਰਨ ਅਪ੍ਰੈਲ ਅਤੇ ਮਈ ਦੇ ਵਿਚਕਾਰ ਪੂਰੀ ਚੋਣ ਪ੍ਰਕਿਰਿਆ ਨੂੰ ਮੁਕੰਮਲ ਕਰਨ ਦਾ ਫੈਸਲਾ ਲਿਆ ਗਿਆ ਹੈ। ਜਿਹੜੇ 5 ਸੂਬਿਆਂ ਵਿਚ ਚੋਣਾਂ ਹੋਣ ਜਾ ਰਹੀਆਂ ਹਨ ਉਨ੍ਹਾਂ ਵਿਚ ਸਰ ਦੇ ਬਾਅਦ ਤਮਿਲਨਾਡੂ ਤੋਂ ਸਭ ਤੋਂ ਵੱਧ ਵੋਟਰਾਂ ਦੇ ਨਾਂ ਕੱਟੇ ਹਨ। ਚੋਣ ਕਮਿਸ਼ਨ ਨੇ ਦੱਸਿਆ ਕਿ 27 ਅਕਤੂਬਰ 2025 ਨੂੰ ਸਰ ਦੀ ਪ੍ਰਕਿਰਿਆ ਸ਼ੁਰੂ ਹੋਣ ਦੌਰਾਨ ਸੂਬੇ ਵਿਚ ਕੁੱਲ 6,41,14,587 ਵੋਟਰ ਸਨ। ਲਗਭਗ 4 ਮਹੀਨੇ ਚੱਲੀ ਸਰ ਵਿਚ 74,07,207 ਲੋਕਾਂ ਦੇ ਨਾਂ ਹਟਾਏ ਗਏ ਹਨ। ਸੂਬੇ ਵਿਚ ਹੁਣ 5,67,07,380 ਵੋਟਰ ਰਜਿਸਟਰਡ ਹਨ। ਦੂਜੇ ਪਾਸੇ ਪੱਛਮੀ ਬੰਗਾਲ ਦੂਜੇ ਨੰਬਰ 'ਤੇ ਹੈ ਜਿਥੇ ਲਗਭਗ 58 ਲੱਖ ਲੋਕਾਂ ਦੇ ਨਾਂ ਕੱਟੇ ਹਨ।

### ਪੰਜਾਬ 'ਚ 15 ਮਈ ਤੋਂ ਸ਼ੁਰੂ ਹੋਵੇਗੀ ਜਨਗਣਨਾ

ਪੜਾਅ ਅਗਲੇ ਵਰ੍ਹੇ ਪਹਿਲੀ ਫਰਵਰੀ ਤੋਂ 28 ਫਰਵਰੀ ਤੱਕ ਚੱਲੇਗਾ। ਜਨਗਣਨਾ ਅਪਰੇਸ਼ਨਾਂ ਬਾਰੇ ਪੰਜਾਬ ਦੀ ਡਾਇਰੈਕਟਰ ਡਾ. ਨਵਜੋਤ ਖੋਸਾ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਵੈ-ਗਣਨਾ ਵੀ ਮੁਹਿੰਮ ਦਾ ਹਿੱਸਾ ਹੋਵੇਗੀ।

### ਪੰਜਾਬ 'ਚ ਨਿਵੇਸ਼ ਕਰੋ, ਸਰਕਾਰ ਤੁਹਾਨੂੰ ਪੂਰਾ ...

ਮਨੁੱਖੀ ਦਿਮਾਗ ਇਸ ਤੋਂ ਕਿਤੇ ਜ਼ਿਆਦਾ ਮਹੱਤਵਪੂਰਨ ਹੈ, ਜੋ ਕਿ ਮਨੁੱਖੀ ਸਰੋਤ ਦੇ ਵਿਕਾਸ ਲਈ ਚੰਗਾ ਹੈ। ਇਹ ਦੇਖ ਕੇ ਖ਼ੁਸ਼ੀ ਹੁੰਦੀ ਹੈ ਕਿ ਨੀਤੀ ਨਿਰਮਾਣ ਦੇ ਫੈਸਲਿਆਂ ਵਿੱਚ ਕਾਰੋਬਾਰੀ ਤੇਜ਼ੀ ਨਾਲ ਧਿਰ ਬਣ ਕੇ ਉੱਭਰ ਰਹੇ ਹਨ।

ਸੰਮੇਲਨ ਦੌਰਾਨ ਹੋਏ ਵਿਚਾਰ-ਵਟਾਂਦਰੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਅੱਗੇ ਕਿਹਾ ਕਿ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਤਿੰਨ ਦਿਨਾਂ ਦੌਰਾਨ ਲਗਭਗ 30 ਲੜੀਵਾਰ ਸੈਸ਼ਨ ਕਰਵਾਏ ਗਏ, ਜੋ ਸੂਬੇ ਦੇ ਆਰਥਿਕ ਵਿਕਾਸ ਨੂੰ ਹੋਰ ਤੇਜ਼ ਕਰਨ ਵਿੱਚ ਵਧੇਰੇ ਮਦਦਗਾਰ ਸਿੱਧ ਹੋਣਗੇ। ਉਨ੍ਹਾਂ ਕਿਹਾ ਕਿ ਸੂਬੇ ਨੂੰ ਤੇਜ਼ ਵਿਕਾਸ ਦੀ ਲੀਹ 'ਤੇ ਪਾਉਣ ਤੋਂ ਇਲਾਵਾ ਇਹ ਸੰਮੇਲਨ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਵਿੱਚ ਵੀ ਮਦਦ ਕਰੇਗਾ। ਉਨ੍ਹਾਂ ਕਿਹਾ ਕਿ ਅਜਿਹੇ ਸੰਮੇਲਨ ਸੂਬੇ ਵਿੱਚੋਂ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪਰਵਾਸ ਨੂੰ ਰੋਕਣ ਅਤੇ ਤਰੱਕੀ ਤੇ ਖੁਸ਼ਹਾਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਲਈ ਬੇਹੱਦ ਜ਼ਰੂਰੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਮਹੂਰੀਅਤ ਵਿੱਚ ਹਰੇਕ ਲਈ ਵੋਟ ਦਾ ਅਧਿਕਾਰ ਬਹੁਤ ਮਹੱਤਵਪੂਰਨ ਹੈ ਅਤੇ ਅਸੀਂ ਬਹੁਤ ਖੁਸ਼ਕਿਸਮਤ ਹਾਂ ਕਿ ਸਾਡੇ ਸਾਰਿਆਂ ਕੋਲ ਇਹ ਅਧਿਕਾਰ ਹੈ। ਹਰ ਕਿਸੇ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੋ ਉਨ੍ਹਾਂ ਦੀ ਆਵਾਜ਼ ਸੁਣੀ ਜਾਵੇ। ਉਨ੍ਹਾਂ ਕਿਹਾ ਕਿ ਸਾਰਿਆਂ ਦੀ ਭਲਾਈ ਲਈ ਇਹ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਹਰੇਕ ਵਿਅਕਤੀ ਦੇ ਜਮਹੂਰੀ ਅਧਿਕਾਰ ਦਾ ਸਨਮਾਨ ਕੀਤਾ ਜਾਵੇ। ਰਾਜਨੀਤੀ ਵਿੱਚ ਆਪ ਦੇ ਪ੍ਰਭਾਵ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ, ਜਿਸ ਨੇ ਆਮ ਆਦਮੀ ਨੂੰ ਸਿਆਸਤ ਦੇ ਕੇਂਦਰ ਵਿੱਚ ਲਿਆਂਦਾ ਹੈ, ਦੇ ਸੱਤਾ ਵਿੱਚ ਆਉਣ ਤੋਂ ਬਾਅਦ ਬਾਕੀ ਰਾਜਨੀਤਿਕ ਪਾਰਟੀਆਂ ਦੇ ਮੈਨੀਫੈਸਟੋ ਬਦਲ ਗਏ ਹਨ। ਪਹਿਲਾਂ ਆਮ ਆਦਮੀ ਦੀ ਭਲਾਈ ਦਾ ਏਜੰਡਾ ਕਿਤੇ ਵੀ ਨਹੀਂ ਦਿਖਾਈ ਦਿੰਦਾ ਸੀ ਅਤੇ ਨਫ਼ਰਤ ਤੇ ਵੰਡ-ਪਾਊ ਦੀ ਰਾਜਨੀਤੀ ਦਾ ਬੋਲਬਾਲਾ ਸੀ। ਜੇਕਰ ਰਾਜਨੀਤਿਕ ਪਾਰਟੀਆਂ ਨੂੰ ਜਾਤ, ਧਰਮ ਜਾਂ ਹੋਰ ਵੰਡਪਾਊ ਨੀਤੀਆਂ ਦੇ ਨਾਮ 'ਤੇ ਵੋਟਾਂ ਮਿਲੀ ਜਾਣ ਤਾਂ ਫਿਰ ਕੋਈ ਸਕੂਲ, ਸਿੱਖਿਆ, ਸਿਹਤ ਜਾਂ ਕਿਸੇ ਹੋਰ ਚੀਜ਼ ਦੇ ਨਾਮ 'ਤੇ ਵੋਟ ਕਿਉਂ ਦੇਵੇਗਾ?

ਕਿਸੇ ਵੀ ਦੇਸ਼ ਵਿੱਚ ਇਕ ਜਿਹੇ ਮੌਕਿਆਂ ਵਾਲਾ ਮੁਕਾਬਲਾ ਜ਼ਰੂਰੀ ਹੈ ਅਤੇ ਏਕਾਧਿਕਾਰ ਦੀਆਂ ਸੰਭਾਨਾਵਾਂ ਨੂੰ ਹਰ ਪੱਖੋਂ ਨਕਾਰ ਦੇਣਾ ਚਾਹੀਦਾ ਹੈ ਕਿਉਂਕਿ ਏਕਾਧਿਕਾਰ ਕਿਸੇ ਵੀ ਸਮਾਜ ਦੇ ਹਿੱਤ ਵਿੱਚ ਨਹੀਂ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੁਨੀਆ ਅਜਿਹੀਆਂ ਉਦਾਹਰਣਾਂ ਨਾਲ ਭਰੀ ਹੋਈ ਹੈ ਜਿੱਥੇ ਨਿਮਰ ਪਿਛੋਕੜ ਵਾਲੇ ਲੋਕਾਂ ਨੇ ਆਪਣੀ ਮਿਹਨਤ ਅਤੇ ਸਮਰਪਣ ਨਾਲ ਦੁਨੀਆ ਨੂੰ ਜਿੱਤਿਆ ਹੈ। ਵਿਦਿਆਰਥੀਆਂ ਨੂੰ ਦੁਨੀਆ ਭਰ ਵਿੱਚ ਆਪਣੀ ਯੋਗਤਾ ਸਾਬਤ ਕਰਨ ਲਈ ਅਜਿਹੀਆਂ ਉਦਾਹਰਣਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈਅਤੇ ਪੰਜਾਬ ਸਰਕਾਰ ਇਸ ਨੇਕ ਕੰਮ ਵਿੱਚ ਉਨ੍ਹਾਂ ਦੀ ਮਦਦ ਕਰੇਗੀ।

ਇਕ ਗੁਲਦਸਤੇ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਇਕ ਗੁਲਦਸਤੇ ਵਿੱਚ ਕਈ ਤਰ੍ਹਾਂ ਦੇ ਫੁੱਲ ਹੁੰਦੇ ਹਨ ਅਤੇ ਇਹ ਇਸੇ ਵਿਭਿੰਨਤਾ ਕਾਰਨ ਲੋਕਾਂ ਨੂੰ ਆਕਰਸ਼ਿਤ ਕਰਦਾ ਹੈ। ਇਸੇ ਤਰ੍ਹਾਂ ਦੇਸ਼ ਦਾ ਅੰਨ ਭੰਡਾਰ ਹੋਣ ਦੇ ਨਾਲ-ਨਾਲ, ਪੰਜਾਬ ਨੂੰ ਦੇਸ਼ ਦੀ ਖੜਗ ਭੁਜਾ ਹੋਣ ਦਾ ਵੀ ਮਾਣ ਹਾਸਲ ਹੈ। ਇੱਥੋਂ ਦੇ ਲੋਕ ਦੁਨੀਆ ਭਰ ਵਿੱਚ ਆਪਣੀ ਹਿੰਮਤ, ਮਿਹਨਤ, ਸਿਰੜੀ ਸੁਭਾਅ ਅਤੇ ਉੱਦਮ ਦੀ ਭਾਵਨਾ ਲਈ ਜਾਣੇ ਜਾਂਦੇ ਹਨ। ਇਹ ਪਵਿੱਤਰ ਧਰਤੀ ਮਹਾਨ ਗੁਰੂਆਂ, ਸੰਤਾਂ, ਪੀਰ-ਪੈਗੰਬਰਾਂ ਦੀ ਚਰਨ-ਛੋਹ ਪ੍ਰਾਪਤ ਅਤੇ ਸਾਡੇ ਮਹਾਨ ਸ਼ਹੀਦਾਂ ਦੀ ਧਰਤੀ ਹੈ, ਜਿਨ੍ਹਾਂ ਨੇ ਸਾਨੂੰ ਜ਼ੁਲਮ, ਅੱਤਿਆਚਾਰ ਤੇ ਧੱਕੇਸ਼ਾਹੀ ਦਾ ਵਿਰੋਧ ਕਰਨ ਦਾ ਰਸਤਾ ਦਿਖਾਇਆ ਹੈ।

ਸੂਬੇ ਅਤੇ ਇਸ ਦੇ ਸ਼ਹੀਦਾਂ ਦੀ ਮਹਾਨ ਵਿਰਾਸਤ ਨੂੰ ਚੇਤੇ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਹੈ ਅਤੇ ਸੂਬੇ ਨੂੰ ਦੁਨੀਆ ਭਰ ਵਿੱਚ ਆਪਣੀ ਨਿੱਘੀ ਮਹਿਮਾਨਨਿਵਾਜ਼ੀ ਲਈ ਜਾਣਿਆ ਜਾਂਦਾ ਹੈ। ਪੰਜਾਬੀਆਂ ਨੂੰ ਵਿਸ਼ਵ ਪੱਧਰ 'ਤੇ ਹਰ ਕੋਈ ਜਾਣਦਾ ਹੈ। ਸਾਡੇ ਸ਼ਹੀਦਾਂ ਨੇ ਦੇਸ਼ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ ਅਤੇ ਅਸੀਂ ਸਾਰੇ ਉਨ੍ਹਾਂ ਦੇ ਕਰਜ਼ਦਾਰ ਹਾਂ। ਇਹ ਮੰਦਭਾਗਾ ਹੈ ਕਿ ਸਾਡੇ ਦੇਸ਼ ਵਿੱਚ ਕਈ ਅਜਿਹੀਆਂ ਤਾਕਤਾਂ ਵੀ ਹਨ ਜਿਨ੍ਹਾਂ ਨੇ ਦੇਸ਼ ਦੇ ਖ਼ਜ਼ਾਨੇ ਨੂੰ ਲੁੱਟਿਆ ਅਤੇ ਸ਼ਹੀਦਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਇਹ ਆਗੂ ਗੈਰ-ਕਾਨੂੰਨੀ ਤਰੀਕਿਆਂ ਨਾਲ ਵੱਡੀ ਦੌਲਤ ਇਕੱਠੀ ਕਰਨ ਦੀ ਕਾਹਲੀ ਵਿੱਚ ਹਨ ਅਤੇ ਸਾਡੇ ਦੇਸ਼ ਵਾਸੀ ਅਜਿਹੇ ਲੋਕਾਂ ਨੂੰ ਕਿਸੇ ਵੀ ਸੂਰਤ ਵਿੱਚ ਮੁਆਫ਼ ਨਹੀਂ ਕਰਨਗੇ।

ਆਪ ਸਰਕਾਰ ਨੂੰ ਵਿਰਾਸਤ ਵਿੱਚ ਮਿਲੀਆਂ ਚੁਣੌਤੀਆਂ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਨੂੰ ਪਹਿਲੀਆਂ ਸਰਕਾਰਾਂ ਤੋਂ ਕਰਜ਼ਾ, ਸ਼ਿਕਾਇਤਾਂ ਅਤੇ ਮਾੜੇ ਸ਼ਾਸਨ ਦੀ ਵਿਰਾਸਤ ਮਿਲੀ ਸੀ, ਪਰ ਅਸੀਂ ਸੂਬੇ ਨੂੰ ਮੁੜ ਸੁਰਜੀਤ ਕਰਨ ਲਈ ਕੰਮ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਅੱਜ ਇੱਥੇ ਹੋਈ ਚਰਚਾ ਤੇ ਵਿਚਾਰ ਪੂਰੇ ਦਿਲ ਤੋਂ ਨਿਕਲੇ ਹੋਏ ਹਨ, ਜੋ ਸਾਡੇ ਆਪਸੀ ਵਿਸ਼ਵਾਸ ਅਤੇ ਪੰਜਾਬ ਨੂੰ ਉਦਯੋਗਿਕ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਸਾਡੇ ਸਾਂਝੇ ਜੋਸ਼ ਨੂੰ ਦਰਸਾਉਂਦਾ ਹੈ। ਉਦਯੋਗਪਤੀਆਂ ਦੀ ਬਾਂਹ ਮਰੋੜ ਕੇ ਜ਼ਬਰਦਸਤੀ ਸਮਝੌਤੇ ਕਰਨ ਦੀ ਪੁਰਾਣੀ ਪ੍ਰਥਾ ਹੁਣ ਖਤਮ ਹੋ ਗਈ ਹੈ ਅਤੇ ਆਪ ਸਰਕਾਰ ਵੱਡੇ ਪੱਧਰ 'ਤੇ ਉਦਯੋਗੀਕਰਨ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ।

ਨਿਵੇਸ਼ਕਾਂ ਦੀ ਭਾਈਵਾਲੀ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਅੱਗੇ ਕਿਹਾ ਕਿ ਇਸ ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਲੋਕ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਭਾਈਵਾਲ ਬਣਨ ਲਈ ਖੁਦ-ਬ-ਖੁਦ ਅੱਗੇ ਆ ਰਹੇ ਹਨ। ਇਹ ਪੰਜਾਬ ਵਿੱਚ ਤਰੱਕੀ ਅਤੇ ਖੁਸ਼ਹਾਲੀ ਨੂੰ ਹੁਲਾਰਾ ਦੇਵੇਗਾ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰੇਗਾ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਪੰਜਾਬ ਨੂੰ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਸੂਬਾ ਬਣਾਉਣ ਲਈ ਵਚਨਬੱਧ ਹੈ।

ਰੋਜ਼ਗਾਰ ਅਤੇ ਉਦਯੋਗ 'ਤੇ ਸਰਕਾਰ ਦੇ ਧਿਆਨ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਨਅਤਕਾਰਾਂ ਦੇ ਸਹਿਯੋਗ ਨਾਲ ਇਹ ਟੀਚੇ ਜਲਦ ਹੀ ਪੂਰੇ ਕਰ ਲਏ ਜਾਣਗੇ। ਉਨ੍ਹਾਂ ਕਿਹਾ ਕਿ ਪਹਿਲੇ ਦਿਨ ਤੋਂ ਹੀ ਮੇਰਾ ਉਦੇਸ਼ ਨੌਜਵਾਨਾਂ ਲਈ ਵੱਧ ਤੋਂ ਵੱਧ ਨੌਕਰੀਆਂ ਪੈਦਾ ਕਰਨਾ ਰਿਹਾ ਹੈ ਤਾਂ ਜੋ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵਿੱਚ ਲਾ ਕੇ ਉਨ੍ਹਾਂ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਦੂਰ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਮੈਂ ਉਦਯੋਗਪਤੀਆਂ ਨੂੰ ਪੰਜਾਬ ਦੇ ਦੂਤ ਵਜੋਂ ਕੰਮ ਕਰਨ ਅਤੇ ਪੰਜਾਬ ਦੀਆਂ ਮੁੱਖ ਖਾਸੀਅਤਾਂ ਜਿਵੇਂ ਕਿ ਕਾਰੋਬਾਰ ਕਰਨ ਵਿੱਚ ਆਸਾਨੀ ਅਤੇ ਸਭ ਤੋਂ ਅਨੁਕੂਲ ਵਪਾਰਕ ਮਾਹੌਲ ਨੂੰ ਦੂਜੇ ਸੂਬਿਆਂ ਵਿੱਚ ਆਪਣੇ ਸਾਥੀਆਂ ਤੱਕ ਪਹੁੰਚਾਉਣ ਦੀ ਅਪੀਲ ਕਰਦਾ ਹਾਂ। ਸਾਡਾ ਉਦੇਸ਼ ਸੂਬੇ ਵਿੱਚ ਵੱਧ ਤੋਂ ਵੱਧ ਨਿਵੇਸ਼ ਨੂੰ ਯਕੀਨੀ ਬਣਾਉਂਦਿਆਂ ਪੰਜਾਬ ਨੂੰ ਦੇਸ਼ ਦਾ ਉਦਯੋਗਿਕ ਕੇਂਦਰ ਬਣਾਉਣਾ ਹੈ।

ਪ੍ਰਬੰਧਕਾਂ ਅਤੇ ਭਾਈਵਾਲਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਮੈਂ ਇਸ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਇਨਵੈਸਟ ਪੰਜਾਬ ਨੂੰ ਵਧਾਈ ਦਿੰਦਾ ਹਾਂ। ਇਸ ਸਮਾਗਮ ਨੂੰ ਵੱਡੀ ਸਫ਼ਲਤਾ ਬਣਾਉਣ ਲਈ ਜ਼ਮੀਨ 'ਤੇ ਅਣਥੱਕ ਮਿਹਨਤ ਕਰਨ ਵਾਲਾ ਹਰ ਅਧਿਕਾਰੀ/ਕਰਮਚਾਰੀ ਪ੍ਰਸ਼ੰਸਾ ਦਾ ਪਾਤਰ ਹੈ। ਇਸਦੇ ਨਾਲ ਹੀ ਮੈਂ ਉਦਯੋਗ ਜਗਤ ਦੇ ਉਨ੍ਹਾਂ ਆਗੂਆਂ ਦਾ ਵੀ ਧੰਨਵਾਦ ਕਰਦਾ ਹਾਂ, ਜੋ ਵੱਡੀ ਗਿਣਤੀ ਵਿੱਚ ਸੂਬੇ ਵਿੱਚ ਨਿਵੇਸ਼ ਕਰਨ ਲਈ ਇੱਥੇ ਆਏ ਹਨ। ਪੰਜਾਬ ਉਦਯੋਗਿਕ ਵਿਕਾਸ ਲਈ ਵਧੇਰੇ ਅਨੁਕੂਲ ਮਾਹੌਲ ਦੀ ਪੇਸ਼ਕਸ਼ ਕਰਦਾ ਹੈ। ਸੂਬਾ ਨਿਰਮਾਣ ਖੇਤਰ ਦਾ ਕੇਂਦਰ ਹੈ ਅਤੇ ਫਾਰਮਾਸਿਊਟੀਕਲ, ਸੂਚਨਾ ਤਕਨਾਲੋਜੀ ਆਈਟੀ ਅਤੇ ਹੋਰ ਖੇਤਰਾਂ ਵਿੱਚ ਦੇਸ਼ ਦੀ ਅਗਵਾਈ ਕਰਦਾ ਹੈ।

ਸੂਬੇ ਦੇ ਲੋਕਾਂ ਦੀ ਉੱਦਮੀ ਭਾਵਨਾ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਹਮੇਸ਼ਾ ਨੰਬਰ ਵੰਨ ਰਹਿਣ ਲਈ ਹੀ ਪੈਦਾ ਹੋਏ ਹਨ ਕਿਉਂਕਿ ਉਨ੍ਹਾਂ ਦੇ ਖੂਨ ਵਿੱਚ ਸਖ਼ਤ ਮਿਹਨਤ ਅਤੇ ਸਮਰਪਣ ਦੀ ਭਾਵਨਾ ਦੌੜਦੀ ਹੈ। ਇਸ ਭਾਵਨਾ ਨਾਲ ਹੀ ਪੰਜਾਬੀਆਂ ਨੇ ਹਮੇਸ਼ਾ ਹਰ ਖੇਤਰ ਵਿੱਚ ਸਰਦਾਰੀ ਹਾਸਲ ਕੀਤੀ ਹੈ ਅਤੇ ਸੂਬੇ ਦੇ ਉੱਦਮੀਆਂ ਨੇ ਦੁਨੀਆ ਭਰ ਵਿੱਚ ਆਪਣੀ ਵੱਖਰੀ ਪਛਾਣ ਬਣਾਈ ਹੈ। ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਤੇਜ਼ ਉਦਯੋਗਿਕ ਵਿਕਾਸ ਦੀ ਲੀਹ 'ਤੇ ਹੋਵੇਗਾ।

ਉਦਯੋਗ ਦੇ ਆਗੂਆਂ ਦਾ ਉਨ੍ਹਾਂ ਦੀ ਭਾਗੀਦਾਰੀ ਲਈ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਮੈਂ ਸੂਬੇ ਦੀ ਵਿਕਾਸ ਕਹਾਣੀ ਦਾ ਹਿੱਸਾ ਬਣਨ ਲਈ ਕਾਰੋਬਾਰੀ ਦਿੱਗਜ਼ਾਂ ਦਾ ਧੰਨਵਾਦ ਕਰਦਾ ਹਾਂ। ਸਾਡੀ ਸਰਕਾਰ ਪੰਜਾਬ ਨੂੰ ਦੁਨੀਆਂ ਦੇ ਇੱਕ ਪ੍ਰਮੁੱਖ ਉਦਯੋਗਿਕ ਅਤੇ ਨਿਰਯਾਤ ਕੇਂਦਰ ਵਿੱਚ ਬਦਲਣ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ। ਅਸੀਂ ਪੰਜਾਬ ਲਈ ਸੰਪੂਰਨ ਆਰਥਿਕ ਅਤੇ ਵਿੱਤੀ ਸਫਲਤਾ ਚਾਹੁੰਦੇ ਹਾਂ। ਮੇਰਾ ਦ੍ਰਿੜ ਵਿਸ਼ਵਾਸ ਹੈ ਕਿ ਸਾਡੇ ਵਿਕਾਸ ਦੇ ਮੁੱਖ ਥੰਮ੍ਹ ਚੰਗਾ ਸ਼ਾਸਨ, ਡਿਜੀਟਾਈਜ਼ੇਸ਼ਨ, ਉਸਾਰੂ ਫੈਸਲੇ ਲੈਣ ਦੀ ਸਮਰੱਥਾ, ਪਾਰਦਰਸ਼ਤਾ ਅਤੇ ਸੰਵੇਦਨਸ਼ੀਲਤਾ ਹਨ। ਸਾਡੀ ਅਮੀਰ ਵਿਰਾਸਤ, ਪਰੰਪਰਾ ਅਤੇ ਸੱਭਿਆਚਾਰ ਦੇ ਨਾਲ, ਇਹ ਸਮਰੱਥਾਵਾਂ ਦੁਨੀਆ ਭਰ ਕਾਰੋਬਾਰੀਆਂ ਲਈ ਸੂਬੇ ਨੂੰ ਪਸੰਦੀਦਾ ਨਿਵੇਸ਼ ਸਥਾਨ ਵਜੋਂ ਪੇਸ਼ ਕਰਦੀਆਂ ਹਨ। ਪੰਜਾਬ ਆਪਣੇ ਨਿਰਮਾਣ ਅਤੇ ਬੁਨਿਆਦੀ ਢਾਂਚੇ ਰਾਹੀਂ ਵਿਸ਼ਵਵਿਆਪੀ ਮੁੱਲ ਅਤੇ ਸਪਲਾਈ ਲੜੀ ਨੂੰ ਮਜ਼ਬੂਤ ਕਰਨ ਵਿੱਚ ਦੇਸ਼ ਲਈ ਮਹੱਤਵਪੂਰਨ ਭੂਮਿਕਾ ਨਿਭਾਉਣ ਵਿੱਚ ਮਾਣ ਮਹਿਸੂਸ ਕਰਦਾ ਹੈ।

ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ, ਹਰਭਜਨ ਸਿੰਘ ਈਟੀਓ ਅਤੇ ਬਰਿੰਦਰ ਗੋਇਲ, ਮੁੱਖ ਸਕੱਤਰ ਕੇਏਪੀ ਸਿਨਹਾ ਅਤੇ ਹੋਰਾਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

### ਫ਼ੌਜ ਵੱਲੋਂ ਘੁਸਪੈਠ ਦੀ ਕੋਸ਼ਿਸ਼ ਨਾਕਾਮ; ਪਾਕਿਸਤਾਨੀ ...

ਅਤੇ ਅਤਿਵਾਦੀ ਨੂੰ ਚੁਣੌਤੀ ਦਿੱਤੀ ਗਈ, ਜਿਸ ਦੇ ਨਤੀਜੇ ਵਜੋਂ ਉਸ ਨੇ ਅੰਨ੍ਹੇਵਾਹ ਗੋਲੀਬਾਰੀ ਸ਼ੁਰੂ ਕਰ ਦਿੱਤੀ। ਮੁਕਾਬਲੇ ਦੌਰਾਨ ਇੱਕ ਪਾਕਿਸਤਾਨੀ ਅਤਿਵਾਦੀ ਮਾਰਿਆ ਗਿਆ। ਇੱਕ ਏ.ਕੇ. ਰਾਈਫਲ, ਪਿਸਤੌਲ ਅਤੇ ਭਾਰੀ ਮਾਤਰਾ ਵਿੱਚ ਗੋਲਾ-ਬਾਰੂਦ ਸਮੇਤ ਜੰਗੀ ਸਮੱਗਰੀ ਬਰਾਮਦ ਕੀਤੀ ਗਈ ਹੈ। ਆਖਰੀ ਰਿਪੋਰਟਾਂ ਮਿਲਣ ਤੱਕ ਅਪਰੇਸ਼ਨ ਜਾਰੀ ਸੀ।

### ਦਿੱਲੀ ਹਾਈ ਕੋਰਟ ਵੱਲੋਂ ਸ਼ਰਾਬ ਘਪਲੇ 'ਚ ਜੱਜ ਬਦਲਣ ...

ਸਾਹਮਣੇ ਸੂਚੀਬੱਧ ਹੈ। ਕੇਜਰੀਵਾਲ, ਆਮ ਆਦਮੀ ਪਾਰਟੀ (ਆਪ) ਦੇ ਆਗੂ ਮਨੀਸ਼ ਸਿਸੋਦੀਆ ਅਤੇ ਹੋਰ ਵਿਅਕਤੀਆਂ ਨੇ 11 ਮਾਰਚ ਨੂੰ ਚੀਫ ਜਸਟਿਸ ਉਪਾਧਿਆਏ ਦੇ ਸਾਹਮਣੇ ਇਕ ਬੇਨਤੀ ਪੇਸ਼ ਕਰ ਕੇ ਸੀ.ਬੀ.ਆਈ. ਦੀ ਪਟੀਸ਼ਨ ਜੱਜ ਸਵਰਨ ਕਾਂਤਾ ਦੀ ਜਗ੍ਹਾ ਕਿਸੇ ਨਿਰਪੱਖ ਜੱਜ ਨੂੰ ਸੌਂਪਣ ਦੀ ਅਪੀਲ ਕੀਤੀ ਸੀ। ਬੇਨਤੀ ਚ ਕੇਜਰੀਵਾਲ ਨੇ ਦਾਅਵਾ ਕੀਤਾ ਕਿ ਉਨ੍ਹਾਂ ਨੂੰ ਇਸ ਮਾਮਲੇ ਦੀ ਨਿਰਪੱਖ ਸੁਣਵਾਈ ਨਹੀਂ ਹੋਣ ਦੀ ਗੰਭੀਰ ਅਤੇ ਵਾਜਬ ਖਦਸ਼ਾ ਹੈ। ਦੱਸਣਯੋਗ ਹੈ ਕਿ 27 ਫਰਵਰੀ ਨੂੰ ਹੇਠਲੀ ਅਦਾਲਤ ਨੇ ਕੇਜਰੀਵਾਲ, ਸਿਸੋਦੀਆ ਅਤੇ 21 ਹੋਰ ਲੋਕਾਂ ਨੂੰ ਦੋਸ਼ ਮੁਕਤ ਕਰਦੇ ਹੋਏ ਸੀ.ਬੀ.ਆਈ. ਨੂੰ ਫਟਕਾਰ ਲਗਾਈ ਸੀ। ਜੱਜ ਸ਼ਰਮਾ ਦੀ ਬੈਂਚ ਨੇ 9 ਮਾਰਚ ਨੂੰ ਆਬਕਾਰੀ ਨੀਤੀ ਮਾਮਲੇ ਚ ਸੀਬੀਆਈ ਦੇ ਜਾਂਚ ਅਧਿਕਾਰੀ ਖ਼ਿਲਾਫ਼ ਕਾਨੂੰਨੀ ਕਾਰਵਾਈ ਸ਼ੁਰੂ ਕਰਨ ਦੇ ਹੇਠਲੀ ਅਦਾਲਤ ਦੇ ਆਦੇਸ਼ ਤੇ ਰੋਕ ਲਗਾ ਦਿੱਤੀ ਸੀ। ਜੱਜ ਸ਼ਰਮਾ ਨੇ ਸੀ.ਬੀ.ਆਈ. ਦੀ ਪਟੀਸ਼ਨ ਤੇ ਸਾਰੇ 23 ਦੋਸ਼ੀਆਂ ਤੋਂ ਜਵਾਬ ਮੰਗਿਆ ਸੀ।

### ਭਾਰਤੀ ਨਿਆਂ ਪ੍ਰਣਾਲੀ ਨੂੰ ਵੀ ਹਸਪਤਾਲਾਂ ਵਾਂਗ ...

ਉਨ੍ਹਾਂ ਕਿਹਾ ਕਿ ਸਹੂਲਤਾਂ ਵਧਣ ਨਾਲ ਨਿਆਂ ਪ੍ਰਣਾਲੀ ਦੀ ਜ਼ਿੰਮੇਵਾਰੀ ਵੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀ ਨੂੰ ਛੋਟੀ ਕਾਸ਼ੀ ਦੇ ਨਾਂ ਨਾਲ ਜਾਣਿਆ ਜਾਂਦਾ ਹੈ ਅਤੇ ਲੋਕ ਸ਼ਰਧਾ ਭਾਵਨਾ ਨਾਲ ਇੱਥੇ ਆਉਂਦੇ ਹਨ।

ਅੱਜ ਇਸੇ ਸਥਾਨ ਤੇ ਨਿਆਂ ਦੇ ਮੰਦਰ ਦੀ ਸਥਾਪਨਾ ਹੋ ਰਹੀ ਹੈ, ਜੋ ਜਲਦੀ ਹੀ ਬਣ ਕੇ ਤਿਆਰ ਹੋ ਜਾਵੇਗਾ। ਭਾਰਤ ਦੇ ਮੁੱਖ ਜੱਜ ਨੇ ਕਿਹਾ ਕਿ ਅੱਜ ਦੀ ਇਹ ਗੋਸ਼ਟੀ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਸਭ ਮੌਲਿਕ ਅਧਿਕਾਰਾਂ ਦੀ ਗੱਲ ਤਾਂ ਕਰਦੇ ਹਨ ਪਰ ਮੌਲਿਕ ਕਰਤੱਵ ਵੀ ਸੰਵਿਧਾਨ ਦਾ ਅਭਿੰਨ ਅੰਗ ਹਨ ਅਤੇ ਉਨ੍ਹਾਂ ਦੀ ਪਾਲਣਾ ਵੀ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਨੇ ਆਪਣੀ ਪ੍ਰਾਕ੍ਰਿਤਕ ਸੁੰਦਰਤਾ ਨੂੰ ਸੰਭਾਲ ਕੇ ਰੱਖਿਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮੌਲਿਕ ਅਧਿਕਾਰਾਂ ਬਾਰੇ ਜਾਗਰੂਕ ਕਰਨਾ ਜ਼ਰੂਰੀ ਹੈ। ਛੋਟੇ ਪੱਧਰ 'ਤੇ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਹੋਣੇ ਚਾਹੀਦੇ ਹਨ, ਤਾਂ ਜੋ ਮੌਲਿਕ ਕਰਤੱਵਾਂ ਬਾਰੇ ਜਾਗਰੂਕਤਾ ਵਧੇ। ਜਸਟਿਸ ਸੂਰਿਆਕਾਂਤ ਨੇ ਕਿਹਾ ਕਿ ਤੁਹਾਡਾ ਪਿਆਰ ਦੁਬਾਰਾ ਮੈਨੂੰ ਹਿਮਾਚਲ ਪ੍ਰਦੇਸ਼ ਲੈ ਕੇ ਆਇਆ ਹੈ। ਇਸੇ ਮੌਕੇ ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਕਿਹਾ ਕਿ ਪ੍ਰਦੇਸ਼ ਦੇ ਹਰ ਨਾਗਰਿਕ ਤੱਕ ਨਿਆਂ ਅਤੇ ਆਪਣੇ ਅਧਿਕਾਰਾਂ ਦੀ ਪਹੁੰਚ ਯਕੀਨੀ ਬਣਾਉਣਾ ਸੂਬਾ ਸਰਕਾਰ ਦਾ ਸੰਕਲਪ ਹੈ। ਉਨ੍ਹਾਂ ਕਿਹਾ ਕਿ ਅਸੀਂ ਸੰਵਿਧਾਨ ਦੀ ਭਾਵਨਾ ਅਨੁਸਾਰ ਸਮਾਜ ਵਿਕਾਸ ਅਤੇ ਸਮਾਜਿਕ ਨਿਆਂ ਦੀ ਦਿਸ਼ਾ ਵਿੱਚ ਕੰਮ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਸਮਾਜਿਕ ਸੁਰੱਖਿਆ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇ ਜ਼ਰੀਏ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਹਰ ਨਾਗਰਿਕ ਨੂੰ ਬਰਾਬਰ ਮੌਕੇ ਮਿਲਣ ਅਤੇ ਲੋਕਤੰਤਰ ਦੀਆਂ ਜੜ੍ਹਾਂ ਹੋਰ ਮਜ਼ਬੂਤ ਹੋਣ।

### ਅਰਾਵਲੀ ਦੀਆਂ ਪਹਾੜੀਆਂ ਦੀ ਪ੍ਰੀਭਾਸ਼ਾ ਤੈਅ ....

ਸਰਵੇਖਣ ਵਿਭਾਗ ਨਾਲ ਜੁੜੇ ਮੌਜੂਦਾ ਅਤੇ ਸੇਵਾਮੁਕਤ ਨੌਕਰਸ਼ਾਹਾਂ ਦੇ ਨਾਲ-ਨਾਲ ਸਿੱਖਿਆ ਸ਼ਾਸਤਰੀ ਵੀ ਸ਼ਾਮਲ ਹਨ। ਹਲਫਨਾਮੇ ਚ ਕਿਹਾ ਗਿਆ ਹੈ,ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲਾ ਸਤਿਕਾਰ ਨਾਲ ਬੇਨਤੀ ਕਰਦਾ ਹੈ ਕਿ ਪ੍ਰਸਤਾਵਿਤ ਉੱਚ ਪੱਧਰੀ ਕਮੇਟੀ ਦੇ ਗਠਨ ਲਈ ਸੁਝਾਏ ਗਏ ਉਪਰੋਕਤ ਨਾਵਾਂ ਤੇ ਜੇਕਰ ਇਹ ਅਦਾਲਤ ਵਿਚਾਰ ਕਰਦਾ ਹੈ ਤਾਂ ਉਸ ਨੂੰ ਕੋਈ ਇਤਰਾਜ਼ ਨਹੀਂ ਹੈ। ਇਹ ਵੀ ਦੱਸਿਆ ਜਾਂਦਾ ਹੈ ਕਿ ਫਿਲਹਾਲ ਮੰਤਰਾਲਾ ਕੋਲ ਉਕਤ ਕਮੇਟੀ ਚ ਸ਼ਾਮਲ ਕਰਨ ਲਈ ਕੋਈ ਵਾਧੂ ਨਾ ਨਹੀਂ ਹੈ। ਪ੍ਰਸਤਾਵਿਤ ਕਮੇਟੀ ਦੀ ਪ੍ਰਧਾਨਗੀ ਭਾਰਤੀ ਜੰਗਲਾਤ ਖੋਜ ਅਤੇ ਸਿੱਖਿਆ ਪ੍ਰੀਸ਼ਦ ਦੀ ਮੌਜੂਦਾ ਡਾਇਰੈਕਟਰ ਕੰਚਨ ਦੇਵੀ ਕਰੇਗੀ। ਹੋਰ ਮੈਂਬਰਾਂ ਚ ਐੱਫ.ਐੱਸ.ਆਈ. ਦੇ ਸਾਬਕਾ ਡਾਇਰੈਕਟਰ ਜਨਰਲ ਸੁਭਾਸ਼ ਆਸ਼ੂਤੋਸ਼, ਜੀ.ਐੱਸ.ਆਈ. ਦੇ ਸਾਬਕਾ ਡਾਇਰੈਕਟਰ ਰਾਜੇਂਦਰ ਕੁਮਾਰ ਸ਼ਰਮਾ, ਜਲਵਾਯੂ ਅਤੇ ਊਰਜਾ ਨੀਤੀ ਮਾਹਿਰ ਤੇਜਲ ਕਾਨਿਟਕਰ, ਸੀਨੀਅਰ ਸਿੱਖਿਆ ਸ਼ਾਸਤਰੀ ਅਤੇ ਜੀਵਨ ਵਿਗਿਆਨ ਸੋਧਕਰਤਾ ਜਯਾ ਪ੍ਰਕਾਸ਼ ਯਾਦਵ, ਸੀਨੀਅਰ ਭੂਗੋਲ ਵਿਗਿਆਨੀ ਅਤੇ ਵਿਦਵਾਨ ਤੇਜਬੀਰ ਸਿੰਘ ਰਾਣਾ, ਭਾਰਤ ਦੇ ਸਾਬਕਾ ਐਡੀਸ਼ਨਲ ਸਰਵੇਅਰ ਜਨਰਲ ਐੱਸ.ਵੀ. ਸਿੰਘ, ਗੁਜਰਾਤ ਦੇ ਸਾਬਕਾ ਪ੍ਰਧਾਨ ਮੁੱਖ ਜੰਗਲਾਤ ਕੰਜ਼ਰਵੇਟਰ ਸੀ.ਐੱਨ.ਪਾਂਡੇ ਅਤੇ ਨਾਗਾਲੈਂਡ ਦੇ ਸਾਬਕਾ ਪੀ.ਸੀ.ਸੀ.ਐੱਫ. ਧਰਮੇਂਦਰ ਪ੍ਰਕਾਸ਼ ਸ਼ਾਮਲ ਹਨ। ਸੁਪਰੀਮ ਕੋਰਟ ਨੇ 29 ਦਸੰਬਰ ਨੂੰ ਅਰਾਵਲੀ ਪਹਾੜੀਆਂ ਦੀ ਨਵੀਂ ਪਰਿਭਾਸ਼ਾ ਤੇ ਵਿਵਾਦ ਦਾ ਨੋਟਿਸ ਲੈਂਦੇ ਹੋਏ 20 ਨਵੰਬਰ ਦੇ ਆਪਣੇ ਆਦੇਸ਼ ਤੇ ਰੋਕ ਲਗਾ ਦਿੱਤੀ, ਜਿਸ ਚ ਇਨ੍ਹਾਂ ਪਹਾੜੀਆਂ ਅਤੇ ਸ਼੍ਰੇਣੀਆਂ ਦੀ ਇਕ ਸਮਾਨ ਪਰਿਭਾਸ਼ਾ ਨੂੰ ਸਵੀਕਾਰ ਕੀਤਾ ਗਿਆ ਸੀ। ਅਦਾਲਤ ਨੇ ਸਾਰੀਆਂ ਮਾਈਨਿੰਗ ਗਤੀਵਿਧੀਆਂ ਤੇ ਵੀ ਪਾਬੰਦੀ ਲਗਾ ਦਿੱਤੀ।

### ਪੀ.ਐਨ.ਜੀ. ਖਪਤਕਾਰਾਂ ਨੂੰ ਨਹੀਂ ਮਿਲੇਗਾ ਐਲ.ਪੀ.ਜੀ. ..

ਸਰਕਾਰੀ ਤੇਲ ਕੰਪਨੀਆਂ ਅਤੇ ਉਨ੍ਹਾਂ ਦੇ ਵਿਤਰਕ ਅਜਿਹੇ ਘਰਾਂ ਨੂੰ ਐਲ.ਪੀ.ਜੀ. ਪ੍ਰਦਾਨ ਨਹੀਂ ਕਰ ਸਕਣਗੇ। ਸਰਕਾਰ ਦਾ ਸਪੱਸ਼ਟ ਉਦੇਸ਼ ਐਲ.ਪੀ.ਜੀ. ਦੀ ਸੀਮਤ ਸਪਲਾਈ ਦਾ ਬਿਹਤਰ ਪ੍ਰਬੰਧਨ ਕਰਨਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਸਿਲੰਡਰ ਲੋੜਵੰਦ ਪਰਿਵਾਰਾਂ ਤੱਕ ਪਹੁੰਚ ਕਰਨ ਜਿਨ੍ਹਾਂ ਕੋਲ ਪੀ.ਐਨ.ਜੀ. ਵਰਗੇ ਵਿਕਲਪਾਂ ਤੱਕ ਪਹੁੰਚ ਨਹੀਂ ਹੈ। ਪੀ.ਐਨ.ਜੀ. ਮੁੱਖ ਤੌਰ 'ਤੇ ਸ਼ਹਿਰੀ ਖੇਤਰਾਂ ਵਿੱਚ ਉਪਲਬਧ ਹੈ, ਜਿੱਥੇ ਪਾਈਪਲਾਈਨਾਂ ਰਾਹੀਂ ਸਸਤਾ ਅਤੇ ਵਧੇਰੇ ਵਾਤਾਵਰਣ ਅਨੁਕੂਲ ਗੈਸ ਉਪਲਬਧ ਹੈ। ਹਾਲਾਂਕਿ, ਪੇਂਡੂ ਅਤੇ ਛੋਟੇ ਕਸਬਿਆਂ ਵਿੱਚ ਐਲ.ਪੀ.ਜੀ. ਮੁੱਖ ਬਾਲਣ ਬਣਿਆ ਹੋਇਆ ਹੈ। ਇਸ ਬਦਲਾਅ ਨਾਲ ਪੀ.ਐਨ.ਜੀ.-ਉਪਲਬਧ ਖੇਤਰਾਂ ਵਿੱਚ ਐਲ.ਪੀ.ਜੀ. ਦੀ ਮੰਗ ਘੱਟ ਜਾਵੇਗੀ, ਜਿਸ ਨਾਲ ਪੇਂਡੂ ਖਪਤਕਾਰਾਂ ਲਈ ਸਬਸਿਡੀ ਵਾਲੇ ਸਿਲੰਡਰਾਂ ਦੀ ਉਪਲਬਧਤਾ ਵਧੇਗੀ। ਇਸ ਕਦਮ ਨੂੰ ਇੱਕ ਘਰ, ਇੱਕ ਬਾਲਣ ਨੀਤੀ ਵੱਲ ਇੱਕ ਕਦਮ ਵਜੋਂ ਵੀ ਦੇਖਿਆ ਜਾ ਰਿਹਾ ਹੈ। ਪਹਿਲਾਂ, ਸਰਕਾਰ ਨੇ ਦੋਹਰੇ ਕੁਨੈਕਸ਼ਨਾਂ 'ਤੇ ਪਾਬੰਦੀ ਲਗਾਉਣ ਦੀ ਕੋਸ਼ਿਸ਼ ਕੀਤੀ ਸੀ, ਪਰ ਹੁਣ ਇਸ ਨਿਯਮ ਨੂੰ ਸਪੱਸ਼ਟ ਅਤੇ ਸਖ਼ਤੀ ਨਾਲ ਲਾਗੂ ਕੀਤਾ ਗਿਆ ਹੈ। ਖਪਤਕਾਰਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਜੇਕਰ ਉਨ੍ਹਾਂ ਕੋਲ ਨਜ਼ਦੀਕੀ ਐਲ.ਪੀ.ਜੀ. ਵਿਤਰਕ ਜਾਂ ਕੰਪਨੀ ਦੇ ਪੋਰਟਲ 'ਤੇ ਜਾ ਕੇ ਦੋਵੇਂ ਕੁਨੈਕਸ਼ਨ ਤੁਰੰਤ ਵਾਪਸ ਕਰ ਦੇਣ। ਸਮਰਪਣ ਕਰਨ ਲਈ ਕੋਈ ਜੁਰਮਾਨਾ ਨਹੀਂ ਹੋਵੇਗਾ, ਪਰ ਨਿਯਮਾਂ ਦੀ ਉਲੰਘਣਾ ਕਰਨ 'ਤੇ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ।

### ਐਨ.ਐਚ.ਏ.ਆਈ. ਵੱਲੋਂ ਫ਼ਾਸਟੈਗ ਸਾਲਾਨਾ ਪਾਸ ਦੀ ...

ਰਹੇ ਹਨ।

ਸਾਲਾਨਾ ਪਾਸ ਦੀ ਸਹੂਲਤ ਵਾਹਨ ਚਾਲਕਾਂ ਨੂੰ ਵਾਰ-ਵਾਰ ਰੀਚਾਰਜ ਕਰਨ ਦੇ ਝੰਜਟ ਤੋਂ ਮੁਕਤੀ ਦਿੰਦੀ ਹੈ। ਇਸ ਪਾਸ ਤਹਿਤ ਉਪਭੋਗਤਾ ਇੱਕ ਸਾਲ ਦੀ ਵੈਧਤਾ ਜਾਂ ਵੱਧ ਤੋਂ ਵੱਧ 200 ਵਾਰ ਟੋਲ ਪਲਾਜ਼ਾ ਪਾਰ ਕਰਨ ਲਈ ਇੱਕ ਵਾਰ ਫੀਸ ਅਦਾ ਕਰ ਸਕਦੇ ਹਨ। ਇਹ ਪਾਸ 'ਰਾਜਮਾਰਗ ਯਾਤਰਾ' ਐਪ ਜਾਂ NHAI ਦੀ ਵੈੱਬਸਾਈਟ ਰਾਹੀਂ ਐਕਟੀਵੇਟ ਕੀਤਾ ਜਾ ਸਕਦਾ ਹੈ ਅਤੇ ਭੁਗਤਾਨ ਦੇ ਦੋ ਘੰਟਿਆਂ ਦੇ ਅੰਦਰ ਹੀ ਵਾਹਨ ਦੇ ਮੌਜੂਦਾ ਫਾਸਟੈਗ 'ਤੇ ਲਾਗੂ ਹੋ ਜਾਂਦਾ ਹੈ। ਪਿਛਲੇ ਸਾਲ 15 ਅਗਸਤ ਨੂੰ ਸ਼ੁਰੂ ਕੀਤੀ ਗਈ ਇਸ ਯੋਜਨਾ ਨੂੰ ਕੌਮੀ ਮਾਰਗਾਂ 'ਤੇ ਸਫ਼ਰ ਕਰਨ ਵਾਲੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।

### ਨੇਪਾਲ 'ਚ ਭਾਰਤੀ ਸ਼ਰਧਾਲੂਆਂ ਨਾਲ ਭਰੀ ਬੱਸ ...

ਬੱਸ ਮਨਕਾਮਨਾ ਮੰਦਰ ਤੋਂ ਵਾਪਸ ਆ ਰਹੀ ਸੀ ਉਦੋਂ ਹੀ ਬੱਸ ਗੋਰਖਾ ਜ਼ਿਲ੍ਹੇ ਵਿੱਚ ਸੜਕ ਤੋਂ ਤਿਲਕ ਗਈ। ਮ੍ਰਿਤਕਾਂ ਵਿੱਚ ਦੋ ਔਰਤਾਂ ਅਤੇ ਪੰਜ ਪੁਰਸ਼ ਸ਼ਾਮਲ ਹਨ ਅਤੇ ਇਹ ਸਾਰੇ ਭਾਰਤੀ ਨਾਗਰਿਕ ਹਨ। ਜ਼ਿਲ੍ਹਾ ਪੁਲਿਸ ਦਫ਼ਤਰ ਦੇ ਮੁਖੀ ਭਰਤ ਬਹਾਦੁਰ ਬੀ.ਕੇ. ਅਨੁਸਾਰ ਪੀੜਤਾਂ ਦੀ ਪਛਾਣ ਮੁਥੂ ਕੁਮਾਰ (58), ਅਨਾਮਾਲਿਕ (58), ਮੀਨਾਕਸ਼ੀ (59), ਸ਼ਿਵਗਾਮੀ (53), ਵਿਜੇਲ (57), ਮੀਨਾ (58) ਅਤੇ ਤਾਮਿਲਾਰਸੀ (60) ਵਜੋਂ ਹੋਈ ਹੈ। ਸੱਤ ਹੋਰ ਜ਼ਖ਼ਮੀ ਯਾਤਰੀਆਂ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ।

### ਈਰਾਨ-ਅਮਰੀਕਾ ਯੁੱਧ 'ਚ ਅਰਬਾਂ ਡਾਲਰ ਦਾ ਖ਼ਰਚ...

ਹੈ। ਆਰਥਿਕ ਵਿਸ਼ਲੇਸ਼ਕਾਂ ਅਨੁਸਾਰ ਇਹ ਸਥਿਤੀ ਸਟੈਗਫਲੇਸ਼ਨ (ਵਧਦੀ ਮਹਿੰਗਾਈ + ਘੱਟ ਵਿਕਾਸ) ਵੱਲ ਲੈ ਜਾ ਰਹੀ ਹੈ, ਜੋ ਰਿਸੈਸ਼ਨ ਦਾ ਸਭ ਤੋਂ ਵੱਡਾ ਖਤਰਾ ਹੈ। ਯੂਰਪੀਅਨ ਯੂਨੀਅਨ ਅਤੇ ਅਮਰੀਕਾ ਵਿੱਚ GDP ਵਿੱਚ 0.1-0.2% ਦੀ ਗਿਰਾਵਟ ਪ੍ਰਤੀ £10 ਵਾਧੇ ਵਾਲੇ ਤੇਲ ਨਾਲ ਹੋ ਸਕਦੀ ਹੈ, ਅਤੇ ਇਸ ਨੇ ਪਹਿਲਾਂ ਹੀ ਵਿਕਾਸ ਨੂੰ ਰੋਕ ਦਿੱਤਾ ਹੈ।

ਅੱਜ ਈਰਾਨ ਲਈ ਵੀ ਇਹ ਯੁੱਧ ਆਰਥਿਕ ਆਤਮਘਾਤੀ ਸਾਬਤ ਹੋ ਰਿਹਾ ਹੈ। ਈਰਾਨ ਦੀ ਆਰਥਿਕਤਾ ਪਹਿਲਾਂ ਹੀ ਪਾਬੰਦੀਆਂ ਕਾਰਨ ਕਮਜ਼ੋਰ ਸੀ, ਅਤੇ ਹੁਣ ਆਪਣੇ ਤੇਲ ਨਿਰਯਾਤ ਨੂੰ ਰੋਕ ਕੇ ਉਹ ਆਪਣੇ ਆਪ ਨੂੰ ਤਬਾਹ ਕਰ ਰਿਹਾ ਹੈ। ਈਰਾਨ ਦਾ 10% ਤੋਂ ਵੱਧ ਘਟ ਸਕਦਾ ਹੈ। ਪਰ ਈਰਾਨ ਦੀ ਰਣਨੀਤੀ ਸਾਫ਼ ਹੈ - ਆਰਥਿਕ ਦਬਾਅ ਨਾਲ ਅਮਰੀਕਾ ਅਤੇ ਇਜ਼ਰਾਈਲ ਨੂੰ ਝੁਕਾਉਣਾ। ਹੋਰਮੁਜ਼ ਨੂੰ ਬੰਦ ਰੱਖ ਕੇ ਈਰਾਨ ਨੇ ਪੱਛਮੀ ਦੇਸ਼ਾਂ ਨੂੰ ਆਰਥਿਕ ਜੰਗ ਵਿੱਚ ਘੇਰ ਲਿਆ ਹੈ, ਜਿੱਥੇ ਤੇਲ ਦੀ ਕੀਮਤ ਵਧਣ ਨਾਲ ਮਹਿੰਗਾਈ ਵਧੇਗੀ ਅਤੇ ਵੋਟਰਾਂ ਵਿੱਚ ਗੁੱਸਾ ਵਧੇਗਾ। ਇਸ ਯੁੱਧ ਦਾ ਸਭ ਤੋਂ ਵੱਡਾ ਫਾਇਦਾ ਰੂਸ ਅਤੇ ਚੀਨ ਨੂੰ ਹੋ ਰਿਹਾ ਹੈ। ਰੂਸ, ਜੋ ਪਹਿਲਾਂ ਹੀ ਯੂਕਰੇਨ ਯੁੱਧ ਕਾਰਨ ਪਾਬੰਦੀਆਂ ਝੱਲ ਰਿਹਾ ਸੀ, ਹੁਣ ਉੱਚ ਤੇਲ ਕੀਮਤਾਂ ਨਾਲ ਆਪਣੀ ਆਰਥਿਕਤਾ ਨੂੰ ਮਜ਼ਬੂਤ ਕਰ ਰਿਹਾ ਹੈ। ਚੀਨ ਵੀ ਆਪਣੇ ਤੇਲ ਭੰਡਾਰਾਂ ਅਤੇ ਵਿਕਲਪਕ ਸਪਲਾਈ ਨਾਲ ਘੱਟ ਨੁਕਸਾਨ ਝੱਲ ਰਿਹਾ ਹੈ ਅਤੇ ਅਮਰੀਕਾ ਦੀ ਕਮਜ਼ੋਰੀ ਨੂੰ ਵਧਾ ਰਿਹਾ ਹੈ।

ਅਮਰੀਕਾ ਦੀ ਆਰਥਿਕ ਅਤੇ ਸਰਪੰਚੀ ਸਥਿਤੀ ਨੂੰ ਇਹ ਯੁੱਧ ਗੰਭੀਰ ਚੁਣੌਤੀ ਦੇ ਰਿਹਾ ਹੈ - ਜਿੱਥੇ ਘਰੇਲੂ ਮਹਿੰਗਾਈ ਅਤੇ ਰਿਸੈਸ਼ਨ ਦੇ ਡਰ ਨਾਲ ਟਰੰਪ ਪ੍ਰਸ਼ਾਸਨ ਨੂੰ ਰਾਜਨੀਤਿਕ ਦਬਾਅ ਵਧ ਰਿਹਾ ਹੈ। ਅੰਤ ਵਿੱਚ, ਇਹ ਯੁੱਧ ਸਿੱਧੇ ਹਥਿਆਰਾਂ ਨਾਲੋਂ ਆਰਥਿਕ ਹਥਿਆਰਾਂ ਨਾਲ ਜ਼ਿਆਦਾ ਵਿਨਾਸ਼ਕਾਰੀ ਸਾਬਤ ਹੋ ਰਿਹਾ ਹੈ। ਪੱਛਮੀ ਦੇਸ਼ ਮੰਦੀ ਦੀ ਕਗਾਰ 'ਤੇ ਹਨ, ਈਰਾਨ ਆਪਣੀ ਆਰਥਿਕਤਾ ਨੂੰ ਬਲੀਦਾਨ ਦੇ ਰਿਹਾ ਹੈ, ਅਤੇ ਰੂਸ-ਚੀਨ ਫਾਇਦਾ ਉਠਾ ਰਹੇ ਹਨ। ਜੇ ਇਹ ਬੰਦਸ਼ ਲੰਬੀ ਚੱਲੀ ਤਾਂ ਵਿਸ਼ਵ ਆਰਥਿਕਤਾ ਨੂੰ ਸਾਲਾਂ ਤੱਕ ਰਿਕਵਰੀ ਵਿੱਚ ਸਮਾਂ ਲੱਗੇਗਾ। ਸ਼ਾਂਤੀ ਅਤੇ ਗੱਲਬਾਤ ਹੀ ਇਸ ਸੰਕਟ ਤੋਂ ਨਿਕਾਸੀ ਦਾ ਇੱਕੋ-ਇੱਕ ਰਾਹ ਹੈ - ਨਹੀਂ ਤਾਂ ਇਹ ਯੁੱਧ ਸਾਰੇ ਨੂੰ ਤਬਾਹ ਕਰ ਦੇਵੇਗਾ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972
Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972

# ਆਈਟੀ ਤੇ ਆਈਟੀਈਐਸ ਸੈਸ਼ਨ ਦੌਰਾਨ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਨੂੰ ਮਿਲਿਆ ਭਰਵਾਂ ਹੁੰਗਾਰਾ

ਚੰਡੀਗੜ੍ਹ/ਐਸਏਐਸ ਨਗਰ, 15 ਮਾਰਚ (ਚ.ਨ.ਸ.): ਆਈ.ਟੀ. ਤੇ ਆਈ.ਟੀ.ਈ.ਐਸ. ਸੈਸ਼ਨ ਵਿੱਚ ਭਾਗੀਦਾਰਾਂ ਦੀ ਵੱਡੀ ਸ਼ਮੂਲੀਅਤ ਦੇ ਨਾਲ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਨੂੰ ਨਿਵੇਸ਼ਕਾਂ ਵੱਲੋਂ ਭਾਰੀ ਹੁੰਗਾਰਾ ਮਿਲਿਆ। ਪੰਜਾਬ ਔਫਰ: ਪ੍ਰੋਮੋਟਿੰਗ ਜੀਸੀਸੀਜ਼ ਵਿਦ ਸਪੀਡ, ਕਲੈਰਿਟੀ ਐਂਡ ਆਫਟਰ ਕੇਅਰ" ਵਿਸ਼ੇ 'ਤੇ ਅਧਾਰਤ ਇਸ ਸਮਾਗਮ ਨੇ ਤਕਨੀਕੀ ਨਿਵੇਸ਼ ਅਤੇ ਡਿਜੀਟਲ ਇਨੋਵੇਸ਼ਨ ਲਈ ਇੱਕ ਪ੍ਰਮੁੱਖ ਸਥਾਨ ਵਜੋਂ ਸੂਬੇ ਦੀ ਦਿਨੋ-ਦਿਨ ਮਜ਼ਬੂਤ ਹੋ ਰਹੀ ਸਥਿਤੀ ਨੂੰ ਉਜਾਗਰ ਕੀਤਾ। ਸੈਸ਼ਨ ਨੂੰ ਸੰਬੋਧਨ ਕਰਦਿਆਂ ਪੰਜਾਬ ਵਿਕਾਸ ਕਮਿਸ਼ਨ (ਪੀਡੀਸੀ) ਦੀ ਵਾਈਸ ਚੇਅਰਪਰਸਨ ਸੀਮਾ ਬਾਂਸਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ, ਐਸਏਐਸ ਨਗਰ (ਮੋਹਾਲੀ) ਨੂੰ ਆਈਟੀ ਖੇਤਰ ਵਿੱਚ ਟਾਇਰ-1 ਸਿਟੀ ਵਜੋਂ ਵਿਕਸਤ ਕਰਨ ਦੀ ਦ੍ਰਿੜ ਸੋਚ ਲੈ ਕੇ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਇਸ ਉਦੇਸ਼ ਦੀ ਪ੍ਰਾਪਤੀ ਲਈ ਸ਼ਾਸਨ, ਅਕਾਦਮਿਕ ਅਤੇ ਬੁਨਿਆਦੀ ਢਾਂਚੇ ਦੇ ਬੁਨਿਆਦੀ ਥੰਮ੍ਹਾਂ 'ਤੇ ਜ਼ੋਰ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਰਾਜ ਵਿੱਚ ਕਈ ਨਿਰਮਾਣ ਉਦਯੋਗਾਂ ਨੇ ਪਹਿਲਾਂ ਹੀ ਆਪਣੀਆਂ ਉਤਪਾਦਨ ਪ੍ਰਕਿਰਿਆਵਾਂ ਵਿੱਚ ਏਆਈ ਤਕਨਾਲੋਜੀਆਂ ਨੂੰ ਸਫਲਤਾਪੂਰਵਕ ਜੋੜਨਾ ਸ਼ੁਰੂ ਕਰ ਦਿੱਤਾ ਹੈ। ਵਿਆਪਕ ਸਹਾਇਤਾ ਢਾਂਚੇ ਨੂੰ ਉਜਾਗਰ ਕਰਦਿਆਂ ਸੂਚਨਾ ਤਕਨਾਲੋਜੀ ਦੇ ਵਧੀਕ ਮੁੱਖ ਸਕੱਤਰ, ਧੀਰੇਂਦਰ ਕੁਮਾਰ ਤਿਵਾੜੀ ਨੇ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026 ਤਹਿਤ ਆਈਟੀ ਉਦਯੋਗ ਨੂੰ ਹੁਲਾਰਾ ਦੇਣ ਲਈ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਆਕਰਸ਼ਕ ਪ੍ਰੋਤਸਾਹਨਾਂ ਬਾਰੇ ਵਿਸਥਾਰ ਵਿੱਚ ਦੱਸਿਆ। ਉਨ੍ਹਾਂ ਨੇ



ਆਈਟੀ ਅਤੇ ਆਈਟੀਈਐਸ ਯੂਨਿਟਾਂ ਲਈ ਮੁੱਖ ਵਿੱਤੀ ਲਾਭਾਂ ਦੀ ਰੂਪਰੇਖਾ ਦਿੱਤੀ, ਜਿਸ ਵਿੱਚ 10 ਤੋਂ 15 ਸਾਲਾਂ ਲਈ 75 ਫੀਸਦ ਸ਼ੁੱਧ ਐਸਜੀਐਸਟੀ ਅਦਾਇਗੀ ਅਤੇ ਪੰਜ ਸਾਲਾਂ ਲਈ ਪ੍ਰਤੀ ਕਰਮਚਾਰੀ ਪ੍ਰਤੀ ਮਹੀਨਾ 5000 ਰੁਪਏ ਰੋਜ਼ਗਾਰ ਉਤਪਤੀ ਸਬਸਿਡੀ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਨਿਵੇਸ਼ਕ ਸਥਿਰ ਪੂੰਜੀ ਨਿਵੇਸ਼ ਦੇ 20 ਫੀਸਦ ਤੱਕ ਪੂੰਜੀ ਸਬਸਿਡੀ ਦਾ ਵੀ ਲਾਭ ਵੀ ਲੈ ਸਕਦੇ ਹਨ, ਜਿਸਦੀ ਸੀਮਾ 10 ਕਰੋੜ ਰੁਪਏ ਹੈ। ਇਸਦੇ ਨਾਲ ਹੀ 10 ਤੋਂ 15 ਸਾਲਾਂ ਲਈ ਬਿਜਲੀ ਡਿਊਟੀ 'ਤੇ 100 ਫੀਸਦ ਛੋਟ ਦਾ ਲਾਭ ਵੀ ਲਿਆ ਜਾ ਸਕਦਾ ਹੈ।

ਗਲੋਬਲ ਸਮਰੱਥਾ ਕੇਂਦਰਾਂ ਦੇ ਸਬੰਧ ਵਿੱਚ ਤਿਵਾੜੀ ਨੇ ਦੱਸਿਆ ਕਿ ਰਾਜ ਪਹਿਲੇ 10 ਯੂਨਿਟਾਂ ਲਈ ਪੰਜ ਸਾਲਾਂ ਵਾਸਤਦੇ ਪ੍ਰਤੀ ਕਰਮਚਾਰੀ ਪ੍ਰਤੀ ਮਹੀਨਾ 7500 ਰੁਪਏ ਰੋਜ਼ਗਾਰ ਉਤਪਤੀ ਸਬਸਿਡੀ ਦੀ ਪੇਸ਼ਕਸ਼ ਕਰ ਰਿਹਾ ਹੈ। ਉਨ੍ਹਾਂ ਨੇ ਸਟੈਂਡਰਡ ਆਈਟੀ ਯੂਨਿਟਾਂ ਲਈ ਪ੍ਰਤੀ ਵਰਗ ਫੁੱਟ 7 ਰੁਪਏ ਅਤੇ ਜੀਸੀਸੀ ਲਈ ਪ੍ਰਤੀ ਵਰਗ ਫੁੱਟ 10 ਰੁਪਏ ਦੀ ਰੈਂਟਲ ਸਬਸਿਡੀ 'ਤੇ ਵੀ ਚਾਨਣਾ ਪਾਇਆ, ਜੋ ਕਿ ਪੰਜ ਸਾਲਾਂ ਵਿੱਚ ਘੱਟੋ-ਘੱਟ 100 ਸੀਟਾਂ ਲਈ ਲਾਗੂ ਹੈ। ਸ੍ਰੀ ਤਿਵਾੜੀ ਨੇ ਕਿਹਾ ਕਿ ਡਾਟਾ ਸੈਂਟਰਾਂ ਨੂੰ ਸਟੈਂਪ ਡਿਊਟੀ 'ਤੇ 100 ਫੀਸਦ ਛੋਟ ਤੇ ਮੰਗ ਕਰਨ 'ਤੇ ਦੋਹਰੀ ਪਾਵਰ ਗਰਿੱਡ ਉਪਲਬਧਤਾ ਵਰਗੇ ਹੋਰ ਪ੍ਰੋਤਸਾਹਨਾਂ ਦੀ ਵੀ ਵਿਵਸਥਾ ਹੈ। ਸਆ ਡੀ. ਕੇ. ਤਿਵਾੜੀ ਨੇ ਕਿਹਾ ਕਿ ਇਨ੍ਹਾਂ ਵਿੱਤੀ ਲਾਭਾਂ ਤੋਂ ਇਲਾਵਾ ਗੈਰ-ਵਿੱਤੀ ਲਾਭ ਪ੍ਰਦਾਨ ਕਰਨ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ ਜਿਸ ਵਿੱਚ 5 ਤੋਂ 45 ਕੰਮਕਾਜੀ ਦਿਨਾਂ ਦੇ ਅੰਦਰ ਸਮਾਂ-ਬੱਧ ਪ੍ਰਵਾਨਗੀਆਂ, ਸਾਰੇ ਆਈਟੀ ਪਾਰਕਾਂ ਲਈ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ (ਪਾਪਰਾ) 1995 ਤੋਂ ਛੋਟ, ਗਲੈਕਸਡ ਸੈੱਟਬੈਕਸ ਤੇ 45 ਮੀਟਰ ਰਾਈਟ ਆਫ਼ ਵੇਅ ਵਾਲੀਆਂ ਸੜਕਾਂ 'ਤੇ ਅਸੀਮਤ ਫਲੋਰ ਏਰੀਆ ਅਨੁਪਾਤ ਦੀ ਆਗਿਆ ਹੈ।

ਇਸ ਦੌਰਾਨ ਮਾਹਿਰਾਂ ਦਾ ਇੱਕ ਵਿਸ਼ੇਸ਼ ਪੈਨਲ, ਜਿਸ ਵਿੱਚ ਡਾ. ਬਿਮਲ ਦੀਪ ਸਿੰਘ, ਕਲਾਇੰਟ ਸਲਿਊਸ਼ਨ ਹੈੱਡ - ਲਾਰਜ ਡੀਲਸ ਐਟ ਇਨਫੋਸਿਸ; ਮਨੀਪਾਲ ਧਾਰੀਵਾਲ, ਨੈੱਟਸਮਾਰਟਜ਼ ਦੇ ਸੀਈਓ; ਰਾਜਵਿੰਦਰ ਸਿੰਘ ਬੋਪਾਰਾਏ, ਸੀਨੀਅਰ ਖੇਤਰੀ ਪ੍ਰਧਾਨ, ਯੂਐਸ ਲੌਜਿਸਟਿਕਸ ਪ੍ਰਾਈਵੇਟ ਲਿਮਟਿਡ; ਅਤੇ ਟੈਕਸਾਸ ਦੇ ਫਲਾਵਰ ਮਾਉਂਡ ਸਥਿਤ ਗੁਰੂ ਨਾਨਕ ਦੇਵ ਗਲੋਬਲ ਯੂਨੀਵਰਸਿਟੀ (ਜੀਐਨਡੀਜੀਯੂ) ਦੇ ਚੇਅਰਮੈਨ ਬਲਜੀਤ ਸਿੰਘ ਨੇ ਪੰਜਾਬ ਲਈ ਵਿਸ਼ਾਲ ਮੌਕਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਹ ਸਰਬਸੰਮਤੀ ਨਾਲ ਸਹਿਮਤ ਹੋਏ ਕਿ ਸੂਬੇ ਅਤੇ ਗੁਆਂਢੀ ਖੇਤਰਾਂ ਤੋਂ ਹੁਨਰਮੰਦ ਮਨੁੱਖੀ ਸਰੋਤਾਂ ਦੀ ਉਪਲਬਧਤਾ, ਟ੍ਰਾਈਸਿਟੀ ਖੇਤਰ ਦੇ ਅਨੁਕੂਲ ਵਾਤਾਵਰਣ ਅਤੇ ਹੋਰ ਵੱਡੇ ਸ਼ਹਿਰਾਂ ਦੇ ਮੁਕਾਬਲੇ ਕਾਫ਼ੀ ਘੱਟ ਸੰਚਾਲਨ ਲਾਗਤਾਂ ਦੇ ਨਾਲ ਮੋਹਾਲੀ ਸ਼ਹਿਰ ਆਈਟੀ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਚੰਗੀ ਸਥਿਤੀ ਰੱਖਦਾ ਹੈ। ਮਾਹਿਰਾਂ ਨੇ ਪੰਜਾਬੀ ਮੂਲ ਦੇ ਆਈਟੀ-ਮਾਹਰਾਂ ਵਿੱਚ ਆਪਣੀ ਜੱਦੀ ਧਰਤੀ 'ਤੇ ਵਾਪਸ ਆਉਣ ਦੀ ਤੀਬਰ ਇੱਛਾ ਨੂੰ ਵੀ ਨੋਟ ਕੀਤਾ, ਜਿਸ ਨਾਲ ਸਥਾਨਕ ਪ੍ਰਤਿਭਾ ਪੂਲ ਨੂੰ ਹੋਰ ਬਲ ਮਿਲੇਗਾ। ਪੈਨਲਿਸਟਾਂ ਨੇ ਮੌਜੂਦਾ ਸਮੇਂ ਵਿੱਚ ਬਾਜ਼ਾਰ 'ਚ ਉਪਲਬਧ ਵੱਖ-ਵੱਖ ਜੀਸੀਸੀ ਮਾਡਲਾਂ 'ਤੇ ਆਪਣੀ ਮਾਹਰ ਰਾਇ ਸਾਂਝੀ ਕੀਤੀ ਅਤੇ ਖੇਤਰ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਿਸਤ੍ਰਿਤ ਦਾਇਰੇ ਅਤੇ ਭਵਿੱਖੀ ਸੰਭਾਵਨਾਵਾਂ ਦੀ ਪੜਚੋਲ ਕੀਤੀ। ਇਹ ਸੈਸ਼ਨ, ਜਿਸ ਦਾ ਸੰਚਾਲਨ ਕੇਪੀਐਮਜੀ ਦੇ ਡਾਇਰੈਕਟਰ ਚੰਦਨ ਸਿੰਘ ਦੁਆਰਾ ਕੀਤਾ ਗਿਆ, ਦਿਲਚਸਪ ਓਪਨ ਹਾਊਸ ਚਰਚਾ ਨਾਲ ਸਫ਼ਲਤਾਪੂਰਵਕ ਸਮਾਪਤ ਹੋਇਆ।

# "ਗੈਂਗਸਟਰਾਂ 'ਤੇ ਵਾਰ" ਦੇ 54ਵੇਂ ਦਿਨ 529 ਥਾਵਾਂ ਉੱਤੇ ਛਾਪੇਮਾਰੀ ਦੌਰਾਨ 196 ਕਾਬੂ

**ਪੁਲਿਸ ਟੀਮਾਂ ਨੇ 70 ਵਿਅਕਤੀਆਂ ਵਿਰੁੱਧ ਕੀਤੀ ਇਹਤਿਆਤੀ ਕਾਰਵਾਈ, 107 ਨੂੰ ਪੁੱਛਗਿੱਛ ਪਿੱਛੋਂ ਕੀਤਾ ਰਿਹਾਅ**

ਚੰਡੀਗੜ੍ਹ, 15 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ ਤੇ ਵਾਰ" ਮੁਹਿੰਮ ਦੇ 54ਵੇਂ ਦਿਨ ਪੰਜਾਬ ਪੁਲਿਸ ਨੇ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 529 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

54ਵੇਂ ਦਿਨ, ਪੁਲਿਸ ਟੀਮਾਂ ਨੇ 196 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਚਾਰ ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 14,722 ਹੋ ਗਈ ਹੈ। ਇਸ ਤੋਂ ਇਲਾਵਾ 70 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 107 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ। ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 379ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 80 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 9 ਕਿਲੋ ਹੈਰੋਇਨ, 700 ਗ੍ਰਾਮ ਅਫੀਮ, 5 ਕਿਲੋ ਭੁੱਕੀ, 2457 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 10,400 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਸਿਰਫ 379 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 53,712 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 33 ਵਿਅਕਤੀਆਂ ਨੂੰ ਨਸ਼ਾ ਛੁਡਾਊ ਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਸੰਤ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ-ਦਿਹਾੜੇ ਨੂੰ ਸਮਰਪਿਤ ਸਜਾਇਆ ਅਲੌਕਿਕ ਨਗਰ ਕੀਰਤਨ



ਮਸਤੂਆਣਾ ਸਾਹਿਬ, 15 ਮਾਰਚ (ਅੰਮ੍ਰਿਤਪਾਲ ਸਿੰਘ): 20ਵੀਂ ਸਦੀ ਵਿੱਚ ਗੁਰਮਤਿ ਪ੍ਰਚਾਰ ਦੀ ਅਦੁੱਤੀ ਲਹਿਰ ਚਲਾ ਕੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ ਵਾਲੇ ਮਹਾਨ ਸ਼੍ਰੋਮਣੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ-ਦਿਹਾੜੇ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਕੱਲ੍ਹ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਸਜਾਇਆ ਗਿਆ, ਜੋ ਅਰਦਾਸ ਬੇਨਤੀ ਕਰਨ ਉਪਰੰਤ ਪਿੰਡ ਦੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਪੁੱਜਿਆ। ਨਗਰ ਕੀਰਤਨ ਨੂੰ ਸ਼ਾਨੋ-ਸ਼ੌਕਤ ਤੇ ਅਦਬ ਨਾਲ ਸੰਗਤ ਦੇ ਠਾਠਾਂ ਮਾਰਦੇ ਇਕੱਠ ਵਿੱਚ ਸਜਾਇਆ ਗਿਆ, ਪੜਾਅ ਦਰ ਪੜਾਅ ਸੰਗਤਾਂ ਦੁਆਰਾ ਨਗਰ ਕੀਰਤਨ ਦਾ ਸੁਆਗਤ ਕੀਤਾ ਗਿਆ ਅਤੇ ਸ਼ਰਧਾਲੂਆਂ ਲਈ ਭਾਂਤ-ਭਾਂਤ ਦੇ ਲੰਗਰ ਵਰਤਾਏ ਗਏ। ਬੜੂ ਸਾਹਿਬ ਸੰਸਥਾ ਵੱਲੋਂ ਚਲਾਈਆਂ ਜਾ ਰਹੀਆਂ ਆਸ-ਪਾਸ ਦੀਆਂ ਕਈ ਅਕਾਲ ਅਕੈਡਮੀਆਂ ਦੇ ਬੱਚਿਆਂ, ਅਧਿਆਪਕਾਂ ਤੇ ਅਕਾਲ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਵੀ ਵੱਖ-ਵੱਖ ਪ੍ਰੋਗਰਾਮਾਂ 'ਚ ਸ਼ਮੂਲੀਅਤ ਕੀਤੀ ਗਈ। ਅਕਾਲ ਅਕੈਡਮੀ ਦੀਆਂ ਵਿਦਿਆਰਥਣਾਂ ਦੁਆਰਾ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰ-ਇਤਿਹਾਸ ਵੀ ਸਰਵਣ ਕਰਵਾਇਆ ਗਿਆ, ਸੰਗਤ ਨੇ ਬਹੁਤ ਹੀ ਉਤਸ਼ਾਹ ਤੇ ਪ੍ਰੇਮ ਭਾਵਨਾ ਨਾਲ ਗੁਰ-ਇਤਿਹਾਸ ਸਰਵਣ ਕੀਤਾ। ਨਗਰ ਕੀਰਤਨ ਦੌਰਾਨ ਸਾਬਤ-ਸੂਰਤ ਫੌਜੀ ਬੈਂਡ, ਅਕਾਲ ਗੁਰਮਤਿ ਵਿਦਿਆਲਿਆ ਚੀਮਾ ਦੇ ਭੁਝੰਗੀ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਵੀ ਵਿਖਾਏ ਗਏ ਅਤੇ ਪੰਥ-ਪ੍ਰਸਿੱਧ ਢਾਡੀ ਤੇ ਕੀਰਤਨੀ ਜੱਥਿਆਂ ਦੁਆਰਾ ਹਾਜ਼ਰੀ ਲਵਾਈ ਗਈ। ਇਸ ਮੌਕੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਤੇ ਵਾਈਸ-ਪ੍ਰੈਜ਼ੀਡੈਂਟ ਭਾਈ ਜਗਜੀਤ ਸਿੰਘ ਜੀ ਵੱਲੋ ਇਸ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰੀ। ਇਹ ਜੋੜ-ਮੇਲਾ ਗੁਰਦੁਆਰਾ ਜਨਮ ਅਸਥਾਨ ਕਲਗੀਧਰ ਟਰੱਸਟ ਬੜੂ ਸਾਹਿਬ, ਗੁਰਦੁਆਰਾ ਨਾਨਕਸਰ ਸਾਹਿਬ ਅਤੇ ਚੀਮਾ ਸਾਹਿਬ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਫਰਨੀਚਰ ਤੇ ਪਲਾਈ ਉਦਯੋਗ 'ਤੇ ਸੈਸ਼ਨ

# ਲੱਕੜ ਅਧਾਰਤ ਖੇਤੀਬਾੜੀ ਜੰਗਲਾਤ ਨੂੰ ਵਾਤਾਵਰਨ ਪੱਖੋਂ ਟਿਕਾਊ ਦੱਸਿਆ



ਚੰਡੀਗੜ੍ਹ, 15 ਮਾਰਚ (ਚ.ਨ.ਸ.): ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ (ਪੀਪੀਆਈਐਸ)-2026 ਦੇ ਤੀਜੇ ਤੇ ਆਖਰੀ ਦਿਨ ਸੂਬੇ ਵਿੱਚ ਪਲਾਈ ਤੇ ਫਰਨੀਚਰ ਉਦਯੋਗ 'ਤੇ ਸੈਸ਼ਨ ਦੌਰਾਨ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਸਕੱਤਰ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ, ਵਿਗਿਆਨ ਤੇ ਤਕਨਾਲੋਜੀ ਪ੍ਰਿਯਾਂਕ ਭਾਰਤੀ ਨੇ ਆਪਣੇ ਉਦਘਾਟਨੀ ਭਾਸ਼ਣ ਵਿੱਚ ਐਗਰੋ ਫਾਰੈਸਟਰੀ ਨੂੰ ਫਰਨੀਚਰ ਤੇ ਪਲਾਈ ਖੇਤਰ ਲਈ ਕੱਚੇ ਮਾਲ ਦਾ ਸਰੋਤ ਦੱਸਿਆ। ਉਨ੍ਹਾਂ ਇਸਨੂੰ ਆਰਥਿਕ ਤੌਰ 'ਤੇ ਵਿਵਹਾਰਕ ਅਤੇ ਵਾਤਾਵਰਣ ਪੱਖੋਂ ਟਿਕਾਊ ਦੱਸਿਆ। ਉਨ੍ਹਾਂ ਲੱਕੜ ਅਧਾਰਤ ਐਗਰੋ ਫਾਰੈਸਟਰੀ ਨੂੰ ਉਤਸ਼ਾਹਿਤ ਕਰਨ ਦੀ ਵੀ ਵਕਾਲਤ ਕੀਤੀ ਅਤੇ ਦੱਸਿਆ ਕਿ ਐਗਰੋ ਫਾਰੈਸਟਰੀ ਨੂੰ ਰੁੱਖ ਸੁਰੱਖਿਆ ਬਿੱਲ ਤੋਂ ਛੋਟ ਦੇਣ ਦਾ ਪ੍ਰਸਤਾਵ ਤਿਆਰ ਕੀਤਾ ਗਿਆ ਹੈ, ਜੋ ਪ੍ਰਕਿਰਿਆ ਅਧੀਨ ਹੈ। ਪੈਨਲ ਚਰਚਾ ਦੌਰਾਨ ਵਿਰਗੋ ਪੈਨਲਜ਼ ਦੇ ਐਮਡੀ ਨਰੇਸ਼ ਤਿਵਾੜੀ, ਹੈੱਡ ਨਿਰਮਾਣ, ਖੋਜ ਤੇ ਵਿਕਾਸ ਸੈਂਚੁਰੀ ਪਲਾਈਬੋਰਡਜ਼ ਸੁਨੀਲ ਸ਼ੇਖਾਵਤ, ਸਾਵਿਤਰੀ ਵੁੱਡਜ਼ ਦੇ ਡਾਇਰੈਕਟਰ ਮੁਕੇਸ਼ ਗੋਇਲ ਤੇ ਪੰਜਾਬ ਪਲਾਈਵੁੱਡ ਮੈਨੂਫੈਕਚਰਰਜ਼ ਐਸੋਸੀਏਸ਼ਨ ਦੇ ਪ੍ਰਧਾਨ ਇੰਦਰਜੀਤ ਸਿੰਘ ਸੋਹਲ ਨੇ ਪੇਂਡੂ ਖੇਤਰਾਂ ਵਿੱਚ ਉਦਯੋਗਿਕ ਮਜ਼ਦੂਰਾਂ ਦੀ ਸੁਰੱਖਿਆ, ਸੈਂਚੁਰੀ ਪਲਾਈਵੁੱਡ ਦੇ ਵਾਤਾਵਰਣ ਅਨੁਕੂਲ ਉਤਪਾਦ ਹੋਣ, ਸਫੈਦੇ ਅਤੇ ਪੋਪਲਰ ਦੇ ਪੌਦੇ ਲਗਾ ਕੇ ਖਾਲੀ ਜ਼ਮੀਨ 'ਤੇ ਖੇਤੀ ਕਰਨ ਵਰਗੇ ਵੱਖ-ਵੱਖ ਮੁੱਦਿਆਂ 'ਤੇ ਜ਼ੋਰ ਦਿੱਤਾ।

# ਪੰਜਾਬ ਦੀ ਸਿਲਵਰ ਸਕਰੀਨ ਦੇ ਸੁਪਨੇ ਨਵੀਂ ਫ਼ਿਲਮ ਨੀਤੀ ਨਾਲ ਉਡਾਣ ਭਰਨ ਲਈ ਤਿਆਰ

## ਪੰਜਾਬ ਨੇ ਸਿੰਗਲ ਵਿੰਡੋ ਪ੍ਰਣਾਲੀ ਨਾਲ ਕਾਰੋਬਾਰ, ਫ਼ਿਲਮ ਸ਼ੂਟਿੰਗ ਲਈ ਦਰ ਖੋਲ੍ਹੇ: ਬਲਤੇਜ ਪੰਨੂ

ਚੰਡੀਗੜ੍ਹ, 15 ਮਾਰਚ (ਚ.ਨ.ਸ.) ਪੰਜਾਬ ਨੂੰ ਫਿਲਮ ਨਿਰਮਾਣ ਦਾ ਪ੍ਰਮੁੱਖ ਕੇਂਦਰ ਬਣਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ "ਪੰਜਾਬ ਫਿਲਮ ਪ੍ਰੋਮੋਸ਼ਨ ਨੀਤੀ 2026" ਲਾਗੂ ਕੀਤੀ ਹੈ, ਜਿਸ ਨੂੰ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਲਾਹੇ-ਪੱਖੀ ਤੇ ਲਚਕੀਲੀ ਬਣਾਇਆ ਗਿਆ ਹੈ। ਇਹ ਗੱਲ ਮੋਹਾਲੀ ਦੇ ਪਲਾਕਸ਼ਾ ਯੂਨੀਵਰਸਿਟੀ ਵਿੱਚ ਹੋਏ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੌਰਾਨ ਮੀਡੀਆ ਅਤੇ ਮਨੋਰੰਜਨ ਸੈਸ਼ਨ ਦੌਰਾਨ ਪੈਨਲ ਚਰਚਾ ਦੌਰਾਨ ਉਭਰ ਕੇ ਸਾਹਮਣੇ ਆਈ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ, "ਅਸੀਂ ਹਰ ਫਿਲਮਕਾਰ, ਹਰ ਨਿਵੇਸ਼ਕ ਅਤੇ ਹਰ ਰਚਨਾਤਮਕ ਸ਼ਖ਼ਸ ਦਾ ਸਵਾਗਤ ਕਰਦੇ ਹਾਂ। ਤੁਹਾਨੂੰ ਜੋ ਵੀ ਚਾਹੀਦਾ ਹੈ ਤੇ ਜਿਵੇਂ ਵੀ ਚਾਹੀਦਾ ਹੈ, ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੁਹਾਡੇ ਨਾਲ ਖੜ੍ਹੀ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਦੀ ਨਾਕਾਰਾਤਮਕ ਛਵੀ ਪੇਸ਼ ਕਰਨ ਵਾਲੇ ਵਿਚੋਲਿਆਂ ਦਾ ਦੌਰ ਖਤਮ ਹੋ ਚੁੱਕਾ ਹੈ ਅਤੇ ਫਿਲਮਕਾਰਾਂ ਤੇ ਮੀਡੀਆ ਧਿਰਾਂ ਨੂੰ ਸ਼ੂਟਿੰਗ ਲਈ ਸਿੰਗਲ ਵਿੰਡੋ ਕਲੀਅਰੈਂਸ ਪ੍ਰਣਾਲੀ ਅਤੇ ਹਰ ਤਰ੍ਹਾਂ ਦੀ ਸਰਕਾਰੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ "ਸੁਪਨਮਈ ਪ੍ਰੋਜੈਕਟ" ਹੈ ਤੇ ਇਸ ਨੂੰ



ਹਕੀਕਤ ਵਿੱਚ ਬਦਲਣ ਲਈ ਸਾਂਝੇ ਹੰਭਲੇ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੀ "ਪੰਜਾਬੀਅਤ" ਦੀ ਰੂਹ ਕਦੇ ਮਰੀ ਨਹੀਂ।

ਪੰਨੂ ਨੇ ਦੱਸਿਆ ਕਿ ਸਰਕਾਰ ਫਿਲਮ ਸ਼ੂਟਿੰਗ ਲਈ ਪ੍ਰਵਾਨਗੀਆਂ ਨੂੰ ਸੌਖਾ ਬਣਾਉਣ ਲਈ ਪ੍ਰਕਿਰਿਆ ਵਿੱਚ ਸੁਧਾਰ ਲਿਆ ਰਹੀ ਹੈ। ਉਨ੍ਹਾਂ ਇਕ ਹਾਲੀਆ ਮਾਮਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਦੋਂ ਇੱਕ ਪ੍ਰੋਡਕਸ਼ਨ ਯੂਨਿਟ ਨੂੰ ਸਮੱਸਿਆ ਪੇਸ਼ ਆਈ ਤਾਂ ਸਬੰਧਿਤ ਅਧਿਕਾਰੀ ਨੂੰ ਇੱਕ ਫੋਨ ਕਰਨ ਨਾਲ ਹੀ ਮਸਲਾ ਤੁਰੰਤ ਹੱਲ ਹੋ ਗਿਆ। ਓਹਨਾਂ ਵਿਸ਼ਵਾਸ ਦਿਵਾਇਆ "ਪੰਜਾਬ ਦੀ ਧਰਤੀ 'ਤੇ ਕਦਮ ਰੱਖਣ ਵਾਲਾ ਇਸ ਖੇਤਰ ਦਾ ਮੈਂਬਰ ਸਾਡੇ ਆਪਣੇ ਪਰਿਵਾਰ ਵਾਂਗ ਹੈ। ਅਸੀਂ ਹਰ ਤਰੀਕੇ ਨਾਲ ਮਦਦ ਕਰਾਂਗੇ ਤਾਂ ਜੋ ਉਹ ਆਪਣੇ ਆਪ ਨੂੰ ਘਰ ਵਰਗਾ ਮਹਿਸੂਸ ਕਰੇ।" ਉਨ੍ਹਾਂ ਇਹ ਵੀ ਦੱਸਿਆ ਕਿ ਫਿਲਮ ਸ਼ੂਟਿੰਗ ਲਈ ਬਿਨਾ ਰੁਕਾਵਟ ਪ੍ਰਵਾਨਗੀਆਂ ਦੇਣ ਲਈ ਇੱਕ ਨੋਡਲ ਅਧਿਕਾਰੀ ਨਿਯੁਕਤ ਕਰਨ ਦੀ ਯੋਜਨਾ ਹੈ। ਪੰਜਾਬ ਦੇ ਬੁਨਿਆਦੀ ਢਾਂਚੇ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਕਿਹਾ ਕਿ ਇੱਥੇ ਦੋ ਕੌਮਾਂਤਰੀ ਅਤੇ ਚਾਰ ਘਰੇਲੂ ਹਵਾਈ ਅੱਡੇ ਹਨ, ਜਿਸ ਨਾਲ ਵਿਸ਼ਵ ਭਰ ਵਿੱਚ ਰਹਿੰਦੇ ਪੰਜਾਬੀ ਆਸਾਨੀ ਨਾਲ ਇੱਥੇ ਆ ਸਕਦੇ ਹਨ। ਉਨ੍ਹਾਂ ਕਿਹਾ ਕਿ ਐਨਆਰਆਈ ਹੁਣ ਪ੍ਰੀ ਵੈਡਿੰਗ ਫੋਟੋਸ਼ੂਟ, ਮੈਡੀਕਲ ਟੂਰਿਜ਼ਮ ਤੇ ਕਾਰੋਬਾਰ ਲਈ ਪੰਜਾਬ ਨੂੰ ਤਰਜੀਹ ਦੇ ਰਹੇ ਹਨ। ਓਟੀਟੀ ਪਲੇਟਫਾਰਮਾਂ ਅਤੇ ਏਆਈ ਦੇ ਵੱਧਦੇ ਰੁਝਾਨ ਦਾ ਜ਼ਿਕਰ ਕਰਦੇ ਹੋਏ ਪੰਨੂ ਨੇ ਮੀਡੀਆ ਨੂੰ ਸਮੇਂ ਦੇ ਹਾਣੀ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, "ਪੰਜਾਬ ਸਾਕਾਰਾਤਮਕਤਾ ਨਾਲ ਭਰਪੂਰ ਹੈ। ਜੇ ਤੁਸੀਂ ਸਾਕਾਰਾਤਮਕ ਲੋਕ ਲੱਭੋਗੇ ਤਾਂ ਉਹ ਤੁਹਾਨੂੰ ਪੰਜਾਬ ਵਿੱਚ ਹੀ ਮਿਲਣਗੇ।"

ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬੀ ਭਾਸ਼ਾ ਦੀਆਂ ਫਿਲਮਾਂ ਲਈ ਨਿਰਮਾਣ ਖਰਚ ਦੇ 30 ਫੀਸਦੀ ਤੱਕ ਸਬਸਿਡੀ ਮਿਲੇਗੀ, ਜੋ ਪ੍ਰਤੀ ਫ਼ਿਲਮ ਵੱਧ ਤੋਂ ਵੱਧ 3.5 ਕਰੋੜ ਰੁਪਏ ਹੈ। ਇਸ ਤੋਂ ਇਲਾਵਾ ਨੀਤੀ ਵਿੱਚ ਫ਼ਿਲਮ ਸਿਟੀ, ਫ਼ਿਲਮ ਸਟੂਡੀਓ, ਵੀਐਫਐਕਸ ਸਟੂਡੀਓ ਅਤੇ ਟ੍ਰੇਨਿੰਗ ਇੰਸਟੀਚਿਊਟ ਸਥਾਪਤ ਕਰਨ ਲਈ 20 ਫੀਸਦੀ ਪੂੰਜੀਗਤ ਸਬਸਿਡੀ ਵੀ ਸ਼ਾਮਲ ਹੈ। ਢਾਕਾ ਨੇ ਕਿਹਾ, "ਭਾਵੇਂ ਭਾਰਤ ਦੀ ਕੁੱਲ ਜ਼ਮੀਨ ਵਿੱਚ ਪੰਜਾਬ ਦਾ ਹਿੱਸਾ ਮਹਿਜ਼ 1.5 ਫੀਸਦੀ ਅਤੇ ਆਬਾਦੀ 2 ਫੀਸਦੀ ਹੈ, ਪਰ ਸੱਭਿਆਚਾਰ ਪੱਖੋਂ ਪੰਜਾਬ ਦਾ ਪ੍ਰਭਾਵ ਬਹੁਤ ਵੱਡਾ ਹੈ।" ਇੱਕ ਸਿੰਗਲ-ਵਿੰਡੋ ਆਨਲਾਈਨ ਪ੍ਰਵਾਨਗੀ ਪ੍ਰਣਾਲੀ ਤੇ ਵੱਖ-ਵੱਖ ਉਪਰਾਲਿਆਂ ਰਾਹੀਂ ਰਾਜ ਸਰਕਾਰ ਫ਼ਿਲਮਕਾਰਾਂ ਤੇ ਨਿਵੇਸ਼ਕਾਂ ਨੂੰ ਆਕਰਸ਼ਿਤ ਕਰਨ ਦਾ ਟੀਚਾ ਰੱਖਦੀ ਹੈ। ਇਸ ਨਾਲ ਰਾਜ ਦੇ ਮੀਡੀਆ ਅਤੇ ਮਨੋਰੰਜਨ ਉਦਯੋਗ ਨੂੰ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ, ਕਿਉਂਕਿ ਡਿਜੀਟਲ ਅਤੇ ਓਟੀਟੀ ਪਲੇਟਫਾਰਮਾਂ 'ਤੇ 40 ਫੀਸਦੀ ਕੰਟੈਂਟ ਪੰਜਾਬੀ ਹੈ। ਨਵੀਂ ਬਣਾਈ ਗਈ ਪੰਜਾਬ ਫ਼ਿਲਮ ਪ੍ਰੋਮੋਸ਼ਨ ਨੀਤੀ-2026 ਰਾਹੀਂ ਰਾਜ ਦੀ ਵਿਸ਼ਾਲ ਸੰਸਕ੍ਰਿਤਿਕ ਸਮੱਰਥਾਵਾਂ ਨੂੰ ਉਭਾਰਨ ਲਈ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਬਿਆਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬੀ ਸਿਨੇਮਾ ਭਾਰਤ ਦੇ ਸਭ ਤੋਂ ਵੱਡੇ ਫ਼ਿਲਮ ਉਦਯੋਗਾਂ ਵਿੱਚੋਂ ਇੱਕ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬੀ ਸੰਗੀਤ ਜਗਤ, ਜਿਸ ਵਿੱਚ 400 ਤੋਂ ਵੱਧ ਲੇਬਲ ਹਨ, ਵਿਸ਼ਵ ਪੱਧਰ 'ਤੇ ਵੱਡਾ ਮਾਰਕੀਟ ਹਿੱਸਾ ਰੱਖਦਾ ਹੈ ਜੋ ਕਿਸੇ ਵੀ ਖੇਤਰੀ ਭਾਸ਼ਾ ਨੂੰ ਟੱਕਰ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਅੱਜ ਡਿਜੀਟਲ ਤੇ ਓਟੀਟੀ ਪਲੇਟਫਾਰਮਾਂ 'ਤੇ ਲਗਭਗ 40 ਫੀਸਦੀ ਪੰਜਾਬੀ ਕੰਟੈਂਟ ਹੈ, ਜੋ ਰਾਜ ਦੀ ਰਚਨਾਤਮਕ ਤਾਕਤ ਦਾ ਸਬੂਤ ਹੈ। ਢਾਕਾ ਨੇ ਦੱਸਿਆ ਕਿ ਸਰਕਾਰ ਨੇ ਫਿਲਮ ਸ਼ੂਟਿੰਗ ਲਈ ਪ੍ਰਵਾਨਗੀ ਪ੍ਰਣਾਲੀ ਵਿੱਚ ਵੱਡਾ ਸੁਧਾਰ ਕੀਤਾ ਹੈ। "ਸ਼ੁਰੂ ਵਿੱਚ ਜਦੋਂ ਅਸੀਂ ਨਿਰਮਾਤਾਵਾਂ ਨਾਲ ਮਿਲੇ ਤਾਂ ਉਹ ਜ਼ਿਆਦਾ ਆਸਵੰਦ ਨਹੀਂ ਸਨ, ਕਿਉਂਕਿ ਉਨ੍ਹਾਂ ਨੂੰ ਸ਼ੂਟਿੰਗ ਦੀਆਂ ਇਜਾਜ਼ਤਾਂ ਲੈਣ ਵਿੱਚ ਮੁਸ਼ਕਲਾਂ ਆ ਰਹੀਆਂ ਸਨ।" ਇਸ ਸਮੱਸਿਆ ਨੂੰ ਹੱਲ ਕਰਨ ਲਈ ਸਰਕਾਰ ਨੇ ਇਨਵੈਸਟ ਪੰਜਾਬ ਪੋਰਟਲ ਵਿੱਚ ਇੱਕ ਸਿੰਗਲ-ਵਿੰਡੋ ਸ਼ੂਟਿੰਗ ਪ੍ਰਵਾਨਗੀ ਸੇਵਾ ਜੋੜੀ, ਜੋ ਹੁਣ ਦੇਸ਼ ਦੀਆਂ ਸਭ ਤੋਂ ਵਧੀਆ ਪ੍ਰਣਾਲੀਆਂ ਵਿੱਚੋਂ ਇੱਕ ਮੰਨੀ ਜਾਂਦੀ ਹੈ ਅਤੇ ਹੋਰ ਰਾਜ ਇਸ ਦਾ ਮਾਡਲ ਸਮਝਣ ਲਈ ਆ ਰਹੇ ਹਨ। ਉਨ੍ਹਾਂ ਕਿਹਾ, "ਰਾਜ ਦੀ ਭੂਮਿਕਾ ਸਹੂਲਤ ਪ੍ਰਦਾਨ ਕਰਨ ਵਾਲੀ ਹੈ, ਨਾ ਕਿ ਰੁਕਾਵਟਾਂ ਪੈਦਾ ਕਰਨ ਵਾਲੀ।" ਨਾਲ ਹੀ ਉਨ੍ਹਾਂ ਇਸ ਜਗਤ ਨਾਲ ਜੁੜੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਸ਼ੂਟਿੰਗ ਸਥਾਨਾਂ ਦੀ ਇੱਕ ਡਿਜੀਟਲ ਕੈਟਾਲੌਗ ਤਿਆਰ ਕਰਨ ਵਿੱਚ ਸਰਕਾਰ ਨੂੰ ਸਹਿਯੋਗ ਕਰਨ।

ਉਨ੍ਹਾਂ ਕਿਹਾ, "ਪੰਜਾਬ ਦੀ 'ਚੜ੍ਹਦੀਕਲਾ' ਦੀ ਭਾਵਨਾ ਹੀ ਹੈ ਜੋ ਭਾਰਤੀ ਸਿਨੇਮਾ ਤੇ ਹੋਰ ਕਲਾਵਾਂ ਵਿੱਚ ਪੰਜਾਬੀ ਭਾਸ਼ਾ ਦੀ ਮਜ਼ਬੂਤ ਮੌਜੂਦਗੀ ਦਾ ਸਬੱਬ ਬਣੀ ਹੈ।" ਰਾਜ ਦੇ ਮਨੋਰੰਜਨ ਖੇਤਰ ਵਿੱਚ ਨਿਵੇਸ਼ ਲਈ ਸੱਦਾ ਦਿੰਦਿਆਂ ਰਾਮਵੀਰ ਨੇ ਭਰੋਸਾ ਦਿਵਾਇਆ ਕਿ ਵਿਭਾਗ ਇਸ ਉਦਯੋਗ ਨੂੰ ਹੁਲਾਰਾ ਦੇਣ ਅਤੇ ਪੰਜਾਬੀ ਸੱਭਿਆਚਾਰ ਨੂੰ ਦੁਨੀਆ ਭਰ 'ਚ ਪਹੁੰਚਾਉਣ ਲਈ ਪੂਰਾ ਸਹਿਯੋਗ ਦੇਵੇਗਾ। ਇਸ ਮੌਕੇ ਸਪੀਡ ਰੈਕਰਡਜ਼ ਦੇ ਸੀਈਓ ਦਿਨੇਸ਼ ਔਲਕ, ਓਟੀਟੀ ਚੌਪਾਲ ਦੇ ਐਮਡੀ ਸੰਦੀਪ ਬਾਂਸਲ ਅਤੇ ਪੰਜਾਬ ਫਿਲਮ ਸਿਟੀ ਦੇ ਐਮਡੀ ਇਕਬਾਲ ਚੀਮਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਫ਼ਿਲਮ ਪ੍ਰਮੋਸ਼ਨ ਨੀਤੀ ਲਾਗੂ ਕਰਨ ਲਈ ਧੰਨਵਾਦ ਜਤਾਇਆ। ਉਨ੍ਹਾਂ ਖੁਸ਼ੀ ਜਤਾਈ ਕਿ ਇਹ ਨੀਤੀ ਇੱਕ ਗਤੀਸ਼ੀਲ ਤੇ ਆਤਮਨਿਰਭਰ ਅਨੁਕੂਲ ਵਾਤਾਵਰਣ ਤਿਆਰ ਕਰੇਗੀ। ਇੱਕ ਅਜਿਹਾ ਕੇਂਦਰ ਜਿੱਥੇ ਸਿਰਫ਼ ਸਟੂਡੀਓ ਹੀ ਨਹੀਂ, ਸਗੋਂ ਹਰ ਤਰ੍ਹਾਂ ਦੀਆਂ ਸਹੂਲਤਾਂ ਇੱਕ ਹੀ ਥਾਂ ਉਪਲਬਧ ਹੋਣਗੀਆਂ ਤੇ ਜਦੋਂ ਕੋਈ ਇੱਥੇ ਆਵੇਗਾ ਤਾਂ ਉਸਨੂੰ ਕਿਸੇ ਹੋਰ ਜਗ੍ਹਾ ਜਾਣ ਦੀ ਲੋੜ ਨਹੀਂ ਪਵੇਗੀ। ਇਸ ਨਾਲ ਸੂਬਾ ਫ਼ਿਲਮ ਨਿਰਮਾਣ ਅਤੇ ਰਚਨਾਤਮਕ ਉਦਯੋਗ ਦਾ ਵਿਸ਼ਵ ਪੱਧਰੀ ਕੇਂਦਰ ਬਣ ਸਕਦਾ ਹੈ। ਸੰਦੀਪ ਬਾਂਸਲ ਨੇ ਕਿਹਾ ਕਿ ਪੰਜਾਬ ਦਾ ਓਟੀਟੀ ਪਲੇਟਫਾਰਮ ਆਉਣ ਵਾਲੇ 4-5 ਸਾਲਾਂ ਵਿੱਚ 2000 ਕਰੋੜ ਰੁਪਏ ਤੋਂ ਵੱਧ ਦੇ ਉਦਯੋਗ ਵਜੋਂ ਵਿਕਸਤ ਹੋਣ ਦੀ ਉਮੀਦ ਹੈ।

# 'ਆਪ' ਆਗੂਆਂ ਨੇ ਕਾਂਸ਼ੀ ਰਾਮ ਨੂੰ ਦਿੱਤੀ ਸ਼ਰਧਾਂਜਲੀ, ਸਮਾਜਿਕ ਨਿਆਂ ਤੇ ਸਮਾਨਤਾ ਪ੍ਰਤੀ ਵਚਨਬੱਧਤਾ ਦੁਹਰਾਈ

ਚੰਡੀਗੜ੍ਹ, 15 ਮਾਰਚ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਦੇ ਆਗੂਆਂ ਨੇ ਐਤਵਾਰ ਨੂੰ ਬਹੁਜਨ ਆਗੂ ਕਾਂਸ਼ੀ ਰਾਮ ਜੀ ਦੇ ਜਨਮ ਦਿਹਾੜੇ ਮੌਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਤੇ ਸਮਾਜਿਕ ਨਿਆਂ ਤੇ ਪੱਛੜੇ ਵਰਗਾਂ ਦੇ ਸਸ਼ਕਤੀਕਰਨ ਲਈ ਉਨ੍ਹਾਂ ਦੇ ਜੀਵਨ ਭਰ ਦੇ ਸੰਘਰਸ਼ ਨੂੰ ਯਾਦ ਕੀਤਾ। ਆਗੂਆਂ ਨੇ ਸਮਾਜ ਦੇ ਹਰ ਵਰਗ ਲਈ ਸਮਾਨਤਾ, ਸਿੱਖਿਆ ਅਤੇ ਭਲਾਈ 'ਤੇ ਕੇਂਦਰਿਤ ਨੀਤੀਆਂ ਰਾਹੀਂ ਉਨ੍ਹਾਂ ਦੇ ਵਿਜ਼ਨ ਨੂੰ ਅੱਗੇ ਲਿਜਾਣ ਦੀ ਆਪਣੀ ਵਚਨਬੱਧਤਾ ਦੁਹਰਾਈ। ਰੋਪੜ ਵਿੱਚ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕਾਂਸ਼ੀ ਰਾਮ ਜੀ ਨੇ ਦੇਸ਼ ਭਰ ਵਿੱਚ ਬਾਬਾਸਾਹਿਬ ਅੰਬੇਡਕਰ ਦੀ ਵਿਚਾਰਧਾਰਾ ਨੂੰ ਫੈਲਾਉਣ ਅਤੇ ਬਹੁਜਨ ਸਮਾਜ ਨੂੰ ਜਗਾਉਣ ਵਿੱਚ ਇਤਿਹਾਸਕ ਭੂਮਿਕਾ ਨਿਭਾਈ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੇਰੇ ਵਿਦਿਆਰਥੀ ਜੀਵਨ ਦੌਰਾਨ ਮੈਨੂੰ ਕਾਂਸ਼ੀ ਰਾਮ ਜੀ ਨਾਲ ਨੇੜਿਓਂ ਕੰਮ ਕਰਨ ਅਤੇ ਉਨ੍ਹਾਂ ਦੇ ਸਮਾਜਿਕ ਤਬਦੀਲੀ ਦੇ ਮਿਸ਼ਨ ਤੋਂ ਸਿੱਖਣ ਦਾ ਮੌਕਾ ਮਿਲਿਆ। ਅਜਿਹੇ ਸਮੇਂ ਵਿੱਚ ਜਦੋਂ ਬਹੁਤ ਸਾਰੇ ਲੋਕ ਬਾਬਾਸਾਹਿਬ ਅੰਬੇਡਕਰ ਦੀ ਵਿਚਾਰਧਾਰਾ ਬਾਰੇ ਬਹੁਤ ਘੱਟ ਜਾਣਦੇ ਸਨ, ਕਾਂਸ਼ੀ ਰਾਮ ਜੀ ਨੇ ਜਾਗਰੂਕਤਾ ਫੈਲਾਉਣ ਅਤੇ ਬਹੁਜਨ ਸਮਾਜ ਨੂੰ ਇੱਕਜੁੱਟ ਕਰਨ ਲਈ ਪਿੰਡ-ਪਿੰਡ ਪੈਦਲ ਤੇ ਸਾਈਕਲ 'ਤੇ ਸਫ਼ਰ ਕੀਤਾ। ਉਨ੍ਹਾਂ ਨੇ ਸਮਾਨਤਾ ਅਤੇ ਨਿਆਂ ਦਾ ਸੰਦੇਸ਼ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਆਪਣਾ ਸਾਰਾ ਜੀਵਨ ਸਮਰਪਿਤ ਕਰ ਦਿੱਤਾ। ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ ਕਿ ਪੱਛੜੇ ਵਰਗਾਂ ਲਈ ਸਿਆਸੀ ਭਾਗੀਦਾਰੀ



ਯਕੀਨੀ ਬਣਾਉਣ ਦਾ ਕਾਂਸ਼ੀ ਰਾਮ ਜੀ ਦਾ ਸੰਦੇਸ਼ ਉਨ੍ਹਾਂ ਨੂੰ ਅਤੇ ਜਨਤਕ ਜੀਵਨ ਵਿੱਚ ਕਈ ਹੋਰਾਂ ਨੂੰ ਪ੍ਰੇਰਿਤ ਕਰਦਾ ਰਹਿੰਦਾ ਹੈ। ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਬਹੁਜਨ ਸਮਾਜ ਨੂੰ ਰਾਜਨੀਤੀ ਵਿੱਚ ਆਪਣਾ ਬਣਦਾ ਹਿੱਸਾ ਲੈਣ ਦੇ ਉਨ੍ਹਾਂ ਦੇ ਸੱਦੇ ਨੇ ਹੀ ਸਾਡੇ ਵਿੱਚੋਂ ਬਹੁਤਿਆਂ ਨੂੰ ਜਨਤਕ ਸੇਵਾ ਵਿੱਚ ਆਉਣ ਅਤੇ ਸਮਾਜਿਕ ਤਬਦੀਲੀ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ। ਪੰਜਾਬ ਸਰਕਾਰ ਦੇ ਉਪਰਾਲਿਆਂ 'ਤੇ ਚਾਨਣਾ ਪਾਉਂਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਸ਼ਾਸਨ ਵਿੱਚ ਬਾਬਾਸਾਹਿਬ ਅੰਬੇਡਕਰ ਦੇ ਆਦਰਸ਼ਾਂ ਨੂੰ ਲਾਗੂ ਕਰਨ ਲਈ ਕੰਮ ਕਰ ਰਹੀ ਹੈ। ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਆਪ ਸਰਕਾਰ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਐਡਵੋਕੇਟ ਜਨਰਲ ਦੇ ਦਫ਼ਤਰ ਵਿੱਚ ਰਾਖਵਾਂਕਰਨ ਯਕੀਨੀ ਬਣਾਉਣ ਲਈ ਇਤਿਹਾਸਕ ਕਦਮ ਚੁੱਕੇ ਹਨ, ਜਿਸ ਨਾਲ ਪੱਛੜੇ ਪਿਛੋਕੜ ਵਾਲੇ ਨੌਜਵਾਨ ਵਕੀਲਾਂ ਲਈ ਮੌਕੇ ਪੈਦਾ ਹੋਏ ਹਨ। ਸਿੱਖਿਆ 'ਤੇ ਸਰਕਾਰ ਦੇ ਧਿਆਨ ਬਾਰੇ ਬੋਲਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਕੀਤੇ ਗਏ ਸੁਧਾਰਾਂ ਨਾਲ ਆਮ ਪਰਿਵਾਰਾਂ ਦੇ ਵਿਦਿਆਰਥੀ ਜੇਈਈ ਅਤੇ ਨੀਟ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰਨ ਅਤੇ ਦੇਸ਼ ਦੇ ਉੱਚ ਅਹੁਦਿਆਂ ਦੀ ਇੱਛਾ ਰੱਖਣ ਦੇ ਯੋਗ ਹੋ ਰਹੇ ਹਨ। ਚੀਮਾ ਨੇ ਅੱਗੇ ਕਿਹਾ ਕਿ ਆਪ ਸਰਕਾਰ ਸਰਕਾਰੀ ਸਿੱਖਿਆ ਨੂੰ ਮਜ਼ਬੂਤ ਕਰ ਰਹੀ ਹੈ ਤਾਂ ਜੋ ਆਮ ਪਰਿਵਾਰਾਂ ਦੇ ਬੱਚੇ ਆਪਣੇ ਸੁਪਨੇ ਸਾਕਾਰ ਕਰ ਸਕਣ ਅਤੇ ਦੇਸ਼ ਵਿੱਚ ਉੱਚੇ ਮੁਕਾਮ ਹਾਸਲ ਕਰ ਸਕਣ। ਹਰਪਾਲ ਸਿੰਘ ਚੀਮਾ ਨੇ ਪੰਜਾਬ ਸਰਕਾਰ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ ਮੁਫ਼ਤ ਬਿਜਲੀ, ਬਿਹਤਰ ਸਿਹਤ ਸਹੂਲਤਾਂ ਤੇ ਔਰਤਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੇ ਸਸ਼ਕਤੀਕਰਨ ਲਈ ਵਿੱਤੀ ਸਹਾਇਤਾ ਸਕੀਮਾਂ ਸ਼ਾਮਲ ਹਨ। ਇਸ ਦੌਰਾਨ 'ਆਪ' ਆਗੂ ਪਵਨ ਕੁਮਾਰ ਟੀਨੂੰ ਨੇ ਵੀ ਜਲੰਧਰ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਕਾਂਸ਼ੀ ਰਾਮ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਨੂੰ ਇਕ ਨਿਡਰ ਆਗੂ ਦੱਸਿਆ ਜਿਨ੍ਹਾਂ ਨੇ ਪੱਛੜੇ ਵਰਗਾਂ ਨੂੰ ਜਥੇਬੰਦ ਕਰਨ ਅਤੇ ਮਜ਼ਬੂਤ ਬਣਾਉਣ ਲਈ ਆਪਣਾ ਜੀਵਨ ਲਗਾ ਦਿੱਤਾ। ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਕਾਂਸ਼ੀ ਰਾਮ ਜੀ ਦਾ ਜੀਵਨ ਅਤੇ ਸੰਘਰਸ਼ ਸਾਡੇ ਸਾਰਿਆਂ ਲਈ ਪ੍ਰੇਰਨਾ ਦਾ ਸਰੋਤ ਹੈ। ਸਾਨੂੰ ਉਨ੍ਹਾਂ ਦੇ ਸਮਾਜਿਕ ਸਮਾਨਤਾ, ਏਕਤਾ ਅਤੇ ਰਾਜਨੀਤਿਕ ਜਾਗਰੂਕਤਾ ਦੇ ਆਦਰਸ਼ਾਂ 'ਤੇ ਚੱਲਣਾ ਚਾਹੀਦਾ ਹੈ। ਪਵਨ ਕੁਮਾਰ ਟੀਨੂੰ ਨੇ ਅੱਗੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਬਾਬਾਸਾਹਿਬ ਅੰਬੇਡਕਰ ਅਤੇ ਕਾਂਸ਼ੀ ਰਾਮ ਜੀ ਦੇ ਵਿਜ਼ਨ ਅਨੁਸਾਰ ਸਮਾਜ ਦੇ ਹਰ ਵਰਗ ਨੂੰ ਬਰਾਬਰ ਮੌਕੇ ਅਤੇ ਸਨਮਾਨ ਯਕੀਨੀ ਬਣਾਉਣ ਲਈ ਵਚਨਬੱਧ ਹੈ।

# ਪੰਜਾਬ ਸਰਕਾਰ ਨੇ ਛੋਟੇ, ਲਘੂ ਤੇ ਦਰਮਿਆਨੇ ਉਦਯੋਗਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਕਲੱਸਟਰ ਅਧਾਰਤ ਰਣਨੀਤੀ ਅਪਣਾਈ : ਸੰਜੀਵ ਅਰੋੜਾ



ਚੰਡੀਗੜ੍ਹ, 15 ਮਾਰਚ (ਚ.ਨ.ਸ.): ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਐਮਐਸਐਮਈਜ਼ (ਛੋਟੇ, ਲਘੂ ਤੇ ਦਰਮਿਆਨੇ ਉਦਯੋਗ) ਭਾਰਤ ਦੇ ਜੀਡੀਪੀ ਵਿਕਾਸ ਵਿੱਚ 25 ਤੋਂ 30 ਫ਼ੀਸਦ ਹਿੱਸਾ ਪਾ ਰਹੇ ਹਨ। ਉਨ੍ਹਾਂ ਨੇ ਆਪਣੇ ਦਫ਼ਤਰਾਂ ਵਿੱਚ ਕੰਮਕਾਜ ਲਈ ਰੋਜ਼ਾਨਾ ਪੱਧਰ 'ਤੇ ਵੱਧ ਤੋਂ ਵੱਧ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਨ ਲਈ ਕਿਹਾ। ਐਮਐਸਐਮਈਜ਼ ਅਰਥਵਿਵਸਥਾ ਦਾ ਪ੍ਰਮੁੱਖ ਹਿੱਸਾ ਹਨ ਅਤੇ ਦੇਸ਼ ਦੀ ਕੁਦਰਤੀ ਨਿਰਮਾਣ ਮਸ਼ੀਨ ਵੀ ਹਨ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸਰਕਾਰ ਐਮਐਸਐਮਈਜ਼ ਦੇ ਆਧੁਨਿਕੀਕਰਨ ਅਤੇ ਵਿਸਥਾਰ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਉਨ੍ਹਾਂ ਉਦਯੋਗਪਤੀਆਂ ਨੂੰ ਉਤਪਾਦਾਂ ਦੀ ਮੰਗ ਵਧਾਉਣ ਲਈ ਮਾਰਕੀਟਿੰਗ ਦੀ ਬਜਾਏ ਕੀਮਤ ਅਤੇ ਗੁਣਵੱਤਾ 'ਤੇ ਧਿਆਨ ਕੇਂਦਰਿਤ ਕਰਨ ਲਈ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਬੇਸ਼ੁਮਾਰ ਹੁਨਰਮੰਦ ਸਟਾਫ਼ ਉਪਲਬਧ ਹੈ। ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲਗਭਗ 1.6 ਲੱਖ ਐਮਐਸਐਮਈਜ਼ ਯੂਨਿਟਾਂ ਦੇ ਮਜ਼ਬੂਤ ਅਧਾਰ ਨਾਲ ਇੱਕ ਸਮਰਪਿਤ ਏਜੰਸੀ ਸਥਾਪਤ ਕਰਨ ਦੀ ਯੋਜਨਾ ਬਣਾ ਰਹੀ ਹੈ ਜਿਸ ਨਾਲ ਇਹ ਐਮਐਸਐਮਈਜ਼ ਮਾਹੌਲ ਨੂੰ ਗਤੀਸ਼ੀਲ ਤੇ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਖੇਤਰ ਵਿੱਚ ਬਦਲਣ ਵਿੱਚ ਸਹਾਈ ਹੋਣਗੇ। ਐਮਐਸਐਮਈਜ਼ ਪੰਜਾਬ ਵਿੱਚ ਮੁਕਾਬਲੇਬਾਜ਼ੀ ਨੂੰ ਵਧਾਉਣ, ਵਿੱਤ, ਤਕਨਾਲੋਜੀ, ਬਾਜ਼ਾਰਾਂ, ਹੁਨਰਾਂ ਤੱਕ ਪਹੁੰਚ ਨੂੰ ਬਿਹਤਰ ਬਣਾਉਣ ਤੇ ਕਲੱਸਟਰ-ਅਧਾਰਤ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਿੰਗਲ ਸੰਸਥਾਗਤ ਪਲੇਟਫਾਰਮ ਵਜੋਂ ਕੰਮ ਕਰੇਗਾ।

ਉਨ੍ਹਾਂ ਰਾਜ ਦਾ ਉਦੇਸ਼ ਕਲੱਸਟਰ ਵਿਕਾਸ ਸਕੀਮਾਂ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਦੇ ਨਾਲ-ਨਾਲ ਮੌਜੂਦਾ ਢਾਂਚੇ ਵਿਚਲੇ ਪਾੜੇ ਨੂੰ ਪੂਰਨ ਤੇ ਹੁਣ ਤੱਕ ਪੂਰੀਆਂ ਨਾ ਹੋ ਸਕੀਆਂ ਜ਼ਰੂਰਤਾਂ ਦੇ ਹੱਲ ਲਈ ਆਪਣਾ ਰਾਜ-ਪੱਧਰੀ ਕਲੱਸਟਰ ਵਿਕਾਸ ਪ੍ਰੋਗਰਾਮ ਵੀ ਪੇਸ਼ ਕਰਨਾ ਹੈ। ਉਨ੍ਹਾਂ ਕਿਹਾ ਕਿ ਕਲੱਸਟਰ ਸਰਕਾਰੀ ਵਿਭਾਗਾਂ, ਉਦਯੋਗਿਕ ਸੰਗਠਨਾਂ ਤੇ ਕਲੱਸਟਰ ਮੈਂਬਰਾਂ ਦੁਆਰਾ ਬਣਾਏ ਗਏ ਵਿਸ਼ੇਸ਼ ਉਦੇਸ਼ ਵਾਹਨਾਂ (ਐਸਪੀਵੀ) ਵਿਚਕਾਰ ਸਰਗਰਮ ਸਹਿਯੋਗ ਰਾਹੀਂ ਐਮਐਸਐਮਈਜ਼ ਦੇ ਬੁਨਿਆਦੀ ਢਾਂਚੇ, ਤਕਨਾਲੋਜੀ ਨੂੰ ਅਪਣਾਉਣ ਤੇ ਮਾਰਕੀਟ ਤਿਆਰੀ ਨੂੰ ਹੋਰ ਮਜ਼ਬੂਤ ਕਰਨ ਲਈ ਤਿਆਰ ਕੀਤੇ ਜਾਣਗੇ। ਗੁਰਕੀਰਤ ਕਿਰਪਾਲ ਸਿੰਘ ਆਈਏਐਸ ਸਕੱਤਰ ਉਦਯੋਗ ਤੇ ਵਣਜ ਨੇ ਕਿਹਾ ਕਿ ਪੰਜਾਬ ਸਰਕਾਰ ਐਮਐਸਐਮਈਜ਼ ਨੂੰ ਪੰਜਾਬ ਵਿੱਚ ਆਪਣਾ ਕਾਰੋਬਾਰ ਵਧਾਉਣ ਲਈ ਉਤਸ਼ਾਹਿਤ ਕਰ ਰਹੀ ਹੈ ਅਤੇ ਐਮਐਸਐਮਈਜ਼ ਨੂੰ ਅਨੇਕਾਂ ਪ੍ਰੋਤਸਾਹਨ ਦਿੱਤੇ ਜਾ ਰਹੇ ਹਨ ਤਾਂ ਜੋ ਉਹ ਪੰਜਾਬ ਵਿੱਚ ਆਪਣਾ ਪਲਾਂਟ ਸਥਾਪਤ ਕਰ ਸਕਣ। ਨਿਵੇਸ਼ਕਾਂ ਨੂੰ ਸਮਾਂਬੱਧ ਪ੍ਰਵਾਨਗੀਆਂ ਦਿੱਤੀਆਂ ਜਾ ਰਹੀਆਂ ਹਨ ਤੇ ਇਹ ਨਵੀਂ ਉਦਯੋਗਿਕ ਨੀਤੀ ਉੱਦਮੀਆਂ ਦੀ ਮਦਦ ਕਰੇਗੀ। ਇਸ ਐਮਐਸਐਮਈਜ਼ ਸੈਸ਼ਨ ਦੌਰਾਨ ਪ੍ਰੋਫੈਸਰ ਰੁਧਰਾ ਪ੍ਰਤਾਪ ਪਲਾਕਸ਼ਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਧਰਮੇਸ਼ ਗੋਸਵਾਮੀ ਪਾਰਟਨਰ, ਕੇਪੀਐਮਜੀ, ਭੁਪਿੰਦਰ ਪਾਲ ਸਿੰਘ ਆਨੰਦ ਡਾਇਰੈਕਟਰ, ਜਲ ਬਾਥ ਫਿਟਿੰਗਜ਼, ਮਨਬੀਰ ਸਿੰਘ ਡਾਇਰੈਕਟਰ, ਆਈਈਈ ਐਲੀਵੇਟਰਜ਼, ਰਾਜੇਸ਼ ਮਹਿਰਾ ਐਮਡੀ, ਐਕਟਿਵ ਕਲੋਥਿੰਗ ਨੇ ਹਿੱਸਾ ਲਿਆ।

# ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 'ਚ ਨਿੱਘੀ ਮਹਿਮਾਨਨਿਵਾਜ਼ੀ ਨਾਲ ਪੰਜਾਬੀ ਗੀਤ-ਸੰਗੀਤ ਤੇ ਨਾਚਾਂ ਨੇ ਵੀ ਨਿਵੇਸ਼ਕਾਂ ਦਾ ਮਨ ਮੋਹਿਆ

ਮੋਹਾਲੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ), 15 ਮਾਰਚ (ਅੰਮ੍ਰਿਤਪਾਲ ਸਿੰਘ): ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-



2026 ਦੌਰਾਨ ਜਿੱਥੇ ਦੇਸ਼-ਵਿਦੇਸ਼ ਤੋਂ ਆਏ ਨਿਵੇਸ਼ਕ ਪੰਜਾਬ ਸਰਕਾਰ ਦੀ ਨਿਵੇਸ਼ ਪੱਖੀ ਨੀਤੀਆਂ ਤੋਂ ਬੇਹੱਦ ਪ੍ਰਭਾਵਿਤ ਹੋਏ ਉੱਥੇ ਸੂਬਾ ਸਰਕਾਰ ਦੀ ਨਿੱਘੀ ਮਹਿਮਾਨਨਿਵਾਜ਼ੀ ਦੇ ਨਾਲ ਪੰਜਾਬੀ ਗੀਤ-ਸੰਗੀਤ ਤੇ ਨਾਚਾਂ ਨੇ ਵੀ ਨਿਵੇਸ਼ਕਾਂ ਦਾ ਮਨ ਮੋਹਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਦਘਾਟਨੀ ਸੈਸ਼ਨ ਮੌਕੇ ਆਖਿਆ ਸੀ ਕਿ ਸੰਮੇਲਨ ਵਿੱਚ ਹਿੱਸਾ ਲੈਣ ਆਏ ਡੈਲੀਗੇਟ ਪੰਜਾਬੀ ਗਾਣੇ ਤੇ ਖਾਣੇ ਦਾ ਵੀ ਆਨੰਦ ਮਾਣਨਗੇ। ਸੰਮੇਲਨ ਦੌਰਾਨ ਮੋਹਾਲੀ ਗੋਲਫ਼ ਰੇਂਜ ਵਿਖੇ ਸੱਭਿਆਚਾਰਕ ਸ਼ਾਮ ਕਰਵਾਈ ਗਈ ਜਿਸ ਵਿੱਚ ਉੱਘੇ ਪੰਜਾਬੀ ਗਾਇਕ ਰਣਜੀਤ ਬਾਵਾ ਤੇ ਹਰਜੀਤ ਹਰਮਨ ਦੀ ਗਾਇਕੀ ਨੇ ਡੈਲੀਗੇਟਾਂ ਨੂੰ ਨੱਚਣ ਲਈ ਮਜਬੂਰ ਕੀਤਾ। ਇਸ ਮੌਕੇ ਜੁਗਨੀ ਸੱਭਿਆਚਾਰਕ ਗਰੁੱਪ ਵੱਲੋਂ ਪੇਸ਼ ਕੀਤੇ ਗਏ ਲੋਕ ਨਾਚ ਲੁੱਡੀ ਅਤੇ ਭੰਗੜੇ ਨੇ ਵੀ ਦਰਸ਼ਕਾਂ ਦਾ ਮਨੋਰੰਜਨ ਕਰਦਿਆਂ ਖੂਬ ਤਾੜੀਆਂ ਬਟੋਰੀਆਂ। ਰਣਜੀਤ ਬਾਵਾ ਨੇ ਆਪਣੇ ਪ੍ਰਸਿੱਧ ਗੀਤ ਗਾਉਂਦੇ ਹੋਏ ਸਮਾਂ ਬੰਨ੍ਹਿਆ। ਬਾਵਾ ਦੀ ਦਮਦਾਰ ਪੇਸ਼ਕਾਰੀ ਉੱਪਰ ਡੈਲੀਗੇਟਾਂ ਨੇ ਖੂਬ ਭੰਗੜਾ ਪਾਇਆ।ਬਾਵਾ ਨੇ ਹੈਵੀਵੇਟ ਭੰਗੜਾ, ਫੈਮਿਲੀ ਦੀ ਮੈਂਬਰ, ਸ਼ੇਰ, ਮੁਕਾਬਲਾ, ਛੋਟੇ ਛੋਟੇ ਘਰਾਂ ਆਦਿ ਹਿੱਟ ਗੀਤਾਂ ਨੇ ਸਭ ਦਾ ਮਨੋਰੰਜਨ ਕੀਤਾ।

ਹਰਜੀਤ ਹਰਮਨ ਨੇ ਧਾਰਮਿਕ ਗੀਤ ਨਾਲ ਆਪਣੀ ਗਾਇਕੀ ਦੀ ਸ਼ੁਰੂਆਤ ਕਰਦਿਆਂ ਜਿੱਥੋਂ ਮਰਜ਼ੀ ਵੰਗਾਂ ਚੜ੍ਹਵਾ ਲਈਂ ਮਿੱਤਰਾਂ ਦਾ ਨਾਮ ਚੱਲਦਾ, ਪੰਜਾਬ ਗੁਰਾਂ ਦੀ ਕ੍ਰਿਪਾ ਨਾਲ ਵੱਸਦਾ ਹੈ, ਚੌਵੀ ਕੈਰੇਟ ਗੋਲਡ ਸਮੇਤ ਪੰਜਾਬੀ ਸੱਭਿਆਚਾਰ ਦੀ ਝਲਕ ਦਿਖਾਉਂਦੇ ਆਪਣੇ ਮਕਬੂਲ ਗੀਤ ਗਾ ਕੇ ਦਰਸ਼ਕਾਂ ਨੂੰ ਝੂਮਣ ਲਾਇਆ। ਇਸ ਦੌਰਾਨ ਪੰਜਾਬ ਦੇ ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਸੰਜੀਵ ਅਰੋੜਾ ਨੇ ਸਮੂਹ ਦੇਸ਼ ਵਿਦੇਸ਼ ਤੋਂ ਆਏ ਮਹਿਮਾਨਾਂ ਦਾ ਸੱਭਿਆਚਾਰਕ ਪ੍ਰੋਗਰਾਮ ਮੌਕੇ ਸੁਆਗਤ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਡੈਲੀਗੇਟਾਂ ਨੂੰ ਪੰਜਾਬੀ ਸੱਭਿਆਚਾਰ ਦੇ ਵੀ ਰੂ-ਬ-ਰੂ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆ ਵੀ ਹਾਜ਼ਰ ਸਨ। ਇਸ ਮੌਕੇ ਇਨਵੈਸਟ ਪੰਜਾਬ ਸੰਮੇਲਨ ਦੇ ਵੱਡੀ ਗਿਣਤੀ ਦੇਸ਼ ਵਿਦੇਸ਼ ਵਿੱਚੋਂ ਪੁੱਜੇ ਡੈਲੀਗੇਟਾਂ ਨੇ ਲੋਕ ਗਾਇਕੀ ਦੀ ਇਸ ਖ਼ੂਬਸੂਰਤ ਸੱਭਿਆਚਾਰਕ ਸ਼ਾਮ ਦੇ ਨਾਲ ਪੰਜਾਬੀ ਖਾਣੇ ਦਾ ਵੀ ਆਨੰਦ ਮਾਣਿਆ।

# ਸੰਤ ਸੀਚੇਵਾਲ ਨੇ ਰਾਜ ਸਭਾ 'ਚ ਟੈਲੀਕਾਮ ਕੰਪਨੀਆਂ ਦੀ ਲੁੱਟ ਤੇ ਮਹਿੰਗੇ ਰੀਚਾਰਜਾਂ ਦਾ ਮਾਮਲਾ ਉਠਾਇਆ

ਨਵੀਂ ਦਿੱਲੀ/ਚੰਡੀਗੜ੍ਹ, 15 ਮਾਰਚ (ਅੰਮ੍ਰਿਤਪਾਲ ਸਿੰਘ): ਰਾਜ ਸਭਾ ਦੇ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਦੇਸ਼ ਦੀਆਂ ਟੈਲੀਕਾਮ ਕੰਪਨੀਆਂ ਵੱਲੋਂ ਆਮ ਲੋਕਾਂ 'ਤੇ ਵਧਦੇ ਆਰਥਿਕ ਬੋਝ ਅਤੇ ਕੰਪਨੀਆਂ ਦੀਆਂ ਲੁੱਟ ਵਾਲੀਆਂ ਨੀਤੀਆਂ ਦਾ ਮਸਲਾ ਸੰਸਦ ਵਿੱਚ ਉਠਾਇਆ ਹੈ। ਉਨ੍ਹਾਂ ਨੇ ਰਾਜ ਸਭਾ ਵਿੱਚ ਪੁੱਛੇ ਸਵਾਲ ਰਾਹੀਂ ਕੇਂਦਰ ਸਰਕਾਰ ਤੋਂ ਪੁੱਛਿਆ ਕੇ ਕੀ ਸਰਕਾਰ ਟੈਲੀਕਾਮ ਕੰਪਨੀਆਂ ਵੱਲੋਂ ਗਾਹਕਾਂ ਨਾਲ ਹੋ ਰਹੇ ਸ਼ੋਸ਼ਣ ਅਤੇ ਜ਼ਬਰਦਸਤੀ ਵਾਲੀਆਂ ਨੀਤੀਆਂ ਨੂੰ ਰੋਕਣ ਲਈ ਕੋਈ ਢੁੱਕਵੇਂ ਕਦਮ ਚੁੱਕ ਰਹੀ ਹੈ। ਸੰਤ ਸੀਚੇਵਾਲ ਨੇ ਖ਼ਾਸ ਤੌਰ 'ਤੇ ਇਹ ਮਸਲਾ ਉਠਾਇਆ ਕਿ ਅੱਜ ਮੋਬਾਈਲ ਉਪਭੋਗਤਾਵਾਂ ਨੂੰ ਆਪਣੀ ਲੋੜ ਮੁਤਾਬਕ ਛੋਟੇ ਰੀਚਾਰਜ ਕਰਨ ਦੀ ਆਜ਼ਾਦੀ ਨਹੀਂ ਰਹੀ। ਟੈਲੀਕਾਮ ਕੰਪਨੀਆਂ ਵੱਲੋਂ ਮਹਿੰਗੇ ਪਲਾਨ ਥੋਪੇ ਜਾ ਰਹੇ ਹਨ ਅਤੇ ਜੇ ਕੋਈ ਗਾਹਕ ਨਿਰਧਾਰਤ ਸਮੇਂ ਅੰਦਰ ਰੀਚਾਰਜ ਨਾ ਕਰੇ ਤਾਂ ਉਸਦੀ ਸਿਮ ਡੀਐਕਟੀਵੇਟ (ਬੰਦ) ਕਰ ਦਿੱਤੀ ਜਾਂਦੀ ਹੈ। ਉਨ੍ਹਾਂ ਨੇ ਸਰਕਾਰ ਤੋਂ ਪੁੱਛਿਆ ਕੇ ਕੀ ਟੈਲੀਕਾਮ ਨਿਯਮਾਂ ਵਿੱਚ ਸੋਧ ਕਰਕੇ ਲੋਕਾਂ ਨੂੰ ਆਪਣੀ ਵਰਤੋਂ ਅਨੁਸਾਰ ਛੋਟੇ ਅਤੇ ਸਸਤੇ ਰੀਚਾਰਜ ਦੀ ਆਜ਼ਾਦੀ ਦਿੱਤੀ ਜਾਵੇਗੀ, ਤਾਂ ਜੋ ਆਮ ਲੋਕਾਂ ਅੰਦਰਾਂ ਸਿਮ ਬੰਦ ਹੋਣ ਦਾ ਕੋਈ ਡਰ ਨਾ ਹੋਵੇ ਅਤੇ ਕੀ



ਟੈਰੀਫ਼ ਅਤੇ ਵੈਧਤਾ ਨੀਤੀਆਂ ਵਿੱਚ ਹੋਰ ਪਾਰਦਰਸ਼ਤਾ ਲਿਆਂਦੀ ਜਾਵੇਗੀ।

ਸਰਕਾਰ ਵੱਲੋਂ ਦਿੱਤੇ ਜਵਾਬ ਵਿੱਚ ਕੇਂਦਰੀ ਸੰਚਾਰ ਰਾਜ ਮੰਤਰੀ ਡਾ. ਪੇਮਾਸਾਨੀ ਚੰਦਰ ਸ਼ੇਖਰ ਨੇ ਕਿਹਾ ਕਿ ਟੈਲੀਕਾਮ ਸੇਵਾਵਾਂ ਦੇ ਟੈਰੀਫ਼ਾਂ ਦੀ ਨਿਗਰਾਨੀ "ਟੈਲੀਕਾਮ ਰੈਗੂਲੇਟਰੀ ਅਥਾਰਟੀ ਆਫ਼ ਇੰਡੀਆ" ਦੇ ਨਿਯਮਾਂ ਅਧੀਨ ਕੀਤੀ ਜਾਂਦੀ ਹੈ। ਮੌਜੂਦਾ ਪ੍ਰਣਾਲੀ ਅਨੁਸਾਰ ਟੈਲੀਕਾਮ ਕੰਪਨੀਆਂ ਨੂੰ ਬਾਜ਼ਾਰ ਦੀ ਸਥਿਤੀ ਦੇ ਅਧਾਰ 'ਤੇ ਆਪਣੇ ਟੈਰੀਫ਼ ਤੈਅ ਕਰਨ ਦੀ ਆਜ਼ਾਦੀ ਹੈ। ਉਨ੍ਹਾਂ ਨੇ ਦੱਸਿਆ ਕਿ ਨਿਯਮਾਂ ਦੀ ਪਾਲਣਾ ਕਰਦੇ ਹੋਏ ਕੰਪਨੀਆਂ ਵੱਖ-ਵੱਖ ਕਿਸਮ ਦੀਆਂ ਕਾਲਾਂ, ਸੰਦੇਸ਼ਾਂ, ਡਾਟਾ ਆਫਰਾਂ ਤੇ ਵੱਖਰੀ ਮਿਆਦ ਵਾਲੇ ਪਲਾਨ ਤਿਆਰ ਕਰ ਸਕਦੀਆਂ ਹਨ। ਇਸ ਮਾਮਲੇ 'ਤੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ, "ਅੱਜ ਮੋਬਾਈਲ ਫੋਨ ਆਮ ਇਨਸਾਨ ਦੀ ਬੁਨਿਆਦੀ ਲੋੜ ਬਣ ਚੁੱਕਾ ਹੈ, ਪਰ ਕੁਝ ਟੈਲੀਕਾਮ ਕੰਪਨੀਆਂ ਇਸਨੂੰ ਮੁਨਾਫ਼ਾ ਕਮਾਉਣ ਦਾ ਸਾਧਨ ਬਣਾ ਕੇ ਲੋਕਾਂ 'ਤੇ ਮਹਿੰਗੇ ਰੀਚਾਰਜ ਥੋਪ ਰਹੀਆਂ ਹਨ। ਇਹ ਗਰੀਬ ਤੇ ਮੱਧ ਵਰਗ 'ਤੇ ਸਿੱਧਾ ਆਰਥਿਕ ਬੋਝ ਹੈ।" ਉਨ੍ਹਾਂ ਨੇ ਕਿਹਾ ਕਿ ਜੇ ਕੰਪਨੀਆਂ ਨੂੰ ਬੇਹੱਦ ਛੂਟ ਮਿਲਦੀ ਰਹੀ ਤਾਂ ਲੋਕਾਂ ਦੀ ਜੇਬ 'ਤੇ ਭਾਰ ਹੋਰ ਵਧੇਗਾ ਅਤੇ ਆਮ ਲੋਕ ਲਗਾਤਾਰ ਲੁੱਟ ਦਾ ਸ਼ਿਕਾਰ ਹੁੰਦੇ ਰਹਿਣਗੇ। ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਟੈਲੀਕਾਮ ਖੇਤਰ ਵਿੱਚ ਉਪਭੋਗਤਾ ਹਿਤਾਂ ਦੀ ਰੱਖਿਆ ਲਈ ਸਖ਼ਤ ਨਿਯਮ ਬਣਾਏ ਜਾਣ ਤੇ ਇਕ ਪਾਰਦਰਸ਼ੀ ਪ੍ਰਣਾਲੀ ਲਾਗੂ ਕੀਤੀ ਜਾਵੇ ਤੇ ਰੀਚਾਰਜ਼ ਨਾ ਹੋਣ ਦੀ ਸੂਰਤ ਵਿੱਚ ਆਮ ਲੋਕਾਂ ਦੀ ਸਿਮ ਤੇ ਆਉਣ ਵਾਲੀਆਂ ਕਾਲਾਂ ਨਾ ਬੰਦ ਕਰਨ ਦੀ ਮੰਗ ਕੀਤੀ।

# ਸ਼ਹੀਦ ਊਧਮ ਸਿੰਘ ਦੇ ਜਜ਼ਬੇ ਨੂੰ ਸਮਰਪਿਤ ਮਨਾਇਆ ਗੌਰਵਮਈ ਦਿਵਸ

ਚੰਡੀਗੜ੍ਹ, 15 ਮਾਰਚ (ਹਰਦੀਪ ਕੌਰ): ਸ਼ਹੀਦ ਊਧਮ ਸਿੰਘ ਮੈਮੋਰੀਅਲ ਭਵਨ ਸੁਸਾਇਟੀ ਸੈਕਟਰ 44ਸੀ ਚੰਡੀਗੜ੍ਹ ਵਲੋਂ ਸ਼ਹੀਦ ਊਧਮ ਸਿੰਘ ਦੀ ਯਾਦ ਵਿੱਚ 'ਗੌਰਵਮਈ ਦਿਵਸ' ਮਨਾਇਆ ਗਿਆ ਤੇ ਬੁਲਾਰਿਆ ਨੇ ਮੰਗ ਕੀਤੀ ਕਿ ਸ਼ਹੀਦ ਨਾਲ ਸਬੰਧਤ ਨਿਸ਼ਾਨੀਆਂ ਜੋ ਇੰਗਲੈਂਡ ਵਿਚ ਹਨ,ਨੂੰ ਵਾਪਸ ਲਿਆਉਣ ਲਈ ਕੇਂਦਰ ਤੇ ਪੰਜਾਬ ਸਰਕਾਰ ਫੌਰੀ ਯਤਨ ਕਰਨ। ਇਸ ਮੌਕੇ ਚੰਡੀਗੜ੍ਹ ਨਗਰ-ਨਿਗਮ ਦੇ ਮੇਅਰ ਸੌਰਭ ਜੋਸ਼ੀ ਵਿਸੇਸ਼ ਤੌਰ ਤੇ ਸਮਾਗਮ ਵਿੱਚ ਪਹੁੰਚੇ। ਭਵਨ ਦੀ ਚੇਅਰਮੈਨ ਸੁਖਬੀਰ ਕੌਰ ਦੀ ਪ੍ਰਧਾਨਗੀ ਹੇਠ ਹੋਏ ਸਮਾਗਮ ਵੱਡੀ ਗਿਣਤੀ ਵਿੱਚ ਮੈਂਬਰਾਂ ਨੇ ਸ਼ਿਰਕਤ ਕੀਤੀ। ਬੁਲਾਰਿਆ ਨੇ ਬਰਤਾਨਵੀ ਹਾਕਮਾਂ ਵਲੋਂ ਜਲਿਆਵਾਲਾ ਬਾਗ ਵਿੱਚ ਕੀਤੇ ਗਏ ਕਤਲੇਆਮ ਦੀ ਗਲ ਕਰਦਿਆ ਕਿਹਾ ਕਿ ਸ਼ਹੀਦ ਨੇ ਇਕੀ ਸਾਲ ਬਾਅਦ ਬਦਲਾ ਲੈ ਕੇ ਦੇਸ਼ ਦਾ ਮਾਣ ਸਨਮਾਨ ਵਧਾਇਆ। ਇਸ ਨਾਲ ਆਜਾਦੀ ਦੀ ਲਹਿਰ ਨੂੰ ਵਡਾ ਹੁਲਾਰਾ ਮਿਲਿਆ ਸੀ। ਸੀਨੀਅਰ ਪਤਰਕਾਰ ਜਸਪਾਲ ਸਿੰਘ ਸਿੱਧੂ ਨੇ ਸ਼ਹੀਦ ਨੂੰ ਸਰਧਾਂਜਲੀ ਭੇਟ ਕਰਦਿਆ ਕਿਹਾ ਕਿ ਸ਼ਹੀਦ ਊਧਮ ਸਿੰਘ ਉਨਾਂ ਲਾਸਾਨੀ ਸ਼ਹੀਦਾਂ ਦੀ ਕਤਾਰ ਵਿੱਚ ਹੈ ਜਿਨਾਂ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ,ਸ਼ਹੀਦ ਭਗਤ ਸਿੰਘ ਦਾ ਨਾਂ ਆਉਂਦਾ ਹੈ। ਉਘੇ ਚਿੰਤਕ ਡਾਕਟਰ ਪਿਆਰਾ ਲਾਲ ਗਰਗ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆ ਨਾਲ ਮਿਲੇ ਵੋਟ ਦੇ ਹੱਕ ਨੂੰ ਕੇਂਦਰ ਅਤੇ ਚੋਣ ਕਮਿਸ਼ਨ ਖੋਹਣ ਦੇ ਆਹਰ ਵਿੱਚ ਲਗੇ ਹੋਏ ਹਨ ਤੇ ਇਸ ਨੂੰ ਰੋਕਣ ਲਈ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ। ਸ਼ਹੀਦਾਂ ਦਾ ਸਾਨੂੰ ਸੁਨੇਹਾ ਹੈ ਕਿ ਇਨਸਾਫ ਲਈ ਲੜਾਈ ਲੜਨੀ ਪਵੇਗੀ। ਭਵਨ ਸੁਸਾਇਟੀ ਦੇ ਮਹਿਲਾ ਵਿੰਗ ਦੀ ਕਨਵੀਨਰ ਵੀਨਾ ਜੰਮੂ ਨੇ ਮਾੜੇ ਤਤਾ ਤੋਂ ਭਵਨ ਨੂੰ ਮੁਕਤ ਕਰਵਾਉਣ ਲਈ ਪ੍ਰੇਮ ਸਿੰਘ ਦੀ ਅਗਵਾਈ ਹੇਠ ਲੜੇ ਗਏ ਸੰਘਰਸ਼ ਦਾ ਵਿਸਥਾਰ ਵਿੱਚ ਜਿਕਰ ਕਰਦਿਆ ਵਖ ਵਖ ਸਖਸ਼ੀਅਤਾਂ ਦੇ ਯੋਗਦਾਨ ਲਈ ਧਨਵਾਦ ਕੀਤਾ। ਭਵਨ ਦੀ ਐਪੇਲਿਟ ਅਥਾਰਿਟੀ ਦੇ ਕਨਵੀਨਰ ਪ੍ਰੇਮ ਸਿੰਘ ਨੇ ਭਵਨ ਦੀ ਰਾਖੀ ਲਈ ਸਹਿਯੋਗ ਵਾਸਤੇ ਸਭ ਦਾ ਧਨਵਾਦ ਕਰਦਿਆ ਕਿਹਾ ਕਿ ਮਾੜੇ ਤਤਾ ਤੋਂ ਭਵਨ ਨੂੰ ਬਚਾਉਣ ਲਈ ਯਤਨ ਕਰਦੇ ਰਹਾਂਗੇ।



ਸਮਾਗਮ ਨੂੰ ਪ੍ਰੋ ਅਵਤਾਰ ਸਿੰਘ,ਅੰਤਰਰਾਸ਼ਟਰੀ ਕੰਬੋਜ ਸਮਾਜ ਦੇ ਪ੍ਰਧਾਨ ਇਕਬਾਲ ਚੰਦ ਪਾਲਾ ਬਟੀ, ਬਜੁਰਗ ਆਗੂ ਦੌਲਤ ਰਾਮ ਕੰਬੋਜ, ਡਾ. ਰਵੀ ਕੰਬੋਜ, ਸੀਨੀਅਰ ਵਕੀਲ ਜਸਪਾਲ ਸਿੰਘ ਦਪਰ, ਚੰਡੀਗੜ੍ਹ ਨਗਰ-ਨਿਗਮ ਦੇ ਸੀਨੀਅਰ ਡਿਪਟੀ ਮੇਅਰ ਜਸਮਿਨ ਪ੍ਰੀਤ ਸਿੰਘ, ਹਰਪਾਲ ਸਿੰਘ ਹਰਿਆਣਾ ਤੇ ਹੋਰਾਂ ਨੇ ਸੰਬੋਧਨ ਕੀਤਾ। ਸਰਪੰਚ ਨਥੂ ਘੜਾਮਾ ਨੇ ਗੀਤ ਪੇਸ਼ ਕੀਤਾ। ਭਵਨ ਦੇ ਜਨਰਲ ਸਕੱਤਰ ਗੁਰਮੇਜ ਸਿੰਘ ਨੇ ਤਿੰਨ ਮਤੇ ਪੇਸ਼ ਕੀਤੇ ਕੀਤੇ ਜਿਨਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਈਰਾਨ 'ਤੇ ਅਮਰੀਕਾ ਦੇ ਹਮਲੇ ਵਿਚ ਮਾਰੀਆ ਗਈਆਂ ਸਕੂਲੀ ਬਚੀਆਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਲੰਗਰ ਵਰਤਾਇਆ ਗਿਆ। ਮੁਫਤ ਮੈਡੀਕਲ ਕੈਂਪ ਲਾਇਆ ਗਿਆ। ਲੋਕਾਂ ਨੂੰ ਮੁਫਤ ਪੌਦੇ ਵੰਡੇ ਗਏ। ਸਮਾਗਮ ਵਿਚ ਹੋਰਨਾਂ ਤੋ ਇਲਾਵਾ ਐਡ. ਜੋਗਿੰਦਰ ਜਿੰਦੂ, ਅਕਾਲੀ ਆਗੂ ਕ੍ਰਿਸ਼ਨ ਸਿੰਘ, ਕਿਸਾਨ ਆਗੂ ਸੁਰਜੀਤ ਸਿੰਘ ਢੇਰ, ਟਰਕ ਯੂਨੀਅਨ ਰੋਪੜ ਦੇ ਪ੍ਰਧਾਨ ਮਗਰ ਸਿੰਘ ਅਤੇ ਪੁਲੀਸ ਦੇ ਸੇਵਾ ਮੁਕਤ ਇੰਸਪੈਕਟਰ ਮਹਿੰਦਰ ਸਿੰਘ ਆਦਿ ਹਾਜ਼ਰ ਸਨ।

ਸੰਪਾਦਕੀ

# "ਇਨਵੈਸਟ ਪੰਜਾਬ" ਤਰੱਕੀ ਵੱਲ ਇੱਕ ਨਵਾਂ ਕਦਮ

ਪੰਜਾਬ ਦੀ ਆਰਥਿਕਤਾ ਰਵਾਇਤੀ ਤੌਰ 'ਤੇ ਖੇਤੀਬਾੜੀ 'ਤੇ ਟਿਕੀ ਹੋਈ ਹੈ, ਪਰ ਸਮੇਂ ਦੀ ਮੰਗ ਅਨੁਸਾਰ ਰਾਜ ਨੂੰ ਉਦਯੋਗਿਕ ਕ੍ਰਾਂਤੀ ਦੀ ਸਖ਼ਤ ਲੋੜ ਹੈ। ਇਸੇ ਲੋੜ ਨੂੰ ਪੂਰਾ ਕਰਨ ਲਈ ਇਨਵੈਸਟ ਪੰਜਾਬ ਇੱਕ ਮਹੱਤਵਪੂਰਨ ਰਣਨੀਤੀ ਵਜੋਂ ਉੱਭਰਿਆ ਹੈ, ਜੋ ਸੂਬੇ ਨੂੰ ਆਰਥਿਕ ਖੁਸ਼ਹਾਲੀ ਦੀ ਨਵੀਂ ਰਾਹ 'ਤੇ ਲਿਜਾਣ ਦਾ ਦਮ ਰੱਖਦਾ ਹੈ। ਅੱਜ ਦੇ ਦੌਰ ਵਿੱਚ ਕਿਸੇ ਵੀ ਖੇਤਰ ਦੀ ਤਰੱਕੀ ਸਿਰਫ਼ ਸਰਕਾਰੀ ਨੀਤੀਆਂ 'ਤੇ ਨਹੀਂ, ਸਗੋਂ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਉਹ ਨਿਵੇਸ਼ਕਾਂ ਲਈ ਕਿੰਨਾ ਸੁਰੱਖਿਅਤ ਅਤੇ ਸੁਖਾਵਾਂ ਮਾਹੌਲ ਸਿਰਜ ਸਕਦਾ ਹੈ। ਪੰਜਾਬ ਸਰਕਾਰ ਦੀ ਇਹ ਪਹਿਲ ਨਾ ਸਿਰਫ਼ ਦੇਸੀ ਅਤੇ ਵਿਦੇਸ਼ੀ ਪੂੰਜੀ ਨੂੰ ਆਕਰਸ਼ਿਤ ਕਰਨ ਦਾ ਸਾਧਨ ਹੈ, ਸਗੋਂ ਇਹ ਰਾਜ ਦੇ ਪ੍ਰਸ਼ਾਸਨਿਕ ਢਾਂਚੇ ਵਿੱਚ ਸੁਧਾਰ ਲਿਆਉਣ ਦੀ ਇੱਕ ਗੰਭੀਰ ਕੋਸ਼ਿਸ਼ ਵੀ ਹੈ। ਇਸ ਯੋਜਨਾ ਦਾ ਸਭ ਤੋਂ ਪ੍ਰਭਾਵਸ਼ਾਲੀ ਪਹਿਲੂ ਸਿੰਗਲ ਵਿੰਡੋ ਸਿਸਟਮ ਹੈ, ਜਿਸ ਨੇ ਨਿਵੇਸ਼ਕਾਂ ਲਈ ਕੰਮ ਕਰਨਾ ਬੇਹੱਦ ਆਸਾਨ ਬਣਾ ਦਿੱਤਾ ਹੈ। ਪਹਿਲੇ ਸਮਿਆਂ ਵਿੱਚ ਉਦਯੋਗਪਤੀਆਂ ਨੂੰ ਇੱਕ ਫੈਕਟਰੀ ਲਗਾਉਣ ਲਈ ਦਰਜਨਾਂ ਵਿਭਾਗਾਂ ਦੀਆਂ ਮਨਜ਼ੂਰੀਆਂ ਲੈਣ ਲਈ ਸਾਲਾਂਬੱਧੀ ਇੰਤਜ਼ਾਰ ਕਰਨਾ ਪੈਂਦਾ ਸੀ ਅਤੇ ਸਰਕਾਰੀ ਦਫ਼ਤਰਾਂ ਦੀ ਲਾਲ-ਫੀਤਾਸ਼ਾਹੀ ਦਾ ਸ਼ਿਕਾਰ ਹੋਣਾ ਪੈਂਦਾ ਸੀ। ਪਰ ਹੁਣ, ਇੱਕੋ ਛੱਤ ਹੇਠ ਸਾਰੀਆਂ ਕਲੀਅਰੈਂਸ ਮਿਲਣ ਨਾਲ ਨਿਵੇਸ਼ਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚ ਰਹੇ ਹਨ। ਇਹ ਪਾਰਦਰਸ਼ਤਾ ਨਾ ਸਿਰਫ਼ ਕਾਰੋਬਾਰ ਕਰਨ ਦੀ ਸੌਖ (Ease of Doing Business) ਨੂੰ ਵਧਾਉਂਦੀ ਹੈ, ਸਗੋਂ ਰਾਜ ਦੀ ਅਕਸ ਨੂੰ ਵੀ ਕੌਮਾਂਤਰੀ ਪੱਧਰ 'ਤੇ ਮਜ਼ਬੂਤ ਕਰਦੀ ਹੈ। ਜਦੋਂ ਪ੍ਰਕਿਰਿਆਵਾਂ ਸਪੱਸ਼ਟ ਹੁੰਦੀਆਂ ਹਨ ਤਾਂ ਨਿਵੇਸ਼ਕਾਂ ਦਾ ਵਿਸ਼ਵਾਸ ਵਧਦਾ ਹੈ, ਜੋ ਕਿ ਲੰਬੇ ਸਮੇਂ ਦੇ ਆਰਥਿਕ ਵਿਕਾਸ ਲਈ ਬੇਹੱਦ ਜ਼ਰੂਰੀ ਹੈ। ਰੋਜ਼ਗਾਰ ਦੇ ਪੱਖੋਂ ਦੇਖਿਆ ਜਾਵੇ ਤਾਂ ਪੰਜਾਬ ਇਸ ਵੇਲੇ ਨੌਜਵਾਨਾਂ ਦੇ ਪ੍ਰਵਾਸ ਵਰਗੀ ਵੱਡੀ ਚੁਣੌਤੀ ਨਾਲ ਜੂਝ ਰਿਹਾ ਹੈ। ਹਜ਼ਾਰਾਂ ਨੌਜਵਾਨ ਰੋਜ਼ੀ-ਰੋਟੀ ਦੀ ਭਾਲ ਵਿੱਚ ਵਿਦੇਸ਼ਾਂ ਵੱਲ ਰੁਖ਼ ਕਰ ਰਹੇ ਹਨ। ਇਨਵੈਸਟ ਪੰਜਾਬ ਰਾਹੀਂ ਜਦੋਂ ਵੱਡੇ ਉਦਯੋਗਿਕ ਘਰਾਣੇ ਰਾਜ ਵਿੱਚ ਆਪਣੀਆਂ ਇਕਾਈਆਂ ਸਥਾਪਿਤ ਕਰਦੇ ਹਨ, ਤਾਂ ਸਥਾਨਕ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਦਰਵਾਜ਼ੇ ਖੁੱਲ੍ਹਦੇ ਹਨ। ਇਹ ਸਿਰਫ਼ ਮਜ਼ਦੂਰੀ ਜਾਂ ਨੌਕਰੀ ਤੱਕ ਸੀਮਤ ਨਹੀਂ ਹੈ, ਸਗੋਂ ਇਸ ਨਾਲ ਹੁਨਰ ਵਿਕਾਸ (Skill Development) ਦੇ ਮੌਕੇ ਵੀ ਪੈਦਾ ਹੁੰਦੇ ਹਨ। ਜਦੋਂ ਨੌਜਵਾਨਾਂ ਨੂੰ ਆਪਣੇ ਹੀ ਘਰ ਵਿੱਚ ਮਿਆਰੀ ਰੋਜ਼ਗਾਰ ਮਿਲੇਗਾ, ਤਾਂ ਰਾਜ ਵਿੱਚੋਂ ਹੋ ਰਿਹਾ ਬ੍ਰੇਨ-ਡਰੇਨ (Brain Drain) ਘਟੇਗਾ ਅਤੇ ਸਮਾਜਿਕ ਸਥਿਰਤਾ ਆਵੇਗੀ। ਇਸ ਤੋਂ ਇਲਾਵਾ ਉਦਯੋਗਾਂ ਦੇ ਆਉਣ ਨਾਲ ਟੈਕਸ ਦੇ ਰੂਪ ਵਿੱਚ ਸਰਕਾਰੀ ਖ਼ਜ਼ਾਨੇ ਵਿੱਚ ਵਾਧਾ ਹੁੰਦਾ ਹੈ, ਜਿਸ ਦੀ ਵਰਤੋਂ ਸਿਹਤ ਅਤੇ ਸਿੱਖਿਆ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਸੁਧਾਰਨ ਲਈ ਕੀਤੀ ਜਾ ਸਕਦੀ ਹੈ। ਪਰ ਇਸ ਤਰੱਕੀ ਦੇ ਰਾਹ ਵਿੱਚ ਕੁਝ ਗੰਭੀਰ ਚੁਣੌਤੀਆਂ ਵੀ ਮੌਜੂਦ ਹਨ, ਜਿਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਕਿਸੇ ਵੀ ਉਦਯੋਗ ਦੀ ਸਫਲਤਾ ਲਈ ਬਿਜਲੀ ਦੀ ਨਿਰਵਿਘਨ ਸਪਲਾਈ, ਵਧੀਆ ਸੜਕੀ ਜਾਲ ਅਤੇ ਮਜ਼ਬੂਤ ਸੁਰੱਖਿਆ ਪ੍ਰਬੰਧ ਪਹਿਲੀ ਸ਼ਰਤ ਹੁੰਦੇ ਹਨ। ਸਰਕਾਰ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਉਦਯੋਗਿਕ ਖੇਤਰਾਂ ਵਿੱਚ ਬੁਨਿਆਦੀ ਢਾਂਚਾ ਵਿਸ਼ਵ ਪੱਧਰੀ ਹੋਵੇ। ਇਸ ਦੇ ਨਾਲ ਹੀ ਵਾਤਾਵਰਣ ਦੀ ਸੰਭਾਲ ਇੱਕ ਅਜਿਹਾ ਵਿਸ਼ਾ ਹੈ, ਜਿਸ 'ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਪੰਜਾਬ ਪਹਿਲਾਂ ਹੀ ਪਾਣੀ ਦੀ ਕਿੱਲਤ ਅਤੇ ਪ੍ਰਦੂਸ਼ਣ ਦਾ ਸਾਹਮਣਾ ਕਰ ਰਿਹਾ ਹੈ, ਇਸ ਲਈ ਨਵੇਂ ਉਦਯੋਗਾਂ ਨੂੰ ਗ੍ਰੀਨ ਟੈਕਨਾਲੋਜੀ ਅਪਣਾਉਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ ਤਾਂ ਜੋ ਵਿਕਾਸ ਅਤੇ ਕੁਦਰਤ ਵਿੱਚ ਸੰਤੁਲਨ ਬਣਿਆ ਰਹੇ। ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ ਇਨਵੈਸਟ ਪੰਜਾਬ ਸਿਰਫ਼ ਇੱਕ ਨਾਅਰਾ ਨਹੀਂ ਬਲਕਿ ਪੰਜਾਬ ਨੂੰ ਆਰਥਿਕ ਮੰਦਹਾਲੀ ਵਿੱਚੋਂ ਕੱਢਣ ਦਾ ਇੱਕ ਸੁਨਹਿਰੀ ਮੌਕਾ ਹੈ। ਇਸ ਦੀ ਅਸਲ ਸਫਲਤਾ ਇਸ ਗੱਲ 'ਤੇ ਨਿਰਭਰ ਕਰੇਗੀ ਕਿ ਸਰਕਾਰ ਆਪਣੀਆਂ ਨੀਤੀਆਂ ਨੂੰ ਕਿੰਨੀ ਇਮਾਨਦਾਰੀ ਅਤੇ ਤੇਜ਼ੀ ਨਾਲ ਲਾਗੂ ਕਰਦੀ ਹੈ। ਜੇਕਰ ਸਿਆਸੀ ਇੱਛਾ ਸ਼ਕਤੀ ਅਤੇ ਪ੍ਰਸ਼ਾਸਨਿਕ ਚੁਸਤੀ ਦਾ ਸਹੀ ਸੁਮੇਲ ਹੋਵੇ, ਤਾਂ ਪੰਜਾਬ ਮੁੜ ਤੋਂ ਦੇਸ਼ ਦਾ ਸਭ ਤੋਂ ਖੁਸ਼ਹਾਲ ਅਤੇ ਉਦਯੋਗਿਕ ਪੱਖੋਂ ਮੋਹਰੀ ਰਾਜ ਬਣ ਸਕਦਾ ਹੈ। ਸਾਨੂੰ ਇਹ ਸਮਝਣਾ ਹੋਵੇਗਾ ਕਿ ਖੇਤੀਬਾੜੀ ਅਤੇ ਉਦਯੋਗ ਇੱਕ-ਦੂਜੇ ਦੇ ਵਿਰੋਧੀ ਨਹੀਂ ਸਗੋਂ ਪੂਰਕ ਹਨ ਅਤੇ ਦੋਵਾਂ ਦਾ ਇਕੱਠੇ ਵਿਕਾਸ ਹੀ ਪੰਜਾਬ ਦੇ ਉੱਜਵਲ ਭਵਿੱਖ ਦੀ ਗਾਰੰਟੀ ਹੈ।

-ਜਗਜੀਤ ਸਿੰਘ ਦਰਦੀ

ਭਾਰਤੀ ਲੋਕਤੰਤਰ ਦੀ ਮਹਾਂ ਮੈਰਾਥਨ

# ਪੰਜ ਰਾਜਾਂ ਵਿੱਚ ਚੋਣਾਂ ਦਾ ਐਲਾਨ-ਰਾਜਨੀਤਕ ਪਾਰਟੀਆਂ ਤੇ ਲੋਕਤੰਤਰ ਦਾ ਉਤਸਵ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

**ਅੱਜ ਇਹ ਤਰੀਕਾਂ 2021 ਦੀਆਂ ਚੋਣਾਂ ਨਾਲੋਂ ਘੱਟ ਪੜਾਵਾਂ ਵਿੱਚ ਹਨ, ਜਿਸ ਨਾਲ ਪ੍ਰਸ਼ਾਸਨਿਕ ਬੋਝ ਘੱਟ ਹੋਵੇਗਾ। ਪੱਛਮੀ ਬੰਗਾਲ ਵਿੱਚ 2021 ਵਿੱਚ 8 ਪੜਾਅ ਸਨ, ਜਦਕਿ ਹੁਣ ਸਿਰਫ਼ 2 ਹਨ। ਪੱਛਮੀ ਬੰਗਾਲ: ਮਮਤਾ ਬੈਨਰਜੀ ਬਨਾਮ ਭਾਜਪਾ - ਤੀਜੀ ਵਾਰੀ ਦਾ ਟੈਸਟ 294 ਸੀਟਾਂ ਵਾਲੇ ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ (ਟੀਐੱਮਸੀ) ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਚਕਾਰ ਨਜ਼ਦੀਕੀ ਮੁਕਾਬਲਾ ਹੋਣ ਦੀ ਉਮੀਦ ਹੈ। ਮਮਤਾ ਬੈਨਰਜੀ ਦੀ ਅਗਵਾਈ ਵਾਲੀ ਟੀਐੱਮਸੀ 2011 ਤੋਂ ਸੱਤਾ ਵਿੱਚ ਹੈ ਅਤੇ ਇਹ ਉਨ੍ਹਾਂ ਲਈ ਚੌਥੀ ਵਾਰ ਸਰਕਾਰ ਬਣਾਉਣ ਦਾ ਮੌਕਾ ਹੈ। 2021 ਵਿੱਚ ਟੀਐੱਮਸੀ ਨੇ 215 ਸੀਟਾਂ ਜਿੱਤੀਆਂ ਸਨ (ਵੋਟ ਸ਼ੇਅਰ 48%), ਜਦਕਿ ਭਾਜਪਾ ਨੂੰ 77 ਸੀਟਾਂ (38%) ਮਿਲੀਆਂ ਸਨ। ਹਾਲੀਆ ਸਰਵੇਖਣਾਂ ਅਨੁਸਾਰ, ਮਮਤਾ ਬੈਨਰਜੀ ਨੂੰ 42% ਵੋਟਰ ਮੁੱਖ ਮੰਤਰੀ ਵਜੋਂ ਚਾਹੁੰਦੇ ਹਨ, ਜਦਕਿ ਭਾਜਪਾ ਦੇ ਸੁਵੇਂਦੂ ਅਧਿਕਾਰੀ ਨੂੰ ਸਿਰਫ਼ 19% ਦਾ ਸਮਰਥਨ ਹੈ। ਬੇਰੁਜ਼ਗਾਰੀ (36% ਵੋਟਰਾਂ ਲਈ ਮੁੱਖ ਮੁੱਦਾ), ਅਸਾਮੀ ਵੋਟਰਾਂ ਦੀ ਵਾਪਸੀ ਅਤੇ ਮੁਸਲਿਮ ਵੋਟ ਬੈਂਕ (27-30%) ਟੀਐੱਮਸੀ ਦੇ ਹੱਕ ਵਿੱਚ ਹਨ।**

2026 ਦੇ ਇਹਨਾਂ ਮਹੀਨਿਆਂ ਵਿੱਚ ਵਿਧਾਨ ਸਭਾ ਚੋਣਾਂ - ਪੰਜ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਰਾਜਨੀਤਿਕ ਪਲੜਾ ਅਤੇ ਸੰਭਾਵਨਾਵਾਂ ਭਾਰਤੀ ਲੋਕਤੰਤਰ ਦਾ ਉਤਸਵ ਦਿਖਾਉਂਦੀਆਂ ਹਨ।

ਕੱਲ੍ਹ 15 ਮਾਰਚ 2026 ਭਾਰਤੀ ਚੋਣ ਕਮਿਸ਼ਨ ਨੇ ਪੰਜ ਮਹੱਤਵਪੂਰਨ ਰਾਜਾਂ - ਅਸਾਮ, ਕੇਰਲ, ਤਾਮਿਲਨਾਡੂ, ਪੱਛਮੀ ਬੰਗਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਪੁਡੂਚੇਰੀ - ਵਿੱਚ ਵਿਧਾਨ ਸਭਾ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਕਰ ਦਿੱਤਾ ਹੈ।

ਇਹ ਚੋਣਾਂ ਕੁੱਲ 824 ਵਿਧਾਨ ਸਭਾ ਸੀਟਾਂ ਲਈ ਹੋਣਗੀਆਂ, ਜਿੱਥੇ ਲਗਭਗ 17.4 ਕਰੋੜ (174 ਮਿਲੀਅਨ) ਵੋਟਰ ਆਪਣੀ ਕਿਸਮਤ ਤੈਅ ਕਰਨਗੇ। ਵੋਟਾਂ ਦੀ ਗਿਣਤੀ 4 ਮਈ 2026 ਨੂੰ ਇੱਕੋ ਸਮੇਂ ਹੋਵੇਗੀ। ਇਹ ਮੈਗਾ ਈਵੈਂਟ ਭਾਰਤੀ ਰਾਜਨੀਤੀ ਲਈ ਇੱਕ ਵੱਡਾ ਟੈਸਟ ਹੈ, ਜਿੱਥੇ ਵੱਖ-ਵੱਖ ਰਾਜਨੀਤਿਕ ਸੱਭਿਆਚਾਰ, ਗਠਜੋੜ ਅਤੇ ਮੁੱਦੇ ਆਪਣੀ ਪ੍ਰਭਾਵਸ਼ੀਲਤਾ ਸਾਬਤ ਕਰਨਗੇ। ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਚੋਣਾਂ ਨੂੰ ਪੂਰੀ ਤਰ੍ਹਾਂ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਬਣਾਉਣ ਲਈ ਕੇਂਦਰੀ ਆਬਜ਼ਰਵਰ ਨਿਯੁਕਤ ਕੀਤੇ ਗਏ ਹਨ।

ਭਾਰਤੀ ਚੋਣ ਕਮਿਸ਼ਨ ਨੇ ਹਾਲ ਹੀ ਵਿੱਚ ਇਨ੍ਹਾਂ ਰਾਜਾਂ ਦਾ ਦੌਰਾ ਕੀਤਾ ਅਤੇ ਵੋਟਰ ਸੂਚੀਆਂ ਨੂੰ ਅੰਤਿਮ ਰੂਪ ਦਿੱਤਾ ਹੈ। ਇਸ ਐਲਾਨ ਨਾਲ ਸਾਰੀਆਂ ਰਾਜਨੀਤਿਕ ਪਾਰਟੀਆਂ ਨੇ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਚੋਣਾਂ ਦੀ ਵੇਰਵਾ ਸੂਚੀ ਅਤੇ ਪੜਾਅ ਚੋਣ ਕਮਿਸ਼ਨ ਨੇ ਚੋਣਾਂ ਨੂੰ ਵੱਖ-ਵੱਖ ਪੜਾਵਾਂ ਵਿੱਚ ਵੰਡਿਆ ਹੈ ਤਾਂ ਜੋ ਪ੍ਰਸ਼ਾਸਨਿਕ ਅਤੇ ਸੁਰੱਖਿਆ ਪੱਖ ਤੋਂ ਬਿਹਤਰ ਪ੍ਰਬੰਧ ਕੀਤੇ ਜਾ ਸਕਣ: 9 ਅਪ੍ਰੈਲ 2026: ਅਸਾਮ (126 ਸੀਟਾਂ), ਕੇਰਲ (140 ਸੀਟਾਂ), ਪੁਡੂਚੇਰੀ (30 ਸੀਟਾਂ) - ਇੱਕ ਪੜਾਅ ਵਿੱਚ।

23 ਅਪ੍ਰੈਲ 2026: ਤਾਮਿਲਨਾਡੂ (234 ਸੀਟਾਂ) -ਇੱਕ ਪੜਾਅ ਵਿੱਚ; ਪੱਛਮੀ ਬੰਗਾਲ ਦਾ ਪਹਿਲਾ ਪੜਾਅ (152 ਸੀਟਾਂ)।

29 ਅਪ੍ਰੈਲ 2026: ਪੱਛਮੀ ਬੰਗਾਲ ਦਾ ਦੂਜਾ ਪੜਾਅ (142 ਸੀਟਾਂ)।

ਗਿਣਤੀ: 4 ਮਈ 2026 - ਸਾਰੇ ਰਾਜਾਂ ਅਤੇ ਯੂ.ਟੀ. ਵਿੱਚ ਇੱਕੋ ਸਮੇਂ ਹੋਣਗੀਆਂ।

ਅੱਜ ਇਹ ਤਰੀਕਾਂ 2021 ਦੀਆਂ ਚੋਣਾਂ ਨਾਲੋਂ ਘੱਟ ਪੜਾਵਾਂ ਵਿੱਚ ਹਨ, ਜਿਸ ਨਾਲ ਪ੍ਰਸ਼ਾਸਨਿਕ ਬੋਝ ਘੱਟ ਹੋਵੇਗਾ। ਪੱਛਮੀ ਬੰਗਾਲ ਵਿੱਚ 2021 ਵਿੱਚ 8 ਪੜਾਅ ਸਨ, ਜਦਕਿ ਹੁਣ ਸਿਰਫ਼ 2 ਹਨ। ਪੱਛਮੀ ਬੰਗਾਲ: ਮਮਤਾ ਬੈਨਰਜੀ ਬਨਾਮ ਭਾਜਪਾ - ਤੀਜੀ ਵਾਰੀ ਦਾ ਟੈਸਟ 294 ਸੀਟਾਂ ਵਾਲੇ ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ (ਟੀਐੱਮਸੀ) ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿਚਕਾਰ ਨਜ਼ਦੀਕੀ ਮੁਕਾਬਲਾ ਹੋਣ ਦੀ ਉਮੀਦ ਹੈ। ਮਮਤਾ ਬੈਨਰਜੀ ਦੀ ਅਗਵਾਈ ਵਾਲੀ ਟੀਐੱਮਸੀ 2011 ਤੋਂ ਸੱਤਾ ਵਿੱਚ ਹੈ ਅਤੇ ਇਹ ਉਨ੍ਹਾਂ ਲਈ ਚੌਥੀ ਵਾਰ ਸਰਕਾਰ ਬਣਾਉਣ ਦਾ ਮੌਕਾ ਹੈ। 2021 ਵਿੱਚ ਟੀਐੱਮਸੀ ਨੇ 215 ਸੀਟਾਂ ਜਿੱਤੀਆਂ ਸਨ (ਵੋਟ ਸ਼ੇਅਰ 48%), ਜਦਕਿ ਭਾਜਪਾ ਨੂੰ 77 ਸੀਟਾਂ (38%) ਮਿਲੀਆਂ ਸਨ। ਹਾਲੀਆ ਸਰਵੇਖਣਾਂ ਅਨੁਸਾਰ, ਮਮਤਾ ਬੈਨਰਜੀ ਨੂੰ 42% ਵੋਟਰ ਮੁੱਖ ਮੰਤਰੀ ਵਜੋਂ ਚਾਹੁੰਦੇ ਹਨ, ਜਦਕਿ ਭਾਜਪਾ ਦੇ ਸੁਵੇਂਦੂ ਅਧਿਕਾਰੀ ਨੂੰ ਸਿਰਫ਼ 19% ਸਮਰਥਨ ਹੈ। ਬੇਰੁਜ਼ਗਾਰੀ (36% ਵੋਟਰਾਂ ਲਈ ਮੁੱਖ ਮੁੱਦਾ), ਅਸਾਮੀ ਵੋਟਰਾਂ ਦੀ ਵਾਪਸੀ ਅਤੇ ਮੁਸਲਿਮ ਵੋਟ ਬੈਂਕ (27-30%) ਟੀਐੱਮਸੀ ਦੇ ਹੱਕ ਵਿੱਚ ਹਨ।

ਅੱਜ ਇਸ ਮੁਕਾਮ 'ਤੇ ਭਾਜਪਾ ਨੇ ਦੱਖਣੀ ਬੰਗਾਲ, ਕੋਲਕਾਤਾ ਅਤੇ ਸਰਹੱਦੀ ਇਲਾਕਿਆਂ ਵਿੱਚ ਆਪਣੀ ਪਕੜ ਮਜ਼ਬੂਤ ਕਰਨ ਲਈ ਵੱਡੇ ਨੇਤਾਵਾਂ ਨੂੰ ਤਾਇਨਾਤ ਕੀਤਾ ਹੈ। ਅਸਾਮੀ ਅਤੇ ਹਿੰਦੂ ਵੋਟਰਾਂ 'ਤੇ ਧਿਆਨ ਕੇਂਦਰਿਤ ਕਰਕੇ ਭਾਜਪਾ ਨੇ ਵੋਟ ਸ਼ੇਅਰ ਵਧਾਇਆ ਹੈ ਪਰ ਮੁਸਲਿਮ ਬਹੁਮਤ ਵਾਲੇ ਇਲਾਕਿਆਂ ਵਿੱਚ ਅਜੇ ਵੀ ਪਛੜੀ ਹੋਈ ਹੈ। ਇਹ ਚੋਣਾਂ ਮਮਤਾ ਲਈ ਤੀਜੀ ਵਾਰੀ ਦਾ ਟੈਸਟ ਅਤੇ ਭਾਜਪਾ ਲਈ ਬੰਗਾਲ ਵਿੱਚ ਸੱਤਾ ਬਣਾਉਣ ਦਾ ਸੁਪਨਾ ਹੈ। ਅਸਾਮ: ਹਿਮੰਤਾ ਬਿਸਵਾ ਸ਼ਰਮਾ ਦੀ ਐਨਡੀਏ ਸਰਕਾਰ ਬਨਾਮ ਕਾਂਗਰਸ 126 ਸੀਟਾਂ ਵਾਲੇ ਅਸਾਮ ਵਿੱਚ ਐਨਡੀਏ (ਭਾਜਪਾ ਅਗਵਾਈ) ਅਤੇ ਕਾਂਗਰਸ ਵਿਚਕਾਰ ਸਿੱਧਾ ਮੁਕਾਬਲਾ ਹੈ। ਹਿਮੰਤਾ ਬਿਸਵਾ ਸ਼ਰਮਾ ਦੀ ਅਗਵਾਈ ਵਿੱਚ ਭਾਜਪਾ ਨੇ 2021 ਵਿੱਚ 60 ਸੀਟਾਂ ਜਿੱਤੀਆਂ ਸਨ ਅਤੇ ਗਠਜੋੜ ਨਾਲ ਬਹੁਮਤ ਹਾਸਲ ਕੀਤਾ ਸੀ।

ਅੱਜ ਅਸਾਮ ਵਿੱਚ ਐਨਆਰਸੀ, ਸੀਏਏ ਅਤੇ ਅਸਾਮੀ ਪਛਾਣ ਵਰਗੇ ਮੁੱਦੇ ਅਜੇ ਵੀ ਗਰਮ ਹਨ। ਭਾਜਪਾ ਨੇ ਵਿਕਾਸ ਅਤੇ ਸੁਰੱਖਿਆ 'ਤੇ ਜ਼ੋਰ ਦਿੱਤਾ ਹੈ। ਕਾਂਗਰਸ ਅਤੇ ਏਆਈਯੂਡੀਐੱਫ ਵਰਗੇ ਗਠਜੋੜ ਨੇ ਵਿਰੋਧੀ ਵੋਟ ਨੂੰ ਇਕੱਠਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਭਾਜਪਾ ਨੂੰ ਬ੍ਰਹਮਪੁੱਤਰ ਘਾਟੀ ਅਤੇ ਬੰਗਾਲੀ ਹਿੰਦੂ ਵੋਟਰਾਂ ਵਿੱਚ ਮਜ਼ਬੂਤੀ ਹੈ, ਜਦਕਿ ਮੁਸਲਿਮ ਵੋਟਰ (34%) ਵਿਰੋਧੀ ਧਿਰ ਵੱਲ ਝੁਕਦੇ ਹਨ। ਇਹ ਚੋਣਾਂ ਹਿਮੰਤਾ ਦੀ ਲੀਡਰਸ਼ਿਪ ਦਾ ਟੈਸਟ ਹਨ। ਕੇਰਲ ਵਿੱਚ ਐਲਡੀਐੱਫ ਬਨਾਮ ਯੂਡੀਐੱਫ-ਤੀਜੀ ਵਾਰੀ ਦੀ ਕੋਸ਼ਿਸ਼140 ਸੀਟਾਂ ਵਾਲੇ ਕੇਰਲ ਵਿੱਚ ਖੱਬੇ ਪੱਖੀ ਡੈਮੋਕ੍ਰੇਟਿਕ ਫਰੰਟ (ਐਲਡੀਐੱਫ) ਅਤੇ ਯੂਨਾਈਟਿਡ ਡੈਮੋਕ੍ਰੇਟਿਕ ਫਰੰਟ (ਯੂਡੀਐੱਫ) ਵਿਚਕਾਰ ਰਵਾਇਤੀ ਲੜਾਈ ਹੈ। ਪਿਨਰਾਈ ਵਿਜਯਨ ਦੀ ਅਗਵਾਈ ਵਾਲੀ ਐਲਡੀਐੱਫ 2021 ਵਿੱਚ ਦੂਜੀ ਵਾਰ ਜਿੱਤੀ ਸੀ (ਵੋਟ ਸ਼ੇਅਰ 45%)। ਹਾਲੀਆ ਸਰਵੇਖਣਾਂ ਅਨੁਸਾਰ, ਐਲਡੀਐੱਫ ਨੂੰ 66 ਸੀਟਾਂ ਅਤੇ ਯੂਡੀਐੱਫ ਨੂੰ 62 ਸੀਟਾਂ ਮਿਲਣ ਦੀ ਸੰਭਾਵਨਾ ਹੈ, ਜੋ ਬਹੁਤ ਨੇੜੇ ਦਾ ਮੁਕਾਬਲਾ ਦਰਸਾਉਂਦੀ ਹੈ।

ਇਥੇ ਭਾਜਪਾ ਨੂੰ 1-10 ਸੀਟਾਂ ਮਿਲਣ ਦੀ ਉਮੀਦ ਹੈ, ਜੋ ਉਸ ਲਈ ਤੀਜੀ ਤਾਕਤ ਬਣਨ ਦਾ ਮੌਕਾ ਹੈ। ਰੁਜ਼ਗਾਰ, ਵਿਕਾਸ ਅਤੇ ਵੈਲਫੇਅਰ ਮੁੱਦੇ ਮੁੱਖ ਹਨ। ਐਲਡੀਐੱਫ ਨੇ ਕੋਵਿਡ ਪ੍ਰਬੰਧਨ ਅਤੇ ਸੋਸ਼ਲ ਵੈਲਫੇਅਰ ਨਾਲ ਵੋਟਰਾਂ ਨੂੰ ਪ੍ਰਭਾਵਿਤ ਕੀਤਾ ਹੈ, ਜਦਕਿ ਯੂਡੀਐੱਫ ਨੇ ਲੋਕ ਸਭਾ ਚੋਣਾਂ ਵਿੱਚ ਬਿਹਤਰ ਪ੍ਰਦਰਸ਼ਨ ਕੀਤਾ ਹੈ। ਭਾਜਪਾ ਥ੍ਰਿਸੂਰ, ਨੇਮੋਮ ਅਤੇ ਪਾਲੱਕਾਡ ਵਰਗੇ ਇਲਾਕਿਆਂ ਵਿੱਚ ਬ੍ਰੇਕਥਰੂ ਲੱਭ ਰਹੀ ਹੈ।

ਵੱਡਾ ਰਾਜ ਤਾਮਿਲਨਾਡੂ ਹੈ ਅਤੇ ਐੱਮ.ਕੇ. ਸਟਾਲਿਨ ਦੀ ਡੀਐੱਮਕੇ ਬਨਾਮ ਏਆਈਏਡੀਐੱਮਕੇ ਅਤੇ ਭਾਜਪਾ 234 ਸੀਟਾਂ ਵਾਲੇ ਤਾਮਿਲਨਾਡੂ ਵਿੱਚ ਡੀਐੱਮਕੇ ਅਗਵਾਈ ਵਾਲੀ ਐੱਸਪੀਏ 2021 ਵਿੱਚ 159 ਸੀਟਾਂ ਜਿੱਤ ਕੇ ਸੱਤਾ ਵਿੱਚ ਆਈ ਸੀ। ਐੱਮ.ਕੇ. ਸਟਾਲਿਨ ਨੇ ਵੈਲਫੇਅਰ ਸਕੀਮਾਂ ਨਾਲ ਵੋਟਰਾਂ ਨੂੰ ਜੋੜਿਆ ਹੈ। ਏਆਈਏਡੀਐੱਮਕੇ ਅੰਦਰੂਨੀ ਵਿਵਾਦਾਂ ਨਾਲ ਜੂਝ ਰਹੀ ਹੈ ਅਤੇ ਭਾਜਪਾ ਨਾਲ ਗਠਜੋੜ ਦੀ ਸੰਭਾਵਨਾ ਹੈ। ਡੀਐੱਮਕੇ ਨੂੰ ਤਾਮਿਲ ਪਛਾਣ ਅਤੇ ਵਿਕਾਸ 'ਤੇ ਜ਼ੋਰ ਦੇਣ ਨਾਲ ਫਾਇਦਾ ਹੋ ਸਕਦਾ ਹੈ।

ਅਸਲ ਵਿੱਚ ਭਾਜਪਾ ਨੂੰ ਇੱਥੇ ਵੱਡੀ ਪਕੜ ਨਹੀਂ ਹੈ ਪਰ ਗਠਜੋੜ ਨਾਲ ਚੁਣੌਤੀ ਪੇਸ਼ ਕਰ ਸਕਦੀ ਹੈ। ਪੁਡੂਚੇਰੀ ਛੋਟਾ ਪਰ ਮਹੱਤਵਪੂਰਨ ਮੁਕਾਬਲਾ 30 ਸੀਟਾਂ ਵਾਲੇ ਪੁਡੂਚੇਰੀ ਵਿੱਚ ਐਨਆਰ ਕਾਂਗਰਸ ਅਤੇ ਕਾਂਗਰਸ ਵਿਚਕਾਰ ਮੁਕਾਬਲਾ ਹੈ। 2021 ਵਿੱਚ ਐਨਆਰ ਕਾਂਗਰਸ ਨੇ ਬਹੁਮਤ ਹਾਸਲ ਕੀਤਾ ਸੀ। ਇਹ ਯੂ.ਟੀ. ਕੇਂਦਰੀ ਰਾਜਨੀਤੀ ਲਈ ਵੀ ਮਹੱਤਵਪੂਰਨ ਹੈ। ਉਪ-ਚੋਣਾਂ ਅਤੇ ਵੱਡਾ ਪ੍ਰਭਾਵ ਗੋਆ, ਕਰਨਾਟਕ, ਨਾਗਾਲੈਂਡ, ਤ੍ਰਿਪੁਰਾ ਵਿੱਚ 9 ਅਪ੍ਰੈਲ ਨੂੰ ਅਤੇ ਗੁਜਰਾਤ ਵਿੱਚ 23 ਅਪ੍ਰੈਲ ਨੂੰ ਉਪ-ਚੋਣਾਂ ਹੋਣਗੀਆਂ। ਇਹ ਰਾਜਨੀਤਿਕ ਮਾਹੌਲ ਨੂੰ ਪ੍ਰਭਾਵਿਤ ਕਰਨਗੀਆਂ।

ਭਾਰਤੀ ਲੋਕਤੰਤਰ ਦੀ ਜਿੱਤ :ਇਹ ਚੋਣਾਂ ਭਾਰਤੀ ਲੋਕਤੰਤਰ ਦੀ ਤਾਕਤ ਅਤੇ ਵਿਭਿੰਨਤਾ ਨੂੰ ਦਰਸਾਉਂਦੀਆਂ ਹਨ। ਵੱਖ-ਵੱਖ ਰਾਜਾਂ ਵਿੱਚ ਵੱਖਰੇ ਮੁੱਦੇ ਅਤੇ ਨੇਤਾ ਆਪਣੀ ਪ੍ਰਭਾਵਸ਼ੀਲਤਾ ਸਾਬਤ ਕਰਨਗੇ। ਚੋਣ ਕਮਿਸ਼ਨ ਦੀ ਨਿਰਪੱਖਤਾ ਅਤੇ ਵੋਟਰਾਂ ਦੀ ਭਾਗੀਦਾਰੀ ਨਾਲ ਇਹ ਚੋਣਾਂ ਸਫਲ ਹੋਣਗੀਆਂ।

ਸੱਚ ਤਾਂ ਇਹ ਹੈ ਕਿ ਅਸਲ ਵਿੱਚ, ਜਨਤਾ ਦਾ ਫੈਸਲਾ ਅੰਤਿਮ ਹੋਵੇਗਾ - ਇਹੀ ਭਾਰਤੀ ਲੋਕਤੰਤਰ ਦੀ ਸੁੰਦਰਤਾ ਹੈ।

# ਸਰਕਾਰਾਂ ਨੇ ਲੋਕਾਂ ਦੀ ਸਿਹਤ ਰੱਬ ਭਰੋਸੇ ਛੱਡੀ

ਕਮਲਜੀਤ ਸਿੰਘ ਬਨਵੈਤ
98147 34035



- ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀਆਂ 56 ਫ਼ੀਸਦੀ ਆਸਾਮੀਆਂ ਖ਼ਾਲੀ, ਪ੍ਰਾਈਵੇਟ ਡਾਕਟਰ ਡਿਊਟੀ 'ਤੇ ਲਾਏ
- ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਪੂਰੀ ਕਰਨਗੇ ਹੁਣ ਪ੍ਰਾਈਵੇਟ ਮਾਹਰ ਡਾਕਟਰ
- ਸਰਕਾਰ ਨੇ ਪ੍ਰਾਈਵੇਟ ਡਾਕਟਰਾਂ ਦੀ ਮਰੀਜ਼ ਦੇਖਣ ਤੋਂ ਲੈ ਕੇ ਛੋਟੇ ਅਤੇ ਵੱਡੇ ਆਪ੍ਰੇਸ਼ਨਾਂ ਦੀ ਫ਼ੀਸ ਕੀਤੀ ਨਿਰਧਾਰਤ

ਮਨੁੱਖ ਮੁੱਢ ਕਦੀਮ ਤੋਂ ਹੀ ਆਪਣੀ ਸਿਹਤ ਪ੍ਰਤੀ ਸੁਚੇਤ ਰਿਹਾ ਹੈ। ਅੱਜ ਮਨੁੱਖ ਆਪਣੀ ਸਿਹਤ ਨੂੰ ਲੈ ਕੇ ਪਹਿਲਾਂ ਨਾਲੋਂ ਵਧੇਰੇ ਜਾਗਰੂਕ ਹੋਇਆ ਹੈ। ਤੰਦਰੁਸਤੀ ਲਈ ਫਿਕਰਮੰਦੀ ਵੀ ਵਧੀ ਹੈ। ਸਰਕਾਰਾਂ ਸਿਹਤ ਅਤੇ ਸਿੱਖਿਆ ਨੂੰ ਪਹਿਲ ਦੇਣ ਦੇ ਦਾਅਵੇ ਤਾਂ ਕਰ ਰਹੀਆਂ ਹਨ ਪਰ ਸਥਿਤੀ ਇਹਨਾਂ ਨਾਅਰਿਆਂ ਦੇ ਤੁੱਲ ਨਹੀਂ ਹੈ। ਪੰਜਾਬ ਦਾ ਸਿਹਤ ਢਾਂਚਾ ਡਗਮਗਾ ਕੇ ਰਹਿ ਗਿਆ ਹੈ। ਇਹ ਦਹਾਕਿਆਂ ਤੋਂ ਡੋਲਦਾ ਆ ਰਿਹਾ ਸੀ। ਸਰਕਾਰੀ ਹਸਪਤਾਲਾਂ ਵਿੱਚ 56 ਫ਼ੀਸਦੀ ਡਾਕਟਰਾਂ ਦੀ ਘਾਟ ਹੈ। ਜਿਸ ਦੇ ਚਲਦਿਆਂ ਪੰਜਾਬ ਸਰਕਾਰ ਨੇ ਪ੍ਰਾਈਵੇਟ ਡਾਕਟਰਾਂ ਦੀਆਂ ਸੇਵਾਵਾਂ ਸਰਕਾਰੀ ਹਸਪਤਾਲਾਂ ਵਿੱਚ ਲੈਣ ਦੀ ਯੋਜਨਾ ਤਿਆਰ ਕੀਤੀ ਹੈ। ਹੋਰ ਵੀ ਦੁਖਾਂਤਕ ਪੱਖ ਇਹ ਪ੍ਰਾਈਵੇਟ ਡਾਕਟਰਾਂ ਨੇ ਯੋਜਨਾ ਨੂੰ ਜ਼ਿਆਦਾ ਹੁੰਗਾਰਾ ਨਹੀਂ ਭਰਿਆ ਹੈ। ਸੂਬੇ ਦੇ 23 ਜ਼ਿਲ੍ਹਾ ਹਸਪਤਾਲਾਂ ਲਈ ਕੇਵਲ 50 ਅਤੇ ਸਬ ਡਵੀਜ਼ਨਲ ਹਸਪਤਾਲਾਂ 54 ਪ੍ਰਾਈਵੇਟ ਡਾਕਟਰਾਂ ਨੇ ਹੁੰਗਾਰਾ ਭਰਿਆ ਹੈ। ਸਰਕਾਰ ਵੱਲੋਂ ਇਹਨਾਂ ਡਾਕਟਰਾਂ ਦੀ ਫੀਸ ਨਿਰਧਾਰਿਤ ਕੀਤੀ ਗਈ ਹੈ, ਜਿਸ ਮੁਤਾਬਕ ਪ੍ਰਾਈਵੇਟ ਡਾਕਟਰ ਨੂੰ ਸਰਕਾਰੀ ਹਸਪਤਾਲ ਵਿੱਚ ਇੱਕ ਮਰੀਜ਼ ਦੇਖਣ ਲਈ 100 ਰੁਪਏ ਮਿਲਣੇ ਹਨ। ਵੱਡੇ ਅਪਰੇਸ਼ਨ ਅਤੇ ਸਾਇਜੇਰੀਅਨ ਲਈ 3500 ਅਤੇ ਛੋਟੇ ਆਪਰੇਸ਼ਨ ਲਈ 500 ਰੁਪਏ ਮਿਲਣੇ ਹਨ। ਐਮਰਜੰਸੀ ਵਿੱਚ ਡਾਕਟਰ ਨੂੰ ਬੁਲਾਉਣ ਦੀ ਸੂਰਤ ਵਿੱਚ ਉਸ ਨੂੰ 1500 ਫ਼ੀਸ ਦਿੱਤੀ ਜਾਣੀ ਸੀ ਜਦ ਕਿ ਬੇਹੋਸ਼ ਕਰਨ ਵਾਲੇ ਡਾਕਟਰ ਨੂੰ ਇੱਕ ਆਪਰੇਸ਼ਨ ਪਿੱਛੇ 2000 ਦਿੱਤੇ ਜਾਣੇ ਹਨ।

ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਇਸ ਵੇਲੇ ਵੱਡੀ ਘਾਟ ਹੈ। ਮਾਹਰ ਡਾਕਟਰਾਂ ਦੀਆਂ 2098 ਮਨਜ਼ੂਰਸ਼ੁਦਾ ਅਸਾਮੀਆਂ ਵਿੱਚੋਂ 1150 ਤੋਂ ਵੱਧ ਖ਼ਾਲੀ ਚਲੀਆਂ ਆ ਰਹੀਆਂ ਹਨ। ਪੰਜਾਬ ਦੇ ਜ਼ਿਲ੍ਹਾ ਹਸਪਤਾਲਾਂ ਲਈ 132 ਪ੍ਰਾਈਵੇਟ ਡਾਕਟਰਾਂ ਨੇ ਹਾਮੀ ਭਰੀ ਸੀ ਪਰ ਇਹਨਾਂ ਵਿੱਚੋਂ ਹਾਲੇ 50 ਨੇ ਹੀ ਜੁਆਇੰਨ ਕੀਤਾ ਹੈ। ਔਰਤ ਰੋਗਾਂ ਦੇ 35 ਡਾਕਟਰਾਂ ਦੀ ਲੋੜ ਹੈ ਸਿਰਫ਼ 14 ਨੇ ਹੀ ਸਹਿਮਤੀ ਦਿੱਤੀ ਹੈ। ਬੇਹੋਸ਼ ਕਰਨ ਵਾਲੇ ਡਾਕਟਰਾਂ ਦੀਆਂ 26 ਅਸਾਮੀਆਂ ਦੇ ਵਿਰੁੱਧ ਸਿਰਫ਼ ਤਿੰਨ ਡਾਕਟਰ ਹਾਜ਼ਰ ਹੋਏ ਹਨ। ਬੱਚਿਆਂ ਦੇ 14 ਡਾਕਟਰਾਂ ਦੀ ਲੋੜ ਸੀ ਜਦੋਂ ਕਿ ਕੇਵਲ ਪੰਜ ਨੇ ਹੀ ਹਾਮੀ ਭਰੀ। ਜਨਰਲ ਮੈਡੀਸਨ ਦੇ 11 ਪ੍ਰਾਈਵੇਟ ਡਾਕਟਰ ਹਾਮੀ ਭਰ ਕੇ ਵੀ ਮੁੱਕਰ ਗਏ ਹਨ। ਜਨਰਲ ਸਰਜਨ ਅੱਠ ਦੀ ਥਾਂ ਚਾਰ ਰਜ਼ਾਮੰਦ ਹੋਏ ਹਨ। ਸਬ ਡਵੀਜ਼ਨਲ ਹਸਪਤਾਲ ਦੀ ਗੱਲ ਕਰੀਏ ਤਾਂ ਮਨੋ ਰੋਗ ਦੇ 27 ਪ੍ਰਾਈਵੇਟ ਡਾਕਟਰਾਂ ਨੇ ਹਾਮੀ ਭਰੀ ਪਰ ਕੇਵਲ 14 ਹੀ ਡਿਊਟੀ 'ਤੇ ਆਏ। ਬੱਚਾ ਰੋਗ ਦੇ 20 ਡਾਕਟਰਾਂ ਦੀ ਲੋੜ ਹੈ ਪਰ ਕੇਵਲ ਛੇ ਹੀ ਰਜ਼ਾਮੰਦ ਹੋਏ। ਸਬ ਡਵੀਜ਼ਨਲ ਹਸਪਤਾਲਾਂ ਵਿੱਚ ਬੇਹੋਸ਼ੀ ਵਾਲਾ ਕੋਈ ਵੀ ਡਾਕਟਰ ਕੰਮ ਕਰਨ ਲਈ ਨਾ ਮੰਨਿਆ ਜਦੋਂ ਕਿ ਸਾਰੇ ਹਸਪਤਾਲਾਂ ਵਿੱਚ ਇੱਕ ਵੀ ਡਾਕਟਰ ਨਹੀਂ ਹੈ। ਛਾਤੀ ਅਤੇ ਟੀਬੀ ਦੇ 11 ਡਾਕਟਰਾਂ ਦੀ ਲੋੜ ਸੀ ਜਦਕਿ ਦੋ ਨੇ ਹੀ ਵਿਜ਼ਿਟ ਕਰਨ ਲਈ ਹਾਮੀ ਭਰੀ ਹੈ।

ਮੁਕਤਸਰ ਦੇ ਸਿਵਲ ਹਸਪਤਾਲ ਵਿੱਚ 12 ਡਾਕਟਰਾਂ ਦੀ ਘਾਟ ਹੈ। ਨਵਾਂ ਸ਼ਹਿਰ ਦੇ ਜ਼ਿਲ੍ਹਾ ਹਸਪਤਾਲ ਵਿੱਚ 11 ਡਾਕਟਰ ਚਾਹੀਦੇ ਹਨ ਤੇ ਮਾਨਸਾ ਵਿੱਚ 12, ਮਲੇਰਕੋਟਲਾ ਵਿੱਚ ਛੇ ਹੋਰ ਡਾਕਟਰ ਚਾਹੀਦੇ ਹਨ।

ਸਰਕਾਰੀ ਹਸਪਤਾਲਾਂ ਵਿੱਚ ਪ੍ਰਾਈਵੇਟ ਡਾਕਟਰਾਂ ਨੂੰ ਘੱਟੋ ਘੱਟ ਪ੍ਰਤੀ ਦਿਨ 50 ਮਰੀਜ਼ਾਂ ਦੇ ਪੈਸੇ ਦਿੱਤੇ ਜਾਇਆ ਕਰਨਗੇ। ਵੱਧ ਤੋਂ ਵੱਧ ਮਰੀਜ਼ਾਂ ਦੀ ਗਿਣਤੀ 150 ਮਿਥੀ ਗਈ ਹੈ।

ਹੁਣ ਸਵਾਲ ਇਹ ਖੜ੍ਹਾ ਹੁੰਦਾ ਹੈ ਕਿ ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਮਾਹਰ ਡਾਕਟਰ ਕੰਮ ਕਰਨ ਲਈ ਤਿਆਰ ਕਿਉਂ ਨਹੀਂ ਹੋ ਰਹੇ ਹਨ। ਪੰਜਾਬ ਮੁਲਕ ਦਾ ਉਹ ਸੂਬਾ ਹੈ, ਜਿੱਥੋਂ ਦੇ ਮਾਹਿਰ ਡਾਕਟਰਾਂ ਨੂੰ ਦੂਜੇ ਰਾਜਾਂ ਦੇ ਮੁਕਾਬਲੇ ਸਭ ਤੋਂ ਘੱਟ ਤਨਖ਼ਾਹ ਦਿੱਤੀ ਜਾ ਰਹੀ ਹੈ। ਪੰਜਾਬ ਸਿਹਤ ਵਿਭਾਗ ਵਿੱਚ ਮਾਹਿਰ ਡਾਕਟਰਾਂ ਲਈ ਵੱਖਰਾ ਕੇਡਰ ਤਾਂ ਬਣਾ ਦਿੱਤਾ ਗਿਆ ਹੈ ਪਰ ਉਹਨਾਂ ਨੂੰ ਜ਼ਿਆਦਾ ਪੇ ਸਕੇਲ ਨਹੀਂ ਦਿੱਤਾ ਜਾ ਰਿਹਾ। ਪੰਜਾਬ ਸਰਕਾਰ ਐਮਬੀਬੀਐਸ ਅਤੇ ਐਮ ਡੀ ਡਾਕਟਰਾਂ ਨੂੰ ਇੱਕੋ ਪੇ ਸਕੇਲ ਦੇ ਰਹੀ ਹੈ। ਫਰਕ ਸਿਰਫ ਏਨਾ ਹੈ ਕਿ ਮਾਹਿਰ ਡਾਕਟਰਾਂ ਨੂੰ ਸ਼ੁਰੂ ਵਿੱਚ ਹੀ ਐਮਬੀਬੀਐਸ ਨਾਲੋਂ ਪੰਜ ਵੱਧ ਤਰੱਕੀਆਂ ਦਿੱਤੀਆਂ ਜਾਂਦੀਆਂ ਹਨ। ਪੰਜਾਬ ਸਰਕਾਰ ਵੱਲੋਂ ਮਾਹਰ ਡਾਕਟਰਾਂ ਦੀ ਭਰਤੀ ਕਰਨ ਲਈ ਹਰ ਮਹੀਨੇ ਦੇ ਦੂਜੇ ਐਤਵਾਰ ਨੂੰ ਵਾਕ ਇੰਨ ਰੱਖੀ ਜਾਂਦੀ ਹੈ। ਮਾਹਰ ਡਾਕਟਰ ਇੰਟਰਵਿਊ ਦੇਣ ਤਾਂ ਆਉਂਦੇ ਹਨ ਪਰ ਜ਼ਿਆਦਾਤਰ ਡਿਊਟੀ 'ਤੇ ਹਾਜ਼ਰ ਹੋਣ ਤੋਂ ਮੁੱਕਰ ਜਾਂਦੇ ਹਨ। ਸਰਕਾਰ ਵੱਲੋਂ ਮਾਹਰ ਡਾਕਟਰਾਂ ਦੀ ਸ਼ੁਰੂਆਤੀ ਤਨਖ਼ਾਹ 80,000 ਰੁਪਏ ਪ੍ਰਤੀ ਮਹੀਨਾ ਮਿੱਥੀ ਗਈ ਹੈ। ਇਸ ਦੇ ਉਲਟ ਪ੍ਰਾਈਵੇਟ ਹਸਪਤਾਲ ਕਰੋੜ ਤੱਕ ਦਾ ਪੈਕੇਜ ਦੇਣ ਲੱਗੇ ਹਨ। ਸਰਕਾਰ ਨੇ ਮਨੋਰੋਗ ਦੇ ਡਾਕਟਰਾਂ ਦੀ ਘਾਟ ਨੂੰ ਦੇਖਦਿਆਂ ਦਿੱਲੀ ਦੇ ਕਪੂਰਥਲਾ ਹਾਊਸ ਵਿੱਚ ਇੰਟਰਵਿਊ ਰੱਖ ਕੇ ਦੂਜੇ ਰਾਜਾਂ ਤੋਂ ਮਾਹਿਰਾਂ ਨੂੰ ਭਰਤੀ ਕਰਨ ਦੀ ਕੋਸ਼ਿਸ਼ ਕੀਤੀ ਪਰ 15 ਡਾਕਟਰ ਹਾਮੀ ਭਰ ਕੇ ਡਿਊਟੀ 'ਤੇ ਹਾਜ਼ਰ ਹੋਣ ਲਈ ਨਾ ਆਏ।

ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬ ਦੇ ਹਸਪਤਾਲਾਂ ਹਾਰਟ ਸਰਜਨ, ਗੁਰਦਾ ਰੋਗ, ਨਿਊਰੋ ਸਰਜਨ ਤੇ ਪਡੈਟਰਿਕ ਸਰਜਨ ਦੀਆਂ ਅਸਾਮੀਆਂ ਦੀ ਸਿਰਜਣਾ ਹੀ ਨਹੀਂ ਕੀਤੀ ਗਈ ਹੈ। ਸਰਕਾਰੀ ਹਸਪਤਾਲਾਂ ਵਿੱਚ ਕੈਂਸਰ ਦੇ ਮਾਹਰ ਡਾਕਟਰ ਵੀ ਨਹੀਂ ਹਨ। ਗੰਭੀਰ ਬਿਮਾਰੀਆਂ ਦੇ ਮਰੀਜ਼ਾਂ ਨੂੰ ਗੌਰਮਿੰਟ ਮੈਡੀਕਲ ਕਾਲਜਾਂ ਤੇ ਹਸਪਤਾਲਾਂ ਵਿੱਚ ਭੇਜਿਆ ਜਾ ਰਿਹਾ ਹੈ। ਪੰਜਾਬ ਵਿੱਚ ਸਰਕਾਰੀ ਮੈਡੀਕਲ ਕਾਲਜਾਂ ਦੀ ਗਿਣਤੀ ਪ੍ਰਾਈਵੇਟ ਮੈਡੀਕਲ ਕਾਲਜਾਂ ਨਾਲੋਂ ਚੌਥਾ ਹਿੱਸਾ ਹੈ। ਆਮ ਲੋਕ ਪ੍ਰਾਈਵੇਟ ਮੈਡੀਕਲ ਕਾਲਜਾਂ ਅਤੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਲਈ ਜਾਣ ਦੀ ਸਮਰੱਥਾ ਨਹੀਂ ਰੱਖਦੇ ਹਨ।

ਹੁਣ ਜਦੋਂ ਪੰਜਾਬ ਸਰਕਾਰ ਨੇ 10 ਲੱਖ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਹੈ ਤਾਂ ਲੱਗਦਾ ਹੈ ਕਿ ਡਾਕਟਰਾਂ ਦੀ ਗ਼ੈਰ ਹਾਜ਼ਰੀ ਵਿੱਚ ਲੋਕ ਸਰਕਾਰੀ ਹਸਪਤਾਲਾਂ ਕੋਲੋਂ ਪਾਸਾ ਵੱਟ ਕੇ ਲੰਘਣਗੇ। ਸਰਕਾਰ ਨੇ ਮੁਫ਼ਤ ਬੀਮਾ ਯੋਜਨਾ ਵਿੱਚ ਸੂਬੇ ਦੇ ਵੱਡੀ ਗਿਣਤੀ ਪ੍ਰਾਈਵੇਟ ਹਸਪਤਾਲਾਂ ਨੂੰ ਵੀ ਸ਼ਾਮਲ ਕੀਤਾ ਹੈ। ਅਸਲ ਵਿੱਚ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ ਅਕਾਲੀਆਂ ਤੇ ਕਾਂਗਰਸੀਆਂ ਦੇ ਰਾਜ ਤੋਂ ਚੱਲੀ ਆ ਰਹੀ ਹੈ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਹ ਢਾਂਚੇ ਵਿੱਚ ਸੁਧਾਰਨ ਲਈ ਯਤਨ ਪਹਿਲੀਆਂ ਸਰਕਾਰਾਂ ਤੋਂ ਵੱਧ ਕੀਤੇ ਹਨ ਪਰ ਮਰੀਜ਼ ਦੀ ਹਾਲਤ ਕਾਫੀ ਗੰਭੀਰ ਸੀ। ਕੇਂਦਰ ਦੀ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੂੰ ਪਹਿਲੀ ਵਾਰ ਲੋਕ ਸਭਾ ਚੋਣਾਂ ਜਿੱਤਣ ਤੋਂ ਬਾਅਦ ਮੁਲਕ ਭਰ ਵਿੱਚ ਜ਼ਿਲ੍ਹਾ ਪੱਧਰ ਉੱਤੇ ਮੈਡੀਕਲ ਕਾਲਜ ਖੋਲ੍ਹਣ ਦਾ ਐਲਾਨ ਕੀਤਾ ਸੀ ਪਰ ਐਲਾਨ ਲਾਰਾ ਬਣ ਕੇ ਰਹਿ ਗਿਆ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੀ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ ਦਾ ਐਲਾਨ ਤਾਂ ਕੀਤਾ ਗਿਆ ਸੀ ਪਰ ਕਈ ਤਰ੍ਹਾਂ ਦੀਆਂ ਰੁਕਾਵਟਾਂ ਰਾਹ ਵਿੱਚ ਖੜ੍ਹੀਆਂ ਰਹੀਆਂ, ਜਿਸ ਕਰਕੇ ਬੂਰ ਨਾ ਪੈ ਸਕਿਆ। ਪੰਜਾਬ ਸਰਕਾਰ ਵੱਲੋਂ ਇਸ ਵਾਰ ਸਿਹਤ ਦੇ ਖੇਤਰ ਵਿੱਚ ਪਹਿਲਾਂ ਨਾਲੋਂ ਵੱਧ ਬਜਟ ਰੱਖਿਆ ਗਿਆ ਹੈ।

ਸਿਹਤ ਮੰਤਰੀ ਬਲਬੀਰ ਸਿੰਘ ਕਹਿੰਦੇ ਹਨ ਕਿ ਹਸਪਤਾਲਾਂ ਵਿੱਚ ਪ੍ਰਾਈਵੇਟ ਡਾਕਟਰ ਕਾਫ਼ੀ ਹੱਦ ਤੱਕ ਘਾਟ ਪੂਰੀ ਕਰਨ ਲਈ ਵਿੱਚ ਸਹਾਈ ਹੋਣਗੇ। ਉਹਨਾਂ ਨੇ ਦਾਅਵਾ ਕੀਤਾ ਕਿ ਸਰਕਾਰ ਦੀ ਸਕੀਮ ਨੂੰ ਵੱਡੀ ਗਿਣਤੀ ਪ੍ਰਾਈਵੇਟ ਡਾਕਟਰਾਂ ਨੇ ਹੁੰਗਾਰਾ ਭਰਿਆ ਹੈ। ਇੱਥੇ ਇਹ ਦੱਸਣਾ ਵੀ ਜ਼ਰੂਰੀ ਹੋਵੇਗਾ ਕਿ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵੇਲੇ ਸਿਹਤ ਮੰਤਰੀ ਬ੍ਰਹਮ ਮਹਿੰਦਰਾ ਨੇ ਵੀ ਸਰਕਾਰੀ ਹਸਪਤਾਲ ਵਿੱਚ ਪ੍ਰਾਈਵੇਟ ਡਾਕਟਰ ਲਿਆ ਵਾੜੇ ਸਨ। ਪਰ ਇਹ ਸਕੀਮ ਸ਼ੁਰੂ ਹੁੰਦਿਆਂ ਹੀ ਦਮ ਤੋੜ ਗਈ ਸੀ। ਪੰਜਾਬ ਦੀ ਮੌਜੂਦਾ ਸਰਕਾਰ ਨੇ ਵੀ ਪ੍ਰਾਈਵੇਟ ਡਾਕਟਰਾਂ ਦੇ ਸਰਕਾਰੀ ਹਸਪਤਾਲਾਂ ਵਿੱਚ ਕੰਮ ਕਰਨ ਤੋਂ ਨਿਕਲਣ ਵਾਲੇ ਨਾ ਪੱਖੀ ਨਤੀਜਾ ਬਾਰੇ ਸ਼ਾਇਦ ਸੋਚਿਆ ਨਹੀਂ ਲੱਗਦਾ ਹੈ। ਸਰਕਾਰੀ ਡਾਕਟਰਾਂ ਉੱਤੇ ਪਹਿਲਾਂ ਹੀ ਕਮਿਸ਼ਨ ਉੱਤੇ ਮਰੀਜ਼ਾਂ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਭੇਜਣ ਦੇ ਇਲਜ਼ਾਮ ਲੱਗਦੇ ਰਹੇ ਹਨ। ਕੁੱਲ ਮਿਲਾ ਕੇ ਇੰਝ ਲੱਗਦਾ ਹੈ ਜਿਵੇਂ ਸਰਕਾਰਾਂ ਲੋਕਾਂ ਦੀ ਸਿਹਤ ਨੂੰ ਰੱਬ ਭਰੋਸੇ ਛੱਡਦੀਆਂ ਆ ਰਹੀਆਂ ਹੋਣ।

# ਅਸ਼ਲੀਲ ਸਮੱਗਰੀ, ਸੋਸ਼ਲ ਮੀਡੀਆ ਅਤੇ ਸੱਭਿਆਚਾਰ: ਇਸਦੀ ਜ਼ਿੰਮੇਵਾਰੀ ਕਿਸਦੀ ਹੈ?



ਡਾ. ਪ੍ਰਿਅੰਕਾ ਸੌਰਭ
7015375570

ਡਿਜੀਟਲ ਯੁੱਗ ਨੇ ਸਾਡੇ ਸਮਾਜ ਦੀ ਬਣਤਰ, ਸਾਡੇ ਸੋਚਣ ਦੇ ਤਰੀਕਿਆਂ ਅਤੇ ਆਪਣੇ ਆਪ ਨੂੰ ਪ੍ਰਗਟ ਕਰਨ ਦੇ ਤਰੀਕਿਆਂ ਨੂੰ ਡੂੰਘਾਈ ਨਾਲ ਬਦਲ ਦਿੱਤਾ ਹੈ। ਅੱਜ, ਮੋਬਾਈਲ ਫੋਨ ਅਤੇ ਇੰਟਰਨੈੱਟ ਰਾਹੀਂ, ਕੋਈ ਵੀ ਸਕਿੰਟਾਂ ਵਿੱਚ ਲੱਖਾਂ ਲੋਕਾਂ ਤੱਕ ਪਹੁੰਚ ਸਕਦਾ ਹੈ। ਸੋਸ਼ਲ ਮੀਡੀਆ ਪਲੇਟਫਾਰਮਾਂ ਨੇ ਪ੍ਰਗਟਾਵੇ ਨੂੰ ਲੋਕਤੰਤਰੀ ਬਣਾ ਦਿੱਤਾ ਹੈ - ਜਿੱਥੇ ਪਹਿਲਾਂ, ਮਨੋਰੰਜਨ ਅਤੇ ਪ੍ਰਸਿੱਧੀ ਦੇ ਮੌਕੇ ਸੀਮਤ ਕੁਝ ਲੋਕਾਂ ਤੱਕ ਸੀਮਤ ਸਨ, ਹੁਣ ਹਰ ਕਿਸੇ ਕੋਲ ਆਪਣੀ ਪ੍ਰਤਿਭਾ ਦਿਖਾਉਣ ਦਾ ਪਲੇਟਫਾਰਮ ਹੈ। ਪਰ ਇਸ ਨਵੇਂ ਮੌਕੇ ਦੇ ਨਾਲ ਕਈ ਨਵੀਆਂ ਚੁਣੌਤੀਆਂ ਵੀ ਸਾਹਮਣੇ ਆਈਆਂ ਹਨ। ਸਭ ਤੋਂ ਮਹੱਤਵਪੂਰਨ ਵਿੱਚੋਂ ਇੱਕ ਸਮੱਗਰੀ ਦੇ ਆਲੇ ਦੁਆਲੇ ਬਹਿਸ ਹੈ ਜਿਸਨੂੰ ਸਮਾਜ ਦੇ ਕੁਝ ਵਰਗ ਅਸ਼ਲੀਲ ਮੰਨਦੇ ਹਨ।

ਪਿਛਲੇ ਕੁਝ ਸਾਲਾਂ ਤੋਂ ਸੋਸ਼ਲ ਮੀਡੀਆ 'ਤੇ ਅਜਿਹੇ ਵੀਡੀਓਜ਼ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ ਜੋ, ਡਾਂਸ, ਅਦਾਕਾਰੀ, ਜਾਂ ਮਨੋਰੰਜਨ ਦੇ ਨਾਮ 'ਤੇ, ਅਜਿਹੇ ਹਾਵ-ਭਾਵ ਅਤੇ ਪ੍ਰਦਰਸ਼ਨ ਦਿਖਾਉਂਦੇ ਹਨ, ਜਿਨ੍ਹਾਂ ਨੂੰ ਬਹੁਤ ਸਾਰੇ ਲੋਕ ਸੱਭਿਆਚਾਰਕ ਕਦਰਾਂ-ਕੀਮਤਾਂ ਦੇ ਉਲਟ ਸਮਝਦੇ ਹਨ। ਇਹ ਵੀਡੀਓ ਅਕਸਰ ਲੱਖਾਂ ਵਿਊਜ਼, ਲਾਈਕਸ ਅਤੇ ਸ਼ੇਅਰ ਪ੍ਰਾਪਤ ਕਰਦੇ ਹਨ, ਜਿਸ ਨਾਲ ਉਨ੍ਹਾਂ ਦੀ ਪਹੁੰਚ ਹੋਰ ਵੀ ਵੱਧ ਜਾਂਦੀ ਹੈ। ਪ੍ਰਸਿੱਧੀ ਦੀ ਇਸ ਦੌੜ ਵਿੱਚ, ਸਮੱਗਰੀ ਦੀ ਗੁਣਵੱਤਾ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਅਕਸਰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ।

ਸਮਾਜ ਦੇ ਇੱਕ ਵੱਡੇ ਹਿੱਸੇ ਦਾ ਮੰਨਣਾ ਹੈ ਕਿ ਇਸ ਕਿਸਮ ਦੀ ਸਮੱਗਰੀ ਦਾ ਨੌਜਵਾਨਾਂ ਅਤੇ ਕਿਸ਼ੋਰਾਂ 'ਤੇ ਖਾਸ ਤੌਰ 'ਤੇ ਨੁਕਸਾਨਦੇਹ ਪ੍ਰਭਾਵ ਪੈਂਦਾ ਹੈ। ਜਦੋਂ ਉਹ ਦੂਜਿਆਂ ਨੂੰ ਕੁਝ ਸਕਿੰਟਾਂ ਦੇ ਵੀਡੀਓ ਬਣਾ ਕੇ ਬਹੁਤ ਜ਼ਿਆਦਾ ਪ੍ਰਸਿੱਧੀ ਅਤੇ ਵਿੱਤੀ ਲਾਭ ਪ੍ਰਾਪਤ ਕਰਦੇ ਦੇਖਦੇ ਹਨ, ਤਾਂ ਉਨ੍ਹਾਂ ਵਿੱਚ ਵੀ ਅਜਿਹਾ ਕਰਨ ਦੀ ਇੱਛਾ ਪੈਦਾ ਹੋ ਸਕਦੀ ਹੈ। ਕਈ ਵਾਰ ਇਸ ਪ੍ਰੇਰਨਾ ਨੂੰ ਇੱਕ ਰਚਨਾਤਮਕ ਦਿਸ਼ਾ ਵਿੱਚ ਬਦਲ ਦਿੱਤਾ ਜਾਂਦਾ ਹੈ—ਸੰਗੀਤ, ਕਲਾ, ਨਾਚ, ਜਾਂ ਸਿੱਖਿਆ ਨਾਲ ਸਬੰਧਤ ਸਮੱਗਰੀ ਬਣਾਉਣਾ। ਹਾਲਾਂਕਿ, ਬਹੁਤ ਸਾਰੇ ਮਾਮਲਿਆਂ ਵਿੱਚ, ਇਹ ਪ੍ਰੇਰਣਾ ਸਿਰਫ਼ ਵਾਇਰਲ ਹੋਣ ਦੀ ਕੋਸ਼ਿਸ਼ ਵਿੱਚ ਬਦਲ ਜਾਂਦੀ ਹੈ, ਜਿੱਥੇ ਧਿਆਨ ਖਿੱਚਣ ਲਈ ਕੋਈ ਵੀ ਸਾਧਨ ਵਰਤਿਆ ਜਾਂਦਾ ਹੈ।

ਇਹ ਵੀ ਦੇਖਿਆ ਗਿਆ ਹੈ ਕਿ ਰੁਝਾਨਾਂ ਅਤੇ ਐਲਗੋਰਿਦਮ ਦਾ ਸੋਸ਼ਲ ਮੀਡੀਆ 'ਤੇ ਮਹੱਤਵਪੂਰਨ ਪ੍ਰਭਾਵ ਪੈਂਦਾ ਹੈ। ਉਹ ਸਮੱਗਰੀ ਜੋ ਅਕਸਰ ਦੇਖੀ ਅਤੇ ਸਾਂਝੀ ਕੀਤੀ ਜਾਂਦੀ ਹੈ, ਤੇਜ਼ੀ ਨਾਲ ਫੈਲਦੀ ਹੈ। ਇਸ ਲਈ, ਜੇਕਰ ਦਰਸ਼ਕ ਵਾਰ-ਵਾਰ ਉਸੇ ਕਿਸਮ ਦੇ ਵੀਡੀਓ ਦੇਖਦੇ ਹਨ, ਜਿਨ੍ਹਾਂ ਨੂੰ ਉਹ ਖੁਦਅਸ਼ਲੀਲ ਸਮਝਦੇ ਹਨ, ਤਾਂ ਉ ਹ ਅਣਜਾਣੇ ਵਿੱਚ ਉਸ ਰੁਝਾਨ ਨੂੰ ਕਾਇਮ ਰੱਖ ਰਹੇ ਹਨ। ਇਸ ਲਈ, ਸਿਰਫ਼ ਸਮੱਗਰੀ ਸਿਰਜਣਹਾਰਾਂ ਨੂੰ ਦੋਸ਼ੀ ਠਹਿਰਾਉਣਾ ਇਸ ਸਮੱਸਿਆ ਦਾ ਪੂਰਾ ਹੱਲ ਨਹੀਂ ਹੈ। ਦਰਸ਼ਕ ਵੀ ਇਸ ਡਿਜੀਟਲ ਈਕੋਸਿਸਟਮ ਦਾ ਇੱਕ ਮਹੱਤਵਪੂਰਨ ਹਿੱਸਾ ਹਨ।

ਦੂਜੇ ਪਾਸੇ, ਇਹ ਦਲੀਲ ਵੀ ਦਿੱਤੀ ਜਾਂਦੀ ਹੈ ਕਿ ਕਲਾ ਅਤੇ ਮਨੋਰੰਜਨ ਦੀਆਂ ਆਪਣੀਆਂ ਆਜ਼ਾਦੀਆਂ ਹਨ। ਨਾਚ, ਅਦਾਕਾਰੀ ਅਤੇ ਪ੍ਰਗਟਾਵੇ ਦੇ ਕਈ ਰੂਪ ਹਨ ਅਤੇ ਹਰੇਕ ਵਿਅਕਤੀ ਇਨ੍ਹਾਂ ਨੂੰ ਵੱਖਰੇ ਢੰਗ ਨਾਲ ਦੇਖਦਾ ਹੈ। ਜੋ ਇੱਕ ਵਿਅਕਤੀ ਨੂੰ ਅਣਉਚਿਤ ਲੱਗਦਾ ਹੈ, ਉਹ ਸਿਰਫ਼ ਮਨੋਰੰਜਨ ਜਾਂ ਦੂਜੇ ਲਈ ਕਲਾ ਦਾ ਇੱਕ ਰੂਪ ਹੋ ਸਕਦਾ ਹੈ। ਇਹੀ ਕਾਰਨ ਹੈ ਕਿ ਇਹ ਵਿਸ਼ਾ ਸਮਾਜ ਵਿੱਚ ਗਰਮ ਬਹਿਸ ਛੇੜਦਾ ਹੈ। ਕੁਝ ਇਸਨੂੰ ਪ੍ਰਗਟਾਵੇ ਦੀ ਆਜ਼ਾਦੀ ਦਾ ਹਿੱਸਾ ਮੰਨਦੇ ਹਨ, ਜਦੋਂ ਕਿ ਦੂਸਰੇ ਇਸਨੂੰ ਸਮਾਜਿਕ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਦੇ ਖੋਰੇ ਵਜੋਂ ਦੇਖਦੇ ਹਨ।

ਇਹ ਇੱਕ ਮਹੱਤਵਪੂਰਨ ਸਵਾਲ ਖੜ੍ਹਾ ਕਰਦਾ ਹੈ - ਕੀ ਕਿਸੇ ਵੀ ਕਿਸਮ ਦੀ ਪ੍ਰਸਿੱਧੀ ਨੂੰ ਸਫਲਤਾ ਦਾ ਮਾਪਦੰਡ ਮੰਨਿਆ ਜਾਣਾ ਚਾਹੀਦਾ ਹੈ? ਸੋਸ਼ਲ ਮੀਡੀਆ ਨੇ ਪ੍ਰਸਿੱਧੀ ਪ੍ਰਾਪਤ ਕਰਨ ਦੀ ਪ੍ਰਕਿਰਿਆ ਨੂੰ ਬਹੁਤ ਤੇਜ਼ ਕਰ ਦਿੱਤਾ ਹੈ। ਪਹਿਲਾਂ, ਇੱਕ ਕਲਾਕਾਰ ਨੂੰ ਮਾਨਤਾ ਪ੍ਰਾਪਤ ਕਰਨ ਵਿੱਚ ਕਈ ਸਾਲ ਲੱਗਦੇ ਸਨ; ਅੱਜ, ਇੱਕ ਵਾਇਰਲ ਵੀਡੀਓ ਕਿਸੇ ਨੂੰ ਰਾਤੋ-ਰਾਤ ਸਟਾਰ ਬਣਾ ਸਕਦਾ ਹੈ। ਪਰ ਇਹ ਤੁਰੰਤ ਪ੍ਰਸਿੱਧੀ ਅਕਸਰ ਸਥਾਈ ਨਹੀਂ ਹੁੰਦੀ ਅਤੇ ਇਸਦਾ ਸਮਾਜਿਕ ਪ੍ਰਭਾਵ ਗੁੰਝਲਦਾਰ ਹੋ ਸਕਦਾ ਹੈ।

ਬਹੁਤ ਸਾਰੇ ਨੌਜਵਾਨ ਇਸ ਜਾਲ ਵਿੱਚ ਫਸ ਸਕਦੇ ਹਨ ਕਿ ਸਿਰਫ਼ ਵਿਵਾਦਪੂਰਨ ਜਾਂ ਧਿਆਨ ਖਿੱਚਣ ਵਾਲੀ ਸਮੱਗਰੀ ਹੀ ਸਫਲਤਾ ਦਾ ਰਸਤਾ ਹੈ। ਨਤੀਜੇ ਵਜੋਂ, ਉਹ ਆਪਣੀ ਪ੍ਰਤਿਭਾ ਨੂੰ ਵਿਕਸਤ ਕਰਨ ਦੀ ਬਜਾਏ ਤੁਰੰਤ ਪ੍ਰਸਿੱਧੀ ਦਾ ਪਿੱਛਾ ਕਰਦੇ ਹਨ। ਇਹ ਰੁਝਾਨ ਨਾ ਸਿਰਫ਼ ਨਿੱਜੀ ਵਿਕਾਸ ਨੂੰ ਪ੍ਰਭਾਵਿਤ ਕਰਦਾ ਹੈ ਬਲਕਿ ਸਮਾਜ ਵਿੱਚ ਮਨੋਰੰਜਨ ਦੀ ਗੁਣਵੱਤਾ ਨੂੰ ਵੀ ਪ੍ਰਭਾਵਿਤ ਕਰਦਾ ਹੈ।

ਸੱਭਿਆਚਾਰ ਕਿਸੇ ਇੱਕ ਵਿਅਕਤੀ ਜਾਂ ਪੀੜ੍ਹੀ ਦੀ ਉਪਜ ਨਹੀਂ ਹੈ। ਸੱਭਿਆਚਾਰ ਸਦੀਆਂ ਦੇ ਤਜ਼ਰਬੇ, ਪਰੰਪਰਾਵਾਂ ਅਤੇ ਸਮਾਜਿਕ ਕਦਰਾਂ-ਕੀਮਤਾਂ ਦੁਆਰਾ ਘੜਿਆ ਜਾਂਦਾ ਹੈ। ਇਹ ਲਗਾਤਾਰ ਬਦਲਦਾ ਰਹਿੰਦਾ ਹੈ - ਕਿਉਂਕਿ ਹਰ ਯੁੱਗ ਆਪਣੇ ਨਾਲ ਨਵੇਂ ਵਿਚਾਰ ਅਤੇ ਨਵੇਂ ਰੂਪ ਲਿਆਉਂਦਾ ਹੈ। ਪਰ ਬਦਲਾਅ ਅਤੇ ਵਾਧੂ ਵਿਚਕਾਰ ਸੰਤੁਲਨ ਬਣਾਈ ਰੱਖਣਾ ਜ਼ਰੂਰੀ ਹੈ। ਜਦੋਂ ਮਨੋਰੰਜਨ ਸਿਰਫ਼ ਸਨਸਨੀਖੇਜ਼ਤਾ ਜਾਂ ਧਿਆਨ ਦੇਣ ਬਾਰੇ ਬਣ ਜਾਂਦਾ ਹੈ, ਤਾਂ ਸਮਾਜ ਲਈ ਇਹ ਚਿੰਤਾ ਕਰਨਾ ਸੁਭਾਵਿਕ ਹੈ ਕਿ ਕੀ ਅਸੀਂ ਆਪਣੀਆਂ ਕਦਰਾਂ-ਕੀਮਤਾਂ ਤੋਂ ਦੂਰ ਜਾ ਰਹੇ ਹਾਂ।

ਇਸ ਸੰਦਰਭ ਵਿੱਚ, ਪਰਿਵਾਰ, ਸਿੱਖਿਆ ਅਤੇ ਸਮਾਜ ਦੀ ਭੂਮਿਕਾ ਵੀ ਮਹੱਤਵਪੂਰਨ ਬਣ ਜਾਂਦੀ ਹੈ। ਬੱਚਿਆਂ ਅਤੇ ਨੌਜਵਾਨਾਂ ਨੂੰ ਇਹ ਸਿਖਾਉਣਾ ਬਹੁਤ ਜ਼ਰੂਰੀ ਹੈ ਕਿ ਉਹ ਇੰਟਰਨੈੱਟ 'ਤੇ ਜੋ ਵੀ ਦੇਖਦੇ ਹਨ ਉਹ ਨਕਲ ਦੇ ਯੋਗ ਨਹੀਂ ਹੈ। ਡਿਜੀਟਲ ਸਾਖਰਤਾ - ਯਾਨੀ, ਇਹ ਸਮਝਣਾ ਕਿ ਔਨਲਾਈਨ ਦੁਨੀਆ ਕਿਵੇਂ ਕੰਮ ਕਰਦੀ ਹੈ - ਅੱਜ ਇੱਕ ਮਹੱਤਵਪੂਰਨ ਲੋੜ ਬਣ ਗਈ ਹੈ। ਜੇਕਰ ਨੌਜਵਾਨ ਸਮਝਦੇ ਹਨ ਕਿ ਐਲਗੋਰਿਦਮ ਕਿਵੇਂ ਕੰਮ ਕਰਦੇ ਹਨ, ਵਿਊਜ਼ ਅਤੇ ਲਾਈਕਸ ਕਿਵੇਂ ਤਿਆਰ ਕੀਤੇ ਜਾਂਦੇ ਹਨ ਅਤੇ ਕਿਸ ਕਿਸਮ ਦੀ ਸਮੱਗਰੀ ਉਨ੍ਹਾਂ ਨੂੰ ਪ੍ਰਭਾਵਿਤ ਕਰ ਸਕਦੀ ਹੈ, ਤਾਂ ਉਹ ਵਧੇਰੇ ਸੂਚਿਤ ਫੈਸਲੇ ਲੈਣ ਦੇ ਯੋਗ ਹੋਣਗੇ। ਸਮੱਗਰੀ ਸਿਰਜਣਹਾਰਾਂ ਦੀ ਵੀ ਇੱਕ ਜ਼ਿੰਮੇਵਾਰੀ ਘੱਟ ਨਹੀਂ ਹੈ। ਜਿਹੜੇ ਲੋਕ ਲੱਖਾਂ ਦਰਸ਼ਕਾਂ ਤੱਕ ਪਹੁੰਚਦੇ ਹਨ, ਉਨ੍ਹਾਂ ਕੋਲ ਸਮਾਜ ਨੂੰ ਪ੍ਰਭਾਵਿਤ ਕਰਨ ਦੀ ਸ਼ਕਤੀ ਵੀ ਹੁੰਦੀ ਹੈ। ਜੇਕਰ ਉਹ ਆਪਣੀ ਪ੍ਰਸਿੱਧੀ ਦੀ ਵਰਤੋਂ ਸਕਾਰਾਤਮਕ ਸੰਦੇਸ਼ਾਂ, ਰਚਨਾਤਮਕ ਕਲਾ ਅਤੇ ਪ੍ਰੇਰਨਾਦਾਇਕ ਸਮੱਗਰੀ ਨੂੰ ਉਤਸ਼ਾਹਿਤ ਕਰਨ ਲਈ ਕਰਦੇ ਹਨ ਤਾਂ ਸੋਸ਼ਲ ਮੀਡੀਆ ਸਮਾਜ ਲਈ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਬਣ ਸਕਦਾ ਹੈ। ਅਜਿਹੀਆਂ ਬਹੁਤ ਸਾਰੀਆਂ ਉਦਾਹਰਣਾਂ ਹਨ, ਜਿੱਥੇ ਸਿਰਜਣਹਾਰਾਂ ਨੇ ਸਿੱਖਿਆ, ਲੋਕ ਸੱਭਿਆਚਾਰ, ਭਾਸ਼ਾਵਾਂ ਅਤੇ ਪਰੰਪਰਾਵਾਂ ਨੂੰ ਉਤਸ਼ਾਹਿਤ ਕੀਤਾ ਹੈ, ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕੀਤਾ ਹੈ।

ਇਸ ਲਈ, ਹੱਲ ਸਿਰਫ਼ ਵਿਰੋਧ ਪ੍ਰਦਰਸ਼ਨਾਂ ਜਾਂ ਬਾਈਕਾਟ ਵਿੱਚ ਨਹੀਂ ਹੈ, ਸਗੋਂ ਇੱਕ ਸੰਤੁਲਿਤ ਪਹੁੰਚ ਵਿੱਚ ਹੈ। ਸਮਾਜ ਨੂੰ ਇਹ ਫੈਸਲਾ ਕਰਨਾ ਚਾਹੀਦਾ ਹੈ ਕਿ ਉਹ ਕਿਸ ਕਿਸਮ ਦੀ ਸਮੱਗਰੀ ਨੂੰ ਉਤਸ਼ਾਹਿਤ ਕਰਨਾ ਚਾਹੁੰਦਾ ਹੈ। ਜੇਕਰ ਦਰਸ਼ਕ ਰਚਨਾਤਮਕ, ਜਾਣਕਾਰੀ ਭਰਪੂਰ ਅਤੇ ਸੱਭਿਆਚਾਰਕ ਤੌਰ 'ਤੇ ਅਮੀਰ ਸਮੱਗਰੀ ਦਾ ਵਧੇਰੇ ਸਮਰਥਨ ਕਰਦੇ ਹਨ, ਤਾਂ ਉਸ ਸਮੱਗਰੀ ਦਾ ਵਧੇਰੇ ਹਿੱਸਾ ਕੁਦਰਤੀ ਤੌਰ 'ਤੇ ਦੇਖਿਆ ਜਾਵੇਗਾ। ਸੋਸ਼ਲ ਮੀਡੀਆ ਐਲਗੋਰਿਦਮ ਅੰਤ ਵਿੱਚ ਦਰਸ਼ਕਾਂ ਦੀਆਂ ਤਰਜੀਹਾਂ 'ਤੇ ਨਿਰਭਰ ਕਰਦਾ ਹੈ। ਪਲੇਟਫਾਰਮ ਕੰਪਨੀਆਂ ਦੀ ਇਹ ਵੀ ਜ਼ਿੰਮੇਵਾਰੀ ਹੈ ਕਿ ਉਹ ਸਮਾਜ ਦੇ ਵਿਆਪਕ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਿਆਰ ਅਤੇ ਨੀਤੀਆਂ ਵਿਕਸਤ ਕਰਨ। ਬਹੁਤ ਸਾਰੇ ਪਲੇਟਫਾਰਮ ਪਹਿਲਾਂ ਹੀ ਭਾਈਚਾਰਕ ਦਿਸ਼ਾ-ਨਿਰਦੇਸ਼ਾਂ ਨੂੰ ਲਾਗੂ ਕਰਦੇ ਹਨ, ਪਰ ਉਨ੍ਹਾਂ ਦੀ ਪ੍ਰਭਾਵਸ਼ੀਲਤਾ ਇਸ ਗੱਲ 'ਤੇ ਨਿਰਭਰ ਕਰਦੀ ਹੈ ਕਿ ਉਨ੍ਹਾਂ ਨੂੰ ਕਿੰਨੀ ਗੰਭੀਰਤਾ ਨਾਲ ਲਾਗੂ ਕੀਤਾ ਜਾਂਦਾ ਹੈ।

ਅੰਤ ਵਿੱਚ, ਇਹ ਸਮਝਣਾ ਮਹੱਤਵਪੂਰਨ ਹੈ ਕਿ ਸੱਭਿਆਚਾਰ ਸਿਰਫ਼ ਨਾਅਰਿਆਂ ਜਾਂ ਹੈਸ਼ਟੈਗਾਂ ਦੁਆਰਾ ਸੁਰੱਖਿਅਤ ਨਹੀਂ ਹੈ। ਸੱਭਿਆਚਾਰ ਉਦੋਂ ਮਜ਼ਬੂਤ ਹੁੰਦਾ ਹੈ ਜਦੋਂ ਸਮਾਜ ਇਸਨੂੰ ਆਪਣੇ ਵਿਵਹਾਰ, ਚੋਣਾਂ ਅਤੇ ਤਰਜੀਹਾਂ ਦੁਆਰਾ ਕਾਇਮ ਰੱਖਦਾ ਹੈ। ਜੇਕਰ ਅਸੀਂ ਸੱਚਮੁੱਚ ਆਪਣੀ ਸੱਭਿਆਚਾਰਕ ਪਛਾਣ ਨੂੰ ਸੁਰੱਖਿਅਤ ਰੱਖਣਾ ਚਾਹੁੰਦੇ ਹਾਂ, ਤਾਂ ਸਾਨੂੰ ਸਕਾਰਾਤਮਕ ਵਿਕਲਪਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ - ਭਾਵੇਂ ਇਹ ਲੋਕ ਕਲਾ ਹੋਵੇ, ਰਵਾਇਤੀ ਸੰਗੀਤ ਹੋਵੇ, ਸਾਹਿਤ ਹੋਵੇ, ਜਾਂ ਆਧੁਨਿਕ, ਪਰ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ, ਮਨੋਰੰਜਨ। ਸੋਸ਼ਲ ਮੀਡੀਆ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ। ਇਹ ਸਮਾਜ ਨੂੰ ਇੱਕਜੁੱਟ ਵੀ ਕਰ ਸਕਦਾ ਹੈ ਅਤੇ ਵੰਡ ਵੀ ਸਕਦਾ ਹੈ। ਫਰਕ ਸਿਰਫ਼ ਇਸ ਗੱਲ ਵਿੱਚ ਹੈ ਕਿ ਅਸੀਂ ਇਸਨੂੰ ਕਿਵੇਂ ਵਰਤਦੇ ਹਾਂ। ਜੇਕਰ ਸਿਰਜਣਹਾਰ ਜ਼ਿੰਮੇਵਾਰੀ ਨਾਲ ਸਮੱਗਰੀ ਬਣਾਉਂਦੇ ਹਨ ਅਤੇ ਦਰਸ਼ਕ ਸਮਝਦਾਰੀ ਨਾਲ ਚੁਣਦੇ ਹਨ, ਤਾਂ ਇਹ ਪਲੇਟਫਾਰਮ ਸੱਭਿਆਚਾਰਕ ਸੰਭਾਲ ਅਤੇ ਰਚਨਾਤਮਕ ਪ੍ਰਗਟਾਵੇ ਲਈ ਸਭ ਤੋਂ ਵੱਡੇ ਪਲੇਟਫਾਰਮ ਬਣ ਸਕਦੇ ਹਨ।

ਅੰਤ ਵਿੱਚ, ਸੱਭਿਆਚਾਰ ਇੱਕ ਵਿਅਕਤੀ, ਇੱਕ ਵੀਡੀਓ, ਜਾਂ ਇੱਕ ਰੁਝਾਨ ਦੁਆਰਾ ਬਣਾਇਆ ਜਾਂ ਨਸ਼ਟ ਨਹੀਂ ਕੀਤਾ ਜਾਂਦਾ। ਇਹ ਸਮਾਜ ਦੀ ਸਮੂਹਿਕ ਚੇਤਨਾ ਅਤੇ ਫੈਸਲਿਆਂ ਦੁਆਰਾ ਆਕਾਰ ਦਿੱਤਾ ਜਾਂਦਾ ਹੈ। ਇਸ ਲਈ, ਜ਼ਿੰਮੇਵਾਰੀ ਸਾਡੇ ਸਾਰਿਆਂ ਦੀ ਹੈ - ਸਿਰਜਣਹਾਰ, ਦਰਸ਼ਕ ਅਤੇ ਸਮਾਜ।

# ਮਾਝਾ-ਦੁਆਬਾ

ਆਸ ਪਾਸ

# ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੱਬੋਵਾਲ ਦੇ ਸਾਲਾਨਾ ਧਾਰਮਿਕ ਜੋੜ ਮੇਲੇ ਤੇ ਖੇਡ ਮੇਲੇ 'ਚ ਭਰੀ ਹਾਜ਼ਰੀ

- ਅਜਿਹੇ ਜੋੜ ਮੇਲੇ ਸਾਨੂੰ ਆਪਣੇ ਧਰਮ ਅਤੇ ਵਿਰਸੇ ਨਾਲ ਜੋੜਦੇ - ਈਟੀਓ
- ਪੰਜਾਬ ਸਰਕਾਰ ਵੱਲੋਂ 2 ਕਰੋੜ ਰੁਪਏ ਦੀ ਲਾਗਤ ਨਾਲ ਪਿੰਡ ਜੱਬੋਵਾਲ ਵਿਖੇ ਬਣਾਇਆ ਜਾ ਰਿਹ ? ਖੇਡ ਸਟੇਡੀਅਮ

ਜੰਡਿਆਲਾ ਗੁਰੂ,15 ਮਾਰਚ (ਰਾਮ ਸ਼ਰਨਜੀਤ ਸਿੰਘ): ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਪਿੰਡ ਜੱਬੋਵਾਲ ਵਿਖੇ ਸਲਾਨਾ ਧਾਰਮਿਕ ਜੋੜ ਮੇਲੇ ਅਤੇ ਖੇਡ ਮੇਲੇ ਵਿੱਚ ਪਹੁੰਚ ਕੇ ਉਚੇਚੇ ਤੌਰ 'ਤੇ ਸੰਗਤਾਂ ਵਿੱਚ ਹਾਜ਼ਰੀ ਭਰੀ ਗਈ। ਸ੍ਰੀਮਾਨ ਬ੍ਰਹਮ ਗਿਆਨੀ ਸੰਤ ਬਾਬਾ ਗੁਰਬਖਸ਼ ਸਿੰਘ ਜੀ ਸੰਤਸਰ ਜੱਬੋਵਾਲ ਵੱਲੋਂ ਚਲਾਈ ਮਰਿਆਦਾ ਅਨੁਸਾਰ ਇਹ ਸਾਲਾਨਾ ਧਾਰਮਿਕ ਜੋੜ ਮੇਲਾ ਉਹਨਾਂ ਦੀ ਯਾਦ ਵਿੱਚ ਗੁਰਦੁਆਰਾ ਸ੍ਰੀ ਸੰਤਸਰ ਸਾਹਿਬ ਜੱਬੋਵਾਲ ਵਿਖੇ ਬੜੀ ਧੂਮ ਧਾਮ ਤੇ ਸ਼ਰਧਾ ਨਾਲ ਮਨਾਇਆ ਜਾਂਦਾ ਹੈ। ਇਸ ਜੋੜ ਮੇਲੇ ਦੌਰਾਨ ਕਬੱਡੀ ਦੇ ਮੈਚ ਕਰਵਾਏ ਗਏ, ਜਿਸ ਦੌਰਾਨ ਬਾਬਾ ਬੁੱਢਾ ਜੀ ਸਪੋਰਟਸ ਕਲੱਬ ਕੱਥੂਨੰਗਲ ਅਤੇ ਮਾਝਾ ਖੁਜਾਲਾ ਕਲੱਬ ਅੰਮ੍ਰਿਤਸਰ ਦੀਆਂ ਟੀਮਾਂ ਵਿਚਕਾਰ ਕਬੱਡੀ ਦਾ ਸ਼ੋਅ ਮੈਚ ਕਰਵਾਇਆ ਗਿਆ। ਇਸ ਮੌਕੇ ਅੱਖਾਂ ਦਾ ਫਰੀ ਚੈੱਕਅਪ ਕੈਂਪ ਵੀ ਲਗਾਇਆ ਗਿਆ।

ਪਿੰਡ ਜੱਬੋਵਾਲ ਵਿਖੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਦੀ ਯਾਦ ਵਿੱਚ ਕਰਵਾਏ ਜਾ ਰਹੇ ਸਲਾਨਾ ਧਾਰਮਿਕ ਜੋੜ ਮੇਲੇ ਦੌਰਾਨ ਬਾਬਾ ਗੁਰਦੇਵ ਸਿੰਘ ਜੀ, ਬਾਬਾ ਅਮਰ ਸਿੰਘ ਜੀ, ਜੀਵਨ ਕੈਨੇਡਾ, ਸਰਪੰਚ ਦਵਿੰਦਰ ਸਿੰਘ ਮੰਨੂ, ਇਲਾਕੇ ਦੇ ਹੋਰ ਮੁਹਤਬਰਾਂ, ਸੰਗਤਾਂ ਅਤੇ ਖਿਡਾਰੀਆਂ ਨੂੰ ਇਸ ਜੋੜ ਮੇਲੇ ਦੀ ਮੁਬਾਰਕਬਾਦ ਦਿੰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਇਸ ਰਿਵਾਇਤ ਨੂੰ ਕਾਇਮ ਰੱਖਣ ਲਈ ਸਮੁੱਚੀ ਕਮੇਟੀ ਦੇ ਉਪਰਾਲਿਆਂ ਦੀ ਸ਼ਲਾਘਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਜੋੜ ਮੇਲੇ ਸਾਨੂੰ ਆਪਣੇ ਧਰਮ ਅਤੇ ਵਿਰਸੇ ਨਾਲ ਜੋੜਦੇ ਹਨ। ਉਨ੍ਹਾਂ ਕਿਹਾ ਕਿ ਐੱਨ.ਆਰ.ਆਈ ਵੀਰਾਂ ਦਾ ਆਪਣੇ ਸੂਬੇ ਪੰਜਾਬ ਦੀ ਤਰੱਕੀ ਤੇ ਖ਼ੁਸ਼ਹਾਲੀ ਵਿੱਚ ਵੱਡਾ ਯੋਗਦਾਨ ਹੈ। ਜਿਸ ਲਈ ਉਹ ਵਿਸ਼ੇਸ਼ ਤੌਰ 'ਤੇ ਐੱਨ.ਆਰ.ਆਈ ਵੀਰਾਂ ਦਾ ਵੀ ਧੰਨਵਾਦ ਕਰਦੇ ਹਨ।

ਖੇਡ ਸੱਭਿਆਚਾਰ ਦੀ ਗੱਲ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮਾਨ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਲਈ ਵਿਸ਼ੇਸ਼ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸੂਬੇ ਵਿੱਚ 3000 ਹਜ਼ਾਰ ਖੇਡ ਮੈਦਾਨ ਅਤੇ 1000 ਖੇਡ ਸਟੇਡੀਅਮ ਤਿਆਰ ਕੀਤੇ ਜਾ ਰਹੇ ਹਨ ਜੋ ਕਿ ਇਸੇ ਸਾਲ ਬਣ ਕੇ ਤਿਆਰ ਹੋ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 2 ਕਰੋੜ ਰੁਪਏ ਖ਼ਰਚ ਕਰਕੇ ਪਿੰਡ ਜੱਬੋਵਾਲ ਵਿਖੇ ਵੀ ਇੱਕ ਸ਼ਾਨਦਾਰ ਖੇਡ ਸਟੇਡੀਅਮ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦੇ ਇਨ੍ਹਾਂ ਯਤਨਾਂ ਸਦਕਾ ਸੂਬੇ ਦੀ ਜਵਾਨੀ ਨਸ਼ਿਆਂ ਤੋਂ ਬਚ ਕੇ ਖੇਡਾਂ ਨਾਲ ਜੁੜੇਗੀ ਅਤੇ ਖੇਡਾਂ ਦੇ ਖੇਤਰ ਵਿੱਚ ਉੱਚੇ ਮੁਕਾਮ ਹਾਸਲ ਕਰੇਗੀ। ਇਸ ਮੌਕੇ ਬਾਬਾ ਅਮਰ ਸਿੰਘ ਮੁੱਖ ਸੇਵਾਦਾਰ, ਦਵਿੰਦਰ ਸਿੰਘ ਮਨ, ਜੀਵਨ ਕੈਨੇਡਾ ਵੱਲੋਂ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈਟੀਓ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



## ਐਸਜੀਪੀਸੀ ਦੇ ਮੈਗਾ ਰੋਜ਼ਗਾਰ ਮੇਲੇ ਵਿੱਚ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ 35 ਵਿਦਿਆਰਥੀਆਂ ਦੀ ਵੱਡੀ ਮੱਲ

### ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਵੱਲੋਂ ਪ੍ਰਧਾਨ ਧਾਮੀ ਅਤੇ ਸਕੱਤਰ ਵਿੱਦਿਆ ਦੇ ਉਪਰਾਲੇ ਦੀ ਸ਼ਲਾਘਾ




ਅੰਮ੍ਰਿਤਸਰ, 15 ਮਾਰਚ, ( ਬਬਲੂ ਮਹਾਜਨ)ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਅਤੇ ਰੋਜ਼ਗਾਰ ਲਈ ਕੀਤੇ ਜਾ ਰਹੇ ਯਤਨਾਂ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਕਲਗੀਧਰ ਨਿਵਾਸ ਚੰਡੀਗੜ੍ਹ ਵਿਖੇ ਲਗਾਏ ਗਏ ਮੈਗਾ ਰੋਜ਼ਗਾਰ ਮੇਲੇ ਵਿੱਚ ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ 35 ਵਿਦਿਆਰਥੀਆਂ ਦੀ ਨਾਮੀ ਕੰਪਨੀਆਂ ਵਿੱਚ ਚੋਣ ਹੋਈ।

ਇਸ ਪ੍ਰਾਪਤੀ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਦੱਸਿਆ ਕਿ ਇਹ ਮੈਗਾ ਇਵੈਂਟ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਅਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦੇ ਵਿਸ਼ੇਸ਼ ਯਤਨਾਂ ਸਦਕਾ ਸੰਭਵ ਹੋਇਆ ਹੈ। ਉਨ੍ਹਾਂ ਕਿਹਾ ਕਿ 14 ਮਾਰਚ 2026 ਨੂੰ ਕਰਵਾਏ ਗਏ। ਇਸ ਮੇਲੇ ਵਿੱਚ ਸ਼੍ਰੋਮਣੀ ਕਮੇਟੀ ਅਧੀਨ ਚੱਲਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚੋਂ ਉਨ੍ਹਾਂ ਦੇ ਕਾਲਜ ਦੇ 35 ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਦੇ ਦਮ 'ਤੇ ਵੱਖ-ਵੱਖ ਕੰਪਨੀਆਂ ਵਿੱਚ ਨੌਕਰੀਆਂ ਹਾਸਲ ਕੀਤੀਆਂ ਹਨ। ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਇਸ ਸਫਲਤਾ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਸਕੱਤਰ ਵਿੱਦਿਆ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨ ਪੀੜ੍ਹੀ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਦੇਣ ਵਿੱਚ ਸਹਾਈ ਹੁੰਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਕਾਲਜ ਦੇ ਪਲੇਸਮੈਂਟ ਇੰਚਾਰਜ ਪ੍ਰੋ. ਰਜਨੀ ਸੈਣੀ ਦੀ ਵੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਪ੍ਰੋ. ਸੈਣੀ ਨੇ ਪੂਰੀ ਤਨਦੇਹੀ ਨਾਲ ਵਿਦਿਆਰਥੀਆਂ ਦੀ ਸਪੈਸ਼ਲ ਟਰੇਨਿੰਗ ਲਗਵਾਈ ਅਤੇ ਉਨ੍ਹਾਂ ਨੂੰ ਇੰਟਰਵਿਊ ਲਈ ਤਿਆਰ ਕੀਤਾ, ਜਿਸ ਦਾ ਨਤੀਜਾ ਅੱਜ ਸਭ ਦੇ ਸਾਹਮਣੇ ਹੈ। ਕਾਲਜ ਦੇ ਸਮੂਹ ਸਟਾਫ਼ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਪਿੰਡ ਨੇਪਾਲ ਵਿਖੇ ਖਾਲਸਾ ਪੰਥ ਦੀ ਸਿਰਜਨਾ ਨੂੰ ਸਮਰਪਿਤ 2 ਦਿਨਾਂ ਮਹਾਨ ਗੁਰਮਤਿ ਸਮਾਗਮ ਕਰਵਾਇਆ



ਚੋਗਾਵਾਂ, 15 ਮਾਰਚ (ਸੁਬੇਗ ਸਿੰਘ ਸੋਨਾ): ਗੁਰਦੁਆਰਾ ਲੋਹ ਲੰਗਰ ਪਿੰਡ ਨੇਪਾਲ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਸੇਵਾ ਸਿੰਘ ਜੀ, ਸੰਤ ਬਾਬਾ ਭਾਗ ਸਿੰਘ ਜੀ, ਸੰਤ ਬਾਬਾ ਲਾਭ ਸਿੰਘ ਜੀ, ਸੰਤ ਬਾਬਾ ਹਰਭਜਨ ਸਿੰਘ ਜੀ ਭਲਵਾਨ, ਸੰਤ ਬਾਬਾ ਸੁੱਚਾ ਸਿੰਘ ਜੀ ਦੇ ਪਾਏ ਪੂਰਨਿਆਂ ਤੇ ਖਾਲਸਾ ਪੰਥ ਦੀ ਸਿਰਜਨਾ ਨੂੰ ਸਮਰਪਿਤ 2 ਦਿਨਾਂ ਮਹਾਨ ਗੁਰਮਤਿ ਸਮਾਗਮ ਪਿੰਡ ਨੇਪਾਲ ਵਿਖੇ ਕਾਰ ਸੇਵਾ ਕਿਲਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ ਦੀ ਰਹਿਨੁਮਾਈ ਹੇਠ ਐਨ.ਆਰ.ਆਈ. ਅਤੇ ਸਮੂਹ ਇਲਾਕਾ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਪਾਠ ਦੇ ਭੋਗ ਪਾਏ ਗਏ। ਉਪਰੰਤ ਸਜੇ ਸੁੰਦਰ ਦੀਵਾਨ ਵਿੱਚ ਭਾਈ ਮਨਜਿੰਦਰ ਸਿੰਘ ਦਾ ਕੀਰਤਨੀ ਜਥਾ, ਕਥਾਵਾਚਕ ਭਾਈ ਗੁਰਰਾਜ ਸਿੰਘ, ਭਾਈ ਸਰਵਣ ਸਿੰਘ ਨੇਪਾਲ ਦਾ ਕਵੀਸ਼ਰੀ ਜਥਾ, ਗਿਆਨੀ ਕੁਲਦੀਪ ਸਿੰਘ ਖਾਪੜ ਖੇੜੀ ਦਾ ਢਾਡੀ ਜਥਾ, ਗਿਆਨੀ ਰੁਪਿੰਦਰ ਸਿੰਘ ਮਦੂ ਸ਼ੰਗਾ ਦਾ ਢਾਡੀ ਜਥਾ, ਹਜੂਰੀ ਰਾਗੀ ਭਾਈ ਗੁਰਜੰਟ ਸਿੰਘ ਗੁਰੂ ਕਾ ਬਾਗ, ਕਥਾ ਵਾਚਕ ਭਾਈ ਸਤਵੰਤ ਸਿੰਘ , ਭਾਈ ਨਿਰਮਲ ਸਿੰਘ ਦਾ ਕਵੀਸ਼ਰੀ ਜਥਾ, ਗਿਆਨੀ ਜਗਦੀਸ਼ ਸਿੰਘ ਵਡਾਲਾ ਦਾ ਢਾਡੀ ਜਥਾ, ਭਾਈ ਗੁਰਭੇਜ ਸਿੰਘ ਚਵਿੰਡਾ ਦਾ ਢਾਡੀ ਜਥੇ ਨੇ ਜੁੜ ਬੈਠੀ ਸੰਗਤ ਨੂੰ ਕਥਾ ਕੀਰਤਨ ਤੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਗੁਰਮਤਿ ਸਮਾਗਮ ਵਿੱਚ ਪ੍ਰਬੰਧਕ ਸੰਤ ਬਾਬਾ ਸਤਨਾਮ ਸਿੰਘ ਕਾਰ ਸੇਵਾ ਕਿਲਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਹਾਜ਼ਰੀ ਭਰੀ। ਸੇਵਾਦਾਰ ਬਾਬਾ ਗੁਰਵਿੰਦਰ ਸਿੰਘ ਵੱਲੋਂ ਆਏ ਹੋਏ ਜਥੇ ਦੇ ਸੰਤ ਮਹਾਂਪੁਰਸ਼ਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚਾਹ, ਪਕੌੜੇ, ਜਲੇਬੀਆਂ ਸਮੇਤ ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਮੌਕੇ ਸਮੂਹ ਪਿੰਡ ਵਾਸੀਆਂ ਸਮੇਤ ਵੱਖ-ਵੱਖ ਪਿੰਡਾਂ ਦੀਆ ਸੰਗਤਾਂ ਨੇ ਗੁਰਮਤਿ ਸਮਾਗਮ ਵਿੱਚ ਹਾਜ਼ਰੀ ਭਰੀ।

## ਖਾਲਸਾ ਕਾਲਜ ਵਿਖੇ 'ਮਟੀਰੀਅਲ ਕੈਮਿਸਟਰੀ ਅਤੇ ਨੈਨੋਮੈਟੀਰੀਅਲ' 'ਤੇ ਰਾਸ਼ਟਰੀ ਸੈਮੀਨਾਰ ਕਰਵਾਇਆ



ਅੰਮ੍ਰਿਤਸਰ, 15 ਮਾਰਚ (ਬਬਲੂ ਮਹਾਜਨ):ਖਾਲਸਾ ਕਾਲਜ ਕੈਮਿਸਟਰੀ ਵਿਭਾਗ ਵੱਲੋਂ 'ਰਸਾਇਣ ਵਿਗਿਆਨ 'ਚ ਹਾਲੀਆ ਤਰੱਕੀ' ('ਰੀਸੈਂਟ ਐਡਵਾਂਸ ਇਨ ਕੈਮੀਕਲ ਸਾਇੰਸਸ (ਆਰ. ਏ. ਸੀ. ਐਸ.—12) ਦਾ 12ਵਾਂ ਐਡੀਸ਼ਨ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਇਆ ਗਿਆ। ਉਕਤ ਇਕ ਰੋਜ਼ਾ ਸੈਮੀਨਾਰ "ਮਟੀਰੀਅਲ ਕੈਮਿਸਟਰੀ ਅਤੇ ਨੈਨੋਮੈਟੀਰੀਅਲ"ਵਿਸ਼ੇ 'ਤੇ ਅਧਾਰਿਤ ਸੀ, ਜਿਸ ਨੂੰ ਸਰਗਰਮ ਅਤੇ ਇੰਟਰਐਕਟਿਵ ਸਿੱਖਣ, ਅਕਾਦਮਿਕ ਸੰਵਾਦ ਅਤੇ ਸਹਿਯੋਗੀ ਖੋਜ ਨੂੰ ਉਤਸ਼ਾਹਿਤ ਕਰਨ ਦੀ ਭਾਵਨਾ 'ਚ ਸੰਕਲਪਿਤ ਕੀਤਾ ਗਿਆ ਸੀ। ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਮੁੱਖ ਮਹਿਮਾਨ ਅਤੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ, ਰੋਪੜ ਤੋਂ ਰਸਾਇਣ ਵਿਗਿਆਨ ਵਿਭਾਗ ਦੇ ਪ੍ਰੋਫੈਸਰ ਡਾ. ਨਰਿੰਦਰ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡਾ. ਮਹਿਲ ਸਿੰਘ ਨੇ ਸੰਬੋਧਨ ਕਰਦਿਆਂ ਉੱਚ—ਗੁਣਵੱਤਾ ਵਾਲੀ ਖੋਜ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਸਬੰਧੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਪ੍ਰਿੰ: ਡਾ. ਰੰਧਾਵਾ ਨੇ ਤਕਨੀਕੀ ਤਰੱਕੀ 'ਚ ਪਦਾਰਥ ਵਿਗਿਆਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਅੰਤਰ—ਅਨੁਸ਼ਾਸਨੀ ਖੋਜ ਨੂੰ ਅਗਾਂਹ ਵਧਾਉਣ ਸਬੰਧੀ ਪ੍ਰੇਰਿਤ ਕੀਤਾ। ਇਸ ਸਬੰਧੀ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੈਮੀਨਾਰ ਦੌਰਾਨ ਮਟੀਰੀਅਲ ਕੈਮਿਸਟਰੀ ਦੇ ਤੇਜ਼ੀ ਨਾਲ ਵਿਕਸਿਤ ਹੋ ਰਹੇ ਖੇਤਰ ਨੂੰ ਉਜਾਗਰ ਕਰਦਿਆਂ ਉੱਨਤ ਸਮੱਗਰੀਆਂ ਦੇ ਡਿਜ਼ਾਇਨ, ਸੰਸਲੇਸ਼ਣ, ਵਿਸ਼ਲੇਸ਼ਣ ਅਤੇ ਉਪਯੋਗਤਾ 'ਤੇ ਧਿਆਨ ਦਿੱਤਾ ਗਿਆ। ਜਿਸ 'ਚ ਸਮਾਰਟ ਪਾਲੀਮਰ, ਸੈਮੀਕੰਡਕਟਰ ਅਤੇ ਬਾਇਓਮਟੀਰੀਅਲ ਵਰਗੀਆਂ ਸਮੱਗਰੀਆਂ ਸ਼ਾਮਿਲ ਹਨ।

## ਬਾਬਾ ਬੁੱਢਾ ਸਾਹਿਬ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਾਣੀ ਦੇ ਜਾਪ ਨਾਲ ਵਿੱਦਿਅਕ ਸੈਸ਼ਨ ਦਾ ਆਗਾਜ਼



ਬਟਾਲਾ, 15 ਮਾਰਚ (ਸੁਖਦੇਵ ਸਿੰਘ ਰੰਧਾਵਾ ਬਲਬੀਰ ਸੋਹਲ): ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਬਾਬਾ ਬੁੱਢਾ ਸਾਹਿਬ ਮਾਡਰਨ (BBSM) ਸੀਨੀਅਰ ਸੈਕੰਡਰੀ ਸਕੂਲ, ਉਗਰੇਵਾਲ ਵਿਖੇ ਅੱਜ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਨਵੇਂ ਵਿੱਦਿਅਕ ਸੈਸ਼ਨ ਦੀ ਸ਼ੁਰੂਆਤ ਬਹੁਤ ਹੀ ਉਤਸ਼ਾਹ ਨਾਲ ਕੀਤੀ ਗਈ। ਸਕੂਲ ਦੀ ਨਿਰੰਤਰ ਤਰੱਕੀ ਅਤੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਨੂੰ ਮੁੱਖ ਰੱਖਦਿਆਂ ਰਖਵਾਏ ਗਏ ਸ੍ਰੀ ਸਹਿਜ ਪਾਠ ਦੇ ਭੋਗ ,, ਸ੍ਰੀ ਸੁਖਮਨੀ ਸਾਹਿਬ ਦੇ ਭੋਗ ਅੱਜ ਪੂਰਨ ਸ਼ਰਧਾ ਅਤੇ ਮਰਿਆਦਾ ਸਹਿਤ ਪਾਏ ਗਏ। ਇਸ ਸਮਾਗਮ ਦਾ ਸਭ ਤੋਂ ਖ਼ੂਬਸੂਰਤ ਪਹਿਲੂ ਇਹ ਰਿਹਾ ਕਿ ਪਾਠ ਦੀ ਸੇਵਾ ਤੋਂ ਲੈ ਕੇ ਸੰਪੂਰਨਤਾ ਤੱਕ ਦਾ ਸਾਰਾ ਕਾਰਜ ਸਕੂਲ ਦੇ ਵਿਦਿਆਰਥੀਆਂ ਵੱਲੋਂ ਹੀ ਨਿਭਾਇਆ ਗਿਆ। ਭੋਗ ਉਪਰੰਤ ਸਮੁੱਚੀ ਮਾਨਵਤਾ ਦੇ ਭਲੇ ਅਤੇ ਸਕੂਲ ਦੀ ਚੜ੍ਹਦੀ ਕਲਾ ਲਈ ਅਰਦਾਸ ਪਿੰਡ ਉਗਰੇਵਾਲ ਦੇ ਹੈੱਡ ਗ੍ਰੰਥੀ ਬਾਬਾ ਬਚਿੱਤਰ ਸਿੰਘ ਜੀ ਵੱਲੋਂ ਕੀਤੀ ਗਈ। **ਅਰਦਾਸ ਉਪਰੰਤ ਕੜਾਹ ਪ੍ਰਸ਼ਾਦ ਅਤੇ ਗੁਰੂ ਕਾ ਲੰਗਰ ਸਮੂਹ ਵਿਦਿਆਰਥੀਆਂ ਅਤੇ ਸਮੂਹ ਸੰਗਤਾਂ ਵਿੱਚ ਅਟੁੱਟ ਵਰਤਾਇਆ ਗਿਆ। ਇਸ ਪਵਿੱਤਰ ਮੌਕੇ 'ਤੇ ਸਕੂਲ ਮੈਨੇਜਮੈਂਟ ਦੇ ਮੁੱਖ ਪ੍ਰਬੰਧਕ ਸਰਦਾਰ ਗੁਰਪ੍ਰੀਤ ਸਿੰਘ ਜੀ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਵਿੱਦਿਆ ਦੇ ਨਾਲ-ਨਾਲ ਅਧਿਆਤਮਿਕਤਾ ਦਾ ਹੋਣਾ ਬਹੁਤ ਜ਼ਰੂਰੀ ਹੈ। ਸਾਡੇ ਸਤਿਕਾਰਯੋਗ ਪ੍ਰਿੰਸੀਪਲ ਮੈਡਮ ਹਰਪ੍ਰੀਤ ਕੌਰ ਜੀ ਨੇ ਦੱਸਿਆ ਕਿ ਅਜਿਹੇ ਉਪਰਾਲਿਆਂ ਨਾਲ ਬੱਚਿਆਂ ਵਿੱਚ ਨੈਤਿਕ ਕਦਰਾਂ-ਕੀਮਤਾਂ ਅਤੇ ਆਪਣੇ ਵਿਰਸੇ ਪ੍ਰਤੀ ਸਤਿਕਾਰ ਪੈਦਾ ਹੁੰਦਾ ਹੈ। ਵਾਈਸ ਪ੍ਰਿੰਸੀਪਲ ਸਰਬਜੀਤ ਸਿੰਘ ਨੇ ਵੀ ਬੱਚਿਆਂ ਦੀ ਮਿਹਨਤ ਅਤੇ ਸ਼ਰਧਾ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦੌਰਾਨ ਮੈਡਮ ਪ੍ਰਭਜੀਤ ਕੌਰ, ਮੈਡਮ ਰਜਵੰਤ ਕੌਰ, ਅਮਰਜੋਤ ਕੌਰ,ਅੰਮ੍ਰਿਤ ਪਾਲ ਕੌਰ ਅਤੇ ਸਮੂਹ ਸਟਾਫ਼ ਮੈਂਬਰਾਂ ਨੇ ਤਨਦੇਹੀ ਨਾਲ ਸੇਵਾ ਨਿਭਾਈ।

## ਵਿਧਾਇਕ ਰਾਜਾ ਨੇ ਦਲਿਤ ਭਾਈਚਾਰੇ ਦੀ ਧਰਮਸ਼ਾਲਾ ਲਈ ਚੈੱਕ ਕੀਤਾ ਭੇਟ



ਟਾਂਡਾ ਉੜਮੁੜ, 15 ਮਾਰਚ (ਅਰਜੁਨ ਜੈਨ): ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਵਿਕਾਸ ਕਾਰਜਾਂ ਦੇ ਕੰਮਾਂ ਨੂੰ ਅੱਗੇ ਤੋਰਦੇ ਹੋਏ ਬਲਾਕ ਟਾਂਡਾ ਅਧੀਨ ਪੈਂਦੇ ਪਿੰਡ ਹਰਸੀ ਪਿੰਡ ਵਿਖੇ ਦਲਿਤ ਭਾਈਚਾਰੇ ਨਾਲ ਸਬੰਧਤ ਪਿੰਡ ਦੀ ਇਕ ਧਰਮਸ਼ਾਲਾ ਲਈ 5 ਲੱਖ ਰੁਪਏ ਦਾ ਚੈੱਕ ਭੇਟ ਕੀਤਾ । ਇਸ ਮੌਕੇ ਵਿਕਾਸ ਕਾਰਜਾਂ ਲਈ 5 ਲੱਖ ਦੇ ਚੈੱਕ ਦਿੰਦੇ ਹੋਏ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਹਲਕਾ ਉੜਮੁੜ ਟਾਂਡਾ ਵਿੱਚ ਵਿਕਾਸ ਕਾਰਜ ਧੜੱਲੇ ਨਾਲ ਕਰਵਾਏ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਹਰਸੀ ਪਿੰਡ ਦੇ ਦਲਿਤ ਭਾਈਚਾਰੇ ਦੀ ਧਰਮਸ਼ਾਲਾ ਲਈ ਗ੍ਰਾਂਟ ਰਾਸ਼ੀ ਲਈ ਬੜੇ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ ਜੋਂ ਹੁਣ ਪੂਰੀ ਹੋਣ 'ਤੇ ਜ਼ਿਲ੍ਹਾ ਪਰਿਸ਼ਦ ਗਗਨਦੀਪ ਕੌਰ ਦੀ ਅਗਵਾਈ ਵਿੱਚ ਦਲਿਤ ਭਾਈਚਾਰੇ ਦੇ ਲੋਕਾਂ ਨੂੰ ਭੇਂਟ ਕੀਤੀ ਗਈ ਹੈ । ਉਨ੍ਹਾਂ ਕਿਹਾ ਕਿ ਹਲਕੇ ਵਿੱਚ ਵਿਕਾਸ ਕਾਰਜਾਂ ਦੀ ਕੋਈ ਕਮੀਂ ਪੇਸ਼ੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਿਆਸਤ ਤੋਂ ਉਪਰ ਉਠ ਕੇ ਹਲਕੇ ਦੇ ਹਰ ਪਿੰਡ ਤੇ ਸ਼ਹਿਰ ਦਾ ਵਿਕਾਸ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਕੇਸ਼ਵ ਸੈਣੀ, ਲਵਦੀਪ ਸਿੰਘ ਲੱਬੀ, ਹਰਪ੍ਰੀਤ ਸਿੰਘ ਢੇਰੀ, ਸਰਪੰਚ ਰਸ਼ਪਾਲ ਸਿੰਘ, ਜਗਜੀਤ ਸਿੰਘ, ਅਮਨਜੋਤ ਕੌਰ, ਦਰਸ਼ਨ ਸਿੰਘ , ਦਲਜੀਤ ਕੌਰ , ਪਰਮਿੰਦਰ ਸਿੰਘ , ਗੁਰਮੀਤ ਕੌਰ , ਸੁਰਜੀਤ ਸਿੰਘ , ਕੁਲਦੀਪ ਸਿੰਘ ਆਦਿ ਹਾਜ਼ਰ ਸਨ ।

## ਸਰਕਾਰੀ ਕਾਲਜ ਤਲਵਾੜਾ ਦੇ ਪੀ.ਜੀ.ਡੀ ਸੀ.ਏ. ਸਮੈਸਟਰ ਪਹਿਲਾ ਦਾ ਨਤੀਜਾ ਰਿਹਾ ਸ਼ਾਨਦਾਰ

ਤਲਵਾੜਾ, 15 ਮਾਰਚ (ਜਗਮੋਹਨ ਸ਼ਰਮਾ) : ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਘੋਸ਼ਿਤ ਕੀਤੇ ਗਏ ਦਸੰਬਰ 2025 ਦੇ ਨਤੀਜਿਆਂ ਵਿੱਚ ਮਹੰਤ ਰਾਮ ਪ੍ਰਕਾਸ਼ ਦਾਸ ਸਰਕਾਰੀ ਕਾਲਜ, ਤਲਵਾੜਾ ਦੇ ਪੀ.ਜੀ.ਡੀ ਸੀ.ਏ ਸਮੈਸਟਰ ਪਹਿਲਾ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਰਜਿਸਟਰਾਰ ਪ੍ਰੋ. ਅਜੈ ਕੁਮਾਰ ਅਰਸ਼ ਨੇ ਦੱਸਿਆ ਕਿ ਇਨ੍ਹਾਂ ਨਤੀਜਿਆਂ ਵਿੱਚ ਊਮਾ ਨੇ 87.11% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ । ਸੀਆ ਨੇ 81% ਅੰਕਾਂ ਨਾਲ ਕਾਲਜ ਵਿੱਚੋਂ ਦੂਜਾ ਸਥਾਨ ਤੇ ਰਿਤਿਕਾ ਨੇ 79.5% ਅੰਕਾਂ ਨਾਲ ਕਾਲਜ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ । ਪ੍ਰਿੰਸੀਪਲ ਡਾ. ਰਾਜੀਵ ਖੋਸਲਾ ਨੇ ਕਿਹਾ ਕਿ ਇਨ੍ਹਾਂ ਚੰਗੇ ਨਤੀਜਿਆਂ ਪਿੱਛੇ ਨਾ ਸਿਰਫ਼ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਹੈ, ਸਗੋਂ ਵਿਦਿਆਰਥੀਆਂ ਦੇ ਮਾਪਿਆਂ ਦੀ ਵੀ ਵੱਡੀ ਭੂਮਿਕਾ ਰਹੀ ਹੈ, ਜਿਨ੍ਹਾਂ ਨੇ ਅੱਜ ਦੇ ਯੁੱਗ ਵਿੱਚ ਆਪਣੀਆਂ ਲੜਕੀਆਂ ਨੂੰ ਸਿੱਖਿਅਤ ਕਰਨ ਤੇ ਆਪਣੀ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਉਨ੍ਹਾਂ ਦਾ ਸਾਥ ਦਿੱਤਾ ਹੈ। ਇਸ ਮੌਕੇ 'ਤੇ ਜਿੱਥੇ ਪ੍ਰਿੰਸੀਪਲ ਡਾ. ਰਾਜੀਵ ਖੋਸਲਾ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ, ਉੱਥੇ ਹੀ ਪੀ.ਜੀ.ਡੀ ਸੀ.ਏ ਵਿਭਾਗ ਦੇ ਪ੍ਰੋ. ਕੋਮਲ ਤੇ ਕੰਪਿਊਟਰ ਵਿਭਾਗ ਦੇ ਪ੍ਰੋ. ਇੰਦਰਜੀਤ ਕੌਰ, ਪ੍ਰੋ. ਜਸਪ੍ਰੀਤ ਕੌਰ ਨੂੰ ਵੀ ਵਧਾਈ ਦਿੱਤੀ, ਜਿਨ੍ਹਾਂ ਦੀ ਸਖ਼ਤ ਮਿਹਨਤ ਸਦਕਾ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕਾਲਜ ਦਾ ਨਾਮ ਰੌਸ਼ਨ ਹੋਇਆ ਹੈ।

## ਪੰਜਾਬ ਸਰਕਾਰ ਦੇ ਸੇਵਾਮੁਕਤ ਪੈਨਸ਼ਨਰਾਂ ਵੱਲੋਂ ਡਿਜੀਟਲ ਲਾਈਫ ਸਰਟੀਫਿਕੇਟ ਕਰਵਾਉਣਾ ਹੋਇਆ ਲਾਜ਼ਮੀ: ਜ਼ਿਲ੍ਹਾ ਖ਼ਜ਼ਾਨਾ ਅਫ਼ਸਰ

ਅਮ੍ਰਿਤਸਰ, 15 ਮਾਰਚ (ਬਬਲੂ ਮਹਾਜਨ): ਮੈਡਮ ਸੁਖਬੀਰ ਕੌਰ ਜ਼ਿਲ੍ਹਾ ਖਜਾਨਾ ਅਫਸਰ ਵੱਲੋਂ ਜਾਣਕਾਰੀ ਦੇਂਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੇਵਾਮੁਕਤ ਹੋਏ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਲਿਆਉਣ ਲਈ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ । ਕਈ ਪੈਨਸ਼ਨਰਾਂ ਵੱਲੋਂ ਅਜੇ ਵੀ ਬੈਂਕਾਂ ਵਿੱਚ ਮੈਨੁਅਲ ਸਰਟੀਫਿਕੇਟ ਜਮਾਂ ਕਰਵਾਏ ਗਏ ਹਨ, ਜੋ ਕਿ ਹੁਣ ਮਾਨਤਾ ਪ੍ਰਾਪਤ ਨਹੀ ਹੋਣਗੇ ਆਪਣੀ ਪੈਨਸ਼ਨ ਨੂੰ ਬਿਨਾ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਤੁਰੰਤ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉ। ਤੁਸੀਂ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਹੇਠ ਲਿਖੇ ਸਥਾਨਾਂ ਤੇ ਜਾ ਕੇ ਜਮ੍ਹਾਂ ਕਰਵਾ ਸਕਦੇ ਹੋ। ਨਜਦੀਕੀ ਖਜਾਨਾ ਦਫਤਰ , ਸਬੰਧਤ ਬੈਂਕ ਦੀ ਬ੍ਰਾਂਚ , ਸੇਵਾ ਕੇਂਦਰ ਡੋਰ-ਸਟੈਪ ਡਲਿਵਰੀ : ਤੁਸੀਂ ਰਾਜ ਸਰਕਾਰ ਦੀ ਘਰ ਬੈਠੇ 1076 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲੈ ਸਕਦੇ ਹੋ । ਜਾਂ ਤੁਸੀਂ ਘਰ ਬੈਠੇ Jeevan Patra ਐਪ ਡਾਊਨਲੋਡ ਕਰਕੇ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹੋ।



## ਕਾਂਗਰਸੀ ਆਗੂ ਪੰਮਾਂ ਪ੍ਰਧਾਨ ਦੇ ਪਿਤਾ ਅਜੈਬ ਸਿੰਘ ਦੇ ਅਕਾਲ ਚਲਾਣੇ 'ਤੇ ਤਲਬੀਰ ਗਿੱਲ ਸਮੇਤ ਵੱਖ-ਵੱਖ ਆਗੂਆਂ ਨੇ ਪ੍ਰਮਜੀਤ ਪੰਮਾ ਨਾਲ ਕੀਤਾ ਦੁੱਖ ਸਾਂਝਾ



ਮਜੀਠਾ, 15 ਮਾਰਚ (ਅਸ਼ਵਨੀ ਨਈਅਰ) : ਕੌਂਸਲਰ ਪ੍ਰਮਜੀਤ ਸਿੰਘ ਪੰਮਾ ਪ੍ਰਧਾਨ ਤੇ ਉਨ੍ਹਾਂ ਦੇ ਭਰਾ ਗੁਰਮੀਤ ਸਿੰਘ ਦੇ ਪਿਤਾ ਸ੍ਰੀ ਅਜੈਬ ਸਿੰਘ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਸਨ। ਇਸ ਦੁੱਖਦ ਘਟਨਾ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਸਮੇਤ ਵੱਖ-ਵੱਖ ਸਿਆਸੀ, ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਸੋਗ ਪ੍ਰਗਟ ਕੀਤਾ। ਇਸ ਮੌਕੇ ਤਲਬੀਰ ਸਿੰਘ ਗਿੱਲ ਨੇ ਪਰਿਵਾਰ ਨੂੰ ਤਸੱਲੀ ਦਿੰਦਿਆਂ ਕਿਹਾ ਕਿ ਜੀਵਨ-ਮੌਤ ਪਰਮਾਤਮਾ ਦੇ ਹੱਥ ਵਿੱਚ ਹੈ ਅਤੇ ਇਸ ਨੂੰ ਸਵੀਕਾਰ ਕਰਨਾ ਪੈਂਦਾ ਹੈ। ਉਨ੍ਹਾਂ ਸਵ: ਅਜੈਬ ਸਿੰਘ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਦਗੀ ਭਰ ਸਮਾਜ ਸੇਵਾ ਅਤੇ ਨਿਮਰਤਾ ਨਾਲ ਜੁੜੇ ਰਹੇ। ਆਪਣੇ ਸੁਭਾਅ ਅਤੇ ਵਿਵਹਾਰ ਨਾਲ ਉਨ੍ਹਾਂ ਨੇ ਬੇਹਿਸਾਬ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ । ਉਨ੍ਹਾਂ ਦੇ ਅਚਾਨਕ ਵਿਛੋੜੇ ਨਾਲ ਨਾ ਸਿਰਫ਼ ਪਰਿਵਾਰ ਨੂੰ ਸਗੋਂ ਪੂਰੇ ਇਲਾਕੇ ਅਤੇ ਸਮਾਜ ਨੂੰ ਵੱਡੀ ਘਾਟ ਮਹਿਸੂਸ ਹੋਵੇਗੀ। ਇੱਕ ਸਮਰਪਿਤ ਅਤੇ ਨੇਕ ਇਨਸਾਨ ਦੀ ਕਮੀ ਲੰਬੇ ਸਮੇਂ ਤੱਕ ਰਹੇਗੀ। ਤਲਬੀਰ ਗਿੱਲ ਨੇ ਪਰਿਵਾਰ ਨੂੰ ਹੌਸਲਾ ਦਿੰਦਿਆਂ ਕਿਹਾ ਕਿ ਉਹ ਸਵ: ਅਜੈਬ ਸਿੰਘ ਦੀਆਂ ਸਿੱਖਿਆਵਾਂ ਅਤੇ ਆਦਰਸ਼ਾਂ ਨੂੰ ਅੱਗੇ ਵਧਾਉਂਦੇ ਰਹਿਣ ਅਤੇ ਉਨ੍ਹਾਂ ਦੀ ਯਾਦ ਨੂੰ ਜਿਉਂਦਾ ਰੱਖਣ। ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਭਗਵੰਤਪਾਲ ਸਿੰਘ ਸੱਚਰ (ਸਾਬਕਾ ਜਿਲ੍ਹਾ ਪ੍ਰਧਾਨ), ਸੁੱਖ ਔਜਲਾ ਭਰਾਤਾ (ਸੰਸਦ ਮੈਂਬਰ), ਪ੍ਰਦੀਪ ਸਿੰਘ ਭੁੱਲਰ (ਹਲਕਾ ਇੰਚਾਰਜ ਭਾਜਪਾ), ਨਰਿੰਦਰਪਾਲ ਸੰਧੂ ਅਤੇ ਜਸਕਰਨ ਕਾਹਲੋਂ (ਦੋਵੇਂ ਬੁਲਾਰੇ ਕਾਂਗਰਸ ਕਮੇਟੀ ਪੰਜਾਬ), ਪਲਵਿੰਦਰ ਸਿੰਘ ਪਾਲੀ (ਮਜੀਠਾ ਪ੍ਰਧਾਨ ਕਿਸਾਨ ਸੇਲ ਪੰਜਾਬ ਰਾਹੁਲ ਬਰਗੇਡ), ਨਵਦੀਪ ਸਿੰਘ ਸੋਨਾ (ਸ਼ਹਿਰੀ ਪ੍ਰਧਾਨ), ਕਿਰਪਾਲ ਸਿੰਘ (ਸੰਗਠਨ ਮੰਤਰੀ ਆਪ), ਸਾਬਕਾ ਸਰਪੰਚ ਬੱਬੀ ਭਗਵਾਂ, ਸੁਖਜਿੰਦਰ ਭਗਵਾਂ, ਯਾਦਵਿੰਦਰ ਸਿੰਘ ਪੰਧੇਰ (ਚੇਅਰਮੈਨ), ਰਿੰਕੂ ਕੋਟਲਾ ਤਰਖਾਣਾ (ਵਾਇਸ ਚੇਅਰਮੈਨ), ਜਸਵੰਤ ਸਿੰਘ ਪੰਨੂੰ (ਜਿਲ੍ਹਾ ਪ੍ਰੀਸ਼ਦ ਮੈਂਬਰ), ਸਰਪੰਚ ਪ੍ਰੇਮ ਸਿੰਘ ਸੋਨੀ ਕੱਥੂਨੰਗਲ, ਲਖਵਿੰਦਰ ਸਿੰਘ ਬੰਗਵਾਲ, ਅਮਰਜੀਤ ਸਿੰਘ ਪੰਨੂ, ਚੰਨਪ੍ਰੀਤ ਸਿੰਘ ਅਜਾਇਬਵਾਲੀ, ਡਾ. ਕਸ਼ਮੀਰ ਸਿੰਘ ਪੰਧਰ, ਮਲਕੀਤ ਸਿੰਘ ਵਡਾਲਾ, ਰਵਿੰਦਰਪਾਲ ਸਿੰਘ ਹਦਾਇਤਪੁਰ ਅਤੇ ਹੋਰ ਵੱਡੀ ਗਿਣਤੀ ਵਿੱਚ ਸਮਾਜਿਕ ਤੇ ਸਿਆਸੀ ਆਗੂ ਸ਼ਾਮਲ ਸਨ।

## ਅੰਮ੍ਰਿਤਸਰ ਵਿੱਚ ਸਰਹੱਦ ਪਾਰੋਂ ਚੱਲ ਰਹੇ ਤਸਕਰੀ ਮਾਡਿਊਲਾਂ ਨਾਲ ਜੁੜੇ 6 ਵਿਅਕਤੀ ਗ੍ਰਿਫਤਾਰ



ਅੰਮਿਤਸਰ, 15 ਮਾਰਚ (ਬਬਲੂ ਮਹਾਜਨ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਛੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਛੇ ਆਧੁਨਿਕ ਪਿਸਤੌਲ ਅਤੇ 3.5 ਕਿਲੋ ਹੈਰੋਇਨ ਬਰਾਮਦ ਕਰਕੇ ਸਰਹੱਦ ਪਾਰੋਂ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਦੇ ਦੋ ਵੱਖ-ਵੱਖ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰਕੈਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰਨ ਸਿੰਘ (26), ਗੁਰਪ੍ਰੀਤ ਸਿੰਘ ਉਰਫ਼ ਗੋਪੀ (22), ਰਾਕੇਸ਼ ਉਰਫ਼ ਕੇਸ਼ੂ (26), ਚਮਕੌਰ ਸਿੰਘ ਉਰਫ਼ ਚਮਕੌਰ (23), ਚਾਰੋਂ ਵਾਸੀ ਖੇਮਕਰਨ, ਤਰਨਤਾਰਨ ਅਤੇ ਮੱਖਣਦੀਨ ਉਰਫ਼ ਮੱਖਣ (22) ਵਾਸੀ ਨਾਗ ਕਲਾਂ, ਅੰਮ੍ਰਿਤਸਰ ਅਤੇ ਜਸਬੀਰ ਸਿੰਘ ਉਰਫ਼ ਬੀਰਾ ਉਰਫ਼ ਰਘੂ (19) ਵਾਸੀ ਪਿੰਡ ਮੂਲੇਚੱਕ, ਅੰਮ੍ਰਿਤਸਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਤਿੰਨ ਪੀ ਐਕਸ 5.7ਗ28 ਐਮਐਮ ਟੀਆਈਐਸਏਐਸ ਟਰਕੀ ਪਿਸਤੌਲ, ਦੋ .30 ਬੋਰ ਅਤੇ ਇੱਕ 9 ਐਮਐਮ ਪਿਸਤੌਲ ਤੋਂ ਇਲਾਵਾ 60 ਜ਼ਿੰਦਾ ਕਾਰਤੂਸਾਂ ਵੀ ਸ਼ਾਮਲ ਹਨ। ਇਸ ਕਾਰਵਾਈ ਵਿੱਚ ਬਰਾਮਦ ਕੀਤੇ ਗਏ ਆਧੁਨਿਕ ਆਟੋਮੈਟਿਕ ਪੀ ਐਕਸ 5.7ਗ28 ਐਮਐਮ ਟੀਆਈਐਸਏਐਸ ਟਰਕੀ ਸੀਰੀਜ਼ ਪਿਸਤੌਲ ਨਵੀਨਤਮ ਹਥਿਆਰ ਹੈ ਅਤੇ ਇਹ ਦੁਰਲੱਭ ਬਰਾਮਦਗੀਆਂ ਵਿੱਚੋਂ ਇੱਕ ਹਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਵਿੱਚ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੇ ਪਾਕਿਸਤਾਨ-ਅਧਾਰਤ ਤਸਕਰਾਂ ਨਾਲ ਸਬੰਧਾਂ ਦਾ ਖੁਲਾਸਾ ਹੋਇਆ ਹੈ, ਜੋ ਡਰੋਨ ਜ਼ਰੀਏ ਭਾਰਤ-ਪਾਕਿਸਤਾਨ ਸਰਹੱਦ ਦੇ ਨੇੜੇ ਹਥਿਆਰਾਂ ਅਤੇ ਨਸ਼ਿਆਂ ਦੀ ਸਪਲਾਈ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਦੋਸ਼ੀ ਸਰਹੱਦ ਪਾਰ ਦੇ ਇੱਕ ਹੈਂਡਲਰ ਅਧੀਨ ਕੰਮ ਕਰ ਰਹੇ ਸਨ, ਜਿਸ ਤੋਂ ਪਤਾ ਲੱਗਦਾ ਹੈ ਕਿ ਇਹ ਇੱਕ ਵੱਡਾ ਸੰਗਠਿਤ ਤਸਕਰੀ ਨੈੱਟਵਰਕ ਹੋ ਸਕਦਾ ਹੈ।

## ਖੇਤੀਬਾੜੀ ਯੂਨੀਵਰਸਿਟੀ ਦੇ ਰਿਜ਼ਨਲ ਸਟੇਸ਼ਨ ਗੁਰਦਾਸਪੁਰ ਵਿਖੇ 27 ਨੂੰ ਲੱਗੇਗਾ ਕਿਸਾਨ ਮੇਲਾ



ਬਟਾਲਾ, ਨਸ਼ਹਿਰਾ ਮੱਝਾ ਸਿੰਘ, 15 ਮਾਰਚ (ਬਲਵਿੰਦਰ ਸਿੰਘ ਪੰਜਗਰਾਈ/ ਡਾਕਟਰ ਸਰਵਣ ਸਿੰਘ): ਖੇਤੀ ਵਿਭਿੰਨਤਾ ਅਪਣਾਓ, ਵਡਮੁੱਲਾ ਵਾਤਾਵਰਣ ਬਚਾਉ ਦੇ ਉਦੇਸ਼ ਨਾਲ ਕਿਸਾਨ ਮੇਲਾ ਖੇਤੀਬਾੜੀ ਯੂਨੀਵਰਸਿਟੀ ਦੇ ਰਿਜ਼ਨਲ ਸਟੇਸ਼ਨ ਗੁਰਦਾਸਪੁਰ ਵਿਖੇ 27 ਮਾਰਚ ਨੂੰ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਰਿਜ਼ਨਲ ਸਟੇਸ਼ਨ ਦੇ ਡਾਇੈਕਟਰ ਡਾ. ਹਰਪਾਲ ਸਿੰਘ ਰੰਧਾਵਾ ਨੇ ਦੱਸਿਆਂ ਹੈ ਕਿ ਮੇਲੇ ਵਿੱਚ ਸਾਉਣੀ ਦੀਆਂ ਫ਼ਸਲਾਂ/ ਸਬਜੀਆਂ ਦੇ ਸੁਧਰੇ ਬੀਜ ਅਤੇ ਸਦਾਬਹਾਰ ਫ਼ਲਦਾਰ ਬੂਟੇ ਉਪਲੱਬਧ ਕਰਵਾਏ ਜਾਣਗੇ।

ਖੇਤੀ ਵਿਸ਼ਾ ਮਾਹਿਰਾਂ ਵੱਲੋ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਬਾਰੇ ਤਕਨੀਕੀ ਜਾਣਕਾਰੀ ਦਿੱਤੀ ਜਾਏਗੀ ਅਤੇ ਕਿਸ਼ਾਨਾਂ ਦੀਆਂ ਖੇਤੀ ਮੁਸ਼ਕਿਲਾਂ ਬਾਰੇ ਸੁਆਲ-ਜੁਆਬ ਵੀ ਹੋਣਗੇ। ਇਸ ਤੋਂ ਇਲਾਵਾ ਪੀ ਏ ਯੂ, ਸਰਕਾਰੀ ਵਿਭਾਗਾਂ ਅਤੇ ਪ੍ਰਾਈਵੇਟ ਕੰਪਨੀਆਂ ਵੱਲੋ ਖੇਤੀ ਅਧਾਰਿਤ ਸਟਾਲ/ ਪ੍ਰਦਰਸ਼ਨੀਆਂ ਵੀ ਲਗਾਏ ਜਾਣਗੇ, ਮੇਲੇ ਵਿੱਚ ਹਾੜ੍ਹੀ ਦੀਆਂ ਫ਼ਸਲਾਂ ਦੀਆਂ ਕਿਸਮਾਂ ਅਤੇ ਹੋਰ ਖੇਤੀ ਤਕਨੀਕਾਂ ਦੀਆਂ ਲਾਈਵ ਪ੍ਰਦਰਸ਼ਨੀਆਂ ਵੀ ਦਿਖਾਈਆਂ ਜਾਣਗੀਆਂ, ਜਿਸ ਵਿੱਚ ਕਿਸਾਨ ਵੀਰਾਂ ਅਤੇ ਬੀਬੀਆਂ ਲਈ ਬਹੁਤ ਕੀਮਤੀ ਜਾਣਕਾਰੀ ਹੋਏਗੀ।

ਉਨ੍ਹਾਂ ਦੱਸਿਆ ਕਿ ਇਸ ਮੇਲੇ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਸਾਹਿਬਾਨ ਅਤੇ ਡਾਕਟਰ ਸਤਬੀਰ ਸਿੰਘ ਗੋਸ਼ਲ ਕੁਲਪਤੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਯੂਨੀਵਰਸਿਟੀ ਨਾਲ ਜੁੜੇ ਸੈਲਫ ਹੈਲਪ ਗਰੁੱਪ ਵੀ ਆਪਣੇ ਸਟਾਲ/ਪ੍ਰਦਰਸ਼ਨੀਆਂ ਵੀ ਲਗਾਕੇ ਫ਼ਸਲਾਂ ਦੀ ਉਪਜ ਨੂੰ ਸਹੀ ਢੰਗ ਨਾਲ ਵੇਚਣ ਲਈ ਕਿਸਾਨਾਂ ਨੂੰ ਜਾਗਰੂਕ ਕਰਨਗੇ। ਉਨ੍ਹਾਂ ਇਲਾਕੇ ਦੇ ਸਮੂਹ ਵੀਰਾਂ/ਭੈਣਾਂ/ਬਜ਼ੁਰਗਾਂ ਨੂੰ 27 ਮਾਰਚ ਦਿਨ ਸ਼ੁੱਕਰਵਾਰ ਨੂੰ ਕਿਸਾਨ ਮੇਲੇ ਵਿੱਚ ਹੁੰਮ-ਹੁਮਾ ਕਿ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ।

# ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ



## ਸਿਹਤ

- ਆਮ ਆਦਮੀ ਕਲੀਨਿਕਾਂ ਵਿੱਚ ਦਵਾਈਆਂ ਅਤੇ ਜਾਂਚ ਬਿਲਕੁਲ ਮੁਫ਼ਤ
- 2,661 ਡਾਕਟਰਾਂ, ਪੈਰਾਮੈਡੀਕਸ ਅਤੇ ਫਰੰਟਲਾਈਨ ਸਟਾਫ ਦੀਆਂ ਨਵੀਆਂ ਭਰਤੀਆਂ
- 'ਸੀ.ਐੱਮ. ਦੀ ਯੋਗਸ਼ਾਲਾ' ਵਿੱਚ ਰੋਜ਼ਾਨਾ ਲੱਖਾਂ ਲੋਕਾਂ ਨੂੰ ਮੁਫ਼ਤ ਵਿੱਚ ਯੋਗਾ ਕਲਾਸਾਂ ਦੇ ਰਹੀ ਹੈ ਸਰਕਾਰ

## ਮੁੱਖ ਮੰਤਰੀ ਸਿਹਤ ਯੋਜਨਾ

ਹਰ ਪਰਿਵਾਰ ਲਈ
₹10 ਲੱਖ ਦਾ ਬਿਲਕੁਲ ਮੁਫ਼ਤ ਇਲਾਜ

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ

ਪੰਜਾਬ ਦੀ ਹਰ ਔਰਤ ਨੂੰ ₹1,000 ਪ੍ਰਤੀ ਮਹੀਨਾ

ਅਨੁਸੂਚਿਤ ਜਾਤੀ ਨਾਲ ਸਬੰਧਤ ਔਰਤਾਂ ਨੂੰ ₹1,500 ਪ੍ਰਤੀ ਮਹੀਨਾ

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ

- 50 ਸਾਲ ਤੋਂ ਵੱਧ ਉਮਰ ਦੇ ਸਾਰੇ ਨਾਗਰਿਕਾਂ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਫ਼ਤ ਤੀਰਥ ਯਾਤਰਾ
- ਯਾਤਰੀਆਂ ਲਈ ਏ.ਸੀ. ਬੱਸ, ਰਹਿਣ ਲਈ ਏ.ਸੀ. ਹੋਟਲ ਦਾ ਮੁਫ਼ਤ ਪ੍ਰਬੰਧ

## ਸ਼ਹੀਦਾਂ ਦੇ ਪਰਿਵਾਰਾਂ ਨੂੰ ₹1 ਕਰੋੜ ਦੀ ਸਨਮਾਨ ਰਾਸ਼ੀ

- ਸ਼ਹੀਦ ਸੈਨਿਕਾਂ ਦੇ ਪਰਿਵਾਰਾਂ ਨੂੰ ਸਰਕਾਰ ਦੇ ਰਹੀ ₹1 ਕਰੋੜ ਸਨਮਾਨ ਰਾਸ਼ੀ

## ਸਿੱਖਿਆ- ਪੰਜਾਬ ਬਣਿਆ ਦੇਸ਼ 'ਚੋਂ ਨੰਬਰ- 1

- ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਪੰਜਾਬ ਦੇਸ਼ 'ਚੋਂ No.- 1 ਬਣਿਆ
- ਸਰਕਾਰੀ ਸਕੂਲਾਂ ਦੇ 305 ਵਿਦਿਆਰਥੀਆਂ ਨੇ JEE Main, 845 ਨੇ NEET ਦੀ ਪ੍ਰੀਖਿਆ ਕੀਤੀ ਪਾਸ
- 15,000 ਤੋਂ ਜ਼ਿਆਦਾ ਨਵੇਂ ਅਧਿਆਪਕ ਭਰਤੀ ਕੀਤੇ, 12,000 ਤੋਂ ਜ਼ਿਆਦਾ ਕੱਚੇ ਅਧਿਆਪਕਾਂ ਨੂੰ ਪੱਕੇ ਕੀਤਾ ਗਿਆ
- ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨੂੰ ਫਿਨਲੈਂਡ, ਸਿੰਗਾਪੁਰ ਅਤੇ ਆਈ.ਆਈ.ਐੱਮ. ਵਿੱਚ ਟ੍ਰੇਨਿੰਗ ਕਰਵਾਈ ਜਾ ਰਹੀ ਹੈ
- ਪਹਿਲੀ ਵਾਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮੁਫ਼ਤ ਸਕੂਲ ਬੱਸਾਂ ਦੀ ਸਹੂਲਤ ਦਿੱਤੀ ਗਈ

## ਰੋਜ਼ਗਾਰ

- 65,264 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲੀਆਂ
- 5 ਲੱਖ ਤੋਂ ਜ਼ਿਆਦਾ ਨੌਕਰੀਆਂ ਪ੍ਰਾਈਵੇਟ ਸੈਕਟਰ ਵਿੱਚ ਦਿੱਤੀਆਂ ਗਈਆਂ

## ਉਦਯੋਗਿਕ ਨਿਵੇਸ਼- ₹1.55 ਲੱਖ ਕਰੋੜ

- ਪੰਜਾਬ ਵਿੱਚ ਸਿਰਫ਼ 4 ਸਾਲਾਂ ਵਿੱਚ ₹1.55 ਲੱਖ ਕਰੋੜ ਦਾ ਨਿਵੇਸ਼
- 5 ਲੱਖ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਏ
- ਉਦਯੋਗਿਕ ਅਤੇ ਕਾਰੋਬਾਰ ਵਿਕਾਸ ਨੀਤੀ- 2026 ਲਾਗੂ
- ਯੂ.ਕੇ., ਜਪਾਨ ਅਤੇ ਦੱਖਣੀ ਕੋਰੀਆ ਨਾਲ ਰਣਨੀਤਕ ਸਾਂਝੇਦਾਰੀ

## ਪੇਂਡੂ ਵਿਕਾਸ- 49,000 ਕਿਲੋਮੀਟਰ ਸੜਕਾਂ ਦਾ ਨਿਰਮਾਣ

- 49,000 ਕਿਲੋਮੀਟਰ ਤੋਂ ਜ਼ਿਆਦਾ ਸੜਕਾਂ ਦਾ ਨਵੀਨੀਕਰਨ
- ਪੇਂਡੂ ਖੇਤਰਾਂ ਵਿੱਚ ਆਧੁਨਿਕ ਲਾਇਬ੍ਰੇਰੀਆਂ ਦਾ ਨਿਰਮਾਣ
- 13,000 ਤੋਂ ਵੱਧ ਪਿੰਡਾਂ ਦੇ ਛੱਪੜਾਂ ਦੀ ਸਫ਼ਾਈ

## ਯੁੱਧ ਨਸ਼ਿਆਂ ਵਿਰੁੱਧ- 50 ਹਜ਼ਾਰ ਤਸਕਰ ਗ੍ਰਿਫ਼ਤਾਰ

- 50,238 ਨਸ਼ਾ ਤਸਕਰ ਗ੍ਰਿਫ਼ਤਾਰ ਹੋਏ ਜਿਨ੍ਹਾਂ ਤੋਂ 32,620 ਕਿਲੋ ਨਸ਼ਾ ਜ਼ਬਤ ਕਰਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਵੱਲ ਵੱਡਾ ਕਦਮ ਚੁੱਕਿਆ

## ਸੜਕ ਦੁਰਘਟਨਾ ਵਿੱਚ ਮੌਤਦਰ 50.12% ਘਟੀ

- ਭਾਰਤ ਦੀ ਪਹਿਲੀ ਸੜਕ ਸੁਰੱਖਿਆ ਫੋਰਸ ਪੰਜਾਬ ਵਿੱਚ ਬਣੀ
- ਸੜਕੀ ਹਾਦਸਿਆਂ 'ਚ ਮੌਤ ਦਰ 50.12% ਤੱਕ ਘਟੀ
- 47,000+ ਲੋਕਾਂ ਨੂੰ ਸਮੇਂ ਸਿਰ ਮਦਦ ਮਿਲੀ

## ਭ੍ਰਿਸ਼ਟਾਚਾਰ ਮੁਕਤ ਪੰਜਾਬ

- ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 9501200200 ਸ਼ੁਰੂ ਕੀਤੀ
- 1,000+ ਭ੍ਰਿਸ਼ਟਾਚਾਰੀਆਂ ਦੀਆਂ ਗ੍ਰਿਫ਼ਤਾਰੀਆਂ ਕੀਤੀਆਂ

## ਈਜ਼ੀ ਰਜਿਸਟਰੀ/ਜਮ੍ਹਾਂਬੰਦੀ

- 'ਈਜ਼ੀ ਰਜਿਸਟਰੀ'- ਜ਼ਮੀਨ ਦੀ ਰਜਿਸਟਰੀ ਲਈ ਨਵੀਂ ਸਹੂਲਤ
- ਸਿਰਫ਼ 48 ਘੰਟਿਆਂ ਵਿੱਚ ਰਜਿਸਟਰੀ ਮੁਕੰਮਲ
- ਵੱਟਸਐਪ ਰਾਹੀਂ ਹਰ ਕਦਮ ਉੱਤੇ ਪਾਰਦਰਸ਼ੀ ਜਾਣਕਾਰੀ

## 90% ਘਰਾਂ ਨੂੰ ਮੁਫ਼ਤ ਬਿਜਲੀ

- 90% ਘਰਾਂ ਨੂੰ ਮਿਲ ਰਹੀ 600 ਯੂਨਿਟ ਮੁਫ਼ਤ ਬਿਜਲੀ
- ਪਹਿਲੀ ਵਾਰ ਕਿਸਾਨਾਂ ਨੂੰ ਖੇਤੀ ਲਈ ਦਿਨ ਵਿੱਚ ਮਿਲ ਰਹੀ ਬਿਨਾਂ ਰੁਕਾਵਟ ਬਿਜਲੀ

## ਖੇਡਾਂ- 3,100 ਨਵੇਂ ਖੇਡ ਮੈਦਾਨ ਬਣੇ

- ਓਲੰਪਿਕ ਤਮਗ਼ਾ ਜੇਤੂ ਖਿਡਾਰੀਆਂ ਨੂੰ ₹1 ਕਰੋੜ ਅਤੇ ਸਰਕਾਰੀ ਨੌਕਰੀ
- ਖਿਡਾਰੀਆਂ ਨੂੰ ਮੈਚ ਦੀ ਤਿਆਰੀ ਲਈ ₹15 ਲੱਖ ਤੱਕ ਦੀ ਵਿਸ਼ੇਸ਼ ਸਹਾਇਤਾ

## 'ਮੇਰੀ ਰਸੋਈ' ਯੋਜਨਾ ਦੀ ਸ਼ੁਰੂਆਤ

- 40 ਲੱਖ ਗਰੀਬ ਪਰਿਵਾਰਾਂ ਨੂੰ 2 ਕਿਲੋ ਦਾਲ, 2 ਕਿਲੋ ਖੰਡ, 1 ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ 1 ਲੀਟਰ ਸਰ੍ਹੋਂ ਦਾ ਤੇਲ ਮੁਫ਼ਤ ਮਿਲੇਗਾ

## ਖੇਤੀਬਾੜੀ- ਦੇਸ਼ ਵਿੱਚ ਸਭ ਤੋਂ ਵੱਧ ਮੁਆਵਜ਼ਾ

- ਕਿਸਾਨਾਂ ਨੂੰ ₹20,000 ਪ੍ਰਤੀ ਏਕੜ, ਦੇਸ਼ ਵਿੱਚ ਸਭ ਤੋਂ ਵੱਧ ਮੁਆਵਜ਼ਾ ਮਿਲ ਰਿਹਾ
- ਨਹਿਰੀ ਖਾਲਿਆਂ ਰਾਹੀਂ ਹਰ ਖੇਤ ਵਿੱਚ ਪਾਣੀ ਪਹੁੰਚਾਇਆ
- ਦੇਸ਼ ਵਿੱਚ ਗੰਨੇ ਦਾ ਸਭ ਤੋਂ ਵੱਧ ਮੁੱਲ ਮਿਲ ਰਿਹਾ ₹416 ਪ੍ਰਤੀ ਕੁਇੰਟਲ
- ਸਬਸਿਡੀ ਉੱਤੇ ਮੁਹੱਈਆ ਕਰਵਾਈਆਂ ਸੀ.ਆਰ.ਐੱਮ. ਮਸ਼ੀਨਾਂ
- ਫ਼ਸਲਾਂ ਦੀ ਤੁਰੰਤ ਖਰੀਦ, 24 ਘੰਟਿਆਂ ਵਿੱਚ ਭੁਗਤਾਨ

ਅਨੁਵਾਦ ਕਰਨ ਲਈ QR ਸਕੈਨ ਕਰੋ

# ਭਾਜਪਾ ਦੀ ਰੈਲੀ ਨੇ ਸੂਬੇ ਵਿੱਚ ਬਦਲਾਅ ਅਤੇ ਨਵੀਂ ਰਾਜਨੀਤਿਕ ਦਿਸ਼ਾ ਦਾ ਸੁਨੇਹਾ ਦਿੱਤਾ : ਧੀਮਾਨ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ): ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਭਾਜਪਾ ਲੁਧਿਆਣਾ ਦੇ ਵਰਕਰਾਂ ਦੇ ਇੱਕ ਵੱਡੇ ਕਾਫਲੇ ਨੇ ਮੋਗਾ ਰੈਲੀ ਵਿੱਚ ਹਿੱਸਾ ਲਿਆ।

ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਧੀਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਮੋਗਾ ਵਿੱਚ ਭਾਜਪਾ ਦੀ 'ਬਦਲਾਵ ਰੈਲੀ' ਨੂੰ ਲੈ ਕੇ ਉਤਸ਼ਾਹਿਤ ਹਨ। ਧੀਮਾਨ ਨੇ ਕਿਹਾ ਕਿ ਇਹ ਰੈਲੀ ਸੂਬੇ ਵਿੱਚ ਬਦਲਾਅ ਦਾ ਸੁਨੇਹਾ ਅਤੇ ਨਵੀਂ ਰਾਜਨੀਤਿਕ ਦਿਸ਼ਾ ਦੇਣ ਲਈ ਇੱਕ ਪਲੇਟਫਾਰਮ ਵਜੋਂ ਕੰਮ ਕਰੇਗੀ।

ਧੀਮਾਨ ਨੇ 'ਬਦਲਾਵ ਰੈਲੀ' ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਨੂੰ ਗੁੰਡਾਗਰਦੀ, ਨਸ਼ੇ ਅਤੇ ਬੇਰੁਜ਼ਗਾਰੀ ਤੋਂ ਮੁਕਤ ਕਰੇਗੀ। ਇਸ ਮੌਕੇ ਜਤਿੰਦਰ ਮਿੱਤਲ, ਅਨਿਲ ਸਰੀਨ, ਰੇਣੂ ਥਾਪਰ, ਗੁਰਦੇਵ ਸ਼ਰਮਾ ਦੇਵੀ, ਜੀਵਨ ਗੁਪਤਾ, ਬਿਕਰਮ ਸਿੰਘ ਸਿੱਧੂ, ਪ੍ਰੇਮ ਮਿੱਤਲ, ਰਾਕੇਸ਼ ਕਪੂਰ, ਪਰਵੀਨ ਬਾਂਸਲ, ਰਾਜੀਵ ਕਟਾਣਾ, ਸੁਭਾਸ਼ ਵਰਮਾ, ਹਰਿਗੋਵਿੰਦ ਸਿੰਘ ਤਿਵਾੜੀ, ਡਾ: ਕਨਸ਼ਪਾਲ ਸਿੰਘ, ਡਾ. ਜਨੋਤਰਾ, ਮਹੇਸ਼ ਸ਼ਰਮਾ, ਡਾ: ਨਿਰਮਲ ਨਈਅਰ, ਮਨੀਸ਼ ਚੋਪੜਾ, ਲੱਕੀ ਸ਼ਰਮਾ, ਅਸ਼ਵਨੀ ਟੰਡਨ, ਸਤਨਾਮ ਸਿੰਘ ਸੇਠੀ, ਸੁਮਿਤ ਟੰਡਨ, ਦੀਪਕ ਗੋਇਲ, ਅੰਕਿਤ ਬੱਤਰਾ, ਸਾਬਿਰ ਹੁਸੈਨ, ਪ੍ਰੈਸ ਸਕੱਤਰ ਡਾ: ਸਤੀਸ਼ ਕੁਮਾਰ, ਰਾਜਨ ਪਾਂਡੇ, ਪਰਵੀਨ ਸ਼ਰਮਾ, ਸੁਰਿੰਦਰ ਕੌਸ਼ਲ, ਸ਼ੀਨੂ ਲੁਬਾਣਾ, ਅਸ਼ਵਨੀ ਲੁਬਾਣਾ, ਤਾਇਆ ਲੁਬਾਣਾ, ਰਵੀ ਬੱਤਰਾ, ਪੂਨਮ ਰਤਡਾ, ਰੋਹਿਤ ਸਿੱਕਾ, ਵਿਪਨ ਪੱਲਵੀ ਵਿਨਾਇਕ, ਵਿਸ਼ਾਲ ਰੁਚੀ ਗੁਲਾਟੀ, ਪਿੰਕੂ ਸ਼ਰਮਾ, ਜਤਿੰਦਰ ਗੋਰੀਆ, ਨੀਰਜ ਵਰਮਾ, ਵਿਭੋਰ। ਗਰਗ, ਰਾਜਨ ਵਿਆਸ, ਸਤਨਾਮ ਵਰਮਾ, ਸਾਰੇ ਮੋਰਚਿਆਂ ਦੇ ਮੰਡਲ ਸਰਕਲ ਪ੍ਰਧਾਨਾਂ ਅਤੇ ਜ਼ਿਲ੍ਹਾ ਪ੍ਰਧਾਨਾਂ, ਸੈੱਲਾਂ ਦੇ ਕਨਵੀਨਰ ਅਤੇ ਸੈਂਕੜੇ ਭਾਜਪਾ ਵਰਕਰਾਂ ਨੇ ਇਸ ਰੈਲੀ ਵਿੱਚ ਹਿੱਸਾ ਲਿਆ।

# ਬਲੀਏਵਾਲ ਨੇ ਅਮਿਤ ਸ਼ਾਹ ਦਾ ਮੋਗਾ ਪਹੁੰਚਣ 'ਤੇ ਕੀਤਾ ਸਵਾਗਤ



ਲੁਧਿਆਣਾ/ਸਾਹਨੇਵਾਲ, 15 ਮਾਰਚ(ਨਿੱਝਰ,ਕੁਲਦੀਪ ਕੁਹਾੜਾ): ਹਲਕਾ ਸਾਹਨੇਵਾਲ ਤੋਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਪੰਜਾਬ ਦੇ ਬੁਲਾਰੇ ਪ੍ਰਿਤਪਾਲ ਸਿੰਘ ਬੱਲੀਏਵਾਲ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਾਂ ਨੇ ਅਤੇ ਸਮੱਰਥਕਾਂ ਨੇ ਮੋਗਾ ਵਿਖੇ ਭਾਜਪਾ ਦੀ ਵਿਸ਼ਾਲ ਬਦਲਾਅ ਰੈਲੀ ਵਿੱਚ ਸ਼ਿਰਕਤ ਕੀਤੀ। ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਇਸ ਰੈਲੀ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਿਨ੍ਹਾਂ ਦਾ ਬੱਲੀਏਵਾਲ ਵੱਲੋਂ ਬੜੀ ਹੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਰੈਲੀ ਲਈ ਹਲਕਾ ਸਾਹਨੇਵਾਲ ਦੇ ਪਿੰਡ ਘੁਮੈਤ, ਪੰਜੇਟਾ, ਕੂੰਮ ਕਲਾਂ, ਕੂੰਮ ਖੁਰਦ, ਬੱਲੀਏਵਾਲ, ਚੌਤਾ, ਮੱਤੇਵਾੜਾ, ਮੰਗਲੀ, ਸਸਰਾਲੀ, ਬੂਥਗੜ੍ਹ, ਕਨੀਜਾ, ਢੇਰੀ, ਕਾਕੋਵਾਲ, ਨੂਰਵਾਲਾ, ਮੇਹਰਬਾਨ, ਜਗੀਰਪੁਰ, ਕੱਕਾ, ਭਾਮੀਆਂ, ਮੁੰਡੀਆਂ, ਮੁੰਡੀਆਂ ਟਿੱਬਾ, ਨੀਚੀ ਮੰਗਲੀ, ਕਟਾਣੀ ਕਲਾਂ, ਸਾਹਨੇਵਾਲ ਸ਼ਹਿਰ, ਲੁਧਿਆਣਾ ਕਾਰਪੋਰੇਸ਼ਨ ਦੇ 5 ਵਾਰਡ ਅਤੇ ਢੰਡਾਰੀ ਵਿੱਚੋਂ ਭਾਜਪਾ ਵਰਕਰ ਬੱਸਾਂ, ਕਾਰਾਂ ਅਤੇ ਹੋਰ ਸਾਧਨਾਂ ਰਾਹੀਂ ਮੋਗਾ ਲਈ ਰਵਾਨਾ ਹੋਏ। ਇਸ ਮੌਕੇ ਬੱਲੀਏਵਾਲ ਨੇ ਕਿਹਾ ਕਿ ਮੋਗਾ ਵਿੱਚ ਹੋਈ ਇਹ ਵਿਸ਼ਾਲ ਰੈਲੀ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪੰਜਾਬ ਦੇ ਲੋਕ ਭਾਜਪਾ ਦੀ ਨੀਤੀਆਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਤੇ ਭਰੋਸਾ ਕਰਦੇ ਹਨ।

ਬੱਲੀਏਵਾਲ ਨੇ ਸਾਹਨੇਵਾਲ ਹਲਕੇ ਦੇ ਸਾਰੇ ਕਾਰਕੁੰਨਾਂ, ਆਗੂਆਂ ਅਤੇ ਸਮਰਥਕਾਂ ਦਾ ਧੰਨਵਾਦ ਕੀਤਾ।

# ਜੇਕਰ ਕਿਸਾਨਾਂ ਨੂੰ ਧਰਤੀ ਹੇਠੋਂ ਪਾਣੀ ਕੱਢਣ ਤੋਂ ਨਾ ਰੋਕਿਆ ਤਾਂ ਕੁਝ ਸਮੇਂ ਵਿੱਚ ਹੀ ਪੰਜਾਬ ਬੰਜਰ ਹੋ ਜਾਵੇਗੀ : ਅਸ਼ਵਨੀ ਬਾਵਾ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ): ਜੇ ਕਿਸਾਨਾਂ ਨੂੰ ਧਰਤੀ ਹੇਠੋਂ ਪਾਣੀ ਕੱਢਣ ਤੋਂ ਨਾ ਰੋਕਿਆ ਗਿਆ, ਤਾਂ ਪੰਜਾਬ ਦੀ ਧਰਤੀ ਕੁਝ ਹੀ ਸਮੇਂ ਵਿੱਚ ਬੰਜਰ ਹੋ ਜਾਵੇਗੀ। ਕਿਸਾਨਾਂ ਨੂੰ ਸੋਚਣਾ ਚਾਹੀਦਾ ਹੈ ਕਿ ਜਦੋਂ ਧਰਤੀ ਹੇਠੋਂ ਪਾਣੀ ਖਤਮ ਹੋ ਗਿਆ ਅਤੇ ਧਰਤੀ ਬੰਜਰ ਹੋ ਗਈ ਫੇਰ ਉਹ ਕਿੱਥੋਂ ਪਾਣੀ ਲਿਆਉਣਗੇ। ਧਰਤੀ ਵਿੱਚੋ ਹੋਰ ਪਾਣੀ ਕੱਢਣ ਨਾਲ ਆਉਣ ਵਾਲੇ ਸਮਾਂ ਬਹੁਤ ਭਿਆਨਕ ਹੋਵੇਗਾ। ਇਸ ਆਉਣ ਵਾਲੇ ਖਤਰੇ ਨੂੰ ਸਮਝਣ ਦੀ ਲੋੜ ਹੈ। ਜੇ ਕੁਦਰਤੀ ਚੀਜ਼ਾਂ ਦੀ ਰੱਖਿਆ ਨਾ ਕੀਤੀ ਤਾਂ ਕੁਦਰਤ ਦੀ ਬਰਬਾਦੀ ਤੋਂ ਕਦੇ ਵੀ ਬਚਿਆ ਨਹੀਂ ਜਾ ਸਕਦਾ। ਇਹ ਵਿਚਾਰ ਆਸਟਰੇਲੀਆ ਰਹਿੰਦੇ ਪ੍ਰਵਾਸੀ ਪੰਜਾਬੀ ਤੇ ਪੰਜਾਬ ਚਿੰਤਕ ਅਸ਼ਵਨੀ ਬਾਵਾ ਨੇ ਪ੍ਰਗਟ ਕੀਤੇ। ਕੁਦਰਤੀ ਸੋਮਿਆਂ ਪ੍ਰਤੀ ਆਪਣੀ ਸੋਚ ਰੱਖਣ ਵਾਲੇ ਨਿਧੜਕ ਨੌਜਵਾਨ ਸ਼੍ਰੀ ਬਾਵਾ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਕਿਸਾਨਾਂ ਨੂੰ ਜਾਗਰੂਕ ਕਰਨਾ ਸਮੇਂ ਦੀ ਵੱਡੀ ਮੁੱਖ ਲੋੜ ਹੈ। ਸਾਡੇ ਕੁਦਰਤੀ ਸੋਮੇ ਸਾਡੇ ਆਉਣ ਵਾਲੇ ਭਵਿੱਖ ਦਾ ਸਰਮਾਇਆ ਹਨ। ਓਹਨਾਂ ਕਿਹਾ ਕਿ ਕਈ ਵੈਸਟਰਨ ਐਪਸ ਸਾਡੇ ਯੂਥ ਦੀ ਅਕਲ ਦਾ ਦੀਵਾਲਾ ਕੱਢ ਰਹੀਆਂ ਹਨ। ਸਾਰਾ ਦਿਨ ਬਿਨਾ ਕਿਸੇ ਕੰਮ ਤੋਂ ਸੋਸ਼ਲ ਮੀਡਿਆ 'ਤੇ ਬੈਠੇ ਰਹਿਣ ਨਾਲ ਸਾਡੀ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵ ਬਾਰੇ ਸਾਨੂੰ ਜਾਗਰੂਕ ਹੋਣਾ ਚਾਹੀਦਾ ਹੈ ਅਤੇ ਹੋਰਾਂ ਨੂੰ ਜਾਗ੍ਰਿਤ ਕਰਨਾ ਚਾਹੀਦਾ ਹੈ। ਸਕੂਲ ਦੇ ਸਲੇਬਸ ਵਿੱਚ ਕੁਦਰਤੀ ਸਾਧਨਾਂ ਨੂੰ ਬਚਾਉਣ ਦੀ ਸਿੱਖਿਆ ਜਰੂਰੀ ਹੋਣੀ ਚਾਹੀਦੀ ਹੈ। ਕਿਸਾਨਾਂ ਨੂੰ ਫਸਲਾਂ ਉੱਤੇ ਸਪਰੇਆਂ ਕਰਨ ਬਾਰੇ ਸੈਮੀਨਾਰ ਲਗਵਾ ਕੇ ਉਹਨਾਂ ਨੂੰ ਜ਼ਿਲ੍ਹਾ, ਤਹਿਸੀਲ ਅਤੇ ਪਿੰਡ ਪੱਧਰ ਤੱਕ ਲੋੜੀਂਦੀ ਜਾਣਕਾਰੀ ਦਿੱਤੀ ਜਾਣੀ ਚਾਹੀਦੀ ਹੈ। ਇਹ ਕੰਮ ਡਿਪਟੀ ਕਮਿਸ਼ਨਰਾਂ ਰਾਹੀਂ ਕੀਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਜੇਕਰ ਸਰਕਾਰਾਂ ਨੇ ਆਪਣੇ ਵੋਟ ਬੈਂਕ ਨੂੰ ਵਧਾਉਣ ਜਾਂ ਬਰਕਰਾਰ ਰੱਖਣ ਲਈ ਕੁਦਰਤੀ ਸਾਧਨਾਂ ਦੀ ਹੋ ਰਹੀ ਦੁਰਵਰਤੋਂ ਨਾ ਰੋਕੀ ਤਾਂ ਭਵਿੱਖ ਵਿੱਚ ਪੰਜਾਬ ਨੂੰ ਕੋਈ ਵੀ ਤਾਕਤ ਬਰਬਾਦ ਹੋਣ ਤੋਂ ਨਹੀਂ ਰੋਕ ਸਕਦੀ ਅਤੇ ਇਸ ਦੇ ਲਈ ਜਿੱਥੇ ਕਿਸਾਨ ਜਿੰਮੇਵਾਰ ਹੋਣਗੇ। ਉੱਥੇ ਸਰਕਾਰਾਂ ਦੀ ਜਿੰਮੇਵਾਰੀ ਵੀ ਇਤਿਹਾਸ ਦੇ ਪੰਨਿਆਂ 'ਚ ਲਿਖੀ ਜਾਵੇਗੀ। ਉਹਨਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਧਰਤੀ ਹੇਠੋਂ ਪਾਣੀ ਕੱਢਣ ਨੂੰ ਮਜਬੂਰੀ ਦੱਸ ਕੇ ਸਰਕਾਰਾਂ ਦੇ ਸਿਰ ਹੀ ਸਾਰਾ ਭਾਂਡਾ ਭੰਨਣ ਨਾਲ ਆਪਣੀ ਜਿੰਮੇਵਾਰੀ ਤੋਂ ਮੁਕਤ ਨਹੀਂ ਹੋ ਸਕਦੀਆਂ।

# ਮੋਗਾ ਰੈਲੀ 'ਚ ਪਹੁੰਚਣ 'ਤੇ ਅਮਿਤ ਸ਼ਾਹ ਦਾ ਭਾਜਪਾ ਨੇਤਾ ਕਪੂਰ ਨੇ ਕੀਤਾ ਸਵਾਗਤ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ) : ਬਦਲਾਅ ਰੈਲ਼ੀ ਦੌਰਾਨ ਪੰਜਾਬ ਪਹੁੰਚਣ 'ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਭਾਜਪਾ ਨੇਤਾ ਐਡਵੋਕੇਟ ਸੌਰਭ ਕਪੂਰ ਨੇ ਗਰਮਜੋਸ਼ੀ ਨਾਲ ਸਵਾਗਤ ਕੀਤਾ। ਸੌਰਭ ਕਪੂਰ ਨੇ ਕਿਹਾ ਕਿ ਅਮਿਤ ਸ਼ਾਹ ਦੀ ਰੈਲੀ ਨੇ ਪੰਜਾਬ ਦੀ ਜਨਤਾ ਵਿੱਚ ਇੱਕ ਨਵੀਂ ਉਮੀਦ ਜਗਾਈ ਹੈ। 2027 ਵਿੱਚ ਪੰਜਾਬ ਨੂੰ ਕੋਈ ਬਚਾ ਸਕਦਾ ਹੈ, ਤੇ ਉਹ ਸਿਰਫ ਭਾਜਪਾ ਸਰਕਾਰ ਹੀ ਬਚਾ ਸਕਦੀ ਹੈ। ਸੌਰਭ ਨੇ ਨਾਲ ਹੀ ਕਿਹਾ ਕਿ ਉਨ੍ਹਾਂ ਨੂੰ ਮਿਲ ਕੇ ਸੰਗਠਨ ਦਾ ਕੰਮ ਕਰਨ ਲਈ ਹਮੇਸ਼ਾ ਦੀ ਤਰ੍ਹਾਂ ਨਵਾਂ ਜੋਸ਼ ਮਿਲਦਾ ਹੈ। ਰੈਲੀ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਲੋਕਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।

# ਐਰੀ ਗੋਤ ਜਠੇਰਿਆਂ ਦਾ ਮੇਲਾ ਭਲਕੇ

ਲੁਧਿਆਣਾ, 15 ਮਾਰਚ (ਨਰੇਸ਼ ਸ਼ਰਮਾ) : ਐਰੀ ਗੋਤ ਜਠੇਰਿਆਂ ਦਾ ਮੇਲਾ 17 ਮਾਰਚ ਦਿਨ ਮੰਗਲਵਾਰ ਨੂੰ ਪਿੰਡ ਭੀਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) ਵਿਖੇ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਸੋ ਬੇਨਤੀ ਹੈ ਕਿ ਸਮੂਹ ਐਰੀ ਪਰਿਵਾਰ ਆਕੇ ਮਾਤਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰੇ ਅਤੇ ਮਾਤਾ ਜੀ ਦਾ ਅਟੁੱਟ ਲੰਗਰ ਵਰਤੇਗਾ।

# ਅਰਾਸ਼ੀ ਐਮ.ਐਮ.ਏ. ਵਰਲਡ ਚੈਂਪੀਅਨਸ਼ਿਪ ਵਿੱਚ ਵੱਖ-ਵੱਖ ਦੇਸ਼ਾਂ ਦੇ 500 ਖਿਡਾਰੀ ਭਾਗ ਲੈਣਗੇ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ): ਅਰਾਸ਼ੀ ਐਮ ਐਮ ਏ ਐਸੋ: ਇੰਡੀਆ ਵੱਲੋਂ ਸਟਾਰ ਰੈਸਟੋਰੈਂਟ ਗਿੱਲ ਲੁਧਿਆਣਾ ਵਿਖੇ ਮੀਟਿੰਗ ਕੀਤੀ ਗਈ । ਇਸ ਮੀਟਿੰਗ ਵਿੱਚ ਅਲੱਗ ਅਲੱਗ ਸ਼ਹਿਰਾਂ ਤੋਂ ਮੈਂਬਰ ਪਹੁੰਚੇ। ਇਸ ਮੀਟਿੰਗ ਦਾ ਮੁੱਖ ਉਦੇਸ਼ ਪੰਜਾਬ ਵਿੱਚ ਹੋਣ ਜਾ ਰਹੀ ਆਰਾਸ਼ੀ ਐਮ ਐਮ ਏ ਵਰਲਡ ਚੈਂਪੀਅਨਸ਼ਿਪ ਹੈ। ਇਹ ਚੈਂਪੀਅਨਸ਼ਿਪ ਅਕਤੂਬਰ 2026 ਵਿੱਚ ਪੰਜਾਬ ਵਿਖੇ ਹੋਣ ਜਾ ਰਹੀ ਹੈ, ਜਿਸ ਵਿੱਚ ਅਲੱਗ ਅਲੱਗ ਦੇਸ਼ਾਂ ਤੋਂ ਲੱਗਭੱਗ 500 ਖਿਡਾਰੀ ਭਾਗ ਲੈਣ ਜਾ ਰਹੇ ਹਨ। ਇਸ ਚੈਂਪੀਅਨਸ਼ਿਪ ਨੂੰ ਸਫਲਤਾ ਪੂਰਵਕ ਆਯੋਜਿਤ ਕਰਨ ਲਈ ਮੀਟਿੰਗ ਵਿੱਚ ਚੈਂਪੀਅਨਸ਼ਿਪ ਦੀ ਰੂਪਰੇਖਾ ਤਿਆਰ ਕੀਤੀ ਗਈ ਤਾਂ ਜੋ ਅਲੱਗ ਅਲੱਗ ਦੇਸ਼ਾਂ ਤੋਂ ਆਉਣ ਵਾਲੇ ਖਿਡਾਰੀਆਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਹ ਮੀਟਿੰਗ ਕਮਲ ਜੇਟਲੀ ਸੀਐਮਡੀ ਜੇਟਲੀ ਗਰੁੱਪ ਲੁਧਿਆਣਾ ਦੀ ਸਰਪ੍ਰਸਤੀ ਹੇਠ ਕੀਤੀ ਗਈ। ਇਸ ਮੌਕੇ ਤੇ ਅਲੱਗ ਅਲੱਗ ਸ਼ਹਿਰਾਂ ਤੋਂ ਤਜਿੰਦਰ ਪਾਲ ਸਿੰਘ ਢਿੱਲੋਂ ਓਲੰਪੀਅਨ ਐਂਡ ਰਿਟਾਇਰਡ ਆਈਜੀ ਪੰਜਾਬ ਪੁਲਿਸ ਰਵਚਰਨ ਸਿੰਘ ਬਰਾੜ, ਡਿਪਟੀ ਡਾਇਰੈਕਟਰ ਪੰਜਾਬ ਪੁਲਿਸ ਗੁਰਜੀਤ ਬਾਜਵਾ, ਏਅਰ ਚੀਫ ਐਵਾਰਡੀ ਅਮਰਜੀਤ ਸਿੰਘ ਵਿਰਕ, ਆਰਤੀ ਰਾਜਪੂਤ ਪ੍ਰੈਜੀਡੈਂਟ ਹਿਊਮਨ ਰਾਈਟ ਕੌਂਸਲ ਇੰਡੀਆ, ਇੰਦਰਜੀਤ ਸਿੰਘ, ਮੰਗਤ ਰਾਏ, ਮੋਹਿਤ ਕੁਮਾਰ, ਪ੍ਰਿਤਪਾਲ ਸਿੰਘ ਪਾਰਸ, ਹਰਜੀਤ ਸਿੰਘ ਸਰੀਰ, ਸੰਜੀਵ ਕੁਮਾਰ, ਅਮਨਦੀਪ ਕੌਰ ਮਨੀਸ਼ਾ ਰੁੱਥ, ਰਾਕੇਸ਼ ਗੋਇਲ, ਮਨਜੀਤ ਸਿੰਘ ਅਰੋੜਾ ਜਨਰਲ ਸਕੱਤਰ ਪੰਜਾਬ ਹਿਊਮਨ ਰਾਈਟ ਕੌਂਸਲ ਵੀ ਮੌਜੂਦ ਰਹੇ। ਪ੍ਰਦੀਪ ਕੁਮਾਰ ਯੋਗੀ ਜਨਰਲ ਸਕੱਤਰ ਐਂਡ ਫਾਊਂਡਰ ਆਰਸੀ ਐਮਐਮਏ ਐਸੋਸੀਏਸ਼ਨ ਇੰਡੀਆ ਅਤੇ ਸਤਵਿੰਦਰ ਸਿੰਘ ਮਠਾੜੂ ਪ੍ਰੈਜੀਡੈਂਟ ਪੰਜਾਬ ਨੇ ਵਰਲਡ ਚੈਂਪੀਅਨਸ਼ਿਪ ਦੀ ਜਾਣਕਾਰੀ ਦਿੱਤੀ ਅਤੇ ਆਏ ਹੋਏ ਸਾਰੇ ਮੁੱਖ ਮਹਿਮਾਨਾਂ ਦਾ ਆਪਣਾ ਕੀਮਤੀ ਸਮਾਂ ਦੇਣ ਲਈ ਧੰਨਵਾਦ ਕੀਤਾ ਤੇ ਉਹਨਾਂ ਨੇ ਸਾਰੇ ਮੈਂਬਰਾਂ ਨੂੰ ਆਹ ਰਾਸ਼ੀ ਐਮਐਮ ਦੇ ਵਰਲਡ ਚੈਂਪੀਅਨਸ਼ਿਪ ਪੰਜਾਬ ਇੰਡੀਆ ਵਿੱਚ ਹੋਣ 'ਤੇ ਵਧਾਈ ਵੀ ਦਿੱਤੀ।

# ਅਮਿਤ ਸ਼ਾਹ ਦੀ ਰੈਲੀ ਫਲਾਪ ਸ਼ੋਅ ਸਾਬਤ ਹੋਈ : ਡਾ ਓਂਕਾਰ ਚੰਦ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ): ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਮੀਤ ਪ੍ਰਧਾਨ ਡਾ ਓਂਕਾਰ ਚੰਦ ਸ਼ਰਮਾ ਨੇ ਆਖਿਆ ਹੈ ਕਿ ਮੋਗਾ ਦੇ ਕਿੱਲੀ ਚਾਲਾਂ ਵਿਖੇ ਹੋਈ ਅਮਿਤ ਸ਼ਾਹ ਦੀ ਰੈਲੀ ਖਿਲਾਫ ਸ਼ੋਅ ਸਾਬਤ ਹੋਈ ਹੈ ਅਤੇ ਇਸ ਦਾ 2027 ਵਿੱਚ ਦੀਆਂ ਚੋਣਾਂ 'ਤੇ ਇਸ ਦਾ ਕੋਈ ਅਸਰ ਨਹੀਂ ਪੈਣਾ। ਉਨ੍ਹਾਂ ਆਖਿਆ ਕਿ ਅਮਿਤ ਸ਼ਾਹ ਨੇ ਪੰਜਾਬ ਲਈ ਕੋਈ ਐਲਾਨ ਨਹੀ ਕੀਤਾ। ਉਹ ਵਿਰੋਧੀਆਂ ਦੀਆਂ ਕਮੀਆਂ ਗਿਣਾ ਕੇ ਤੁਰਦੇ ਬਣੇ। ਉਹਨਾਂ ਨੇ ਪੰਜਾਬ ਵਿੱਚੋਂ ਨਸ਼ੇ ਖਤਮ ਕਰਨ ਦੀ ਗੱਲ ਆਖੀ। ਪ੍ਰੰਤੂ ਜਦੋਂ ਕਿ ਨਸ਼ੇ ਬਾਰਡਰ ਪਾਰ ਤੋਂ ਆਉਂਦੇ ਹਨ ਅਤੇ ਬਾਰਡਰ 'ਤੇ ਬੀਐਸਐਫ ਲੱਗੀ ਹੋਈ ਹੈ, ਜੋ ਕਿ ਭਾਜਪਾ ਦੀ ਕੇਂਦਰ ਸਰਕਾਰ ਦੇ ਅਧੀਨ ਕੰਮ ਕਰਦੀ ਹੈ। ਉਨ੍ਹਾਂ ਪੰਜਾਬ 'ਚੋਂ ਗੈਂਗਸਟਰਵਾਦ ਖਤਮ ਕਰਨ ਬਾਰੇ ਆਖਿਆ। ਪ੍ਰੰਤੂ ਪੰਜਾਬ ਦਾ ਸਭ ਤੋਂ ਵੱਡਾ ਗੈਂਗਸਟਰ ਲਾਰੈਂਸ ਬਿਸ਼ਨੋਈ ਉਹ ਗੁਜਰਾਤ ਵਿੱਚ ਮਹਿਮਾਨ ਬਣਾ ਕੇ ਰੱਖੀ ਬੈਠੇ ਹਨ ਜੋ ਕਿ ਉੱਥੋਂ ਬੈਠ ਕੇ ਹੀ ਪੰਜਾਬ ਵਿੱਚ ਨੈੱਟਵਰਕ ਚਲਾ ਰਿਹਾ ਹੈ। ਉਨ੍ਹਾਂ ਨੇ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਦੀ ਗੱਲ ਕੀਤੀ। ਪਰੰਤੂ ਇਹ ਲਾਂਘਾ ਕੁਝ ਸਮੇਂ ਲਈ ਖੋਲ੍ਹਣ ਤੋਂ ਬਾਅਦ ਉਹਨਾਂ ਨੇ ਖੁਦ ਹੀ ਬੰਦ ਕਰ ਦਿੱਤਾ ਹੋਇਆ ਹੈ। ਉਹਨਾਂ ਕਿਹਾ ਕਿ ਭਾਜਪਾ ਕੋਲ ਪੰਜਾਬ ਲਈ ਕੋਈ ਰੋਡ ਮੈਪ ਨਹੀਂ ਹੈ ਅਤੇ ਉਹ ਪੰਜਾਬ ਨੂੰ ਦੇਣਾ ਤਾਂ ਕੁਝ ਨਹੀਂ ਚਾਹੁੰਦੀ। ਪ੍ਰੰਤੂ ਵੋਟਾਂ ਬਟੋਰ ਕੇ ਸੱਤਾ ਤੇ ਕਬਜ਼ਾ ਕਰਨਾ ਚਾਹੁੰਦੀ ਹੈ। ਪੰਜਾਬ ਦੇ ਲੋਕ ਸਮਝਦਾਰ ਹਨ। ਭਾਜਪਾ ਦੀਆਂ ਚਾਲਾਂ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ। ਇਸ ਲਈ ਭਾਜਪਾ ਨੂੰ 2027 ਦੀਆਂ ਚੋਣਾਂ 'ਚ ਮੂੰਹ ਨਹੀਂ ਲਾਉਣਗੇ। ਉਹਨਾਂ ਕਿਹਾ ਕਿ ਕੁੱਲ ਮਿਲਾ ਕੇ ਅਮਿਤ ਸ਼ਾਹ ਦੀ ਇਹ ਰੈਲੀ ਇੱਕ ਫਲਾਪ ਸ਼ੋਅ ਸਾਬਤ ਹੋਈ ਹੈ ਜਿਸ ਦਾ ਅਹਿਸਾਸ ਉਹਨਾਂ ਨੂੰ 2027 ਦੀਆਂ ਚੋਣਾਂ ਵਿੱਚ ਹੋ ਜਾਵੇਗਾ ਜਦੋਂ ਲੋਕੀ ਭਾਜਪਾ ਉਮੀਦਵਾਰਾਂ ਦੀਆਂ ਜ਼ਮਾਨਤਾਂ ਜਬਤ ਕਰਾ ਦੇਣਗੇ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਯੋਗਾ ਪ੍ਰੋਗਰਾਮ 'ਚ ਮੰਤਰੀ ਸੌਂਦ ਅਤੇ ਐਸ.ਐਸ.ਪੀ. ਨੇ ਕੀਤੀ ਸ਼ਮੂਲੀਅਤ



ਲੁਧਿਆਣਾ, 15 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਹਿੱਸੇ ਵਜੋਂ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਅਤੇ ਉਨ੍ਹਾਂ ਦੀ ਸਮੁੱਚੀ ਪੁਲਿਸ ਟੀਮ, ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ, ਪਿੰਡਾਂ ਅਤੇ ਸ਼ਹਿਰਾਂ ਦੇ ਨੌਜਵਾਨਾਂ ਦੇ ਨਾਲ ਐਤਵਾਰ ਨੂੰ ਏ.ਐਸ.ਕਾਲਜ ਵੂਮੈਨ, ਖੰਨਾ ਵਿਖੇ ਯੋਗਾ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਕੇ ਯੋਗਾ ਕੀਤਾ।

ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਪੰਜਾਬ ਦੇ ਲੋਕਾਂ ਨੂੰ ਇੱਕ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਲਈ ਰੋਜ਼ਮਰਾ ਜਿੰਦਗੀ ਵਿੱਚ ਯੋਗਾ ਨੂੰ ਆਪਣਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਭਾਰਤ ਵਿੱਚ ਯੁੱਗਾਂ ਤੋਂ ਯੋਗ ਇੱਕ ਸਿਹਤਮੰਦ ਅਤੇ ਪ੍ਰਗਤੀਸ਼ੀਲ ਜੀਵਨ ਦੀ ਪਰੰਪਰਾ ਰਹੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਜਦੋਂ ਤਣਾਅਪੂਰਨ ਜੀਵਨ ਵਿੱਚ ਵੱਖ-ਵੱਖ ਬਿਮਾਰੀਆਂ ਮਨੁੱਖੀ ਜੀਵਨ ਲਈ ਗੰਭੀਰ ਖਤਰਾ ਪੈਦਾ ਕਰ ਰਹੀਆਂ ਹਨ, ਤਾਂ ਯੋਗ ਰਾਜ ਮਨੁੱਖ ਨੂੰ ਰੋਗ ਮੁਕਤ ਅਤੇ ਸਿਹਤਮੰਦ ਬਣਾਉਣ ਵਿੱਚ ਬਹੁਤ ਸਹਾਈ ਹੋ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਇਹ ਵੀ ਪ੍ਰੇਰਿਆ ਕਿ ਉਹ ਰੋਜ਼ਾਨਾ ਘੱਟੋ-ਘੱਟ ਇੱਕ ਘੰਟਾ ਯੋਗਾ ਕਰਨ ਤਾਂ ਜੋ ਉਹ ਸਿਹਤਮੰਦ ਜੀਵਨ ਦਾ ਲਾਭ ਉਠਾ ਸਕਣ। ਸੌਂਦ ਨੇ ਦੱਸਿਆ ਕਿ ਯੋਗਾ ਕਰਨਾ ਸਾਡੇ ਸਰੀਰ ਅਤੇ ਦਿਮਾਗ ਦੀ ਤੰਦਰੁਸਤੀ ਲਈ ਬਹੁਤ ਹੀ ਲੋੜੀਂਦਾ ਅਤੇ ਲਾਭਦਾਇਕ ਹੈ ਜੋ ਕਿ ਸਾਡੇ ਸਰੀਰ ਨੂੰ ਬਿਮਾਰੀਆਂ ਤੋਂ ਬਚਾ ਕੇ ਰੱਖਣ ਵਿੱਚ ਸਹਾਇਤਾ ਕਰਦਾ ਹੈ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਸਰੀਰਕ ਤੌਰ 'ਤੇ ਤੰਦਰੁਸਤ ਰਹਿਣ ਲਈ ਸਾਨੂੰ ਸਭਨਾਂ ਨੂੰ ਰੋਜ਼ਾਨਾ ਆਪਣੀ ਜਿੰਦਗੀ ਵਿੱਚ ਯੋਗਾ ਦੀ ਗਤੀਵਿਧੀਆਂ ਨੂੰ ਅਪਨਾਉਣਾ ਚਾਹੀਦਾ ਹੈ।

ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਯੋਗ ਦੇ ਨਾਲ ਜੁੜ ਕੇ ਨਾ ਸਿਰਫ ਇਨਸਾਨ ਆਪਣੀ ਮਾਨਸਿਕ ਸਥਿਤੀ ਨੂੰ ਠੀਕ ਕਰ ਸਕਦਾ ਹੈ, ਬਲਕਿ ਸਰੀਰਕ ਸਥਿਤੀ ਨੂੰ ਵੀ ਨਿਰੋਗ ਰੱਖ ਸਕਦਾ ਹੈ ਅਤੇ ਰੋਗਾਂ ਤੋਂ ਮੁਕਤ ਹੋ ਸਕਦਾ ਹੈ। ਸਭ ਤੋਂ ਵੱਡੀ ਗੱਲ ਜਿਸ ਕਾਰਜ ਲਈ ਆਪਾਂ ਇਸ ਸ੍ਰਿਸ਼ਟੀ 'ਤੇ ਆਏ ਆ ਹਾਂ। ਉਸ ਪਰਮਾਤਮਾ ਤੱਕ ਪਹੁੰਚਣ ਦੇ ਲਈ ਤਾਂ ਯੋਗ ਇੱਕ ਐਸੀ ਵਿਧੀ ਹੈ ਜਿਹਦੇ ਰਾਹੀਂ ਬੰਦਾ ਪਰਮਾਤਮਾ ਤੱਕ ਬਹੁਤ ਜਲਦੀ ਪਹੁੰਚ ਸਕਦਾ ਹੈ। ਸੋ ਯੋਗਾ ਦੇ ਨਾਲ ਹਰੇਕ ਨੂੰ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਇੱਕ ਜ਼ੋਰਦਾਰ ਮੁਹਿੰਮ ਸ਼ੁਰੂ ਕੀਤੀ ਹੈ ਅਤੇ ਵੱਖ-ਵੱਖ ਤਰੀਕਿਆਂ ਨਾਲ ਨਸ਼ਾ ਛੁਡਾਊ ਮੁਹਿੰਮ ਬਾਰੇ ਜਨਤਕ ਜਾਗਰੂਕਤਾ ਪੈਦਾ ਕਰਨ ਦੀ ਲਗਾਤਾਰ ਕੋਸ਼ਿਸ਼ ਕੀਤੀ ਰਹੀ ਹੈ। ਇਸੇ ਤਹਿਤ ਅੱਜ ਏ.ਐਸ.ਕਾਲਜ ਵੂਮੈਨ ਖੰਨਾ ਵਿਖੇ ਸਾਰਿਆਂ ਨੇ ਰਲ ਮਿਲ ਕੇ ਯੋਗਾ ਕੀਤਾ ਹੈ। ਇਸ ਯੋਗਾ ਸਮਾਗਮ ਦੌਰਾਨ ਯੋਗਾ ਟ੍ਰੇਨਰ ਨੇ ਵੀ ਯੋਗ ਦੇ ਲਾਭਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਯੋਗਾ ਟ੍ਰੇਨਰ ਨੇ ਯੋਗਾ ਅਭਿਆਸ ਕਰਵਾਏ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਯੋਗਾ ਕੀਤਾ।

# ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਸਤਿਸੰਗ ਸਭਾ ਹਾਊਸਿੰਗ ਬੋਰਡ ਕਲੋਨੀ ਦੇ ਲੀਲ ਮੁੱਖ ਸੇਵਾਦਾਰ ਚੁਣੇ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਸਤਿਸੰਗ ਸਭਾ ਹਾਊਸਿੰਗ ਬੋਰਡ ਕਲੋਨੀ ਭਾਈ ਰਣਧੀਰ ਨਗਰ ਲੁਧਿਆਣਾ ਦੀ ਚੋਣ ਮੁੱਖ ਸੇਵਾਦਾਰ ਜਥੇਦਾਰ ਨਛੱਤਰ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਅਤੇ ਮੁੱਖ ਚੋਣ ਅਧਿਕਾਰੀ ਸਰਬਜੀਤ ਸਿੰਘ ਸਿੱਧੂ, ਚੋਣ ਅਧਿਕਾਰੀ ਸੁਖਦੇਵ ਸਿੰਘ ਐਲ ਏ , ਗੁਰਦੇਵ ਸਿੰਘ, ਗੁਰਦੀਪ ਸਿੰਘ ਘੁਮਾਣ, ਪਰਵੀਨਪਾਲ ਸਿੰਘ ਅਤੇ ਪ੍ਰੀਤਮ ਸਿੰਘ ਨੇ ਚੋਣ ਨੂੰ ਸੁਚੱਜੇ ਢੰਗ ਨਾਲ਼ ਕਰਵਾਇਆ। ਪ੍ਰਧਾਨਗੀ ਦੇ ਅਹੁਦੇ ਲਈ ਗੁਰਦੀਪ ਸਿੰਘ ਲੀਲ ਨਾਮਜ਼ਦਗੀ ਪੱਤਰ ਚੋਣ ਅਧਿਕਾਰੀਆ ਕੋਲ ਦਾਖ਼ਲ ਕਰਵਾਏ। ਚੋਣ ਅਧਿਕਾਰੀਆਂ ਵੱਲੋਂ ਗੁਰਦੀਪ ਸਿੰਘ ਲੀਲ ਨੂੰ ਨਿਰਵਿਰੋਧ ਗੁਰਦੁਆਰਾ ਸਾਹਿਬ ਦਾ ਮੁੱਖ ਸੇਵਾਦਾਰ ਐਲਾਨ ਕੀਤਾ ਗਿਆ ਤੇ ਗੁਰਦੁਆਰਾ ਸਾਹਿਬ ਜੀ ਕਾਰਜਕਾਰਨੀ ਕਮੇਟੀ 'ਚ ਜਗਦੀਪ ਸਿੰਘ ਭੱਠਲ, ਲਖਵੀਰ ਸਿੰਘ, ਜਥੇਦਾਰ ਚਰਨ ਸਿੰਘ, ਜਸਵੀਰ ਸਿੰਘ, ਲਛਮਣ ਸਿੰਘ, ਬੀਬੀ ਤੇਜਿੰਦਰ ਕੌਰ, ਬੀਬੀ ਇਕਬਾਲ ਕੌਰ, ਬੀਬੀ ਸੀਤਲਪ੍ਰਕਾਸ ਕੌਰ, ਬੀਬੀ ਗੁਰਵਿੰਦਰ ਕੌਰ, ਬੀਬੀ ਚਰਨਜੀਤ ਕੌਰ ਸਮੂਹ ਮੈਂਬਰਾ ਨਿਰਵਿਰੋਧ ਜੇਤੂ ਐਲਾਨਿਆ ਗਿਆ। ਸਮੂਹ ਚੋਣ ਅਧਿਕਾਰੀਆਂ ਨੇ ਲੀਲ ਮੁੱਖ ਸੇਵਾਦਾਰ ਅਤੇ ਬਾਕੀ ਚੁਣੇ ਗਏ ਸਮੂਹ ਮੈਂਬਰਾ ਨੂੰ ਜੇਤੂ ਸਰਟੀਫਿਕੇਟ ਦਿੱਤੇ ਗਏ ।ਨਵੀਂ ਕਮੇਟੀ ਖਾਲਸਾ ਸਾਜਨਾ ਦਿਵਸ ਵਿਸਾਖੀ ਵਾਲੇ ਦਿਨ ਗੁਰੂ ਘਰ ਕਾਰਜ ਗੁਰੂ ਘਰ ਅਰਦਾਸ ਕਰਨ ਉਪਰੰਤ ਸੇਵਾ ਸੰਭਾਲੇਗੀ। ਸ੍ ਲੀਲ ਨੇ ਕਿਹਾ ਸੱਚੇ ਪਾਤਸ਼ਾਹ ਵਾਹਿਗੁਰੂ ਜੀ ਨੇ ਦਾਸਾਂ ਦੇ ਸਿਰ 'ਤੇ ਹੱਥ ਰੱਖਿਆ ਤੇ ਗੁਰੂ ਘਰ ਦੀ ਸੇਵਾ ਦੀ ਬਖਸ਼ਿਸ਼ ਕੀਤੀ ਹੈ, ਅਸੀ ਸੱਚੇ ਪਾਤਸ਼ਾਹ ਵਾਹਿਗੁਰੂ ਜੀ ਦਾ ਕੋਟਿਨ ਕੋਟਿ ਸ਼ੁਕਰਾਨਾ ਕਰਦੇ ਹਾਂ ਤੇ ਸੰਗਤਾਂ ਵੱਲੋਂ ਸਮੂਹ ਨਵੀਂ ਚੁਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਵਿਸ਼ਵਾਸ ਕਰਕੇ ਸੇਵਾ ਸੰਭਾਲੀ ਹੈ। ਅਸੀਂ ਸਮੂਹ ਸੰਗਤਾਂ ਦਾ ਅਤੇ ਸਮੂਹ ਇਲਾਕਾ ਵਾਸੀਆਂ ਨੂੰ ਵਿਸ਼ਵਾਸ ਦੀਵਾਉਂਦੇ ਹਾਂ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਰਹਿਨੁਮਾਈ ਹੇਠ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਮਰਿਆਦਾ ਅਨੁਸਾਰ ਗੁਰੂ ਘਰ ਦੀ ਸੇਵਾ ਨੂੰ ਕਮੇਟੀ ਸਮਰਪਿਤ ਰਹੇਗੀ। ਉਹਨਾਂ ਸਮੂਹ ਸਹਿਯੋਗੀਆ ਦਾ ਧੰਨਵਾਦ ਕੀਤਾ। ਇਸ ਸਮੇ ਗੁਰਦੀਪ ਸਿੰਘ ਘੁਮਾਣ, ਪ੍ਰੀਤਮ ਸਿੰਘ, ਸੰਦੀਪ ਸਿੰਘ ਖੋਸਾ, ਦਵਿੰਦਰ ਸਿੰਘ ਮਾਨ, ਗੁਰਮੀਤ ਸਿੰਘ ਕੋਚਰ, ਮਾਸਟਰ ਬਲਰਾਜ ਸਿੰਘ, ਐਡਵੋਕੇਟ ਗਗਨਦੀਪ ਸਿੰਘ, ਅਮਨਦੀਪ ਸਿੰਘ ਭੱਠਲ, ਸਾਬਕਾ ਤਹਿਸੀਲਦਾਰ ਸੁਰਿੰਦਰ ਸਿੰਘ, ਡਾਕਟਰ ਗੁਰਦੀਪ ਸਿੰਘ ਧਵਨ , ਅਵਤਾਰ ਸਿੰਘ ਨਿਰਬਾਣ, ਹਰਨਾਮ ਸਿੰਘ ਖਾਲਸਾ, ਲਾਭ ਸਿੰਘ , ਕਿਰਪਾਲ ਸਿੰਘ, ਨਰਿੰਦਰ ਸਿੰਘ ਲਵਲੀ, ਰਤਨ ਚੋਪੜਾ, ਜਸਵਿੰਦਰ ਸਿੰਘ ਘਈ , ਭਗਤ ਸਿੰਘ, ਜਗਤਾਰ ਸਿੰਘ ਐਤੀਆਣਾ , ਹਰਜਿੰਦਰ ਸਿੰਘ ਬਿੱਟੂ, ਡਾਕਟਰ ਪ੍ਰਿਤਪਾਲ ਸਿੰਘ, ਜਗਦੀਪ ਸਿੰਘ ਗਰੇਵਾਲ, ਰਜੇਸ ਗੁਪਤਾ, ਸਤਪਾਲ ਸਿੰਘ ਆਦਿ ਹਾਜ਼ਰ ਸਨ।

# ਦਾਦਾ ਪਾਵਾਰ ਦੇ ਪੰਜਾਬ ਆਉਣ ਬਾਰੇ ਐਨ.ਸੀ.ਪੀ. ਦੀ ਅਹਿਮ ਬੈਠਕ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ): ਨੈਸ਼ਨਲ ਕਾਂਗਰਸ ਪਾਰਟੀ (ਐਨਸੀਪੀ) ਦੇ ਨਵੇਂ ਬਣੇ ਰਾਜ ਸਭਾ ਮੈਂਬਰ ਤੇ ਅਜੀਤਦਾਦਾ ਪਵਾਰ ਦੇ ਸਪੁੱਤਰ ਪਰਥ ਦਾਦਾ ਪਾਵਾਰ ਦੇ ਪੰਜਾਬ ਆਉਣ ਸਬੰਧੀ ਇੱਕ ਮਹੱਤਵਪੂਰਨ ਬੈਠਕ ਕਰਕੇ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਹ ਮੀਟਿੰਗ ਪੰਜਾਬ-ਚੰਡੀਗੜ੍ਹ ਰਾਜ ਪਰਵੇਸ਼ਕ ਮਤੀਨ ਕੰਮਲੇ ਦੀ ਪ੍ਰਧਾਨ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪਾਰਟੀ ਦੇ ਕਈ ਸੀਨੀਅਰ ਅਧਿਕਾਰੀ ਅਤੇ ਵਰਕਰ ਮੌਜੂਦ ਸਨ।ਮੀਟਿੰਗ ਵਿੱਚ ਰਈਸਾ ਕੰਮਲੇ, ਸਰਬਜੀਤ ਸਿੰਘ ਗੋਲਡੀ (ਐਨਸੀਪੀ ਪੰਜਾਬ ਪ੍ਰਧਾਨ), ਆਕਾਸ਼ਦੀਪ ਸਿੰਘ (ਐਨਵਾਈਸੀ ਯੂਥ ਪੰਜਾਬ ਪ੍ਰਧਾਨ), ਚੰਦਰ ਸ਼ੇਖਰ ਅਤੇ ਐਡਵੋਕੇਟ ਐਸ ਸਭਰਵਾਲ (ਜਨਰਲ ਸਕੱਤਰ ਪੰਜਾਬ), ਭੱਲਾ (ਪ੍ਰਦੇਸ਼ ਸਕੱਤਰ, ਯੂਥ ਵਿੰਗ ), ਜੋਤਿਸ਼ ਆਚਾਰੀ ਬਖ਼ਸ਼ੀਸ਼ ਸਿੰਘ ਬਾਵਾ (ਮੋਹਾਲੀ ਜ਼ਿਲ੍ਹਾ ਪ੍ਰਧਾਨ), ਮਹਿਲਾ ਰਾਜ ਉਪ-ਪ੍ਰਧਾਨ ਮਯੂਰੀ, ਮਨਿੰਦਰ ਕੌਰ (ਮੋਹਾਲੀ ਜ਼ਿਲ੍ਹਾ ਪ੍ਰਧਾਨਾ ਮਹਿਲਾ ਸੈੱਲ), ਹਲਕਾ ਇੰਚਰਜ ਰੀਟਾ, ਮੋਹਾਲੀ ਇੰਡਸਟਰੀਅਲ ਸੈੱਲ ਦੇ ਪ੍ਰਧਾਨ ਬਲਜੀ ਸਿੰਘ, ਜੋਤਸਨਾ ਅਤੇ ਨਿਸ਼ਾ ਆਦਿ ਮੌਜੂਦ ਹਨ।ਮੀਟਿੰਗਾਂ ਦੇ ਦੌਰਾਨ ਸੰਗਠਨ ਨੂੰ ਅਤੇ ਮਜ਼ਬੂਤ ਕਰਨ ਲਈ ਰਾਕੇਸ਼ ਉਰਫ ਬੌਬੀ ਅਰੋੜਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ। ਦਾਦਾ ਪਾਵਾਰ ਦੇ ਪ੍ਰਸਤਾਵਿਤ ਪੰਜਾਬ ਦੌਰੇ ਨੂੰ ਲਈ ਤਿਆਰੀਆਂ ਅਤੇ ਸਵਾਗਤ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ ਗਈ ਅਤੇ ਕਈ ਮਹੱਤਵਪੂਰਨ ਜ਼ਿੰਮੇਵਾਰੀਆਂ ਵੀ ਸੌਂਪੀ ਗਈਆਂ। ਇਸ ਮੌਕੇ ਮੋਹਾਲੀ ਜ਼ਿਲ੍ਹਾ ਦੇ ਪ੍ਰਧਾਨ ਬਾਵਾ ਨੇ ਕਿਹਾ ਕਿ ਪਾਵਾਰ ਦੇ ਪੰਜਾਬ ਆਉਣ ਨਾਲ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਵੇਗਾ। ਮੀਟਿੰਗਾਂ ਦੇ ਅੰਤ ਵਿੱਚ ਸਾਰੇ ਪ੍ਰਬੰਧਕਾਂ ਨੇ ਅਗਲੇ ਪ੍ਰੋਗਰਾਮਾਂ ਨੂੰ ਸਫਲ ਬਣਾਉਣ ਲਈ ਇੱਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ।

# ਸਪੀਕਰ ਸੰਧਵਾਂ ਤੇ ਮੇਅਰ ਨੇ 'ਰਨ ਫਾਰ ਹਿਊਮੈਨਿਟੀ' ਨੂੰ ਦਿੱਤੀ ਹਰੀ ਝੰਡੀ



ਲੁਧਿਆਣਾ, 15 ਮਾਰਚ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਦੁਨੀਆਂ ਦੇ ਵੱਖ-ਵੱਖ ਹਿੱਸਿਆਂ ਵਿੱਚ ਵੱਧ ਰਹੇ ਵਿਸ਼ਵ-ਵਿਆਪੀ ਤਣਾਅ ਅਤੇ ਟਕਰਾਅ ਦੇ ਵਿਚਕਾਰ ਐਤਵਾਰ ਨੂੰ ਹਜ਼ਾਰਾਂ ਦੌੜਾਕ ਦਸਵੰਧ ਫਾਊਂਡੇਸ਼ਨ ਦੁਆਰਾ ਟੀਮ 1699 ਦੇ ਸਹਿਯੋਗ ਨਾਲ ਆਯੋਜਿਤ 'ਰਨ ਫਾਰ ਹਿਊਮੈਨਿਟੀ' ਮੈਰਾਥਨ ਵਿੱਚ ਹਿੱਸਾ ਲੈਣ ਲਈ ਲੁਧਿਆਣਾ ਸ਼ਹਿਰ ਵਿੱਚ ਇਕੱਠੇ ਹੋਏ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਸ਼ਾਂਤੀ, ਏਕਤਾ ਅਤੇ ਹਮਦਰਦੀ ਦਾ ਸੰਦੇਸ਼ ਫੈਲਾਉਣ ਦੇ ਉਦੇਸ਼ ਨਾਲ ਆਯੋਜਿਤ ਮੈਰਾਥਨ ਵਿੱਚ ਹਿੱਸਾ ਲਿਆ। ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ, ਅੱਜ ਦੇ ਸਮੇਂ ਵਿੱਚ, ਜਦੋਂ ਦੁਨੀਆ ਭਰ ਵਿੱਚ ਅਸ਼ਾਂਤੀ ਦਾ ਮਾਹੌਲ ਹੈ, ਸ਼ਾਂਤੀ ਦਾ ਸੰਦੇਸ਼ ਫੈਲਾਉਣ ਦੀ ਲੋੜ ਹੈ। ਪੰਜਾਬ ਦੀ ਧਰਤੀ 'ਤੇ, ਮਨੁੱਖਤਾ ਹਮੇਸ਼ਾ ਪ੍ਰਫੁੱਲਤ ਰਹੀ ਹੈ। ਅਸੀਂ ਬਹੁਤ ਖੁਸ਼ਕਿਸਮਤ ਹਾਂ ਕਿ ਇਸ ਧਰਤੀ 'ਤੇ ਜਨਮ ਲਿਆ ਹੈ, ਜਿੱਥੇ ਸਾਰੇ ਧਰਮਾਂ ਨੂੰ ਬਰਾਬਰ ਅਤੇ ਸਤਿਕਾਰਿਆ ਜਾਂਦਾ ਹੈ। ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਐਨ.ਜੀ.ਓ ਐਕਟ ਹਿਊਮਨ ਦੀ ਹਰਲੀਨ ਕੌਰ ਅਤੇ ਹਰਦੀਪ ਕੌਰ ਬੋਪਾਰਾਏ ਦਸਵੰਧ ਫਾਊਂਡੇਸ਼ਨ ਦੇ ਮਹਿਲਾ ਵਿੰਗ ਦੀ ਪ੍ਰਧਾਨ ਦੇ ਨਾਲ ਮੈਰਾਥਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਜਨਤਕ ਪ੍ਰਤੀਨਿਧੀਆਂ ਅਤੇ ਸਮਾਜਿਕ ਕਾਰਕੁਨਾਂ ਸਮੇਤ ਹੋਰਨਾਂ ਨੇ ਵੀ ਰਨ ਫਾਰ ਹਿਊਮੈਨਿਟੀ ਵਿੱਚ ਹਿੱਸਾ ਲਿਆ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਸਮੇਤ ਹੋਰ ਪਤਵੰਤਿਆਂ ਨੇ 'ਸਰਬੱਤ ਦਾ ਭਲਾ' ਲਈ ਅਰਦਾਸ ਕੀਤੀ ਅਤੇ ਮਨੁੱਖਤਾ ਪ੍ਰਤੀ ਸਦਭਾਵਨਾ ਅਤੇ ਸਮੂਹਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨ ਵਾਲੇ ਇਸ ਸਮਾਗਮ ਲਈ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ। ਪ੍ਰਬੰਧਕਾਂ ਨੇ ਕਿਹਾ ਕਿ ਮੈਰਾਥਨ ਦਾ ਉਦੇਸ਼ ਨਾਗਰਿਕਾਂ ਨੂੰ ਚੁਣੌਤੀਪੂਰਨ ਸਮੇਂ ਵਿੱਚ ਮਨੁੱਖਤਾ ਅਤੇ ਸ਼ਾਂਤੀ ਲਈ ਇਕੱਠੇ ਖੜ੍ਹੇ ਹੋਣ ਲਈ ਉਤਸ਼ਾਹਿਤ ਕਰਨਾ ਸੀ। ਭਾਗੀਦਾਰਾਂ ਨੇ ਉਮੀਦ ਪ੍ਰਗਟਾਈ ਕਿ ਅਜਿਹੀਆਂ ਪਹਿਲਕਦਮੀਆਂ ਭਾਈਚਾਰਿਆਂ ਨੂੰ ਇੱਕ ਹੋਰ ਹਮਦਰਦ ਦੁਨੀਆ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ।

# ਜੰਗਲਾਤ ਵਿਭਾਗ ਵਿੱਚ ਵਣ ਰੇਂਜਰ ਰੀੜ੍ਹ ਦੀ ਹੱਡੀ : ਇਕਬਾਲ ਸਿੰਘ ਧੂਰੀ

## ਕੈਬਨਿਟ ਦੀ ਮਨਜ਼ੂਰੀ ਲੈ ਕੇ ਵਣ ਰੇਂਜਰਾਂ ਦੀਆਂ ਖਾਲੀ ਅਸਾਮੀਆਂ ਦੀ ਭਰਤੀ ਜਲਦੀ ਕੀਤੀ ਜਾਵੇ



ਕੁਹਾੜਾ/ ਸਾਹਨੇਵਾਲ, 15 ਮਾਰਚ (ਕੁਲਦੀਪ ਸਿੰਘ ਕੁਹਾੜਾ ) : ਪੰਜਾਬ ਜੰਗਲਾਤ ਵਿਭਾਗ ਦੇ ਵਣ ਰੇਂਜਰ ਅਤੇ ਉਪ ਵਣ ਰੇਂਜਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਪ੍ਰਧਾਨ ਇਕਬਾਲ ਸਿੰਘ ਧੂਰੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਪਿਛਲੇ ਲੰਬੇ ਸਮੇਂ ਤੋਂ ਵਣ ਰੇਂਜਰਾਂ ਦੀ ਭਰਤੀ ਨਾਂ ਹੋਣ ਬਾਰੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸਰਬ ਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਪੰਜਾਬ ਦੇ ਮੁੱਖ ਮੰਤਰੀ ਤੇ ਪੰਜਾਬ ਦੇ ਵਣ ਮੰਤਰੀ ਨੂੰ ਅਪੀਲ ਕੀਤੀ ਗਈ ਹੈ ਕਿ ਜੰਗਲਾਤ ਵਿਭਾਗ ਵਿੱਚ ਵਣ ਰੇਂਜਰਾਂ ਦੀਆਂ 107 ਪੋਸਟਾਂ ਮਨਜ਼ੂਰ ਸ਼ੁਦਾ ਹਨ। ਜਿਸ ਵਿੱਚ 75 ਪੋਸਟਾਂ ਸਿੱਧੀਆਂ ਭਰੀਆਂ ਜਾਣੀਆਂ ਹਨ ਅਤੇ 32 ਪੋਸਟਾਂ ਤਰੱਕੀ ਰਾਹੀਂ ਭਰੀਆਂ ਜਾਣੀਆਂ ਹਨ। ਉਹਨਾਂ ਦੱਸਿਆ ਇਹਨਾਂ ਵਣ ਰੇਂਜਰਾਂ ਦੀਆਂ 75 ਪੋਸਟਾਂ ਨਹੀਂ ਭਰੀਆਂ ਗਈਆਂ ਜਦੋਂ ਕਿ 32 ਪੋਸਟਾਂ ਜੋ ਤਰੱਕੀ ਰਾਹੀਂ ਭਰੀਆਂ ਜਾਣੀਆਂ ਸਨ, ਉਹਨਾਂ ਵਿੱਚੋਂ ਵੀ 16 ਪੋਸਟਾਂ ਖਾਲੀ ਪਈਆਂ ਹਨ। ਇਸ ਕਰਕੇ ਵਣ ਰੇਂਜਰਾਂ ਦੀਆਂ 107 ਪੋਸਟਾਂ ਵਿੱਚੋਂ 91 ਪੋਸਟਾਂ ਖਾਲੀ ਪਈਆਂ ਹਨ। ਜਦੋਂ ਕਿ ਇਹ ਵਣ ਰੇਂਜਰਾਂ ਦੀਆਂ ਪੋਸਟਾਂ ਵਣ ਵਿਭਾਗ ਦੀ ਰੀੜ ਦੀ ਹੱਡੀ ਹਨ। ਉਹਨਾਂ ਕਿਹਾ ਕਿ ਸਾਲ 2000 ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਇੱਕ ਵੀ ਵਣ ਰੇਂਜਰ ਭਰਤੀ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਇਸ ਸਬੰਧੀ ਐਸੋਸ਼ੀਏਸ਼ਨ ਵੱਲੋਂ ਬੀਤੀ 11 ਫਰਵਰੀ ਨੂੰ ਪੰਜਾਬ ਦੇ ਵਣ ਮੰਤਰੀ ਤੇ ਉਚ ਅਧਿਕਾਰੀਆਂ ਨਾਲ ਵੀ ਮੀਟਿੰਗ ਕਰਕੇ ਪੋਸਟਾਂ ਭਰਨ ਸਬੰਧੀ ਬੇਨਤੀ ਕੀਤੀ ਗਈ ਸੀ। ਜਿਸ ਤੇ ਉਹਨਾਂ ਨੂੰ ਭਰੋਸਾ ਦਿੱਤਾ ਸੀ ਕਿ ਕੈਬਨਿਟ ਦੀ ਪ੍ਰਵਾਨਗੀ ਲੈ ਕੇ ਵਣ ਰੇਂਜਰਾਂ ਦੀ ਭਰਤੀ ਜਲਦੀ ਕੀਤੀ ਜਾਵੇਗੀ ਤੇ ਪੀਐਫਐਸ ਤਰੱਕੀ ਕੋਟੇ ਦੀਆਂ ਖਾਲੀ ਪੋਸਟਾਂ ਵੀ ਯੋਗ ਵਣ ਰੇਂਜਰਾਂ ਨੂੰ ਤਰੱਕੀ ਦੇ ਕੇ ਭਰੀਆਂ ਜਾਣਗੀਆਂ। ਅੱਜ ਫਿਰ ਐਸੋਸ਼ੀਏਸ਼ਨ ਵੱਲੋਂ ਮਤਾ ਪਾਸ ਕਰਕੇ ਪੰਜਾਬ ਦੇ ਮੁੱਖ ਮੰਤਰੀ ਅਤੇ ਵਣ ਮੰਤਰੀ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵਣ ਰੇਂਜਰਾਂ ਦੀ ਖਾਲੀ ਅਸਾਮੀਆਂ ਤੇ ਜਲਦੀ ਸਿੱਧੀ ਭਰਤੀ ਕੀਤੀ ਜਾਵੇ। ਇਸ ਮੌਕੇ ਸਾਥੀ ਗੀਤ ਮਹਿੰਦਰਪਾਲ ਸਿੰਘ ਜਨਰਲ ਸਕੱਤਰ, ਮੋਹਨ ਸਿੰਘ ਸਵੈਚ ਸ ਸਕੱਤਰ, ਮਨਦੀਪ ਸਿੰਘ ਢਿੱਲੋਂ ਸੀਨੀਅਰ ਮੀਤ ਪ੍ਰਧਾਨ, ਸੰਜੀਵ ਕੁਮਾਰ ਵਿੱਤ ਸਕੱਤਰ, ਰਘੂਬੀਰ ਸਿੰਘ ਚੌਧਰੀ ਕੋਆਰਡੀਨੇਟਰ, ਸੀਨੀਅਰ ਰੇਂਜ ਅਫ਼ਸਰ ਦਲਜੀਤ ਕੁਮਾਰ ਦਸੂਹਾ, ਗੁਰਵਿੰਦਰ ਸਿੰਘ ਰੇਂਜ ਅਫਸਰ ਅੰਮ੍ਰਿਤਸਰ, ਸੁਨੀਲ ਕੁਮਾਰ, ਸੁਖਪਾਲ ਸਿੰਘ, ਚਰਨਜੀਤ ਸਿੰਘ, ਕਮਲਪ੍ਰੀਤ ਸਿੰਘ, ਹੇਮੰਤ ਸਿੰਘ ਮੱਲੀ ਡਿਪਟੀ ਰੇਂਜਰ, ਬਲਰਾਜ ਸਿੰਘ ਡਿਪਟੀ ਰੇਂਜਰ, ਸੁਖਦੇਵ ਸਿੰਘ ਡਿਪਟੀ ਰੇਂਜਰ, ਰਾਜਪਾਲ ਸਿੰਘ ਪ੍ਰੋਜੈਕਟ ਅਫਸਰ, ਗੁਰਸੇਵਕ ਸਿੰਘ ਪ੍ਰੋਜੈਕਟ ਅਫਸਰ, ਕਿਰਨਦੀਪ ਸਿੰਘ ਡਿਪਟੀ ਰੇਂਜਰ, ਅਮਨਦੀਪ ਸਿੰਘ ਵਣ ਰੇਂਜਰ, ਮੁਕੇਸ਼ ਵਰਮਾ ਡਿਪਟੀ ਰੇਂਜਰ ਅਮਰੀਕ ਸਿੰਘ, ਗੁਰਜਿੰਦਰ ਸਿੰਘ, ਯੋਗਰਾਜ ਸਿੰਘ, ਜਸਪਾਲ ਸਿੰਘ ਹੁਸ਼ਿਆਰਪੁਰ ਆਦਿ ਹਾਜ਼ਰ ਸਨ।

# ਬੁੱਢੇ ਦਰਿਆ 'ਤੇ ਨਵੇਂ ਡਿਸਪੋਜ਼ਲ ਦੀ ਉਸਾਰੀ ਹੋਈ ਸ਼ੁਰੂ



ਲੁਧਿਆਣਾ, 15 ਮਾਰਚ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਉੱਤਰੀ ਸਥਿਤ ਰੇਲਵੇ ਲਾਈਨ ਨੇੜੇ ਲੰਘਦੇ ਬੁੱਢੇ ਨਾਲੇ ਵਿੱਚ ਡਿੱਗ ਰਹੇ ਸੀਵਰੇਜ ਦੇ ਪਾਣੀ ਨੂੰ ਸਾਫ਼ ਕਰਨ ਲਈ ਨਵੇਂ ਡਿਸਪੋਜ਼ਲ ਦੇ ਕੰਮ ਦਾ ਉਦਘਾਟਨ ਵਿਧਾਇਕ ਮਦਨ ਲਾਲ ਬੱਗਾ ਨੇ ਕੀਤਾ। ਮੁਹੱਲਾ ਪੀਰੂ ਬੰਦਾ ਅਤੇ ਨਿਊ ਕੁੰਦਨ ਪੁਰੀ ਦੇ ਦੋਵੇਂ ਪਾਸੇ ਰੇਲਵੇ ਲਾਈਨ ਨਾਲ ਜੋੜਨ ਵਾਲੇ ਇਲਾਕੇ ਵਿੱਚ ਡਿਸਪੋਜ਼ਲ ਬਣਾਏ ਜਾਣ ਕਾਰਨ ਸੀਵਰੇਜ ਦਾ ਪਾਣੀ ਸਾਫ਼ ਹੋ ਕੇ ਬੁੱਢੇ ਦਰਿਆ ਵਿੱਚ ਪਵੇਗਾ। ਡਿਸਪੋਜ਼ਲ ਦੇ ਨਿਰਮਾਣ 'ਤੇ ਕਰੀਬ 28 ਲੱਖ ਰੁਪਏ ਦੀ ਲਾਗਤ ਆਵੇਗੀ। ਦੂਜੇ ਪਾਸੇ ਵਾਰਡ-92 ਵਿੱਚ ਅਮਨ ਵਿਹਾਰ ਅਤੇ ਵਾਰਡ-67 ਦੇ ਰਘੁਬੀਰ ਪਾਰਕ ਵਿੱਖੇ ਨਵੀਂ ਵਾਟਰ ਸਪਲਾਈ ਪਾਈਪ ਲਾਈਨ ਵਿਛਾਉਣ ਦੇ ਕੰਮ ਦਾ ਵੀ ਉਦਘਾਟਨ ਕੀਤਾ ਗਿਆ। ਆਲ ਓਵਰ ਵਾਟਰ ਸਪਲਾਈ ਪ੍ਰਾਜੈਕਟ 'ਤੇ ਲੱਗਭੱਗ 74 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਦੇ ਨਾਲ ਹੀ ਵਾਰਡ-67 ਵਿਖੇ ਦੁਰਗਾ ਪੁਰੀ ਦੀਆਂ ਸੜਕਾਂ ਬਣਾਉਣ ਦਾ ਕੰਮ ਵੀ ਸ਼ੁਰੂ ਕੀਤਾ ਗਿਆ। ਡਿਸਪੋਜ਼ਲ ਪ੍ਰਾਜੈਕਟ ਬਾਰੇ ਜਾਣਕਾਰੀ ਦਿੰਦਿਆਂ ਵਿਧਾਇਕ ਬੱਗਾ ਨੇ ਦੱਸਿਆ ਕਿ ਮੁਹੱਲਾ ਪੀਰੂ ਬੰਦਾ ਅਤੇ ਨਿਊ ਕੁੰਦਨ ਪੁਰੀ ਨੇੜੇ ਡਿਸਪੋਜ਼ਲ ਦੀ ਉਸਾਰੀ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਆਲੇ-ਦੁਆਲੇ ਦੇ ਇਲਾਕਿਆਂ ਦਾ ਸੀਵਰੇਜ ਦੇ ਨਾਲ-ਨਾਲ ਬਰਸਾਤ ਦਾ ਪਾਣੀ ਵੀ ਸਾਫ ਹੋ ਕੇ ਦਰਿਆ ਵਿੱਚ ਪਵੇਗਾ। ਬੱਗਾ ਨੇ ਆਪਣੇ ਕੌਂਸਲਰ ਕਾਰਜਕਾਲ ਤੋਂ ਲੈ ਕੇ ਮੌਜੂਦਾ ਵਿਧਾਇਕ ਦੇ ਕਾਰਜਕਾਲ ਤੱਕ ਬੁੱਢਾ ਦਰਿਆ ਵਿੱਚ ਸਾਫ਼ ਪਾਣੀ ਦੇਖਣ ਦੇ ਸੁਪਨਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਬਚਪਨ ਵਿੱਚ ਬੁੱਢਾ ਦਰਿਆ ਨੂੰ ਜਵਾਨ ਦੇ ਤੌਰ ਤੇ ਅਪਣੀਆਂ ਅੱਖਾਂ ਨਾਲ ਦੇਖਿਆ ਹੈ। ਉਸ ਸਮੇਂ ਬੁੱਢੇ ਦਰਿਆਂ ਵਿੱਚ ਸਾਫ਼ ਪਾਣੀ ਵਹਿੰਦਾ ਦੇਖਿਆ ਹੈ। ਹੁਣ ਸਾਲਾਂ ਤੋਂ ਉਹਨਾਂ ਸੁਪਨਾ ਹੈ ਕਿ ਉਹ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਬਚਪਨ ਦੀ ਤਰ੍ਹਾਂ ਬੁੱਢੇ ਦਰਿਆ ਵਿੱਚ ਵਗਦਾ ਸਾਫ਼ ਪਾਣੀ ਉਪਲਬੱਧ ਕਰਵਾਉਣ । ਇਸ ਮੌਕੇ ਐਸ.ਡੀ.ਓ ਅੰਸ਼ੁਲ ਗਰਚਾ, ਜੇ.ਈ ਗੁਰਦੀਪ ਸਿੰਘ, ਸੀਐਸਆਈ ਬੰਟੀ ਡੋਗਰਾ, ਕੌਂਸਲਰ ਪੁਸ਼ਪਿੰਦਰ ਭਨੋਟ, ਕੌਂਸਲਰ ਬਿੱਟੂ ਭਾਰਦੁਆਜ, ਕੌਂਸਲਰ ਸ਼ਰਨਜੀਤ ਕੌਰ ਬਾਜਵਾ, ਸਤਵਿੰਦਰ ਸਿੰਘ ਬਾਜਵਾ, ਗੁਰਵੀਰ ਗੋਲੂ ਬਾਜਵਾ, ਸੰਨੀ ਭਨੋਟ, ਰਮੇਸ਼ ਸ਼ੁਕਲਾ, ਵਰਿੰਦਰ ਚੋਪੜਾ, ਸੰਜੀਵ ਥਾਪਰ, ਵਿਜੈ ਭਨੋਟ, ਮਿੰਟਾ ਪਸਰੀਜਾ, ਸ਼ਸ਼ੀ ਸ਼ਰਮਾ, ਕਮਲ ਬਾਤਿਸ਼, ਪਿੰਕੀ ਬੱਗਾ, ਦੀਪਕ ਪੰਡਿਤ, ਅਨਿਰੁਧ ਸ਼ਾਹੀ, ਦੀਪਕ ਧੀਰ, ਚੀਮਾ ਜੀ, ਮਨਮੋਹਨ ਸਿੰਘ, ਉਪਦੇਸ਼ ਬਾਜਵਾ, ਪਿੰਟੂ ਸ਼ਰਮਾ, ਪੰਡਿਤ ਓਮ ਪ੍ਰਕਾਸ਼ ਸ਼ਰਮਾ, ਸੰਨੀ ਬਜਾਜ, ਗੁਰਮੀਤ ਸਿੰਘ, ਹੈਪੀ ਗੁਲਾਟੀ ਆਦਿ ਵੀ ਹਾਜ਼ਰ ਸਨ।

# ਅਵਤਾਰ ਬਾਈ ਦਾ ਮ੍ਰਿਤਕ ਸਰੀਰ ਡਾਕਟਰੀ ਖੋਜਾਂ ਲਈ ਹੋਵੇਗਾ ਭੇਂਟ



ਲੁਧਿਆਣਾ, 15 ਮਾਰਚ (ਰਵਿੰਦਰ ਸਿੰਘ ਨਿੱਝਰ): ਉੱਘੇ ਤਰਕਸ਼ੀਲ ਆਗੂ ਅਤੇ ਇਨਕਲਾਬੀ-ਜਮਹੂਰੀ ਲਹਿਰ ਦੀ ਨਾਮਵਾਰ ਸ਼ਖ਼ਸੀਅਤ ਅਵਤਾਰ ਬਾਈ ਜੀ ਦੇ ਘਰ ਉਹਨਾਂ ਦੀ ਜੀਵਨ ਸਾਥਣ, ਧੀਆਂ ਪੁੱਤਰਾਂ, ਸਾਕ ਸਬੰਧੀਆਂ, ਨਗਰ ਨਿਵਾਸੀਆਂ ਅਤੇ ਬਾਈ ਦੇ ਹਾਜ਼ਰ ਸੰਗੀ ਸਾਥੀਆਂ ਦੀ ਹੁਣੇ ਹੁਣੇ ਹੋਈ ਮਿਲਣੀ 'ਚ ਪ੍ਰਮੁੱਖ ਤੌਰ 'ਤੇ ਬਾਈ ਅਵਤਾਰ ਦੇ ਬੋਲਾਂ ਨੂੰ ਪੁਗਾਉਂਦਿਆਂ ਅਤੇ ਪਰਿਵਾਰ ਦੀ ਰਜ਼ਾ 'ਤੇ ਫੁੱਲ ਚੜ੍ਹਾਉਂਦੇ ਹੋਏ ਇਹ ਵਿਚਾਰ ਬਣਿਆ ਹੈ ਕਿ 16 ਮਾਰਚ 1:30 ਵਜੇ ਅਵਤਾਰ ਬਾਈ ਦੇ ਘਰ, ਪਿੰਡ ਕੋਠੇ ਜੀਵਾ( ਨੇੜੇ ਸ਼ੇਰ ਪੁਰ ਚੌਂਕ) ਜਗਰਾਓਂ ਵਿਖੇ ਉਹਨਾਂ ਨੂੰ ਨਿੱਘੀ ਸਲਾਮ ਵਿਦਾਇਗੀ ਦੇਣ ਲਈ ਇਕੱਤਰਤਾ ਹੋਏਗੀ। ਇਸ ਉਪਰੰਤ ਬਿਲਕੁਲ ਠੀਕ 2 ਵਜੇ ਘਰੋਂ. ਐਸ. ਆਈ. ਆਈ ਹਸਪਤਾਲ ਲੁਧਿਆਣਾ ਮੈਡੀਕਲ ਖੋਜ਼ ਕਾਰਜਾਂ ਲਈ ਭੇਂਟ ਕਰਨ ਵਾਸਤੇ ਰਵਾਨਾ ਹੋਵੇਗਾ। ਪਰਿਵਾਰ ਨੇ ਸਭ ਨੂੰ ਬੇਨਤੀ ਕੀਤੀ ਹੈ ਕਿ ਉਹ ਸਮੇਂ ਸਿਰ 1:30 ਵਜੇ ਬਾਅਦ ਦੁਪਹਿਰ ਕੋਠੇ ਜੀਵਾ ਵਿਖੇ ਪਹੁੰਚਣ ਦੀ ਖੇਚਲ਼ ਕਰਨ ਤਾਂ ਜੋ ਸਮੇਂ ਸਿਰ ਲੁਧਿਆਣਾ ਲਈ ਰਵਾਨਾ ਹੋ ਕੇ ਸਮੇਂ ਸਿਰ ਪੁੱਜਿਆ ਜਾ ਸਕੇ ।

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In the Court of Shri Amar Jeet Singh**
**Principal Judge, Family Court, Moga**
CNR No.PBMO01-006044-2024
Next Date : 06.04.2026
Gursharan Singh
Versus
Jasvir Kaur
Notice to: Jasvir Kaur :-Do Rattan Singh Katcha Goniana Road, Street No. 5, Sri Muktsar Sahib.
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06**.04.2026 at 10:00 A.M. for details logon to https//. highcourtchd. gov. in/?mod=district_ notice& district=mogacourt
Dated this day of 28.01.2026
**Sd/- Principal Judge, Family Court, Moga**

---

(U/o 5 Rule 20 CPC)
**In the Court of Sh. Vineet Kumar Narang**
**Additional Principal Judge Family Court, Nakodar**
CNR No.PBJLF2-000165-2025
Next Date : 06.04.2026
GW/15/2025
Surinder Singh
Versus
Jaswinder Singh
Petition Under Guardian and Wards Act
Notice to: Gurmeet Kaur Spouse::-Sukhwinder Singh @ Babbu S/O Surjit Singh R/O Village Cholle, Mehatpur, Jalandhar Rural, Punjab. Santosh Kaur Spouse::-Sukhdev Singh R/O Karnal De Jhuge, Jalalabad, Ferozepur And Also Resident Of Village Cholle, Mehatpur, Jalandhar Rural, Punjab
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06**.04.2026 at 10:00 A.M. For details logon to https:// highcourtchd.gov.in/?mod=district_ notice&district=Jalandhar
Dated this day of 11-02-2026
**Sd/- Additional Principal Judge Family Court, Nakodar**

---

(U/o 5 Rule 20 CPC)
(Succession Case)
**In the Court of Ms. Nidhi Khurana Additional Civil Judge Sr. Division, Nangal**
CNR No.PBROB0-000398-2025
Next Date :06.04.2026
Paramjit Kaur & others
Versus
General Public
Notice to: General Public
Petition u/s 372 of the indian Succession Act for grant of succession certificate in favour applicant no.1 in respect of RS 48500/- lying deposited in SB Account with punjab National Bank Nangal Township in the name of late Niranjan Singh S/o of Jaimal Singh R/o Vill- Palasi Teh-Nangal distt-Rupnagar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M. For details logon to https:// highcourtchd.gov.in/?mod=district_ notice&district=rupnagarcourt
Dated this day of 12-02-2026
**Sd/- Additional Civil Judge Sr. Division, Nangal**

---

(U/o 5 Rule 20 CPC)
**In the Court of Ms. Shivangi Sangar**
**Additional Civil Judge (Senior Division), Nihal Singh Wala**
CNR No:-PBMOA0-000451-2025
Next Date : 06.04.2026
Veerpal Kaur
Versus
General Public
Notice to: General Public:- General Public
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M. For details logon to https:// highcourtchd.gov.in/?mod=district_ notice&district=mogacourt
Dated this day of 24-02-2026
**Sd/- Additional Civil Judge (Senior Division), Nihal Singh Wala**

---

(U/o 5 Rule 20 CPC)
**In the Court of Ms. Parminder Kaur Bains**
**Civil Judge (Senior Division), Amritsar**
CNR No.PBAS02-004189-2025
Next Date : 06.04.2026
Ms Grover Sons Textiles, Batala Road, Amritsar Through Its Prop. Mrs. Ramma Grover Wife Of Sh. Om Parkash Grover
Versus
M/S Anu Textiles Through Its Prop. Satish Kumar Sharma S/O Sh. Bhagwan Dass R/O H. No. 94, Gali No.6, Sunder Nagar, Tehsilpura.
Notice to: Anu Textiles :- Through Its Prop. Satish Kumar Sharma S/ O Sh. Bhagwan Das R/O-H No 94, Gali No. 6, Sunder Nagar, Amritsar
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M. For details logon to https:// highcourtchd.gov.in/?trs=district_ notice&district=Amritsar
Dated this day of 21-02-2026
**Sd/- Civil Judge (Senior Division), Amritsar**

---

(U/o 5 Rule 20 CPC)
**In the Court of Sh. Vineet Kumar Narang**
**Additional Principal Judge Family Court, Nakodar**
CNR No:-PBJLF2-000736-2025
Next Date : 06.04.2026
Dmc/375/2025
Tarsem Singh
Versus
Navdeep Kaur
Petition Under Section 13 Of Hindu Marriage Act For Dissolution Of Marriage By A Decree Of Divorce.
Notice to: Navdeep Kaur Spouse:-Tarsem Singh D/o Baljinder Singh r/o Village Brahampura, Teh. Chohla Sahib, Distt. Tarn Taran
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M. For details logon to https:// highcourtchd.gov.in/?mod=district_ notice&district=Jalandhar
Dated, this day of 24-02-2026
**Sd/- Additional Principal Judge Family Court, Nakodar**

---

(U/o 5 Rule 20 CPC)
**In the Court of Ms. Ankita Dhawan Civil Judge (Junior Division), Khamanon**
CNR No.PBFGB0-000224-2025
Next Date : 06.04.2026
Prabhjot Kaur
Versus
Jugraj Singh
Notice to: 2 Manpreet Singh Son Of Jagat Singh, Son Of Uttam Singh 5 Dalip Laur Wife Of Jagat Singh Son Of Uttam Singh Both R/O Village Maanpur, Tehsil Khamanon, District Fatehgarh Sahib
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on 06.04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 05-03-2026
**Sd/- Civil Judge (Junior Division), Khamanon**

---

(U/o 5 Rule 20 CPC)
**In the Court of Ms. Parveen Bali Principal Judge Family Court, Faridkot**
CNR No.PBFD01-005961-2025
Next Date : 06.04.2026
HMA/540/2025
Archna
Versus
Rajesh Kumar
Petition Under Section 13 Of Hma Act For Dissolution Of The Marriage Between The Parties On The Ground Of Cruelty And Desertion By Way Of Decree Of Divorce.
Notice to: Rajesh Kumar :-S/O Kiranpal R/O Kohara-Macchiwara Link Road, Near Guru Kirpa Hospital, Backside Sr Medical Store And Ahata, Ludhiana, Distt Ludhiana, 8872445617
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M. for details logon to https//. highcourtchd. gov. in/?mod=district_ notice& district=mogacourt
Dated this day of 09.03.2026
**Sd/- Principal Judge Family Court, Faridkot**

---

(U/o 5 Rule 20 CPC)
**In the Court of Sh. Amar Jeet Singh**
**Principal Judge Family Court, Moga**
CNR No.PBMO01-000428-2025
Next Date : 06.04.2026
Rajeev Kumar alias Bunty
Versus
Priynka
Notice to: Priynka Father::-Raj Kumar House No. 177, Ward No. 13, Bagiana Basti Now Residing Near Walia Palace Kot Ise Khan., Moga, Punjab
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M. For details logon to https:// highcourtchd.gov.in/?mod=district_ notice&district=mogacourt
Dated this day of 07-02-2026
**Sd/- Principal Judge Family Court, Moga**

### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

# ਕੀ ਭਦੌੜ ਦੇ ਸੂਝਵਾਨ ਵੋਟਰ ਦਲ ਬਦਲੂਆਂ ਨੂੰ ਮੂੰਹ ਲਾਉਣਗੇ ਜਾਂ ਨਕਾਰਨਗੇ ?

ਭਦੌੜ, 15 ਮਾਰਚ (ਸੁਖਵਿੰਦਰ ਪਲਾਹਾ): ਪੰਜਾਬ ਵਿੱਚ ਇੱਕ ਸਾਲ ਦੇ ਅੰਦਰ-ਅੰਦਰ ਵਿਧਾਨ ਸਭਾ ਚੋਣਾਂ ਤੋਂ ਇਲਾਵਾ ਨਗਰ ਕੌਂਸਲ ਚੋਣਾਂ ਵੀ ਨੇੜੇ ਆ ਰਹੀਆਂ ਹਨ ,ਬੇਸ਼ੱਕ ਮਾਨਯੋਗ ਹਾਈਕੋਰਟ ਵੱਲੋਂ ਕੁਝ ਸਮੇਂ ਲਈ ਇਹਨਾਂ ਚੋਣਾਂ ਉੱਤੇ ਰੋਕ ਲਗਾਈ ਜਾ ਚੁੱਕੀ ਹੈ, ਪਰ ਕੁੱਝ ਕੁ ਲੀਡਰ ਬਨਣ ਦੇ ਚਾਹਵਾਨ ਆਪਣੇ ਆਪਣੇ ਵਾਰਡਾਂ ਵਿੱਚ ਕੌਂਸਲਰ ਬਣਨ ਦੇ ਸੁਪਨੇ ਵੇਖ ਕੇ ਅੱਡੀਆਂ ਨੂੰ ਥੁੱਕ ਲਾ ਕੇ ਦਿਨ ਰਾਤ ਇੱਕ ਕਰੀ ਫਿਰਦੇ ਹਨ।




ਪਾਰਟੀ ਬਦਲਣ ਦੇ ਇਸ ਸੀਜ਼ਨ ਵਿੱਚ ਦਲ ਬਦਲੂ ਸਾਉਣ ਦੇ ਡੱਡੂ ਵਾਂਗੂ ਛੜੱਪੇ ਮਾਰਦੇ ਨਜ਼ਰ ਵੀ ਆ ਰਹੇ ਹਨ, ਕਿਉਂਕਿ ਆਪਣੇ ਨਿੱਜੀ ਮੁਫਾਦਾਂ ਲਈ ਆਪਣੀ ਮਾਂ ਪਾਰਟੀ ਇਹਨਾਂ ਲਈ ਕੋਈ ਖ਼ਾਸ ਮਹਿਣੇ ਨਹੀਂ ਰੱਖਦੀ, ਕਿਉਂਕਿ ਦਲ ਬਦਲੂਆਂ ਵੱਲੋਂ ਕਿਸੇ ਵੀ ਤਰੀਕੇ ਨਾਲ ਲੋਕਾਂ ਨੂੰ ਭਰਮਾਉਣਾ ਤੇ ਚੋਣ ਜਿੱਤਣਾ ਬੇਸ਼ੱਕ ਉਹਨਾਂ ਨੂੰ ਕੁੱਝ ਵੀ ਕਰਨਾ ਪੈ ਜਾਵੇ ਦਲ ਬਦਲੂ ਆਪਣਾ ਰੋਲ ਨਿਭਾਉਣ ਵਿੱਚ ਕਦੇ ਵੀ ਕਸਰ ਬਾਕੀ ਨਹੀਂ ਛੱਡਦੇ। ਇਸੇ ਤਰ੍ਹਾਂ ਹੀ ਅੱਜ ਕੱਲ੍ਹ ਦਲ ਬਦਲੂ ਦਾ ਸੀਜਨ ਨੇੜੇ ਆ ਚੁੱਕਾ ਹੈ ਅਤੇ ਕੁੱਝ ਦਲ ਬਦਲੂ ਆਪਣਾ ਰੰਗ ਵਿਖਾਉਣ ਵੀ ਲੱਗ ਚੁੱਕੇ ਹਨ। ਇਸੇ ਤਰ੍ਹਾਂ ਦੀ ਇੱਕ ਤਾਜ਼ਾ ਮਿਸਾਲ ਵਿਧਾਨ ਸਭਾ ਹਲਕਾ ਭਦੌੜ ਦੇ ਕਸਬਾ ਭਦੌੜ ਦੇ ਵਾਰਡ ਨੰਬਰ 7 ਤੋਂ ਮਿਲਦੀ ਹੈ ਜਿੱਥੇ ਇੱਕ ਨਾਨਕਸਰ ਰੋਡ ਤੇ ਰਹਿਣ ਵਾਲੇ ਕਾਂਗਰਸ ਪਾਰਟੀ ਦੇ ਦਲ ਬਦਲੂ ਨੇ ਸਾਰੀਆਂ ਹੀ ਹੱਦਾਂ ਪਾਰ ਕਰਦਿਆਂ ਸੱਤਾਧਾਰੀ ਪਾਰਟੀ ਦਾ ਝਾੜੂ ਫੜ ਲਿਆ ਹੈ ।

ਜੇਕਰ ਗੱਲ ਕਰੀਏ ਉਸ ਦੇ ਪਿਛੋਕੜ ਦੀ ਤਾਂ ਸ਼ੁਰੂ ਤੋਂ ਹੀ ਕਾਂਗਰਸ ਪਾਰਟੀ ਨਾਲ ਸਬੰਧ ਰੱਖਣ ਵਾਲੇ ਪਰਿਵਾਰ ਦੇ ਨੌਜਵਾਨ ਨੇ ਪੰਜਾਬ ਵਿੱਚ 2017 ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਕਾਂਗਰਸ ਪਾਰਟੀ ਦਾ ਪ੍ਰਚਾਰ ਵੀ ਕੀਤਾ ਸੀ ਅਤੇ ਉਸ ਸਮੇਂ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣ ਗਈ ਸੀ ਅਤੇ ਕੈਪਟਨ ਅਮਰਿੰਦਰ ਸਿੰਘ ਦੂਜੀ ਵਾਰ ਪੰਜਾਬ ਦੇ ਮੁੱਖ ਮੰਤਰੀ ਬਣੇ ਸਨ, ਪਰ ਵਿਧਾਨ ਸਭਾ ਹਲਕਾ ਭਦੌੜ ਤੋਂ ਆਮ ਆਦਮੀ ਪਾਰਟੀ ਦੇ ਪਿਰਮਲ ਸਿੰਘ ਧੌਲਾ ਵਿਧਾਇਕ ਚੁਣੇ ਗਏ ਸਨ ਅਤੇ ਉਹਨਾਂ ਨੇ 20,784 ਵੋਟਾਂ ਨਾਲ ਵੱਡੀ ਜਿੱਤ ਦਰਜ ਕੀਤੀ ਸੀ। ਪੰਜਾਬ ਅੰਦਰ ਕਾਂਗਰਸ ਪਾਰਟੀ ਸਰਕਾਰ ਬਣਦੇ ਆ ਇਸ ਖ਼ੁਸ਼ੀ ਨੂੰ ਜਾਹਿਰ ਕਰਦਿਆਂ ਨਾਨਕਸਰ ਰੋਡ ਉੱਪਰ ਰਹਿਣ ਵਾਲੇ ਇਸ ਦਲ ਬਦਲੂ ਕਾਂਗਰਸੀ ਵਰਕਰ ਨੇ ਬੱਸ ਸਟੈਂਡ ਭਦੌੜ ਤੋਂ ਲੈ ਕੇ ਨਾਨਕਸਰ ਦੇ ਰੋਡ ਦੇ ਖਹਿਰਾ ਪੈਲੇਸ ਚੌਂਕ ਤੱਕ ਝਾੜੂ ਖਿਲਾਰੇ ਸਨ ਅਤੇ ਝਾੜੂ ਪਾਰਟੀ ਪ੍ਰਤੀ ਭੱਦੀ ਸ਼ਬਦਾਂਵਲੀ ਦਾ ਪ੍ਰਯੋਗ ਕਰਦਿਆਂ ਹੋਇਆ ਕਾਂਗਰਸ ਪਾਰਟੀ ਦੇ ਹੱਕ ਵਿੱਚ ਨਾਅਰੇ ਵੀ ਲਗਾਏ ਸਨ ਪਰ ਬੀਤੇ ਦਿਨੀ ਉਸੇ ਕਾਂਗਰਸੀ ਵਰਕਰ ਵੱਲੋਂ ਕੌਂਸਲਰ ਬਣਨ ਦੇ ਸੁਪਨੇ ਲੈ ਕੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿੰਦਿਆਂ ਸੱਤਾਧਾਰੀ ਪਾਰਟੀ ਦਾ ਪੱਲਾ ਫੜ ਲਿਆ ,ਪਰ ਹੁਣ ਭਦੌੜ ਦੇ ਸੂਝਵਾਨ ਵੋਟਰ ਪੂਰੀ ਤਰ੍ਹਾਂ ਸੁਚੇਤ ਹਨ ਕਿਉਂਕਿ ਆਪਣੇ ਨਿੱਜੀ ਮੁਫਾਦਾਂ ਖਾਤਰ ਪਾਰਟੀ ਬਦਲਣ ਵਾਲੇ ਲੋਕਾਂ ਨੂੰ ਭਦੌੜ ਦੇ ਸੂਝਵਾਨ ਵੋਟਰ ਕਦੇ ਵੀ ਮੂੰਹ ਨਹੀਂ ਲਾਉਣਗੇ। ਜ਼ਿਕਰਯੋਗ ਹੈ ਕਿ ਜਿਸ ਇਲਾਕੇ ਵਿੱਚ ਉਕਤ ਨੌਜਵਾਨ ਵੱਲੋਂ ਚੋਣ ਲੜਨ ਦਾ ਮਨ ਬਣਾਇਆ ਹੈ ਉਸ ਖੇਤਰ ਵਿੱਚੋਂ ਕਾਂਗਰਸੀ ਵਰਕਰਾਂ ਨੇ ਉਸ ਨੂੰ ਕਦੇ ਵੀ ਵੋਟ ਨਹੀਂ ਪਾਉਣੀ ਅਤੇ ਕਾਂਗਰਸੀ ਵਰਕਰਾਂ ਤੇ ਵੋਟਰਾਂ ਵੱਲੋਂ ਉਸ ਨੂੰ ਸਦਾ ਲਈ ਨਕਾਰ ਦਿੱਤਾ ਗਿਆ ਹੈ ਅਤੇ ਸੂਝਵਾਨ ਵੋਟਰ ਇਹ ਵੀ ਜਾਣਦੇ ਹਨ ਕਿ ਬੇਸ਼ੱਕ ਅੱਜ ਉਹ ਨੌਜਵਾਨ ਨੇ ਝਾੜੂ ਦਾ ਪੱਲਾ ਫੜ ਲਿਆ ਹੈ ਪਰ ਆਉਣ ਵਾਲੇ ਸਮੇਂ ਵਿੱਚ ਉਹ ਦੁਬਾਰਾ ਕਿਸੇ ਸਮੇਂ ਵੀ ਡੱਡੂ ਟਪੂਸੀ ਮਾਰ ਕੇ ਕਿਸੇ ਹੋਰ ਪਾਰਟੀ ਵਿੱਚ ਵੀ ਜਾ ਸਕਦਾ ਹੈ, ਇਸ ਕਰਕੇ ਸੱਤਾਧਾਰੀ ਪਾਰਟੀ ਦੇ ਵਰਕਰ ਵੀ ਤੇ ਵੋਟਰ ਵੀ ਉਸ ਤੋਂ ਕੰਨੀ ਕਤਰਾਉਣਗੇ ਅਤੇ ਕਾਂਗਰਸੀ ਵਰਕਰ ਤੇ ਵੋਟਰ ਉਸਦਾ ਖੁੱਲ੍ਹ ਕੇ ਵਿਰੋਧ ਕਰਦੇ ਹੋਏ ਨਜ਼ਰ ਆਉਣਗੇ। ਹੁਣ ਵੇਖਣਾ ਇਹ ਹੈ ਕਿ ਉਠ ਕਿਸ ਕਰਵਟ ਬੈਠਦਾ ਹੈ, ਇਹ ਆਉਣ ਵਾਲੀਆਂ ਨਗਰ ਨਗਰ ਕੌਂਸਲ ਚੋਣਾਂ ਵਿੱਚ ਲੋਕ ਤੈਅ ਕਰਨਗੇ ਕਿ ਆਪਣੇ ਨਿੱਜੀ ਮੁਫਾਦਾਂ ਖਾਤਰ, ਨਿੱਜੀ ਫਾਇਦੇ ਖਾਤਰ ਲੋਕਾਂ ਦੀਆਂ ਭਾਵਨਾਵਾਂ ਖੇਡ ਕੇ ਜਾਂ ਭੋਲੇ ਭਾਲੇ ਲੋਕਾਂ ਨੂੰ ਮੂਰਖ ਬਣਾ ਕੇ ਕੌਂਸਲਰ ਬਣਦਾ ਹੈ ਜਾਂ ਸੂਝਵਾਨ ਵੋਟਰ ਉਸ ਨੂੰ ਘਰੇ ਬਿਠਾਉਣਗੇ।

# ਗਿਆਨ ਜੋਤੀ ਸਕੂਲ ਵਿੱਚ ਕੈਂਸਰ ਸਮੇਤ ਵੱਖ-ਵੱਖ ਬਿਮਾਰੀਆ ਦਾ ਜਾਂਚ ਕੈਂਪ ਲਗਾਇਆ

ਮੋਹਾਲੀ, 15 ਮਾਰਚ (ਹਰਦੀਪ ਕੌਰ): ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਦੀ ਅਗਵਾਈ ਹੇਠ ਬਣਾਈ ਗਈ ਮੋਹਾਲੀ ਫਰਸਟ ਫਾਊਂਡੇਸ਼ਨ ਵੱਲੋਂ ਅੱਜ ਗਿਆਨ ਜੋਤੀ ਸਕੂਲ ਵਿੱਚ ਕੈਂਸਰ ਸਮੇਤ ਵੱਖ-ਵੱਖ ਬਿਮਾਰੀਆਂ ਦੀ ਜਾਂਚ ਲਈ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸਿਹਤ ਸੰਬੰਧੀ ਕਈ ਮਹੱਤਵਪੂਰਨ ਟੈਸਟ ਮੁਫ਼ਤ ਕੀਤੇ ਗਏ ਅਤੇ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅਪ ਕਰਕੇ ਜ਼ਰੂਰੀ ਸਲਾਹ ਦਿੱਤੀ ਗਈ। ਇਸ ਮੌਕੇ 13-13 ਸੰਸਥਾ ਵੱਲੋਂ ਮੋਬਾਈਲ ਮੈਡੀਕਲ ਬੱਸ ਵੀ ਮੌਕੇ 'ਤੇ ਖੜ੍ਹੀ ਕੀਤੀ ਗਈ, ਜਿਸ ਵਿੱਚ ਖਾਸ ਤੌਰ 'ਤੇ ਬ੍ਰੈਸਟ ਕੈਂਸਰ ਦੀ ਜਾਂਚ (ਮੈਮੋਗ੍ਰਾਫੀ ਸਮੇਤ) ਕੀਤੀ ਗਈ। ਇਸ ਤੋਂ ਇਲਾਵਾ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ, ਅੱਖਾਂ ਅਤੇ ਦੰਦਾਂ ਦੀ ਜਾਂਚ ਵੀ ਕੀਤੀ ਗਈ। ਕੈਂਪ ਵਿੱਚ ਖਾਸ ਤੌਰ 'ਤੇ ਬੋਨ ਡੈਂਸਟੀ ਅਤੇ ਕੈਲਸ਼ੀਅਮ ਦੀ ਜਾਂਚ ਲਈ ਵੀ ਡਾਕਟਰ ਮੌਜੂਦ ਰਹੇ। ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਕੀ ਕਿਹਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਕਿਹਾ ਕਿ ਮੋਹਾਲੀ ਫਰਸਟ ਫਾਊਂਡੇਸ਼ਨ ਬਣਾਉਣ ਦਾ ਮਕਸਦ ਮੋਹਾਲੀ ਨੂੰ ਹਰ ਖੇਤਰ ਵਿੱਚ ਪਹਿਲੇ ਨੰਬਰ 'ਤੇ ਲਿਆਉਣਾ ਅਤੇ ਸ਼ਹਿਰ ਦੀਆਂ ਸਮੱਸਿਆਵਾਂ ਦੇ ਹੱਲ ਲਈ ਲਗਾਤਾਰ ਉਪਰਾਲੇ ਕਰਨਾ ਹੈ। ਉਨ੍ਹਾਂ ਦੱਸਿਆ ਕਿ ਮੋਹਾਲੀ ਦੇ ਵੱਡੀ ਗਿਣਤੀ ਵਿੱਚ ਲੋਕ ਇਸ ਸੰਸਥਾ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸੰਸਥਾ ਵੱਲੋਂ ਲਗਾਇਆ ਗਿਆ ਪਹਿਲਾ ਮੈਡੀਕਲ ਕੈਂਪ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਮੋਹਾਲੀ ਦੇ ਵੱਖ-ਵੱਖ ਇਲਾਕਿਆਂ ਵਿੱਚ ਹੋਰ ਵੀ ਮੈਡੀਕਲ ਕੈਂਪ ਲਗਾਏ ਜਾਣਗੇ। ਉਨ੍ਹਾਂ ਇਹ ਵੀ ਕਿਹਾ ਕਿ ਮੋਹਾਲੀ ਵਾਸੀਆਂ ਨੂੰ ਦਰਪੇਸ਼ ਕਿਸੇ ਵੀ ਸਮੱਸਿਆ ਦੇ ਹੱਲ ਲਈ ਸੰਸਥਾ ਪਹਿਲ ਦੇ ਆਧਾਰ 'ਤੇ ਕੰਮ ਕਰੇਗੀ।




ਮਹਿਲਾ ਦਿਵਸ ਨੂੰ ਸਮਰਪਿਤ ਕੈਂਪ
ਕੁਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਅੱਜ ਲਗਾਇਆ ਗਿਆ। ਇਹ ਕੈਂਪ ਖਾਸ ਤੌਰ 'ਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਸੀ। ਉਨ੍ਹਾਂ ਕਿਹਾ ਕਿ ਘਰ ਦੀ ਮਹਿਲਾ ਸਿਹਤਮੰਦ ਹੋਵੇਗੀ ਤਾਂ ਪਰਿਵਾਰ ਖੁਸ਼ਹਾਲ ਰਹੇਗਾ ਅਤੇ ਇਸ ਨਾਲ ਸਮਾਜ ਅਤੇ ਦੇਸ਼ ਦੀ ਤਰੱਕੀ ਵੀ ਹੋਵੇਗੀ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ, ਖਾਸ ਕਰਕੇ ਮਹਿਲਾਵਾਂ ਨੇ ਆਪਣੀ ਸਿਹਤ ਦੀ ਜਾਂਚ ਕਰਵਾਈ ਅਤੇ ਡਾਕਟਰਾਂ ਤੋਂ ਮੈਡੀਕਲ ਸਲਾਹ ਲਈ। ਇਸ ਮੌਕੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਵਿਸ਼ੇਸ਼ ਤੌਰ 'ਤੇ ਗਿਆਨ ਜੋਤੀ ਸਕੂਲ ਮੈਨੇਜਮੈਂਟ, 13-13 ਸੰਸਥਾ, ਲਾਇਨਜ਼ ਕਲੱਬ, ਕੈਂਪ ਵਿੱਚ ਸੇਵਾ ਕਰਨ ਆਏ ਸਾਰੇ ਡਾਕਟਰਾਂ ਦੀ ਟੀਮਾਂ, ਹਸਪਤਾਲਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਕੈਂਪ ਵਿੱਚ ਸਹਿਯੋਗ ਦਿੱਤਾ। ਉਹਨਾਂ ਆਸ ਪ੍ਰਗਟ ਕੀਤੀ ਕਿ ਅੱਗੇ ਵੀ ਇਹਨਾਂ ਸੰਸਥਾਵਾਂ ਦਾ ਪੂਰਾ ਸਹਿਯੋਗ ਉਹਨਾਂ ਨੂੰ ਮਿਲਦਾ ਰਹੇਗਾ। ਉਹਨਾਂ ਦੱਸਿਆ ਕਿ ਇਸ ਕੈਂਪ ਵਿੱਚ 100 ਤੋਂ ਵੱਧ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ 40 ਤੋਂ 42 ਮਰੀਜ਼ਾਂ ਦੀ ਮੈਮੋਗ੍ਰਾਫੀ ਕੀਤੀ ਗਈ।

# ਮੋਗਾ ਦੀ ਧਰਤੀ 'ਤੇ ਹੋਈ 'ਬਦਲਾਅ ਰੈਲੀ' ਪੰਜਾਬ 'ਚ ਨਵੇਂ ਯੁੱਗ ਦੀ ਸ਼ੁਰੂਆਤ ਦਾ ਸੰਕੇਤ : ਫ਼ੌਜੀ,ਗੱਖੀ, ਜੇਠੀ

ਬਰਨਾਲਾ, 15 ਮਾਰਚ (ਸੁਖਵਿੰਦਰ ਸਿੰਘ ਭੰਡਾਰੀ): ਗਦਰੀ ਬਾਬਿਆਂ ਦੀ ਪਵਿੱਤਰ ਧਰਤੀ ਮੋਗਾ ਵਿਖੇ ਹੋਈ 'ਬਦਲਾਅ ਰੈਲੀ' ਸਿਰਫ਼ ਇੱਕ ਰਾਜਨੀਤਕ ਇਕੱਠ ਹੀ ਨਹੀਂ ਸੀ, ਸਗੋਂ ਇਹ ਪੰਜਾਬ ਦੇ ਭਵਿੱਖ ਲਈ ਨਵੇਂ ਸੰਕਲਪ ਦੀ ਗੂੰਜ ਵਜੋਂ ਸਾਹਮਣੇ ਆਈ ਹੈ। ਇਸ ਰੈਲੀ ਦੌਰਾਨ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ 'ਚ ਅਸਲ ਬਦਲਾਅ ਲਿਆਉਣ ਦੇ ਵਾਅਦੇ ਅਤੇ ਦ੍ਰਿੜ੍ਹ ਇਰਾਦੇ ਨੇ ਲੋਕਾਂ ਵਿੱਚ ਨਵਾਂ ਵਿਸ਼ਵਾਸ ਪੈਦਾ ਕੀਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਜਪਾ ਐਸ ਸੀ ਮੋਰਚਾ ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਧਰਮ ਸਿੰਘ ਫ਼ੌਜੀ, ਬੀ ਸੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਗੱਖੀ ਅਤੇ ਭਾਜਪਾ ਦੇ ਜ਼ਿਲ੍ਹਾ ਬਰਨਾਲਾ ਦੇ ਸਕੱਤਰ ਸੰਦੀਪ ਜੇਠੀ ਨੇ ਕਿਹਾ ਕਿ ਮੋਗਾ ਦੀ ਇਤਿਹਾਸਕ ਧਰਤੀ ਨੇ ਹਮੇਸ਼ਾਂ ਦੇਸ਼ ਨੂੰ ਨਵੀਂ ਦਿਸ਼ਾ ਦਿੱਤੀ ਹੈ। ਗਦਰੀ ਬਾਬਿਆਂ ਦੀ ਕੁਰਬਾਨੀਆਂ ਨਾਲ ਪਵਿੱਤਰ ਹੋਈ ਇਸ ਧਰਤੀ ਤੋਂ ਉੱਠੀ ਆਵਾਜ਼ ਇੱਕ ਵਾਰ ਫਿਰ ਪੰਜਾਬ ਦੇ ਨਵੇਂ ਭਵਿੱਖ ਦੀ ਨੀਂਹ ਰੱਖ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਰੈਲੀ ਨੇ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਪੰਜਾਬ ਦੇ ਲੋਕ ਹੁਣ ਤਰੱਕੀ, ਸਥਿਰਤਾ ਅਤੇ ਸੁਚੱਜੇ ਪ੍ਰਸ਼ਾਸਨ ਦੀ ਦਿਸ਼ਾ ਵਿੱਚ ਅੱਗੇ ਵੱਧਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਕਿਸਾਨੀ ਨੂੰ ਮਜ਼ਬੂਤ ਕਰਨਾ, ਨੌਜਵਾਨਾਂ ਨੂੰ ਰੋਜ਼ਗਾਰ ਅਤੇ ਨਵੇਂ ਮੌਕਿਆਂ ਨਾਲ ਜੋੜਨਾ ਅਤੇ ਪੰਜਾਬ ਦੇ ਪਾਣੀਆਂ ਦੀ ਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਰਾਹੀਂ ਪੰਜਾਬ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਜ਼ਿਲ੍ਹਾ ਸਕੱਤਰ ਸੰਦੀਪ ਜੇਠੀ ਨੇ ਅੱਗੇ ਕਿਹਾ ਕਿ ਕਿਹਾ ਕਿ ਪੰਜਾਬ ਦੀ ਜਵਾਨੀ ਵਿੱਚ ਬੇਹੱਦ ਸਮਰੱਥਾ ਹੈ ਅਤੇ ਜੇ ਉਨ੍ਹਾਂ ਨੂੰ ਸਹੀ ਮੌਕੇ ਅਤੇ ਸਹੀ ਦਿਸ਼ਾ ਮਿਲੇ ਤਾਂ ਉਹ ਸੂਬੇ ਨੂੰ ਤਰੱਕੀ ਦੇ ਨਵੇਂ ਮੁਕਾਮਾਂ ਤੱਕ ਲੈ ਜਾ ਸਕਦੇ ਹਨ। ਇਸ ਲਈ ਜ਼ਰੂਰੀ ਹੈ ਕਿ ਸਿੱਖਿਆ, ਉਦਯੋਗ ਅਤੇ ਰੋਜ਼ਗਾਰ



ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਕਦਮ ਚੁੱਕੇ ਜਾਣ। ਉਨ੍ਹਾਂ ਕਿਹਾ ਕਿ ਮੋਗਾ ਤੋਂ ਸ਼ੁਰੂ ਹੋਇਆ ਇਹ ਸੰਕਲਪ ਹੁਣ ਪੰਜਾਬ ਦੇ ਕੋਨੇ-ਕੋਨੇ ਤੱਕ ਪਹੁੰਚੇਗਾ। ਬਦਲਾਅ ਰੈਲੀ ਰਾਹੀਂ ਲੋਕਾਂ ਵਿੱਚ ਜੋ ਉਤਸਾਹ ਅਤੇ ਵਿਸ਼ਵਾਸ਼ ਦੇਖਣ ਨੂੰ ਮਿਲਿਆ ਹੈ, ਉਹ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪੰਜਾਬ ਵਿੱਚ ਵਿਕਾਸ ਅਤੇ ਨਵੇਂ ਯੁੱਗ ਦੀ ਸ਼ੁਰੂਆਤ ਲਈ ਲੋਕ ਤਿਆਰ ਹਨ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਮੋਗਾ ਦੀ ਧਰਤੀ ਤੋਂ ਉਠੀ ਇਹ ਗੂੰਜ ਸਿਰਫ਼ ਇੱਕ ਰੈਲੀ ਤੱਕ ਸੀਮਿਤ ਨਹੀਂ ਰਹੇਗੀ, ਸਗੋਂ ਇਹ ਪੰਜਾਬ ਵਿੱਚ ਸੁਚੱਜੇ ਪ੍ਰਬੰਧ, ਮਜਬੂਤ ਕਿਸਾਨੀ ਅਤੇ ਖੁਸ਼ਹਾਲ ਸਮਾਜ ਦੇ ਨਵੇਂ ਅਧਿਆਇ ਦੀ ਸ਼ੁਰੂਆਤ ਸਾਬਤ ਹੋਵੇਗੀ।

# ਪੰਜਾਬ ਸਰਕਾਰ ਨੂੰ ਧਰਮ ਪਰਿਵਰਤਨ ਰੋਕਣ ਲਈ ਤੁਰੰਤ ਕਾਨੂੰਨ ਬਣਾਉਣਾ ਚਾਹੀਦਾ ਹੈ : ਵਿਸ਼ਵ ਹਿੰਦੂ ਪ੍ਰੀਸ਼ਦ, ਬਜਰੰਗ ਦਲ

ਬਰਨਾਲਾ, 15 ਮਾਰਚ (ਸੁਖਵਿੰਦਰ ਸਿੰਘ ਭੰਡਾਰੀ): ਪ੍ਰੈੱਸ ਨਾਲ ਗੱਲ ਕਰਦਿਆਂ, ਵਿਸ਼ਵ ਹਿੰਦੂ ਪ੍ਰੀਸ਼ਦ ਵਿਭਾਗ ਦੇ ਮੰਤਰੀ ਨੀਲਮਣੀ ਸਮਾਧੀਆ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਪੰਜਾਬ ਸਰਕਾਰ ਨੂੰ ਪੰਜਾਬ ਵਿੱਚ ਵੱਧ ਰਹੇ ਧਰਮ ਪਰਿਵਰਤਨ ਨੂੰ ਰੋਕਣ ਲਈ ਤੁਰੰਤ ਇੱਕ ਵਿਸ਼ੇਸ਼ ਕਾਨੂੰਨ ਬਣਾਉਣਾ ਚਾਹੀਦਾ ਹੈ। ਇਹ ਲਾਲਚ ਜਾਂ ਬਿਮਾਰੀ ਨੂੰ ਠੀਕ ਕਰਨ ਦੇ ਵਾਅਦੇ ਨਾਲ ਧਰਮ ਪਰਿਵਰਤਨ ਕਰਵਾਉਣ ਜਾਂ ਪ੍ਰੇਰਿਤ ਕਰਨ ਦੀ ਕਿਸੇ ਵੀ ਕੋਸ਼ਿਸ਼ 'ਤੇ ਪਾਬੰਦੀ ਲਗਾਉਂਦਾ ਹੈ।

ਅਜਿਹਾ ਕਾਨੂੰਨ ਪੰਜਾਬ ਵਿੱਚ ਧਾਰਮਿਕ ਪਰਿਵਰਤਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਸਕਦਾ ਹੈ, ਕਿਉਂਕਿ ਭਾਰਤ ਦੇ 14 ਰਾਜਾਂ ਨੇ ਅਜਿਹੇ ਕਾਨੂੰਨ ਬਣਾਏ ਹਨ ਜੋ ਲਾਲਚ ਰਾਹੀਂ ਧਰਮ ਪਰਿਵਰਤਨ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਦੀ ਵਿਵਸਥਾ ਕਰਦੇ ਹਨ। ਹਿਮਾਚਲ ਪ੍ਰਦੇਸ਼, ਉਤਰਾਖੰਡ, ਦਿੱਲੀ, ਉੱਤਰ ਪ੍ਰਦੇਸ਼ ਅਤੇ ਗੁਜਰਾਤ ਉਨ੍ਹਾਂ ਰਾਜਾਂ ਵਿੱਚੋਂ ਹਨ, ਜਿਨ੍ਹਾਂ ਨੇ ਅਜਿਹੇ ਕਾਨੂੰਨ ਬਣਾਏ ਹਨ। ਪੰਜਾਬ ਨੂੰ ਵੀ ਅਜਿਹਾ ਕਾਨੂੰਨ ਬਣਾਉਣਾ ਚਾਹੀਦਾ ਹੈ।

ਪੰਜਾਬ ਗੁਰੂਆਂ ਅਤੇ ਰਿਸ਼ੀਆਂ ਦੀ ਧਰਤੀ ਹੈ; ਇੱਥੇ ਸਾਡੇ ਗੁਰੂਆਂ ਨੇ ਧਰਮ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ।

9ਵੇਂ ਗੁਰੂ, ਸ਼੍ਰੀ ਤੇਗ ਬਹਾਦਰ ਜੀ ਦਾ ਸਿਰ ਕਲਮ ਕੀਤਾ ਗਿਆ ਸੀ। ਦਸਵੇਂ ਗੁਰੂ, ਸ਼੍ਰੀ ਗੋਵਿੰਦ ਸਿੰਘ ਜੀ ਨੇ ਆਪਣੇ ਪਰਿਵਾਰ ਅਤੇ ਸਾਰੇ ਸਾਹਿਬਜ਼ਾਦਿਆਂ ਸਮੇਤ ਇਸ ਧਰਮ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ।

ਵੀਰ ਹਕੀਕਤ ਰਾਏ ਨੇ ਛੋਟੀ ਉਮਰ ਵਿੱਚ ਹੀ ਧਰਮ ਪਰਿਵਰਤਨ ਲਈ ਆਪਣੀ ਜਾਨ ਦੇ ਦਿੱਤੀ। ਅੱਜ ਪੰਜਾਬ ਵਿੱਚ ਧਰਮ ਪਰਿਵਰਤਨ ਦਾ ਪੌਦਾ ਫੁੱਲ ਰਿਹਾ




ਹੈ। ਇਸਾਈ ਮਿਸ਼ਨਰੀ ਅਤੇ ਜੇਹਾਦੀ ਮਾਨਸਿਕਤਾ ਵਾਲੇ ਲੋਕ ਹਰ ਜਗ੍ਹਾ ਲੋਕਾਂ ਦਾ ਧਰਮ ਪਰਿਵਰਤਨ ਕਰਵਾ ਰਹੇ ਹਨ। ਪੰਜਾਬ ਸਰਕਾਰ ਨੂੰ ਇਸ ਵਿਰੁੱਧ ਕਾਨੂੰਨ ਬਣਾਉਣਾ ਚਾਹੀਦਾ ਹੈ ਤਾਂ ਜੋ ਪੰਜਾਬ ਸਿੱਖਾਂ ਦੀ ਧਰਤੀ, ਸਾਧੂਆਂ ਅਤੇ ਸੰਤਾਂ ਦੀ ਧਰਤੀ ਅਤੇ ਧਰਮ ਦੀ ਧਰਤੀ ਬਣਿਆ ਰਹੇ। ਨੀਲਮਣੀ ਸਮਾਧੀਆ ਨੇ ਕਿਹਾ ਕਿ ਪੰਜਾਬ ਦੇ ਕਈ ਜ਼ਿਲ੍ਹੇ ਧਾਰਮਿਕ ਪਰਿਵਰਤਨ ਦਾ ਸ਼ਿਕਾਰ ਹੋ ਚੁੱਕੇ ਹਨ, ਜਿਵੇਂ ਕਿ ਅਬੋਹਰ, ਫਾਜ਼ਿਲਕਾ, ਤਰਨਤਾਰਨ, ਗੁਰਦਾਸਪੁਰ, ਬਟਾਲਾ, ਅਤੇ ਮਾਲਵਾ ਖੇਤਰ ਦੇ ਕਈ ਜ਼ਿਲ੍ਹੇ, ਜਿਨ੍ਹਾਂ ਵਿੱਚ ਬਰਨਾਲਾ ਵੀ ਸ਼ਾਮਲ ਹੈ, ਧਾਰਮਿਕ ਪਰਿਵਰਤਨ ਦੀ ਦੌੜ ਵਿੱਚ ਮੋਹਰੀ ਹਨ। ਏਸ਼ੀਆ ਦਾ ਸਭ ਤੋਂ ਵੱਡਾ ਚਰਚ ਪੰਜਾਬ ਵਿੱਚ ਬਣਾਇਆ ਜਾ ਰਿਹਾ ਹੈ, ਇਸ ਲਈ ਪੰਜਾਬ ਸਰਕਾਰ ਨੂੰ ਤੁਰੰਤ ਇਸ ਵਿਰੁੱਧ ਕਾਨੂੰਨ ਬਣਾਉਣਾ ਚਾਹੀਦਾ ਹੈ। ਇਸ ਮੌਕੇ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਯਸ਼ਪਾਲ ਸ਼ਰਮਾ, ਜ਼ਿਲ੍ਹਾ ਮੰਤਰੀ ਪ੍ਰੇਮ ਰਾਇਸਰ ਵਾਲੇ, ਜ਼ਿਲ੍ਹਾ ਮੀਤ ਪ੍ਰਧਾਨ ਰਾਜੇਸ਼ ਚੀਮਾ, ਜ਼ਿਲ੍ਹਾ ਸਹਿ-ਮੰਤਰੀ ਤੇਜਿੰਦਰ ਪਿੰਟਾ, ਬਜਰੰਗ ਦਲ ਜ਼ਿਲ੍ਹਾ ਕੋਆਰਡੀਨੇਟਰ ਰਾਹੁਲ ਬਾਲੀ, ਜ਼ਿਲ੍ਹਾ ਕੋਆਰਡੀਨੇਟਰ ਵਿਮਲ ਕੁਮਾਰ ਵੈਭਵ ਦੂਬੇ, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਖ਼ਜ਼ਾਨਚੀ ਦੀਪਕ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਵਾਈ.ਐੱਸ ਕਾਲਜ ਦੇ ਫੈਕਲਟੀ ਮੈਂਬਰ ਦੀ ਰਾਜ ਪੱਧਰੀ ਐੱਨ.ਐੱਸ.ਐੱਸ ਕਨਵੈਂਸ਼ਨ ਲਈ ਚੋਣ

ਬਰਨਾਲਾ, 15 ਮਾਰਚ (ਸੁਖਵਿੰਦਰ ਸਿੰਘ ਭੰਡਾਰੀ): ਵਾਈ.ਐੱਸ ਕਾਲਜ, ਜੋ ਵਰ੍ਹੇ ਦੇ ਸਭ ਤੋਂ ਉਭਰਦੇ ਸਰਵਉੱਤਮ ਸੰਸਥਾਨ ਵਜੋਂ ਮਾਨਤਾ ਪ੍ਰਾਪਤ ਹੈ, ਆਪਣੇ ਫੈਕਲਟੀ ਮੈਂਬਰਾਂ ਦੀ ਸਰਗਰਮ ਭਾਗੀਦਾਰੀ ਅਤੇ ਪ੍ਰਾਪਤੀਆਂ ਰਾਹੀਂ ਸੰਸਥਾਨ ਨੂੰ ਗਰਵ ਦਿੰਦਾ ਰਹਿੰਦਾ ਹੈ। ਵਿੱਦਿਅਕ ਅਤੇ ਸਮਾਜਿਕ ਪਹਿਲਕਾਰੀਆਂ ਵਿੱਚ ਭਾਗ ਲੈਣ ਨਾਲ ਇਹ ਕਾਲਜ ਹੋਲਿਸਟਿਕ ਸਿੱਖਿਆ ਅਤੇ ਭਾਈਚਾਰਕ ਸ਼ਮੂਲੀਅਤ ਵੱਲ ਆਪਣੀ ਵਚਨਬੱਧਤਾ ਦਰਸਾਉਂਦਾ ਹੈ। ਕਾਲਜ ਦੇ ਇੱਕ ਫੈਕਲਟੀ ਮੈਂਬਰ ਨੂੰ ਰਾਜ ਪੱਧਰੀ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਚੁਣਿਆ ਗਿਆ ਹੈ। ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਨਾਲ ਸਬੰਧਤ 60 ਤੋਂ ਵੱਧ ਕਾਲਜਾਂ ਵਿੱਚੋਂ ਬੀ.ਐੱਸ ਸੀ (ਆਈ.ਟੀ) ਵਿਭਾਗ ਦੀ ਹੈਡ ਹਰਮਨਪ੍ਰੀਤ ਕੌਰ ਨੂੰ ਚੰਡੀਗੜ੍ਹ ਯੂਨੀਵਰਸਿਟੀ, ਮੋਹਾਲੀ ਵਿਖੇ 24 ਅਤੇ 25 ਮਾਰਚ ਨੂੰ ਹੋਣ ਵਾਲੇ ਰਾਜ ਨੈਸ਼ਨਲ ਸਰਵਿਸ ਸਕੀਮ ਕਨਵੈਂਸ਼ਨ ਵਿੱਚ ਭੇਜਿਆ ਜਾ ਰਿਹਾ ਹੈ। ਇਸ ਕਨਵੈਂਸ਼ਨ ਵਿੱਚ ਰਾਜ ਭਰ ਦੇ ਐੱਨ.ਐੱਸ.ਐੱਸ ਕੋਆਰਡੀਨੇਟਰਾਂ ਅਤੇ ਸਿੱਖਿਅਕਾਂ ਨੂੰ ਇਕੱਠਾ ਕੀਤਾ ਜਾਵੇਗਾ, ਤਾਂ ਜੋ ਨੌਜਵਾਨਾਂ ਦੀ ਭਾਗੀਦਾਰੀ, ਭਾਈਚਾਰਕ ਸੇਵਾ ਪਹਿਲਕਾਰੀਆਂ ਅਤੇ ਉੱਚ ਸਿੱਖਿਆ ਸੰਸਥਾਨਾਂ ਵਿੱਚ ਨੈਸ਼ਨਲ ਸਰਵਿਸ ਸਕੀਮ ਦੇ ਪ੍ਰਭਾਵ ਨੂੰ ਮਜ਼ਬੂਤ ਕਰਨ ਦੀਆਂ ਰਣਨੀਤੀਆਂ ਤੇ ਚਰਚਾ ਕੀਤੀ ਜਾ ਸਕੇ। ਡਾਇਰੈਕਟਰ ਵਰੁਣ ਭਾਰਤੀ ਨੇ ਇਸ ਪ੍ਰਾਪਤੀ 'ਤੇ ਗਰਵ ਪ੍ਰਗਟ ਕੀਤਾ ਅਤੇ ਕਿਹਾ ਕਿ ਅਜਿਹੇ ਅਵਸਰ ਕਾਲਜ ਫੈਕਲਟੀ ਦੀ ਲਗਨ ਅਤੇ ਵਿਹਾਰਕ ਵਚਨਬੱਧਤਾ ਨੂੰ ਦਰਸਾਉਂਦੇ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਰਾਜ ਪੱਧਰੀ ਕਨਵੈਂਸ਼ਨਾਂ ਵਿੱਚ ਭਾਗੀਦਾਰੀ ਸਿੱਖਿਅਕਾਂ




ਨੂੰ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨ, ਨਵੀਆਂ ਨਜ਼ਰੀਆਂ ਹਾਸਲ ਕਰਨ ਅਤੇ ਸੰਸਥਾਨ ਦੇ ਸਮਾਜਿਕ ਪਹੁੰਚ ਪ੍ਰੋਗਰਾਮਾਂ ਨੂੰ ਹੋਰ ਬਿਹਤਰ ਬਣਾਉਣ ਵਿੱਚ ਮੱਦਦ ਕਰਦੀ ਹੈ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਹਰਮਨਪ੍ਰੀਤ ਕੌਰ ਨੂੰ ਚੋਣ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਦੀ ਭਾਗੀਦਾਰੀ ਕਾਲਜ ਵਿੱਚ ਐੱਨ.ਐੱਸ.ਐੱਸ ਗਤੀਵਿਧੀਆਂ ਨੂੰ ਮਜ਼ਬੂਤ ਕਰੇਗੀ। ਉਨ੍ਹਾਂ ਨੇ ਜੋੜਿਆ ਕਿ ਵਾਈ.ਐੱਸ ਕਾਲਜ ਵਿਦਿਆਰਥੀਆਂ ਵਿੱਚ ਨੇਤ੍ਰਤਵ, ਸਵੈਮੇਵਕੀ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਾਰੀਆਂ ਵਿੱਚ ਫੈਕਲਟੀ ਮੈਂਬਰਾਂ ਨੂੰ ਭਾਗ ਲੈਣ ਲਈ ਹਮੇਸ਼ਾ ਉਤਸ਼ਾਹਿਤ ਕਰਦਾ ਰਹਿੰਦਾ ਹੈ। ਵਾਈਸ ਪ੍ਰਿੰਸੀਪਲ ਵੀ. ਪੀ. ਸਿੰਗਲਾ ਨੇ ਵੀ ਇਸ ਅਵਸਰ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਅਜਿਹੇ ਕਨਵੈਂਸ਼ਨਾਂ ਵਿੱਚ ਨੁਮਾਇੰਦਗੀ ਸੰਸਥਾਨ ਦੀ ਵਿੱਦਿਅਕ ਉੱਤਮਤਾ ਅਤੇ ਭਾਈਚਾਰਕ ਵਿਕਾਸ ਵੱਲ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਨੇ ਭਰੋਸਾ ਜ਼ਾਹਰ ਕੀਤਾ ਕਿ ਕਨਵੈਂਸ਼ਨ ਤੋਂ ਹਾਸਲ ਨਜ਼ਰੀਏ ਕਾਲਜ ਵਿੱਚ ਐੱਨ.ਐੱਸ.ਐੱਸ ਪਹਿਲਕਾਰੀਆਂ ਅਤੇ ਵਿਦਿਆਰਥੀ ਭਾਗੀਦਾਰੀ ਨੂੰ ਹੋਰ ਅਮੀਰ ਬਣਾਉਣਗੇ।

ਵਾਈ.ਐੱਸ ਕਾਲਜ ਦੇ ਫੈਕਲਟੀ ਮੈਂਬਰ ਦੀ ਰਾਜ ਐੱਨ.ਐੱਸ.ਐੱਸ ਕਨਵੈਂਸ਼ਨ ਲਈ ਚੋਣ ਸੰਸਥਾਨ ਦੀ ਵਿੱਦਿਅਕ ਵਿਕਾਸ, ਸਮਾਜਿਕ ਜਾਗਰੂਕਤਾ ਅਤੇ ਭਾਵਨਾਤਮਕ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਵੱਲ ਵਚਨਬੱਧਤਾ ਦਾ ਪ੍ਰਮਾਣ ਹੈ।

# ਅਕਾਲੀ ਦਲ ਨੇ ਦਿੱਲੀ ਦੀਆਂ ਪਾਰਟੀਆਂ ਤੇ ਲਗਾਇਆ ਨਿਸ਼ਾਨਾ ਕਿਹਾ ਕਿ ਅਸੀਂ 'ਸੇਵਾ' ਲਈ ਵਚਨਬੱਧ ਪਰ ਉਹ ਸਿਰਫ ਸੱਤਾ ਦਾ ਸੁੱਖ ਭੋਗਣ ਤੇ ਲੁੱਟ ਵਾਸਤੇ ਆਉਂਦੀਆਂ ਨੇ: ਸੁਖਬੀਰ ਸਿੰਘ ਬਾਦਲ

ਤਪਾ, ਬਰਨਾਲਾ, 15 ਮਾਰਚ: ( ਬਘੇਲ ਸਿੰਘ ਧਾਲੀਵਾਲ):ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਾਸਤੇ ਮੁਕਾਬਲਾ ਹੁਣ ਸਪੱਸ਼ਟ ਹੋ ਗਿਆ ਹੈ, ਕਿਉਂਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਦੀਆਂ ਤਾਕਤਾਂ ਦੇ ਖ਼ਿਲਾਫ਼ ਡੱਟ ਗਿਆ ਹੈ, ਭਾਵੇਂ ਉਹ ਕਾਂਗਰਸ, ਆਮ ਆਦਮੀ ਪਾਰਟੀ ਜਾਂ ਭਾਜਪਾ ਹੋਵੇ। ਉਹਨਾਂ ਕਿਹਾ ਕਿ ਦਿੱਲੀ ਆਧਾਰਿਤ ਪਾਰਟੀਆਂ ਪੰਜਾਬ 'ਤੇ ਰਾਜ ਕਰਨ 'ਤੇ ਲੁੱਟ ਕਰਨ ਵਾਸਤੇ ਆਉਂਦੀਆਂ ਹਨ, ਜਦੋਂ ਕਿ ਅਕਾਲੀ ਦਲ ਹਮੇਸ਼ਾ ਪੰਜਾਬੀਆਂ ਦੀ ਸੇਵਾ ਵਾਸਤੇ ਵਚਨਬੱਧ ਹੈ। ਅਕਾਲੀ ਦਲ ਦੇ ਪ੍ਰਧਾਨ ਜਿਹਨਾਂ ਨੇ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਇੱਥੇ ਵਿਸ਼ਾਲ ਇਕੱਠ ਨੂੰ ਸੰਬੋਧਨ ਕੀਤਾ, ਨੇ ਮੀਂਹ ਦੇ ਬਾਵਜੂਦ ਡਟੇ ਰਹਿਣ ਲਈ ਅਕਾਲੀ ਵਰਕਰਾਂ ਦੀ ਸ਼ਲਾਘਾ ਕੀਤੀ।ਉਹਨਾਂ ਕਿਹਾ ਕਿ ਪਾਰਟੀ ਪ੍ਰਤੀ ਇਹ ਉਤਸ਼ਾਹ ਤੇ ਸਮਰਪਣ ਸਾਬਤ ਕਰਦਾ ਹੈ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਾਸਤੇ ਅਕਾਲੀ ਦਲ ਵਾਸਤੇ ਕੋਈ ਮੁਕਾਬਲਾ ਨਹੀਂ ਹੈ। ਉਹਨਾਂ ਨੇ ਹਲਕਾ ਇੰਚਾਰਜ ਸਤਨਾਮ ਸਿੰਘ ਰਾਹੀ ਤੇ ਉਹਨਾਂ ਦੀ ਟੀਮ ਦਾ ਧੰਨਵਾਦ ਕੀਤਾ ਜਿਹਨਾਂ ਨੇ ਰੈਲੀ ਨੂੰ ਸਫਲ ਬਣਾਇਆ।



ਪੰਜਾਬ ਦੇ ਲੋਕਾਂ ਨੂੰ ਹੋਰ ਤਜ਼ਰਬੇ ਕਰਨ ਤੋਂ ਗੁਰੇਜ਼ ਕਰਨ ਦੀ ਅਪੀਲ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਹਮੇਸ਼ਾ ਤੁਹਾਡੇ ਚੰਗੇ ਮਾੜੇ ਸਮੇਂ ਵਿਚ ਤੁਹਾਡੇ ਨਾਲ ਖੜ੍ਹਾ ਹੁੰਦਾ ਹੈ। ਉਹਨਾਂ ਕਿਹਾ ਕਿ ਸੂਬੇ ਵਿਚ ਹੁਣ ਤੱਕ ਹੋਇਆ ਵਿਕਾਸ ਸਿਰਫ ਸ਼੍ਰੋਮਣੀ ਅਕਾਲੀ ਦਲ ਨੇ ਹੀ ਕਰਵਾਇਆ ਹੈ ਭਾਵੇਂ ਉਹ ਚਾਰ ਮਾਰਗੀ ਸੜਕਾਂ ਹੋਣ, ਸਿੰਜਾਈ ਸਹੂਲਤਾਂ ਹੋਣ, ਥਰਮਲ ਪਲਾਂਟ ਹੋਣ, ਹਵਾਈ ਅੱਡੇ ਹੋਣ, ਪੰਜਾਬ ਨੂੰ ਬਿਜਲੀ ਸਰਪਲੱਸ ਬਣਾਉਣ ਦੀ ਗੱਲ ਹੋਵੇ ਜਾਂ ਫਿਰ ਆਟਾ ਦਾਲ, ਸ਼ਗਨ ਜਾਂ ਬੁਢਾਪਾ ਪੈਨਸ਼ਨ ਵਰਗੀਆਂ ਨਿਵੇਕਲੀਆਂ ਸਮਾਜ ਭਲਾਈ ਸਕੀਮਾਂ ਹੋਣ। ਉਹਨਾਂ ਕਿਹਾ ਕਿ ਕਾਂਗਰਸ ਤੇ ਆਪ ਕਿਸੇ ਵੀ ਇਕ ਪ੍ਰਾਪਤੀ ਦਾ ਜ਼ਿਕਰ ਨਹੀਂ ਕਰ ਸਕਦੇ। ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਪਿਛਲੇ 9 ਸਾਲਾਂ ਵਿਚ ਪੰਜਾਬ ਨੇ ਸੰਤਾਪ ਹੰਢਾਇਆ ਹੈ। ਉਹਨਾਂ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ (ਆਪ) ਨੇ ਸੂਬੇ ਅਤੇ ਸਰੋਤਾਂ ਦੀ ਲੁੱਟ ਕੀਤੀ ਹੈ ਤੇ ਇਸਨੂੰ ਕੰਗਾਲ ਕੀਤਾ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਇਸ ਸਾਰੇ ਦਾ ਹਿਸਾਬ ਕਿਤਾਬ ਲਵੇਗਾ। ਉਹਨਾਂ ਕਿਹਾ ਕਿ ਅਸੀਂ 2027 ਵਿਚ ਸਰਦਾਰ ਬਣਨ 'ਤੇ ਕਾਂਗਰਸੀਆਂ ਤੇ ਆਪ ਦੇ ਭ੍ਰਿਸ਼ਟ ਆਗੂਆਂ ਦੇ ਖਿਲਾਫ ਕਾਰਵਾਈ ਕਰਾਂਗੇ। ਉਹਨਾਂ ਕਿਹਾ ਕਿ ਅਸੀਂ ਉਹਨਾਂ ਵੱਲੋਂ ਲੁੱਟੇ ਇਕ-ਇਕ ਰੁਪਏ ਨੂੰ ਵਾਪਸ ਭਰਾਵਾਂਗੇ। ਸਰਦਾਰ ਬਾਦਲ ਨੇ ਇਹ ਵੀ ਐਲਾਨ ਕੀਤਾ ਕਿ ਆਪ ਸਰਕਾਰ ਵੱਲੋਂ ਦਰਜ ਕੀਤੇ ਝੂਠੇ ਕੇਸਾਂ ਦੀ ਸਮੀਖਿਆ ਵਾਸਤੇ ਇਕ ਕਮਿਸ਼ਨ ਦਾ ਗਠਨ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਆਪ ਆਗੂਆਂ ਦੇ ਨਾਲ-ਨਾਲ ਬੇਦੋਸ਼ੇ ਲੋਕਾਂ ਦੇ ਖਿਲਾਫ ਇਹ ਝੂਠੇ ਕੇਸ ਦਰਜ ਕਰਨ ਵਾਸਤੇ ਜ਼ਿੰਮੇਵਾਰ ਪੁਲਿਸ ਅਫਸਰਾਂ ਖਿਲਾਫ ਵੀ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾਵੇਗੀ। ਬਾਅਦ ਵਿਚ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਆਪ ਸਰਕਾਰ ਵੱਲੋਂ ਕਰਵਾਇਆ ਜਾ ਰਿਹਾ ਇਨਵੈਸਟ ਪੰਜਾਬ ਸੰਮੇਲਨ ਅਸਲ ਵਿਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਇਆ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਨੇ ਚਾਰ ਸਾਲਾਂ ਵਿਚ ਕੱਖ ਵੀ ਨਹੀਂ ਕੀਤਾ ਤੇ ਹੁਣ ਆਪਣੇ ਕਾਰਜਕਾਲ ਦੇ ਅਖੀਰਲੇ ਸਮੇਂ ਵਿਚ ਉਹ ਵੋਟਰਾਂ ਨੂੰ ਮੂਰਖ ਬਣਾਉਣ ਵਾਸਤੇ ਇਕ ਪ੍ਰਾਪੇਗੰਡਾ ਮੁਹਿੰਮ ਚਲਾ ਰਹੀ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਪ ਸਰਕਾਰ ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਪ ਸਰਕਾਰ ਨੂੰ ਇਸ ਮੌਕੇ ਅਕਾਲੀ ਦਲ ਦਾ ਸਨਮਾਨ ਕਰਨਾ ਚਾਹੀਦਾ ਸੀ, ਕਿਉਂਕਿ ਇਸ ਮੌਕੇ ਨਿਵੇਸ਼ਕਾਂ ਨੂੰ ਵਿਖਾਉਣ ਵਾਸਤੇ ਪ੍ਰਾਪਤੀਆਂ ਅਕਾਲੀ ਦਲ ਦੀ ਸਰਕਾਰ ਸਮੇਂ ਹੀ ਹੋਈਆਂ ਸਨ। ਸਰਦਾਰ ਬਾਦਲ ਨੇ ਪੰਜਾਬ ਲਈ ਆਪਣੇ ਦ੍ਰਿਸ਼ਟੀਕੋਣ ਦੀ ਗੱਲ ਕਰਦਿਆਂ ਕਿਹਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਹਰ ਜ਼ਿਲ੍ਹੇ ਵਿਚ ਮੈਡੀਕਲ ਤੇ ਵੈਟਨਰੀ ਕਾਲਜ ਸਥਾਪਿਤ ਕਰੇਗੀ ਅਤੇ ਇਹਨਾਂ ਵਿਚ 50 ਫੀਸਦੀ ਸੀਟਾਂ ਗਰੀਬ ਮੈਰੀਟੋਰੀਅਸ ਵਿਦਿਆਰਥੀਆਂ ਲਈ ਰਾਖਵੀਂਆਂ ਕੀਤੀਆਂ ਜਾਣਗੀਆਂ, ਜਿਹਨਾਂ ਦੀ ਫੀਸ ਸਰਕਾਰ ਅਦਾ ਕਰੇਗੀ। ਉਹਨਾਂ ਇਹ ਵੀ ਐਲਾਨ ਕੀਤਾ ਕਿ ਅਕਾਲੀ ਦਲ ਸੂਬੇ ਵਿਚੋਂ ਗੈਂਗਸਟਰਵਾਦ ਅਤੇ ਨਸ਼ਾ ਮਾਫੀਆ ਖਤਮ ਕਰੇਗਾ। ਉਹਨਾਂ ਕਿਹਾ ਕਿ ਅਸੀਂ ਕਾਨੂੰਨ ਲਿਆਵਾਂਗੇ, ਜਿਸ ਤਹਿਤ ਗੈਂਗਸਟਰਾਂ ਤੇ ਨਸ਼ਾ ਤਸਕਰਾਂ ਨੂੰ ਜ਼ਮਾਨਤਾਂ ਨਹੀਂ ਮਿਲਣਗੀਆਂ ਅਤੇ ਉਹਨਾਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾਣਗੀਆਂ।

ਬਾਦਲ ਨੇ ਅਗਲੀ ਅਕਾਲੀ ਸਰਕਾਰ ਦੀ ਇਕ ਹੋਰ ਤਰਜੀਹ ਬਾਰੇ ਦੱਸਿਆ ਕਿ ਉਹ ਉਦਯੋਗਿਕ ਤੇ ਸੀਵਰੇਜ ਦਾ ਇਕ ਬੂੰਦ ਪਾਣੀ ਵੀ ਸਤਲੁਜ ਤੇ ਬਿਆਸ ਦਰਿਆਵਾਂ ਵਿਚ ਨਹੀਂ ਜਾਣ ਦੇਣਗੇ। ਉਹਨਾਂ ਕਿਹਾ ਕਿ ਇਸ ਮਾਮਲੇ ਵਿਚ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਹਨਾਂ ਇਹ ਵੀ ਕਿਹਾ ਕਿ ਅਜਿਹਾ ਕਰਨਾ ਮਾਲਵਾ ਪੱਟੀ ਵਿਚ ਕੈਂਸਰ ਨਾਲ ਨਜਿੱਠਣ ਵਾਸਤੇ ਕਰਨਾ ਬਹੁਤ ਜ਼ਰੂਰੀ ਹੈ।

**ASIRVAD MICRO FINANCE LTD**
CIN U65923TN2007PLC064550
Ceebros Manjula, 3rd Floor, Office No-1, New No. 39, Old No. 45, Montieth Road, Egmore, Opp: Indian Red Cross Society, Chennai, Tamil Nadu-600008
Tel: 7305758660

**ਸੋਨੇ ਦੀ ਨਿਲਾਮੀ ਦਾ ਨੋਟਿਸ**

ਖਾਸ ਤੌਰ ਤੇ, ਉਧਾਰਕਰਤਾਵਾਂ ਅਤੇ ਆਮ ਤੌਰ ਤੇ, ਜਨਤਾ ਨੂੰ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਹੇਠਾਂ ਦਿੱਤੇ ਖਾਤਿਆਂ ਵਿੱਚ ਗਿਰਵੀ ਰੱਖੇ ਸੋਨੇ ਦੇ ਜੇਵਰਾਂ ਦੀ ਸਮਾਜਿਕ ਨਿਲਾਮੀ ਨੂੰ ੧੬/੦੪/੨੦੨੬ ਨੂੰ ਸਵੇਰੇ ੧੦.੦੦ ਵਜੇ ਤੋਂ ਲੈ ਕੇ ਹੇਠਾਂ ਦਿੱਤੀਆਂ ਸ਼ਾਖਾਵਾਂ ਤੇ ਆਯੋਜਿਤ ਕੀਤੇ ਜਾਣ ਦਾ ਪ੍ਰਸਤਾਵ ਦਿੱਤਾ ਗਿਆ ਹੈ। ਨਿਲਾਮੀ ਡਿਫਾਲਟ ਹੋਏ ਗਾਹਕਾਂ ਦੇ ਸੋਨੇ ਦੇ ਜੇਵਰਾਂ ਦੀ ਹੈ ਜੋ ਪੰਜੀਕ੍ਰਿਤ ਪੱਤਰਾਂ ਦੁਆਰਾ ਸੂਚਿਤ ਕੀਤੇ ਜਾਣ ਦੇ ਬਾਵਜੂਦ ਉਨ੍ਹਾਂ ਦੀ ਲੋਨ ਦੀ ਰਕਮ ਦਾ ਭੁਗਤਾਨ ਕਰਨ ਵਿੱਚ ਵਿਫਲ ਹੋਏ ਹਨ। ਨਿਲਾਮੀ ਨਾ ਹੋਈਆਂ ਵਸਤੂਆਂ ਦੀ ਕੋਈ ਵੀ ਹੋਰ ਨੋਟਿਸ ਤੋਂ ਬਿਨਾਂ ਕਿਸੇ ਹੋਰ ਦਿਨ ਨੂੰ ਨਿਲਾਮੀ ਕੀਤੀ ਜਾਵੇਗੀ। ਸਥਾਨ ਜਾਂ ਮਿਤੀ ਵਿੱਚ ਤਬਦੀਲੀ ਨੂੰ (ਜੇ ਕੋਈ ਹੁੰਦੀ ਹੈ) ਨਿਲਾਮੀ ਦੇ ਕੇਂਦਰ ਵਿਖੇ ਅਤੇ ਕੰਪਨੀ ਦੀ ਵੈਬਸਾਈਟ ਤੇ ਦਰਸਾਇਆ ਜਾਵੇਗਾ। ਥੱਲੇ ਦਿੱਤੇ ਗਏ ਵੇਰਵੇ ਸ਼ਾਖਾ ਦਾ ਨਾਮ, ਲੋਨ ਸੰਖਿਆ ਦੇ ਕ੍ਰਮ ਵਿੱਚ ਹਨ।

ਗਿਰਵੀ ਦੇ ਸਮਾਨ ਦੀ ਸੂਚੀ:-

ਪੰਜਾਬ ਫਰੀਦਕੋਟ ਜੈਤੂ ਜੀਐਲ ੩੪੨੭੯੦੭੩੦੦੦੦੨੩੮ ਫਤਿਹਗੜ੍ਹ ਸਾਹਿਬ ਚੁੰਨੀ ਕਲਾਂ- ਜੀਐਲ ੩੪੨੨੭੦੭੦੦੦੦੦੭੨੭, ੦੭੫੫, ੦੭੨੪, ਮਾਨਸਾ ਭਿਖੀ- ਜੀਐਲ ੩੨੯੪੯੦੭੦੦੦੦੦੩੩੭, ੦੩੭੪, ਮੁਕਤਸਰ ਮਲੋਟ- ਜੀਐਲ ੩੨੯੦੮੦੭੦੦੦੦੧੭੧੦, ੧੭੩੬, ੧੭੩੯, ਮੁਕਤਸਰ- ਜੀਐਲ ੩੨੯੩੭੦੭੦੦੦੦੧੬੧੪ ਪਟਿਆਲਾ ਦੇਵੀਗੜ੍ਹ- ਜੀਐਲ ੩੨੯੮੧੦੭੩੦੦੦੨੮੦੬, ੨੭੮੮, ਸੰਗਰੂਰ ਚੀਮਾ ਜੀਐਲ ੩੪੨੫੦੦੭੦੦੦੦੦੫੫੬, ੦੫੫੪,

ਉੱਪਰ ਦਿੱਤੀ ਨਿਲਾਮੀ ਵਿੱਚ ਭਾਗ ਲੈਣ ਦੇ ਇੱਛੁਕ ਵਿਅਕਤੀ ਹੇਠਾਂ ਦੀ ਪਾਲਣਾ ਕਰਣਗੇ:- ਦਿਲਚਸਪੀ ਰੱਖਣ ਵਾਲੇ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਨਿਲਾਮੀ ਵਾਲੇ ਦਿਨ ਨਕਦੀ ਦੇ ਜਰੀਏ ਈਐਮਡੀ (ਅਸਫਲ ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਰਿਫੰਡ ਕਰਨ ਯੋਗ) ਵਜੋਂ ਰੁ. ੧੦,੦੦੦/- ਜਮ੍ਹਾਂ ਕਰਨੇ ਚਾਹੀਦੇ ਹਨ। ਬੋਲੀ ਲਗਾਉਣ ਵਾਲੇ ਵਿਅਕਤੀਆਂ ਨੂੰ ਵੈਧ ਆਈਡੀ ਕਾਰਡ/ਪੈਨ ਕਾਰਡ ਨਾਲ ਲਿਆਉਣਾ ਚਾਹੀਦਾ ਹੈ। ਹੋਰ ਵੇਰਵਿਆਂ ਲਈ, ਕਿਰਪਾ ਕਰਕੇ ੯੩੪੫੯੫੪੫੬੮ ਤੇ ਸੰਪਰਕ ਕਰੋ

ਅਧਿਕਾਰਤ ਅਧਿਕਾਰੀ
ਅਸ਼ੀਰਵਾਦ ਮਾਈਕ੍ਰੋ ਫਾਇਨਾਂਸ ਲਮਿਟਿਡ

**ਭਾਰਤੀ ਖੇਡ ਅਥਾਰਿਟੀ**
**ਨੇਤਾਜੀ ਸੁਭਾਸ਼ ਰਾਸ਼ਟਰੀ ਖੇਡ ਸੰਸਥਾ, ਪਟਿਆਲਾ**

**ਨਿਲਾਮੀ ਸੂਚਨਾ**

ਐਸਏਆਈਐਨਐਸ ਐਨਆਈਐਸ ਵਿਖੇ 'ਡਰਾਈ ਵੁੱਡ' ਦੇ ਲਈ ਜਿਵੇਂ ਹੈ, ਜਿਥੇ ਹੈ ਦੇ ਆਧਾਰ 'ਤੇ ਨਿਲਾਮੀ ਦੇ ਲਈ ਖੁੱਲ੍ਹੀਆਂ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ। ਨਿਲਾਮੀ 6/4/2026 ਨੂੰ 11.00 ਵਜੇ ਆਯੋਜਿਤ ਕੀਤੀ ਜਾਵੇਗੀ। ਇੱਛੁਕ ਬੋਲੀਕਾਰ ਬਿਆਨਾ ਰਕਮ ਵਜੋਂ ਡਿਮਾਂਡ ਡਰਾਫਟ ਦੇ ਰੂਪ ਵਿਚ ਰੁ. 5000.00 ਜਮ੍ਹਾਂ ਕਰਨ ਉਪਰੰਤ ਨਿਲਾਮੀ ਪ੍ਰਕਿਰਿਆ ਵਿਚ ਜੁੜ ਸਕਦੇ ਹਨ। ਕਿਸੇ ਵੀ ਬੋਲੀਕਾਰ ਨੂੰ ਬਿਆਨਾ ਰਕਮ ਜਮ੍ਹਾਂ ਕੀਤੇ ਬਿਨਾਂ ਭਾਗ ਲੈਣ ਦੀ ਆਗਿਆ ਨਹੀਂ ਹੋਵੇਗੀ। ਅਸਫਲ ਬੋਲੀਕਾਰਾਂ ਦੇ ਲਈ, ਬਿਆਨਾ ਰਕਮ ਨਿਲਾਮੀ ਕਿਰਿਆ ਦੇ ਪੂਰਾ ਹੋਣ ਉਪਰੰਤ ਮੌਕੇ 'ਤੇ ਹੀ ਮੋੜ ਦਿੱਤੀ ਜਾਵੇਗੀ। ਹਾਲਾਂਕਿ ਸਭ ਤੋਂ ਉੱਚੇ ਸਫਲ ਬੋਲੀਕਾਰ ਦਾ ਬਿਆਨਾ ਡਿਮਾਂਡ ਡਰਾਫਟ ਰੱਖ ਲਿਆ ਜਾਵੇਗਾ। ਸਭ ਤੋਂ ਉਚੇ ਸਫ਼ਲ ਬੋਲੀਕਾਰ ਨੂੰ ਨਿਲਾਮੀ ਪ੍ਰਕਿਰਿਆ ਦੇ ਖ਼ਤਮ ਹੋਣ ਤੋਂ ਤੁਰੰਤ ਬਾਅਦ ਨਗਦ ਵਿਚ ਨਿਲਾਮੀ ਲਾਗਤ ਰਾਸ਼ੀ ਦਾ 25% ਜਮ੍ਹਾਂ ਕਰਨਾ ਹੋਵੇਗਾ। ਬਕਾਇਆ 75% ਕੁੱਲ ਨਿਲਾਮੀ ਲਾਗਤ ਰਾਸ਼ੀ ਦੇ 18% ਦੀ ਦਰ 'ਤੇ ਜੀਐਸਟੀ ਸਮੇਤ ਨਿਲਾਮ ਕੀਤੀ ਡਰਾਈ ਵੁੱਡ ਦੀ ਚੁਕਾਈ ਅਤੇ ਢੁਆਈ ਤੋਂ ਪਹਿਲਾਂ ਅਤੇ ਸਮਰਥ ਅਥਾਰਿਟੀ ਦੀ ਪ੍ਰਵਾਨਗੀ ਉਪਰੰਤ ਡਿਮਾਂਡ ਡਰਾਫਟ ਦੇ ਰੂਪ ਵਿਚ ਜਮ੍ਹਾਂ ਕੀਤਾ ਜਾਵੇਗਾ। ਵਿਸਥਾਰਤ ਨਿਯਮ ਅਤੇ ਸ਼ਰਤਾਂ 10.00 ਵਜੇ ਤੋਂ 04.00 ਵਜੇ ਦੇ ਵਿਚਾਲੇ ਕਿਸੇ ਵੀ ਕੰਮ ਵਾਲੇ ਦਿਨ ਨੂੰ ਡਿਪਟੀ ਡਾਇਰੈਕਟਰ ਦੇ ਦਫ਼ਤਰ ਤੋਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਡਿਪਟੀ ਡਾਇਰੈਕਟਰ ਜਨਰਲ/ਸੀਨੀਅਰ ਕਾਰਜਕਾਰੀ ਨਿਰਦੇਸ਼ਕ, ਐਸਏਆਈ ਐਨਐਸ ਐਨਆਈਐਸ ਪਟਿਆਲਾ ਕੋਲ ਬਿਨਾ ਕੋਈ ਵੀ ਕਾਰਨ ਦੱਸੇ ਇੱਕ ਜਾਂ ਸਾਰੀਆਂ ਬੋਲੀਆਂ ਨੂੰ ਰੱਦ ਕਰਨ ਦੇ ਸਾਰੇ ਹੱਕ ਰਾਖਵੇਂ ਹਨ।

**ਡਿਪਟੀ ਡਾਇਰੈਕਟਰ**

# ਮਹਿਲਾਵਾਂ ਦੇ 48 ਹਜ਼ਾਰ ਰੁਪਏ ਬਕਾਇਆ ਦੇ ਮਾਮਲੇ 'ਚ ਕਾਂਗਰਸ ਦਾ ਪ੍ਰਦਰਸ਼ਨ 17 ਮਾਰਚ ਨੂੰ

## ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ : ਕੁਲਵੰਤ ਰਾਏ ਸਿੰਗਲਾ



ਬੁਢਲਾਡਾ, 15 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) :ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ਼ ਵੱਡਾ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਗਿਆ ਹੈ। ਜ਼ਿਲ੍ਹਾ ਕਾਂਗਰਸ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਚੋਣਾਂ ਦੌਰਾਨ ਮਹਿਲਾਵਾਂ ਨਾਲ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ, ਜਿਸ ਕਾਰਨ ਲੋਕਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਸਮੇਂ ਸਰਕਾਰ ਵੱਲੋਂ ਮਹਿਲਾਵਾਂ ਨੂੰ ਹਰ ਮਹੀਨੇ ਆਰਥਿਕ ਸਹਾਇਤਾ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਸਰਕਾਰ ਬਣਨ ਤੋਂ ਬਾਅਦ ਇਸ ਵਾਅਦੇ ਨੂੰ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਵਾਅਦੇ ਦੇ ਤਹਿਤ ਮਹਿਲਾਵਾਂ ਨੂੰ ਹੁਣ ਤੱਕ ਕਰੀਬ 48 ਹਜ਼ਾਰ ਰੁਪਏ ਬਕਾਇਆ ਬਣਦਾ ਹੈ, ਜੋ ਕਿ ਅਜੇ ਤੱਕ ਕਿਸੇ ਵੀ ਮਹਿਲਾ ਨੂੰ ਨਹੀਂ ਮਿਲਿਆ। ਇਸ ਮਾਮਲੇ ਨੂੰ ਲੈ ਕੇ ਕਾਂਗਰਸ ਪਾਰਟੀ ਵੱਲੋਂ ਸਰਕਾਰ ਖ਼ਿਲਾਫ਼ ਆਵਾਜ਼ ਉਠਾਈ ਜਾ ਰਹੀ ਹੈ ਅਤੇ ਮਹਿਲਾਵਾਂ ਦੇ ਹੱਕਾਂ ਲਈ ਸੰਘਰਸ਼ ਕੀਤਾ ਜਾ ਰਿਹਾ ਹੈ।ਕੁਲਵੰਤ ਰਾਏ ਸਿੰਗਲਾ ਨੇ ਦੱਸਿਆ ਕਿ ਕਾਂਗਰਸ ਪਾਰਟੀ ਵੱਲੋਂ 17 ਮਾਰਚ 2026 ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਮਾਨਸਾ ਦੇ ਵਿਧਾਇਕ ਵਿਜੇ ਸਿੰਗਲਾ ਦੀ ਰਿਹਾਇਸ਼ ਦੇ ਬਾਹਰ ਧਰਨਾ ਦਿੱਤਾ ਜਾਵੇਗਾ। ਇਸ ਧਰਨੇ ਰਾਹੀਂ ਪੰਜਾਬ ਸਰਕਾਰ ਦੀਆਂ ਨਾਕਾਮੀਆਂ ਨੂੰ ਲੋਕਾਂ ਦੇ ਸਾਹਮਣੇ ਰੱਖਿਆ ਜਾਵੇਗਾ ਅਤੇ ਮਹਿਲਾਵਾਂ ਨਾਲ ਕੀਤੇ ਵਾਅਦੇ ਤੁਰੰਤ ਪੂਰੇ ਕਰਨ ਦੀ ਮੰਗ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਵੱਡੇ-ਵੱਡੇ ਦਾਅਵੇ ਕੀਤੇ ਸਨ, ਪਰ ਸਰਕਾਰ ਬਣਨ ਤੋਂ ਬਾਅਦ ਲੋਕਾਂ ਨਾਲ ਕੀਤੇ ਵਾਅਦੇ ਭੁੱਲ ਗਈ ਹੈ। ਮਹਿਲਾਵਾਂ ਨੂੰ ਹਰ ਮਹੀਨੇ ਆਰਥਿਕ ਮਦਦ ਦੇਣ ਦੀ ਯੋਜਨਾ ਨੂੰ ਲੈ ਕੇ ਵੱਡੀ ਉਮੀਦ ਜਤਾਈ ਗਈ ਸੀ, ਪਰ ਇਹ ਵਾਅਦਾ ਸਿਰਫ਼ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਗਿਆ ਹੈ।ਕਾਂਗਰਸ ਆਗੂਆਂ ਦਾ ਕਹਿਣਾ ਹੈ ਕਿ ਮਹਿਲਾਵਾਂ ਦੇ ਹੱਕਾਂ ਨਾਲ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਮਹਿਲਾਵਾਂ ਦਾ ਬਣਦਾ ਬਕਾਇਆ ਜਲਦ ਜਾਰੀ ਨਾ ਕੀਤਾ ਗਿਆ ਤਾਂ ਕਾਂਗਰਸ ਪਾਰਟੀ ਵੱਲੋਂ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ। ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਮੋਰਚੇ 'ਤੇ ਨਾਕਾਮ ਸਾਬਤ ਹੋ ਰਹੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਹਾਲਤ ਵੀ ਠੀਕ ਨਹੀਂ ਹੈ ਅਤੇ ਲੋਕਾਂ ਨੂੰ ਰੋਜ਼ਾਨਾ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਵਪਾਰੀਆਂ ਸਮੇਤ ਹਰ ਵਰਗ ਸਰਕਾਰ ਦੀਆਂ ਨੀਤੀਆਂ ਤੋਂ ਨਿਰਾਸ਼ ਹੈ।ਉਨ੍ਹਾਂ ਕਿਹਾ ਕਿ ਮਹਿੰਗਾਈ ਵੱਧ ਰਹੀ ਹੈ, ਬੇਰੁਜ਼ਗਾਰੀ ਘਟਣ ਦੀ ਬਜਾਏ ਵਧ ਰਹੀ ਹੈ ਅਤੇ ਲੋਕਾਂ ਨੂੰ ਸਰਕਾਰੀ ਸਹੂਲਤਾਂ ਵੀ ਢੰਗ ਨਾਲ ਨਹੀਂ ਮਿਲ ਰਹੀਆਂ। ਅਜਿਹੇ ਹਾਲਾਤਾਂ ਵਿੱਚ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜੇ ਹੋ ਰਹੇ ਹਨ।

# ਲੋੜਵੰਦ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ



ਬੁਢਲਾਡਾ, 15 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਸਮਾਜ ਸੇਵੀ ਨਾਜਰ ਸਿੰਘ ਮਾਨਸ਼ਾਹੀਆ ਵੱਲੋਂ ਸੰਜੀਵੀਨੀ ਵੈਲਫ਼ੇਅਰ ਸੁਸਾਇਟੀ ਬੁਢਲਾਡਾ ਦੇ ਸਹਿਯੋਗ ਨਾਲ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਨੂੰ ਰੋਜ਼ਗਾਰ ਯੋਗ ਬਣਾਉਣ ਲਈ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ। ਇਸ ਮੌਕੇ ਬੋਲਦੇ ਹੋਏ ਨਾਜਰ ਸਿੰਘ ਮਾਨਸ਼ਾਹੀਆ ਨੇ ਕਿਹਾ ਕਿ ਸਮਾਜ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨਾ ਹਰ ਇਨਸਾਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸਿਲਾਈ ਮਸ਼ੀਨਾਂ ਦੇਣ ਦਾ ਮਕਸਦ ਲੜਕੀਆਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਅਤੇ ਉਨ੍ਹਾਂ ਨੂੰ ਆਤਮਨਿਰਭਰ ਬਣਾਉਣਾ ਹੈ।

ਸੰਜੀਵੀਨੀ ਵੈਲਫ਼ੇਅਰ ਸੋਸਾਇਟੀ ਦੇ ਮੈਂਬਰਾਂ ਨੇ ਦੱਸਿਆ ਕਿ ਸੋਸਾਇਟੀ ਵੱਲੋਂ ਸਮੇਂ-ਸਮੇਂ ਤੇ ਸਮਾਜ ਸੇਵਾ ਦੇ ਕੰਮ ਕੀਤੇ ਜਾਂਦੇ ਹਨ ਅਤੇ ਅੱਗੇ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਜਾਰੀ ਰਹਿਣਗੀਆਂ। ਇਸ ਮੌਕੇ ਲੜਕੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੇ ਨਾਜਰ ਸਿੰਘ ਮਾਨਸ਼ਾਹੀਆ ਅਤੇ ਸੋਸਾਇਟੀ ਦਾ ਧੰਨਵਾਦ ਕੀਤਾ।ਇਸ ਸਮਾਗਮ ਦੌਰਾਨ ਸੋਸਾਇਟੀ ਦੇ ਚੇਅਰਪਰਸਨ ਬਲਦੇਵ ਕੱਕੜ ਅਤੇ ਡਾਕਟਰ ਕ੍ਰਿਸ਼ਨ ਲਾਲ ਅਤੇ ਇਲਾਕੇ ਦੇ ਹੋਰ ਪ੍ਰਮੁੱਖ ਵਿਅਕਤੀ ਵੀ ਮੌਜੂਦ ਸਨ।

# ਸਿੱਧ ਯੋਗੀ ਬਾਬਾ ਬਾਲਕ ਨਾਥ ਮੰਦਿਰ ਮੂਨਕ ਵਿਖੇ ਸਾਲਾਨਾ ਵਿਸ਼ਾਲ ਭੰਡਾਰਾ ਕਰਵਾਇਆ



ਮੂਨਕ, 15 ਮਾਰਚ (ਸਮਸ਼ੇਰ ਸਿੰਘ ਭੁਟਾਲ) : ਸਿੱਧ ਯੋਗੀ ਬਾਬਾ ਬਾਲਕ ਨਾਥ ਦਰਬਾਰ ਨਵੀਂ ਜ਼ਿੰਕ ਫੈਕਟਰੀ, ਦੇਹਲਾ ਰੋਡ, ਮੂਨਕ ਵਿਖੇ ਸਲਾਨਾ ਭੰਡਾਰਾ ਬੜੀ ਸ਼ਰਧਾਪੂਰਵਕ ਕਰਵਾਇਆ ਗਿਆ। ਜਿਸ ਵਿੱਚ ਦੂਰ ਦੁਰਾਡੇ ਤੋਂ ਸੰਗਤਾਂ ਨੇ ਹਾਜਰ ਹੋ ਕੇ ਬਾਬਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਭ ਤੋਂ ਪਹਿਲਾਂ ਅਨਿਲ ਜੈਨ ਤੇ ਸੁਸ਼ੀਲ ਸ਼ਰਮਾ ਵਲੋਂ ਹਵਨ 'ਚ ਆਹੁਤੀਆਂ ਪਵਾਉਣ ਉਪਰੰਤ ਝੰਡਾ ਚੜਾਉਣ ਦੀ ਰਸਮ ਨਿਭਾਉਣ ਤੋਂ ਬਾਅਦ ਕੰਜਕ ਪੂਜਨ ਕੀਤਾ ਗਿਆ। ਅੰਤ ਵਿਚ ਅਟੁੱਟ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਨਵੀ ਜ਼ਿੰਕ ਫੈਕਟਰੀ ਦੇ ਸਟਾਫ ਵੱਲੋਂ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਛੋਲੇ ਪੂੜੀਆਂ ਦਾ ਵਿਸ਼ਾਲ ਲੰਗਰ ਅਤੁਟ ਵਰਤਿਆ। ਇਸ ਮੌਕੇ ਕਮੇਟੀ ਚੇਅਰਮੈਨ ਲਾਜਪਤ ਰਾਏ, ਪ੍ਰਧਾਨ ਅਨਿਲ ਜੈਨ, ਰਿੱਕੀ ਜੈਨ, ਜੈਕੀ ਜੈਨ, ਨੀਰਜ ਬਾਂਸਲ, ਮਨੀਸ਼ ਜੈਨ, ਬਿਨੇ ਜੈਨ ਅਤੇ ਹੋਰ ਪਤਵੰਤਿਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਸ਼ਹੀਦ ਊਧਮ ਸਿੰਘ ਕੰਬੋਜ ਅੰਤਰਰਾਸ਼ਟਰੀ ਮਹਾਂਸਭਾ ਵੱਲੋਂ ਆਚਾਰਿਆ ਗੌਰਵ ਕ੍ਰਿਸ਼ਨ ਦਾ ਸਨਮਾਨ



ਸੁਨਾਮ ਊਧਮ ਸਿੰਘ ਵਾਲਾ, 15 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਸ਼੍ਰੀ ਹਰੀਦਾਸ ਨਿਕੁੰਜ ਬਿਹਾਰੀ ਸੇਵਾ ਸੰਮਤੀ ਵੱਲੋਂ ਮਿਤੀ 9 ਮਾਰਚ ਤੋਂ 15 ਮਾਰਚ ਤੱਕ ਨਵੀਂ ਅਨਾਜ ਮੰਡੀ ਸੁਨਾਮ ਊਧਮ ਸਿੰਘ ਵਾਲਾ ਵਿਖੇ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਸ਼ਵ ਪ੍ਰਸਿੱਧ ਕਥਾਵਾਚਕ ਆਚਾਰਿਆ ਗੌਰਵ ਕ੍ਰਿਸ਼ਨ ਗੋਸਵਾਮੀ ਜੀ ਨੇ ਸ਼ਰਧਾਲੂਆਂ ਨੂੰ ਅੰਮ੍ਰਿਤਮਈ ਪ੍ਰਵਚਨਾਂ ਨਾਲ ਨਿਹਾਲ ਕੀਤਾ।

ਇਸ ਮੌਕੇ ਅਚਾਰੀਆ ਸ਼੍ਰੀ ਗੌਰਵ ਕ੍ਰਿਸ਼ਨ ਗੋਸਵਾਮੀ ਜੀ ਨੂੰ ਸ਼ਹੀਦ ਊਧਮ ਸਿੰਘ ਜੀ ਦੇ ਜਨਮ ਨਗਰ ਸੁਨਾਮ ਵਿਖੇ ਪਹੁੰਚਣ ਤੇ ਸ਼ਹੀਦ ਊਧਮ ਸਿੰਘ ਕੰਬੋਜ ਅੰਤਰਰਾਸ਼ਟਰੀ ਮਹਾਂ ਸਭਾ ਸੁਨਾਮ ਵੱਲੋਂ ਨਿੱਘੇ ਸਤਿਕਾਰ ਸਹਿਤ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉੱਘੇ ਵਿਦਵਾਨ ਲੇਖਕ ਤੇ ਇਤਿਹਾਸਕਾਰ ਜੰਗੀਰ ਸਿੰਘ ਰਤਨ, ਤਰਸੇਮ ਸਿੰਘ ਮਹਿਰੋਕ, ਬਲਜੀਤ ਸਿੰਘ ਇੰਸਪੈਕਟਰ ਦਵਿੰਦਰ ਪਾਲ ਸਿੰਘ ਰਿੰਪੀ, ਸੰਸਥਾ ਦੇ ਚੇਅਰਮੈਨ ਅਮਿਤ ਕੌਸ਼ਲ, ਪ੍ਰਧਾਨ ਕਰੁਨ ਬਾਂਸਲ, ਸੈਕਟਰੀ ਰਾਜੇਸ਼ ਅਗਰਵਾਲ, ਮੁੱਖ ਯਜਮਾਨ ਰਾਜਨ ਸਿੰਗਲਾ, ਦੀਪਕ ਗੋਇਲ, ਨਵੀਨ ਗਰਗ ਅਤੇ ਮਾਰਕੀਟ ਕਮੇਟੀ ਸੁਨਾਮ ਦੇ ਚੇਅਰਮੈਨ ਮੁਕੇਸ਼ ਜੁਨੇਜਾ ਵੀ ਹਾਜ਼ਰ ਸਨ।

# ਜੱਜ ਬਣੀ ਪ੍ਰੀਆ ਗੋਇਲ ਦਾ ਸਨਮਾਨ



ਦਿੜ੍ਹਬਾ ਮੰਡੀ, 15 ਮਾਰਚ (ਸੁਖਵਿੰਦਰ ਸਿੰਘ ਵਿਰਕ ) : ਦਿੜ੍ਹਬਾ ਦੀ ਪ੍ਰੀਆ ਗੋਇਲ ਨੇ ਜੱਜ ਬਣ ਕੇ ਇਲਾਕੇ ਦਾ ਮਾਣ ਵਧਾਇਆ ਹੈ, ਕਿਉਂਕਿ ਦਿਨ ਰਾਤ ਮਿਹਨਤ ਕਰਕੇ ਇਹ ਬੱਚੀ ਜੱਜ ਬਣੀ ਹੈ ਇਸ ਧੀ ਨੇ ਉੱਚ ਵਿੱਦਿਆ ਪ੍ਰਾਪਤ ਕਰਕੇ ਦਿੜ੍ਹਬੇ ਦਾ ਮਾਣ ਵਧਾਇਆ ਹੈ ਅਸੀਂ ਹੋਰ ਵੀ ਪੰਜਾਬ ਦੀਆਂ ਧੀਆਂ ਨੂੰ ਬੇਨਤੀਆਂ ਕਰਦੇ ਹਾਂ ਕਿ ਪੰਜਾਬ ਦੀਆਂ ਬੱਚੀਆਂ ਪੜ੍ਹ ਲਿਖ ਕੇ ਪੰਜਾਬ ਦਾ ਨਾਂ ਰੌਸ਼ਨ ਕਰਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਵਰਮਾ ਸਿੰਘ ਜਨਾਲ ਨੇ ਆਪਣੇ ਸਾਥੀਆਂ ਸਮੇਤ ਜੱਜ ਬਣੀ ਪ੍ਰੀਆ ਗੋਇਲ ਨੂੰ ਸਨਮਾਨਿਤ ਕਰਨ ਸਮੇਂ ਆਖੇ ਉਹਨਾਂ ਪ੍ਰੀਆ ਗੋਇਲ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਆਪਣੇ ਬੱਚੇ ਪੜ੍ਹ ਕੇ ਇਹ ਨੌਕਰੀਆਂ ਹਾਸਲ ਕਰਨ ਪੰਜਾਬ ਸਰਕਾਰ ਨੂੰ ਚਾਹੀਦਾ ਕਿ ਸਾਡੇ ਬੱਚਿਆਂ ਨੂੰ ਮਾਣ ਸਨਮਾਨ ਦੇਣ ਸਾਡੇ ਪੰਜਾਬ ਦੇ ਬੱਚਿਆਂ ਨੂੰ ਨੌਕਰੀਆਂ ਦੇਣ ਇਸ ਮੌਕੇ ਉਹਨਾਂ ਦੇ ਨਾਲ ਭਾਈ ਗੁਰਜੀਤ ਸਿੰਘ ਰੋਗਲਾ, ਭਾਈ ਪ੍ਰਗਟ ਸਿੰਘ ਰੋਗਲਾ, ਭਾਈ ਭੋਲਾ ਸਿੰਘ, ਇੰਦਰਜੀਤ ਸਿੰਘ ਦਿੜ੍ਹਬਾ, ਜਿਲੇ ਸਿੰਘ ਦਿੜ੍ਹਬਾ ਆਦਿ ਮੌਜੂਦ ਸਨ।

# ਲੋਕ ਚੇਤਨਾ ਮੰਚ ਲਹਿਰਾਗਾਗਾ ਵੱਲੋਂ 23 ਮਾਰਚ ਦੇ ਸ਼ਹੀਦਾਂ ਨੂੰ ਸਮਰਪਿਤ ਸਮਾਰੋਹ ਦੀਆਂ ਤਿਆਰੀਆਂ



ਲਹਿਰਾਗਾਗਾ, 15 ਮਾਰਚ (ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ)0ਲੋਕ ਚੇਤਨਾ ਮੰਚ, ਲਹਿਰਾਗਾਗਾ ਦੀ ਅਹਿਮ ਮੀਟਿੰਗ ਗੁਰਦੁਆਰਾ ਧੰਨਾ ਭਗਤ ਸਾਹਿਬ ਵਿਖੇ ਹੋਈ। ਮੀਟਿੰਗ ਦੌਰਾਨ 23 ਮਾਰਚ ਨੂੰ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਪੁਰਾਣੀ ਅਨਾਜ ਮੰਡੀ 'ਚ ਕੀਤੇ ਜਾ ਰਹੇ ਸੱਭਿਆਚਾਰਕ ਸਮਾਰੋਹ ਦੀਆਂ ਤਿਆਰੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਫੈਸਲਾ ਲਿਆ ਗਿਆ ਕਿ ਇਸ ਵਾਰ ਸਾਥੀ ਹਰੀ ਸਿੰਘ ਤਰਕ ਯਾਦਗਾਰੀ ਸਾਲਾਨਾ ਸਨਮਾਨ ਮੰਚ ਦੇ ਵਿੱਛੜੇ ਆਗੂ ਅਤੇ ਲੇਖਕ ਕਾਮਰੇਡ ਰਣਜੀਤ ਲਹਿਰਾ ਦੀ ਸੰਘਰਸ਼ਮਈ ਜ਼ਿੰਦਗੀ, ਸਾਹਿਤਕ ਅਤੇ ਸਿਆਸੀ ਘਾਲ਼ਣਾ ਨੂੰ ਮੁੱਖ ਰੱਖਦਿਆਂ ਉਹਨਾਂ ਦੇ ਪਰਿਵਾਰ ਨੂੰ ਦਿੱਤਾ ਜਾਵੇਗਾ। ਸਾਥੀ ਹਰੀ ਸਿੰਘ ਤਰਕ ਦੀ ਬਰਸੀ ਨੂੰ ਸਮਰਪਿਤ ਇਸ ਪ੍ਰੋਗਰਾਮ ਵਿੱਚ ਮਸਤਾਨੇ ਥਿਏਟਰ ਗਰੁੱਪ, ਰਾਮਪੁਰਾ ਫੂਲ ਵੱਲੋਂ ਕੋਰੀਓਗਰਾਫੀ ਅਤੇ ਇਨਕਲਾਬੀ ਨਾਟਕ ਪੇਸ਼ ਕੀਤੇ ਜਾਣਗੇ। ਜਗਸੀਰ ਜੀਦਾ ਦੀ ਲੋਕ ਸੰਗੀਤ ਮੰਡਲੀ ਅਤੇ ਡਾ. ਜਗਦੀਸ਼ ਪਾਪੜਾ ਦੀ ਨਿਰਦੇਸ਼ਨਾ ਵਿੱਚ ਮਾਲਵਾ ਹੇਕ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਜਾਣਗੇ। ਇਸ ਮੀਟਿੰਗ ਮੌਕੇ ਮੌਕੇ ਮੀਤ ਪ੍ਰਧਾਨ ਜਗਜੀਤ ਭੁਟਾਲ, ਸਕੱਤਰ ਹਰਭਗਵਾਨ ਗੁਰਨੇ, ਜਗਦੀਸ਼ ਪਾਪੜਾ, ਸੁਖਜਿੰਦਰ ਲਾਲੀ, ਮਹਿੰਦਰ ਸਿੰਘ, ਗੁਰਚਰਨ ਸਿੰਘ, ਜੋਰਾ ਸਿੰਘ ਗਾਗਾ, ਸ਼ਮਿੰਦਰ ਸਿੰਘ, ਲਛਮਣ ਅਲੀਸ਼ੇਰ, ਪੂਰਨ ਖਾਈ, ਰਾਮ ਖਾਈ, ਬਲਦੇਵ ਚੀਮਾ ਅਤੇ ਰਣਦੀਪ ਸਿੰਘ ਨੇ ਆਪਣੇ ਵਿਚਾਰ ਪੇਸ਼ ਕੀਤੇ।ਪ੍ਰਧਾਨ ਗਿਆਨ ਚੰਦ ਸ਼ਰਮਾ ਤੇ ਮਾਸਟਰ ਰਘਵੀਰ ਭੁਟਾਲ ਨੇ ਆਪਣੀ ਰਾਇ ਫੋਨ @ਤੇ ਨੋਟ ਕਰਵਾਈ। ਮੰਚ ਦੇ ਆਗੂਆਂ ਨੇ ਸੇਵਾ ਨਿਭਾ ਰਹੇ ਅਧਿਆਪਕਾਂ ਉੱਪਰ ਜ਼ਬਰੀ ਥੋਪਿਆ ਟੈਟ ਟੈਸਟ ਪਾਸ ਕਰਨ ਦੀ ਸ਼ਰਤ ਦਾ ਵਿਰੋਧ ਕਰ ਰਹੇ ਅਧਿਆਪਕਾਂ ਉੱਪਰ ਪੁਲਿਸ ਵੱਲੋਂ ਢਾਹੇ ਅੰਨ੍ਹੇ ਜ਼ਬਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

# ਐੱਲ.ਪੀ.ਜੀ. ਸਪਲਾਈ ਯਕੀਨੀ ਬਣਾਉਣ ਲਈ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ 'ਤੇ ਕੀਤੀ ਚੈਕਿੰਗ



ਭਗਤਾ ਭਾਈ ਕਾ, 15 ਮਾਰਚ (ਸਵਰਨ ਸਿੰਘ ਭਗਤਾ) : ਘਰੇਲੂ ਐੱਲ ਪੀ ਜੀ ਸਿਲੰਡਰਾਂ ਦੀ ਗ਼ੈਰਕਾਨੂੰਨੀ ਵਰਤੋਂ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਲਈ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੀਆਂ ਹਦਾਇਤਾਂ ਅਨੁਸਾਰ ਫੂਡ ਸਪਲਾਈ ਵਿਭਾਗ ਵੱਲੋਂ ਵੱਖ ਵੱਖ ਥਾਵਾਂ @ਤੇ ਅੱਜ ਚੈਕਿੰਗ ਕੀਤੀ ਗਈ। ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਵੱਲੋਂ ਸਟਾਕ ਸਥਿਤੀਆਂ ਦੀ ਜਾਂਚ ਕਰਨ ਸਮੇਤ ਖਪਤਕਾਰਾਂ ਨੂੰ ਐੱਲ ਪੀ ਜੀ ਸਿਲੰਡਰਾਂ ਦੀ ਸੁਚਾਰੂ ਸਪਲਾਈ ਯਕੀਨੀ ਬਣਾਉਣ ਲਈ ਗੈਸ ਏਜੰਸੀਆਂ ਦਾ ਨਿਰੀਖਣ ਕੀਤਾ।

ਇਸ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿੱਚ ਸਿਲੰਡਰਾਂ ਦੀ ਸਪਲਾਈ ਆਮ ਅਤੇ ਕਾਫ਼ੀ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਫਵਾਹਾਂ ਦੇ ਆਧਾਰ @ਤੇ ਘਬਰਾਉਣ ਜਾਂ ਬੇਲੋੜੀ ਘਬਰਾਹਟ ਬੁਕਿੰਗ ਜਾਂ ਜਮ੍ਹਾਂਖੋਰੀ ਵਿੱਚ ਸ਼ਾਮਲ ਨਾ ਹੋਣ ਦੀ ਅਪੀਲ ਕੀਤੀ।

ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਘਰੇਲੂ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਜਾਂ ਗ਼ੈਰਕਾਨੂੰਨੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਅਜਿਹੀਆਂ ਕਾਰਵਾਈਆਂ ਜਾਰੀ ਰਹਿਣਗੀਆਂ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਘਰੇਲੂ ਐਲਪੀਜੀ ਸਿਲੰਡਰਾਂ ਦੀ ਵਪਾਰਕ ਉਦੇਸ਼ਾਂ ਲਈ ਦੁਰਵਰਤੋਂ ਨਾ ਕੀਤੀ ਜਾਵੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਬੰਧ ਚ ਵਿਸ਼ੇਸ਼ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜਿੱਥੇ 01642921552 ਨੰਬਰ ਉੱਤੇ ਸਵੇਰ 8 ਤੋਂ ਸ਼ਾਮ 8 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ। ਇਹ ਕੰਟਰੋਲ ਰੂਮ ਸਾਰਾ ਹਫਤਾ ਵਰਕਿੰਗ ਰਹੇਗਾ।

ਇਸੇ ਦੌਰਾਨ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈਜ਼ ਕੰਟਰੋਲਰ ਬਠਿੰਡਾ ਸ਼੍ਰੀ ਦਲਜੀਤ ਸਿੰਘ ਸੰਧੂ ਨੇ ਦੱਸਿਆ ਕਿ ਟੀਮਾਂ ਵੱਲੋਂ ਹਾਜੀ ਰਤਨ ਰੋਡ ਅਤੇ ਮੁਲਤਾਨੀਆ ਰੋਡ ਵਿਖੇ ਚੈਕਿੰਗ ਕੀਤੀ ਗਈ। ਇਸੇ ਤਰ੍ਹਾਂ

ਸਹਾਇਕ ਫ਼ੂਡ ਅਤੇ ਸਪਲਾਈ ਅਫਸਰ ਰਾਮਪੁਰਾ ਵੱਲੋਂ ਵਿਭਾਗ ਦੇ ਇੰਸਪੈਕਟਰਾਂ ਨਾਲ ਰਾਮਪੁਰਾ ਦੀਆਂ ਗੈਸ ਏਜੰਸੀਆਂ ਦੀ ਚੈਕਿੰਗ ਕੀਤੀ ਗਈ। ਸੰਗਤ ਵਿਖੇ ਵੀ ਸਹਾਇਕ ਫ਼ੂਡ ਅਤੇ ਸਪਲਾਈ ਅਫਸਰ ਵੱਲੋਂ ਵਿਭਾਗ ਦੇ ਇੰਸਪੈਕਟਰਾਂ ਨਾਲ ਗੈਸ ਏਜੰਸੀਆਂ ਦੀ ਚੈਕਿੰਗ ਕੀਤੀ ਗਈ।

ਦਲਜੀਤ ਸਿੰਘ ਸੰਧੂ ਨੇ ਦੱਸਿਆ ਕਿ ਗੈਸ ਏਜੰਸੀਆਂ ਦੇ ਸਟਾਕ ਦੀ ਪੂਰੀ ਤਰ੍ਹਾਂ ਜਾਂਚ ਕੀਤੀ ਗਈ ਹੈ ਤੇ ਜ਼ਿਲ੍ਹੇ ਅੰਦਰ ਐਲਪੀਜੀ ਸਪਲਾਈ ਹੁਣ ਤੱਕ ਕਾਫ਼ੀ ਹੈ। ਉਨ੍ਹਾਂ ਅੱਗੇ ਕਿਹਾ ਕਿ ਗੈਸ ਏਜੰਸੀਆਂ ਦੇ ਨਿਰੀਖਣ ਦੇ ਨਾਲ-ਨਾਲ, ਖਾਣ-ਪੀਣ ਵਾਲੀਆਂ ਥਾਵਾਂ, ਰੈਸਟੋਰੈਂਟਾਂ ਅਤੇ ਢਾਬਿਆਂ @ਤੇ ਘਰੇਲੂ ਐਲਪੀਜੀ ਸਿਲੰਡਰਾਂ ਦੀ ਗ਼ੈਰਕਾਨੂੰਨੀ ਵਰਤੋਂ ਦੀ ਜਾਂਚ ਕਰਨ ਲਈ ਅੱਜ ਵਪਾਰਕ ਅਦਾਰਿਆਂ @ਤੇ ਵੀ ਛਾਪੇਮਾਰੀ ਜਾਰੀ ਰੱਖੀ ਗਈ।

# 2 ਕਰੋੜ ਦੀ ਫਿਰੌਤੀ ਲਈ ਕੀਤਾ ਸੀ ਕਿਸ਼ੋਰ ਦਾ ਕਤਲ, 7 ਸਾਲਾਂ ਬਾਅਦ ਮੁਲਜ਼ਮਾਂ ਨੂੰ ਉਮਰ ਕੈਦ

ਬਠਿੰਡਾ, 15 ਮਾਰਚ (ਦੀਪਕ ਸ਼ਰਮਾ) : ਰਾਮਪੁਰਾ ਫੂਲ ਦੇ ਬਹੁ-ਚਰਚਿਤ ਅਨਮੋਲ ਗਰਗ ਅਗਵਾ ਅਤੇ ਕਤਲ ਕਾਂਡ ਵਿੱਚ ਬਠਿੰਡਾ ਦੀ ਮਾਨਯੋਗ ਅਦਾਲਤ ਨੇ ਸੱਤ ਸਾਲਾਂ ਬਾਅਦ ਆਪਣਾ ਅਹਿਮ ਫੈਸਲਾ ਸੁਣਾਉਂਦਿਆਂ ਦੋਵਾਂ ਕਥਿਤ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ।

ਦੱਸਣ ਯੋਗ ਹੈ ਕੀ ਸੋਸ਼ਲ ਮੀਡੀਆ @ਤੇ @ਸ਼ਾਹੀ ਅੰਦਾਜ਼@ ਵਿੱਚ ਫੋਟੋਆਂ ਪਾਉਣ ਦੇ ਸ਼ੌਕ ਨੇ ਇੱਕ ਮਾਸੂਮ ਦੀ ਜਾਨ ਲੈ ਲਈ, ਜਿਸ ਦੇ ਕਾਤਲਾਂ ਨੂੰ ਅਦਾਲਤ ਨੇ ਹੁਣ ਸਲਾਖਾਂ ਪਿੱਛੇ ਭੇਜ ਦਿੱਤਾ ਹੈ।

ਘਟਨਾ 20 ਦਸੰਬਰ 2018 ਦੀ ਹੈ, ਜਦੋਂ 16 ਸਾਲਾ ਖੁਸ਼ਾਂਤ ਗਰਗ ਉਰਫ ਅਨਮੋਲ ਦੀ ਫੇਸਬੁੱਕ ਰਾਹੀਂ ਲੁਧਿਆਣਾ ਦੇ ਹਰਸ਼ ਕੁਮਾਰ ਅਤੇ ਕਰਾੜਵਾਲਾ ਦੇ ਜਸਪ੍ਰੀਤ ਸਿੰਘ ਨਾਲ ਦੋਸਤੀ ਹੋਈ। ਅਨਮੋਲ ਵੱਲੋਂ ਮਹਿੰਗੀਆਂ ਗੱਡੀਆਂ ਨਾਲ ਪਾਈਆਂ ਫੋਟੋਆਂ ਦੇਖ ਕੇ ਉਕਤ ਨੌਜਵਾਨਾਂ ਨੂੰ ਲੱਗਿਆ ਕਿ ਉਹ ਕਿਸੇ ਅਮੀਰ ਪਰਿਵਾਰ ਨਾਲ ਸਬੰਧਤ ਹੈ। ਇਸੇ ਲਾਲਚ ਵਿੱਚ ਉਨ੍ਹਾਂ ਨੇ ਅਨਮੋਲ ਨੂੰ ਫੋਟੋਆਂ ਖਿੱਚਣ ਦੇ ਬਹਾਨੇ ਬੁਲਾ ਕੇ ਅਗਵਾ ਕਰ ਲਿਆ ਅਤੇ ਪਰਿਵਾਰ ਤੋਂ 2 ਕਰੋੜ ਰੁਪਏ ਦੀ ਫਿਰੌਤੀ ਮੰਗੀ।

ਤਤਕਾਲੀ ਐੱਸ.ਐੱਸ.ਪੀ. ਡਾ. ਨਾਨਕ ਸਿੰਘ ਦੀ ਅਗਵਾਈ ਹੇਠ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਮੋਬਾਈਲ ਲੋਕੇਸ਼ਨ ਅਤੇ ਸੀਸੀਟੀਵੀ ਫੁਟੇਜ ਰਾਹੀਂ ਦੋਵਾਂ ਮੁਲਜ਼ਮਾਂ ਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਕਥਿਤ ਦੋਸ਼ੀਆਂ ਨੇ ਕਬੂਲਿਆ ਕਿ ਉਨ੍ਹਾਂ ਨੇ ਫਿਰੌਤੀ ਮੰਗਣ ਤੋਂ ਕੁਝ ਦੇਰ ਬਾਅਦ ਹੀ ਫੂਲ ਰੋਡ @ਤੇ ਸਥਿਤ ਜੰਗਲ ਵਿੱਚ ਅਨਮੋਲ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰ ਦਿੱਤਾ ਸੀ।

ਸੈਸ਼ਨ ਜੱਜ ਰਾਜੇਸ਼ ਕੁਮਾਰ ਦੀ ਅਦਾਲਤ ਨੇ ਵਕੀਲ ਹਰਪਾਲ ਸਿੰਘ ਖਾਰਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਕਥਿਤ ਦੋਸ਼ੀ ਹਰਸ਼ ਕੁਮਾਰ ਨੂੰ 20 ਸਾਲ ਅਤੇ ਜਸਪ੍ਰੀਤ ਸਿੰਘ ਨੂੰ ਦੋਹਰੀ ਉਮਰ ਕੈਦ ਦੀ ਸਜ਼ਾ ਸੁਣਾਈ। ਹਾਲਾਂਕਿ, ਅਨਮੋਲ ਦੇ ਪਿਤਾ ਵਿਵੇਕ ਗਰਗ ਇਸ ਫੈਸਲੇ ਤੋਂ ਸੰਤੁਸ਼ਟ ਨਹੀਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਜਿਸ ਬੇਰਹਿਮੀ ਨਾਲ ਉਨ੍ਹਾਂ ਦੇ ਪੁੱਤ ਦਾ ਕਤਲ ਹੋਇਆ, ਉਸ ਲਈ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਮਿਲਣੀ ਚਾਹੀਦੀ ਹੈ। ਉਨ੍ਹਾਂ ਨੇ ਇਨਸਾਫ਼ ਲਈ ਹਾਈ ਕੋਰਟ ਦਾ ਦਰਵਾਜ਼ਾ ਖੜਕਾਉਣ ਦੀ ਗੱਲ ਕਹੀ ਹੈ।

# ਯੁੱਧ ਨਸ਼ਿਆਂ ਵਿਰੁੱਧ : ਜਿਲ੍ਹੇ ਦੇ ਪਬਲਿਕ ਪਾਰਕਾਂ ਅਤੇ ਪਬਲਿਕ ਥਾਵਾਂ 'ਤੇ ਅਚਾਨਕ ਚੈਕਿੰਗ, ਸ਼ੱਕੀ ਵਿਅਕਤੀਆਂ ਦੀ ਜਾਂਚ ਤੇ ਵੈਰੀਫਿਕੇਸ਼ਨ



ਸ੍ਰੀ ਮੁਕਤਸਰ ਸਾਹਿਬ,15 ਮਾਰਚ (ਐਚ ਐਸ ਕਪੂਰ) : 15 ਮਾਰਚ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਅਤੇ ਗੈਂਗਸਟਰਾਂ ਤੇ ਵਾਰ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲ੍ਹੇ ਅੰਦਰ ਸ਼ਰਾਰਤੀ ਅਨਸਰਾਂ ਅਤੇ ਨਸ਼ਾ ਤਸਕਰਾਂ ਖ਼ਿਲਾਫ਼ ਨਿਰੰਤਰ ਕਾਰਵਾਈ ਜਾਰੀ ਹੈ।

ਇਸ ਸਬੰਧੀ ਸ਼੍ਰੀ ਅਭਿਮਨਿਊ ਰਾਣਾ, ਆਈ.ਪੀ.ਐਸ., ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜਿਲ੍ਹੇ ਵਿੱਚ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੁਲਿਸ ਵੱਲੋਂ ਰਾਤ ਸਮੇਂ ਵਿਸ਼ੇਸ਼ ਗਸ਼ਤ ਅਤੇ ਅਚਨਚੇਤ ਚੈਕਿੰਗ ਮੁਹਿੰਮ ਚਲਾਈ ਜਾ ਰਹੀ ਹੈ।

ਇਸੇ ਤਹਿਤ ਸ਼੍ਰੀ ਬਚਨ ਸਿੰਘ, ਡੀ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਪੁਲਿਸ ਟੀਮਾਂ ਵੱਲੋਂ ਸ਼ਹਿਰ ਦੇ ਵੱਖ-ਵੱਖ ਪਬਲਿਕ ਪਾਰਕਾਂ, ਪਬਲਿਕ ਸਥਾਨਾਂ ਅਤੇ ਪਾਰਕਿੰਗਾਂ 'ਤੇ ਅਚਾਨਕ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਪਾਰਕਾਂ ਵਿੱਚ ਮੌਜੂਦ ਵਿਅਕਤੀਆਂ ਦੀ ਜਾਂਚ ਕੀਤੀ ਗਈ ਅਤੇ ਸ਼ੱਕੀ ਹਾਲਤ ਵਿੱਚ ਪਾਏ ਗਏ ਵਿਅਕਤੀਆਂ ਤੋਂ ਪੁੱਛਗਿੱਛ ਵੀ ਕੀਤੀ ਗਈ। ਇਸ ਮੌਕੇ ਉਹਨਾਂ ਨਾਲ ਇੰਸਪੈਕਟਰ ਜਸਕਰਨਦੀਪ ਸਿੰਘ ਮੁੱਖ ਸਰਥਾਣਾ ਸਿਟੀ ਸ਼੍ਰੀ ਮੁਕਤਸਰ ਸਾਹਿਬ ਅਤੇ 50 ਦੇ ਕਰੀਬ ਪੁਲਿਸ ਮੁਲਾਜ਼ਮ ਹਾਜਰ ਸਨ।

ਪੁਲਿਸ ਵੱਲੋਂ ਉਥੇ ਮੌਜੂਦ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਪਛਾਣ ਦੀ ਜਾਂਚ ਕੀਤੀ ਗਈ। ਜੇਕਰ ਕੋਈ ਵਿਅਕਤੀ ਨਸ਼ੇ ਦੀ ਹਾਲਤ ਵਿੱਚ ਜਾਂ ਸ਼ੱਕੀ ਹਾਲਾਤਾਂ ਵਿੱਚ ਮਿਲਿਆ ਤਾਂ ਉਸ ਦੀ ਪੂਰੀ ਤਸਦੀਕ ਕੀਤੀ ਗਈ ਅਤੇ ਜ਼ਰੂਰਤ ਪੈਣ 'ਤੇ ਉਸ ਨੂੰ ਥਾਣੇ ਲੈ ਜਾ ਕੇ ਵਧੇਰੇ ਪੁੱਛਗਿੱਛ ਵੀ ਕੀਤੀ ਗਈ।

ਇਸ ਤੋਂ ਇਲਾਵਾ ਚੈਕਿੰਗ ਦੌਰਾਨ ਸ਼ੱਕੀ ਵਿਅਕਤੀਆਂ ਦੇ ਵੇਰਵਿਆਂ ਨੂੰ ਪੰਜਾਬ ਪੁਲਿਸ ਦੇ ਡਿਜ਼ੀਟਲ ਐਪਸ ਰਾਹੀਂ ਚੈੱਕ ਕੀਤਾ ਗਿਆ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕਿਸੇ ਵਿਅਕਤੀ ਦਾ ਕੋਈ ਕ੍ਰਿਮਿਨਲ ਰਿਕਾਰਡ ਤਾਂ ਨਹੀਂ ਹੈ। ਪਾਰਕਿੰਗ ਵਿੱਚ ਖੜ੍ਹੇ ਵਾਹਨਾਂ ਦੀ ਵੀ ਵਾਹਨ ਐਪ ਰਾਹੀਂ ਵੈਰੀਫਿਕੇਸ਼ਨ ਕੀਤੀ ਗਈ, ਤਾਂ ਜੋ ਚੋਰੀਸ਼ੁਦਾ ਜਾਂ ਸ਼ੱਕੀ ਵਾਹਨਾਂ ਦੀ ਪਛਾਣ ਕੀਤੀ ਜਾ ਸਕੇ।

ਐੱਸ.ਐੱਸ.ਪੀ ਜੀ ਨੇ ਦੱਸਿਆ ਕਿ ਜਿਲ੍ਹੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ ਲਈ ਪੁਲਿਸ ਵੱਲੋਂ ਅਜਿਹੀਆਂ ਅਚਨਚੇਤ ਚੈਕਿੰਗ ਮੁਹਿੰਮਾਂ ਲਗਾਤਾਰ ਜਾਰੀ ਰਹਿਣਗੀਆਂ। ਉਨ੍ਹਾਂ ਕਿਹਾ ਕਿ ਕਿਸੇ ਵੀ ਸ਼ਰਾਰਤੀ ਅਨਸਰ ਜਾਂ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਸ਼ੱਕੀ ਵਿਅਕਤੀ, ਨਸ਼ਾ ਤਸਕਰੀ ਜਾਂ ਅਪਰਾਧਿਕ ਗਤੀਵਿਧੀ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਜਾਵੇ। ਇਸ ਲਈ ਪੰਜਾਬ ਪੁਲਿਸ ਹੈਲਪਲਾਈਨ ਨੰਬਰ 112 ਜਾਂ 80549-42100 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਜਾਣਕਾਰੀ ਦੇਣ ਵਾਲੇ ਵਿਅਕਤੀ ਦਾ ਨਾਮ ਅਤੇ ਵੇਰਵਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ।

# ਐਮ.ਐਲ.ਏ. ਨਰਿੰਦਰ ਭਰਾਜ ਨੇ ਪੰਜ-ਪੰਜ ਮਰਲੇ ਦੇ ਪਲਾਟਾਂ ਦੇ ਸੈਂਕਸ਼ਨ ਪੱਤਰ ਸੌਂਪੇ



ਭਵਾਨੀਗੜ੍ਹ,15 ਮਾਰਚ (ਅਮਨਦੀਪ ਸਿੰਘ ਮਾਝਾ) : ਹਲਕਾ ਸੰਗਰੂਰ ਦੀ ਵਿਧਾਇਕ ਸ੍ਰੀਮਤੀ ਨਰਿੰਦਰ ਕੌਰ ਭਰਾਜ ਵੱਲੋਂ ਅੱਜ ਆਪਣੇ ਜੱਦੀ ਪਿੰਡ ਭਰਾਜ ਵਿਖੇ ਲੋੜਵੰਦ ਪਰਿਵਾਰਾਂ ਦੀ ਭਲਾਈ ਲਈ ਇੱਕ ਮਹੱਤਵਪੂਰਨ ਉਪਰਾਲਾ ਕਰਦਿਆਂ 46 ਲੋੜਵੰਦ ਪਰਿਵਾਰਾਂ ਨੂੰ ਪੰਜ-ਪੰਜ ਮਰਲੇ ਦੇ ਪਲਾਟਾਂ ਦੇ ਸੈਂਕਸ਼ਨ ਪੱਤਰ ਸੌਂਪੇ ਗਏ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਹਰ ਇੱਕ ਪਰਿਵਾਰ ਦਾ ਸੁਪਨਾ ਹੁੰਦਾ ਹੈ ਕਿ ਉਸਦਾ ਆਪਣਾ ਘਰ ਹੋਵੇ ਅਤੇ ਪੰਜਾਬ ਸਰਕਾਰ ਵੱਲੋਂ ਇਹ ਸੁਪਨਾ ਸਾਕਾਰ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਲੋੜਵੰਦ ਪਰਿਵਾਰਾਂ ਨੂੰ ਆਪਣੇ ਘਰ ਲਈ ਪਲਾਟ ਪ੍ਰਦਾਨ ਕਰਨਾ ਇੱਕ ਵੱਡਾ ਸਮਾਜਕ ਕਦਮ ਹੈ, ਜਿਸ ਨਾਲ ਪਰਿਵਾਰਾਂ ਨੂੰ ਸੁਰੱਖਿਅਤ ਅਤੇ ਇਜ਼ਤਦਾਰ ਜੀਵਨ ਜੀਊਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਇਹ ਸੈਂਕਸ਼ਨ ਪੱਤਰ ਪਰਿਵਾਰਾਂ ਨੂੰ ਸੌਂਪੇ ਗਏ ਤਾਂ ਲਾਭਪਾਤਰੀਆਂ ਦੇ ਚਿਹਰਿਆਂ 'ਤੇ ਖੁਸ਼ੀ ਦੇ ਹਾਸੇ ਦੇਖ ਕੇ ਬੇਹੱਦ ਸੰਤੁਸ਼ਟੀ ਅਤੇ ਖੁਸ਼ੀ ਮਹਿਸੂਸ ਹੋਈ। ਇਸ ਮੌਕੇ ਲਾਭਪਾਤਰੀ ਪਰਿਵਾਰਾਂ ਅਤੇ ਪਿੰਡ ਵਾਸੀਆਂ ਵੱਲੋਂ ਵਿਧਾਇਕ ਨਰਿੰਦਰ ਕੌਰ ਭਰਾਜ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਗਿਆ ਕਿ ਇਹ ਉਪਰਾਲਾ ਲੋੜਵੰਦ ਪਰਿਵਾਰਾਂ ਲਈ ਬਹੁਤ ਵੱਡੀ ਸਹਾਇਤਾ ਸਾਬਤ ਹੋਵੇਗਾ ਅਤੇ ਉਹਨਾਂ ਦੇ ਆਪਣੇ ਘਰ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

# ਫਰੀਦਕੋਟ ਪੁਲਿਸ ਨੇ ਅਹਿਮ ਆਪ੍ਰੇਸ਼ਨ ਦੌਰਾਨ ਬੰਬੀਹਾ ਗੈਂਗ ਦੇ ਗੁਰਗੇ ਨੂੰ ਉਸਦੇ 2 ਸਾਥੀਆਂ ਸਮੇਤ ਕੀਤਾ ਕਾਬੂ

## ਦੋਸ਼ੀਆਂ ਪਾਸੋਂ ਇਕ ਨਜਾਇਜ਼ ਅਸਲਾ ਅਤੇ ਹੈਰੋਇਨ ਬਰਾਮਦ



ਫਰੀਦਕੋਟ, 15 ਮਾਰਚ (ਅਵਤਾਰ ਸਿੰਘ ਮੱਲਾ) : ਡਾ. ਪ੍ਰਗਿਆ ਜੈਨ ਆਈ.ਪੀ.ਐਸ ਐਸ.ਐਸ.ਪੀ ਫਰੀਦਕੋਟ ਜੀ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਅਤੇ ਨਸ਼ਿਆ ਖਿਲਾਫ ਇੱਕ ਸਖਤ ਅਤੇ ਨਿਰਨਾਇਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸੇ ਤਹਿਤ ਸ਼੍ਰੀ ਜੋਗੇਸ਼ਵਰ ਸਿੰਘ ਗੋਰਾਇਆ ਐਸ.ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਅਤੇ ਸ਼੍ਰੀ ਅਵਤਾਰ ਸਿੰਘ ਡੀ.ਐਸ.ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਦੇ ਦਿਸ਼ਾ ਨਿਰਦੇਸ਼ਾ ਹੇਠ ਸੀ.ਆਈ.ਏ ਸਟਾਫ ਫਰੀਦਕੋਟ ਵੱਲੋਂ ਇੱਕ ਅਹਿਮ ਆਪਰੇਸ਼ਨ ਦੌਰਾਨ ਬੰਬੀਹਾ ਗੈਂਗ ਦੇ ਗੁਰਗੇ ਨੂੰ ਉਸਦੇ 02 ਸਾਥੀਆ ਅਤੇ 01 ਨਾਜਾਇਜ਼ ਅਸਲੇ ਸਮੇਤ ਕਾਬੂ ਕੀਤਾ ਗਿਆ ਹੈ।

ਗ੍ਰਿਫਤਾਰ ਦੋਸ਼ੀਆਂ ਦੀ ਪਹਿਚਾਣ ਸੁਰਿੰਦਰਪਾਲ ਸਿੰਘ ਉਰਫ ਬਿੱਲਾ, ਜੋਧਾ ਸਿੰਘ ਅਤੇ ਅਮੋਲਕ ਸਿੰਘ ਉਰਫ ਮੋਲੀ ਵਜੋ ਹੋਈ ਹੈ ਜੋ ਕਿ ਕੋਟਕਪੂਰਾ ਦੇ ਰਿਹਾਇਸ਼ੀ ਹਨ। ਪੁਲਿਸ ਪਾਰਟੀ ਵੱਲੋ ਦੋਸ਼ੀਆ ਪਾਸੋ 21 ਗ੍ਰਾਮ ਹੈਰੋਇਨ ਅਤੇ 01 ਦੇਸੀ ਪਿਸਟਲ .30 ਬੋਰ ਸਮੇਤ ਮੈਗਜੀਨ ਅਤੇ 02 ਜਿੰਦਾ ਰੋਂਦ ਵੀ ਬਰਾਮਦ ਕੀਤੇ ਗਏ ਹਨ।

ਕਾਰਵਾਈ ਦੇ ਵੇਰਵਿਆ ਮੁਤਾਬਿਕ ਇੰਸਪੈਕਟਰ ਅਮਰਿੰਦਰ ਸਿੰਘ ਇੰਚਾਰਜ ਸੀ.ਆਈ.ਏ ਸਟਾਫ ਫਰੀਦਕੋਟ ਦੀ ਨਿਗਰਾਨੀ ਹੇਠ ਮਿਤੀ 13 ਮਾਰਚ ਨੂੰ ਸਹਾਇਕ ਥਾਣੇਦਾਰ ਹਾਕਮ ਸਿੰਘ ਪੁਲਿਸ ਪਾਰਟੀ ਸਮੇਤ ਚੈਕਿੰਗ ਦੇ ਸਬੰਧ ਵਿੱਚ ਨੈਸ਼ਨਲ ਹਾਈਵੇ-54 ਪਰ ਸਿੱਖਾਂਵਾਲਾ ਰੋਡ ਕੋਟਕਪੂਰਾ ਮੌਜੂਦ ਸੀ ਤਾ ਬੱਸ ਸਟਾਪ ਵਿੱਚ ਬਣੇ ਬੈਂਚ ਪਰ ਦੋਸ਼ੀ ਬੈਠੇ ਦਿਖਾਈ ਦਿੱਤੇ। ਜਿਹਨਾ ਦੀ ਸ਼ੱਕ ਦੀ ਬਿਨਾਅ ਪਰ ਤਲਾਸ਼ੀ ਕੀਤੀ ਤਾਂ ਦੋਸ਼ੀਆ ਪਾਸੋ 21 ਗ੍ਰਾਮ ਹੈਰੋਇਨ ਅਤੇ 01 ਦੇਸੀ ਪਿਸਟਲ .30 ਬੋਰ ਸਮੇਤ ਮੈਗਜੀਨ ਅਤੇ 02 ਜਿੰਦਾ ਰੋਂਦ ਬਰਾਮਦ ਕੀਤੇ ਗਏ। ਜਿਸ ਸਬੰਧੀ ਉਸਦੇ ਖਿਲਾਫ ਥਾਣਾ ਸਿਟੀ ਕੋਟਕਪੂਰਾ ਵਿਖੇ ਮੁਕੱਦਮਾ ਨੰਬਰ 50 ਮਿਤੀ 13.03.2026 ਅਧੀਨ ਧਾਰਾ 21(ਬੀ)/61/85 ਐਨ.ਡੀ.ਪੀ.ਐਸ ਐਕਟ ਅਤੇ 25/54/59 ਅਸਲਾ ਐਕਟ ਦਰਜ ਰਜਿਸਟਰ ਕੀਤਾ ਗਿਆ।

ਫਰੀਦਕੋਟ ਪੁਲਿਸ ਵੱਲੋਂ ਮਾਮਲੇ ਦੀ ਤਫਤੀਸ਼ ਤੁਰੰਤ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਦੋਸ਼ੀਆਂ ਕੋਲੋਂ ਬਰਾਮਦ ਕੀਤਾ ਗਿਆ ਨਾਜਾਇਜ਼ ਅਸਲਾ ਕਿਸ ਮਕਸਦ ਲਈ ਰੱਖਿਆ ਗਿਆ ਸੀ ਅਤੇ ਕੀ ਇਸ ਦੀ ਵਰਤੋਂ ਕਿਸੇ ਹੋਰ ਅਪਰਾਧਿਕ ਵਾਰਦਾਤ ਲਈ ਕੀਤੀ ਜਾਣੀ ਸੀ। ਇਸ ਦੇ ਨਾਲ ਹੀ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਦੋਸ਼ੀਆਂ ਕੋਲੋਂ ਬਰਾਮਦ ਹੋਈ ਹੈਰੋਇਨ ਕਿੱਥੋਂ ਲਿਆਈ ਗਈ ਸੀ ਅਤੇ ਇਸ ਨੂੰ ਅੱਗੇ ਕਿੱਥੇ ਸਪਲਾਈ ਕੀਤਾ ਜਾਣਾ ਸੀ।

ਇੱਥੇ ਇਹ ਵੀ ਦੱਸਣਯੋਗ ਹੈ ਕਿ ਗ੍ਰਿਫਤਾਰ ਦੋਸ਼ੀਆ ਪਹਿਲਾ ਹੀ ਅਪਰਾਧਿਕ ਪਿਛੋਕੜ ਵਾਲੇ ਹਨ, ਦੋਸ਼ੀ ਸੁਰਿੰਦਰਪਾਲ ਸਿੰਘ ਉਰਫ ਬਿੱਲਾ ਦੇ ਖਿਲਾਫ ਪਹਿਲਾ ਵੀ ਅਸਲਾ ਐਕਟ, ਕਤਲ ਦੀ ਕੋਸ਼ਿਸ਼, ਨਸ਼ੇ ਦੀ ਤਸਕਰੀ ਅਤੇ ਸੰਗੀਨ ਧਾਰਾਵਾ ਤਹਿਤ ਕੁੱਲ 10 ਮੁਕੱਦਮੇ ਦਰਜ ਰਜਿਸਟਰ ਹਨ, ਇਸ ਤੋ ਇਲਾਵਾ ਇਸ ਦੇ ਸਾਥੀ ਜੋਧਾ ਸਿੰਘ ਖਿਲਾਫ ਵੀ ਨਸ਼ੇ ਦੀ ਤਸਕਰੀ ਅਤੇ ਹੋਰ ਧਾਰਾਵਾ ਤਹਿਤ 06 ਮਾਮਲੇ ਦਰਜ ਹਨ।

ਪੁਲਿਸ ਟੀਮਾਂ ਵੱਲੋਂ ਦੋਸ਼ੀਆਂ ਦੇ ਹੋਰ ਸਾਥੀਆਂ ਅਤੇ ਉਨ੍ਹਾਂ ਦੇ ਸੰਭਾਵਿਤ ਲਿੰਕਾਂ ਬਾਰੇ ਵੀ ਗਹਿਰਾਈ ਨਾਲ ਪੜਤਾਲ ਕੀਤੀ ਜਾ ਰਹੀ ਹੈ, ਤਾਂ ਜੋ ਨਸ਼ਾ ਤਸਕਰੀ ਅਤੇ ਅਪਰਾਧਿਕ ਗਤੀਵਿਧੀਆਂ ਨਾਲ ਜੁੜੇ ਪੂਰੇ ਨੈੱਟਵਰਕ ਨੂੰ ਬੇਨਕਾਬ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ।

ਫਰੀਦਕੋਟ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਖ਼ਿਲਾਫ਼ ਸਖ਼ਤ ਮੁਹਿੰਮ ਸ਼ੁਰੂ ਕੀਤੀ ਹੈ ਅਤੇ ਅਪਰਾਧਕ ਗਿਰੋਹਾਂ ਤੇ ਪੂਰੀ ਤਰ੍ਹਾਂ ਨਕੇਲ ਪਾਈ ਜਾ ਰਹੀ ਹੈ। ਪੁਲਿਸ ਵੱਲੋਂ ਜ਼ਿਲ੍ਹੇ ਦੇ ਹਰ ਖੇਤਰ ਵਿੱਚ ਅਪਰਾਧਿਕ ਗਤੀਵਿਧੀਆਂ ਨੂੰ ਰੋਕਣ ਲਈ ਕਾਰਵਾਈ ਕੀਤੀ ਜਾ ਰਹੀ ਹੈ। ਜਿਸ ਵਿੱਚ ਫਰੀਦਕੋਟ ਪੁਲਿਸ ਲਗਾਤਾਰ ਸਫਲਤਾ ਹਾਸਿਲ ਕਰ ਰਹੀ ਹੈ।

# ਬਠਿੰਡਾ ਕੂੜਾ ਪਲਾਂਟ ਨੂੰ ਲੈ ਕੇ ਸਿਆਸਤ ਮੁੜ ਗਰਮਾਈ



ਬਠਿੰਡਾ, 15 ਮਾਰਚ (ਦੀਪਕ ਸ਼ਰਮਾ) : ਬਠਿੰਡਾ ਦੇ ਲੋਕਾਂ ਲਈ ਪਿਛਲੇ ਡੇਢ ਦਹਾਕੇ ਤੋਂ ਨਰਕ ਦਾ ਸਬੱਬ ਬਣਿਆ ਕੂੜਾ ਪ੍ਰਬੰਧਨ ਪਲਾਂਟ ਇੱਕ ਵਾਰ ਫਿਰ ਸਿਆਸੀ ਸੁਰਖੀਆਂ ਵਿੱਚ ਹੈ। ਇਸ ਵਾਰ ਬਠਿੰਡਾ ਸ਼ਹਿਰੀ ਤੋਂ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਵਿਧਾਨ ਸਭਾ ਦੇ ਸਦਨ ਵਿੱਚ ਇਸ ਗੰਭੀਰ ਮੁੱਦੇ ਨੂੰ ਜ਼ੋਰ-ਸ਼ੋਰ ਨਾਲ ਉਠਾਉਂਦਿਆਂ, ਇਸ ਪਲਾਂਟ ਨੂੰ ਆਬਾਦੀ ਤੋਂ ਬਾਹਰ ਸ਼ਿਫਟ ਕਰਨ ਦੀ ਪੁਰਜ਼ੋਰ ਮੰਗ ਕੀਤੀ ਹੈ।

ਵਿਧਾਇਕ ਗਿੱਲ ਨੇ ਸਦਨ ਨੂੰ ਜਾਣੂ ਕਰਵਾਇਆ ਕਿ ਸਾਲ 2012 ਵਿੱਚ ਕਰੀਬ 35 ਏਕੜ ਰਕਬੇ ਵਿੱਚ ਲਗਾਇਆ ਗਿਆ ਇਹ ਪਲਾਂਟ ਅੱਜ ਸ਼ਹਿਰ ਦੀ ਵੱਡੀ ਆਬਾਦੀ ਦੇ ਵਿਚਕਾਰ ਘਿਰ ਚੁੱਕਿਆ ਹੈ। ਪਿਛਲੇ 14 ਸਾਲਾਂ ਤੋਂ ਇਸ ਇਲਾਕੇ ਦੇ ਕਰੀਬ 50 ਹਜ਼ਾਰ ਲੋਕ ਦੂਸ਼ਿਤ ਹਵਾ ਅਤੇ ਅਸਹਿ ਬਦਬੂ ਵਿੱਚ ਜਿਊਣ ਲਈ ਮਜਬੂਰ ਹਨ। ਗਰਮੀਆਂ ਦੇ ਦਿਨਾਂ ਵਿੱਚ ਹਾਲਾਤ ਇੰਨੇ ਮਾੜੇ ਹੋ ਜਾਂਦੇ ਹਨ ਕਿ ਲੋਕਾਂ ਦਾ ਸਾਹ ਲੈਣਾ ਵੀ ਦੁਸ਼ਵਾਰ ਹੋ ਜਾਂਦਾ ਹੈ, ਜਿਸ ਨਾਲ ਘਰ-ਘਰ ਬਿਮਾਰੀਆਂ ਪੈਰ ਪਸਾਰ ਰਹੀਆਂ ਹਨ।

ਇਸ ਗੰਭੀਰ ਮੁੱਦੇ ਨੂੰ ਉਠਾਉਂਦੇ ਹੋਏ ਵਿਧਾਇਕ ਗਿੱਲ ਨੇ ਸਰਕਾਰ ਨੂੰ ਇੱਕ ਵਿਹਾਰਕ ਸੁਝਾਅ ਵੀ ਦਿੱਤਾ। ਉਨ੍ਹਾਂ ਕਿਹਾ ਕਿ ਜਿਸ 35 ਏਕੜ ਕੀਮਤੀ ਜ਼ਮੀਨ 'ਤੇ ਇਹ ਪਲਾਂਟ ਸਥਿਤ ਹੈ, ਉਸ ਦੀ ਬਾਜ਼ਾਰੀ ਕੀਮਤ ਕਰੀਬ 350 ਕਰੋੜ ਰੁਪਏ ਹੈ। ਜੇਕਰ ਸਰਕਾਰ ਇਸ ਜ਼ਮੀਨ ਨੂੰ ਵੇਚ ਦਿੰਦੀ ਹੈ, ਤਾਂ ਇਸ ਦੇ ਅੱਧੇ ਪੈਸੇ ਨਾਲ ਸ਼ਹਿਰ ਤੋਂ ਦੂਰ ਸਸਤੀ ਜ਼ਮੀਨ ਖਰੀਦ ਕੇ ਨਵਾਂ ਅਤੇ ਆਧੁਨਿਕ ਪਲਾਂਟ ਲਗਾਇਆ ਜਾ ਸਕਦਾ ਹੈ। ਇਸ ਨਾਲ ਸਰਕਾਰ ਦੇ ਖਜ਼ਾਨੇ ਵਿੱਚ ਵੀ ਵਾਧਾ ਹੋਵੇਗਾ ਅਤੇ ਹਜ਼ਾਰਾਂ ਲੋਕਾਂ ਨੂੰ ਸਥਾਈ ਰਾਹਤ ਮਿਲੇਗੀ।

ਜ਼ਿਕਰਯੋਗ ਹੈ ਕਿ ਇਹ ਪਲਾਂਟ 2012 ਤੋਂ ਹੀ ਬਠਿੰਡਾ ਦੀ ਸਿਆਸਤ ਦਾ ਧੁਰਾ ਰਿਹਾ ਹੈ। ਅਕਾਲੀ ਦਲ ਅਤੇ ਕਾਂਗਰਸ ਦੀਆਂ ਸਰਕਾਰਾਂ ਵੇਲੇ ਵੀ ਇਹ ਮੁੱਦਾ ਗੂੰਜਦਾ ਰਿਹਾ, ਪਰ ਲੋਕਾਂ ਨੂੰ ਸਿਰਫ ਚੋਣਾਵੀਂ ਭਰੋਸੇ ਹੀ ਮਿਲੇ। ਹੁਣ ਜਦੋਂ ਆਉਣ ਵਾਲੇ ਸਮੇਂ ਵਿੱਚ ਨਗਰ ਨਿਗਮ ਅਤੇ ਵਿਧਾਨ ਸਭਾ ਚੋਣਾਂ ਨੇੜੇ ਹਨ, ਤਾਂ ਵਿਧਾਇਕ ਵੱਲੋਂ ਸਦਨ ਵਿੱਚ ਉਠਾਈ ਗਈ ਇਹ ਆਵਾਜ਼ ਸਿਆਸੀ ਹਲਕਿਆਂ ਵਿੱਚ ਹਲਚਲ ਪੈਦਾ ਕਰ ਰਹੀ ਹੈ।

ਦੂਜੇ ਪਾਸੇ, @ਕੂੜਾ ਡੰਪ ਹਟਾਓ ਮੋਰਚਾ@ ਦੀ ਐਕਸ਼ਨ ਕਮੇਟੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਹੁਣ ਸਿਰਫ਼ ਕਾਗਜ਼ੀ ਕਾਰਵਾਈ ਜਾਂ ਭਰੋਸਿਆਂ ਨਾਲ ਸ਼ਾਂਤ ਨਹੀਂ ਹੋਣਗੇ। ਕਮੇਟੀ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਜਲਦ ਕੋਈ ਠੋਸ ਫੈਸਲਾ ਨਾ ਲਿਆ ਤਾਂ ਉਹ ਇੱਕ ਵਾਰ ਫਿਰ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਗੇ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਕੱਚਾ ਅੰਬ ਖਾਣ ਦੇ ਫਾਇਦੇ

ਗਰਮੀਆਂ ਦਾ ਮੌਸਮ ਸ਼ੁਰੂ ਹੁੰਦੇ ਹੀ, ਕੱਚੇ ਅੰਬ ਬਾਜ਼ਾਰਾਂ ਵਿੱਚ ਦਿਖਾਈ ਦੇਣ ਲੱਗ ਪੈਂਦੇ ਹਨ। ਆਪਣੇ ਤਿੱਖੇ ਅਤੇ ਸੁਆਦੀ ਸੁਆਦ ਦੇ ਨਾਲ, ਕੱਚੇ ਅੰਬਾਂ ਦੀ ਵਰਤੋਂ ਚਟਨੀ ਬਣਾਉਣ ਤੋਂ ਲੈ ਕੇ ਅਚਾਰ ਬਣਾਉਣ ਤਕ ਹਰ ਚੀਜ਼ ਲਈ ਕੀਤੀ ਜਾਂਦੀ ਹੈ। ਕੱਚੇ ਅੰਬ ਵਿਟਾਮਿਨ ਸੀ, ਫਾਈਬਰ ਅਤੇ ਐਂਟੀਆਕਸੀਡੈਂਟਸ ਨਾਲ ਭਰਪੂਰ ਹੁੰਦੇ ਹਨ। ਤਿੱਖੇ ਅਤੇ ਤਿੱਖੇ ਸੁਆਦ ਨਾਲ ਭਰਪੂਰ, ਕੱਚੇ ਅੰਬਾਂ ਨੂੰ ਸਿਹਤ ਲਈ ਵੀ ਬਹੁਤ ਫਾਇਦੇਮੰਦ ਮੰਨਿਆ ਜਾਂਦਾ ਹੈ। ਹਾਲਾਂਕਿ, ਬਹੁਤ ਸਾਰੇ ਲੋਕ ਮੰਨਦੇ ਹਨ ਕਿ ਗਰਮੀਆਂ ਦੇ ਮਹੀਨਿਆਂ ਦੌਰਾਨ ਇਨ੍ਹਾਂ ਦਾ ਸੇਵਨ ਸਿਹਤ ਲਈ ਨੁਕਸਾਨਦੇਹ ਹੋ ਸਕਦਾ ਹੈ। ਅਜਿਹਾ ਨਹੀਂ ਹੈ; ਜੇਕਰ ਸੰਜਮ ਵਿੱਚ ਖਾਧਾ ਜਾਵੇ, ਤਾਂ ਕੱਚੇ ਅੰਬ ਕਈ ਤਰ੍ਹਾਂ ਦੇ ਸਿਹਤ ਲਾਭ ਪ੍ਰਦਾਨ ਕਰ ਸਕਦੇ ਹਨ।



**ਹੀਟਸਟ੍ਰੋਕ ਅਤੇ ਡੀਹਾਈਡਰੇਸ਼ਨ ਤੋਂ ਬਚਾਉਂਦਾ :** ਕੱਚੇ ਅੰਬ ਸਰੀਰ ਦੇ ਪਾਣੀ ਦੇ ਪੱਧਰ ਨੂੰ ਭਰਨ ਅਤੇ ਗਰਮੀਆਂ ਦੀ ਤੇਜ਼ ਧੁੱਪ ਤੋਂ ਸੁਰੱਖਿਆ ਪ੍ਰਦਾਨ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਹਨ। ਆਮ ਪੰਨਾ (ਕੱਚੇ ਅੰਬਾਂ ਤੋਂ ਬਣਿਆ ਇੱਕ ਪੀਣ ਵਾਲਾ ਪਦਾਰਥ) ਪੀਣ ਨਾਲ ਸਰੀਰ ਨੂੰ ਠੰਢਕ ਮਿਲਦੀ ਹੈ ਅਤੇ ਗਰਮੀ ਦੇ ਸਟ੍ਰੋਕ ਦੇ ਜੋਖਮ ਨੂੰ ਕਾਫ਼ੀ ਘਟਾਇਆ ਜਾਂਦਾ ਹੈ। ਇਹ ਸਰੀਰ ਦੇ ਇਲੈਕਟ੍ਰੋਲਾਈਟ ਸੰਤੁਲਨ ਨੂੰ ਬਣਾਈ ਰੱਖਣ ਵਿੱਚ ਵੀ ਮਦਦ ਕਰਦਾ ਹੈ।

**ਪਾਚਨ ਪ੍ਰਣਾਲੀ ਲਈ ਇੱਕ ਰਾਮਬਾਣ ;** ਜੇਕਰ ਤੁਸੀਂ ਪੇਟ ਨਾਲ ਸਬੰਧਤ ਸਮੱਸਿਆਵਾਂ ਤੋਂ ਪੀੜਤ ਹੋ, ਤਾਂ ਕੱਚੇ ਅੰਬ ਤੁਹਾਡੇ ਲਈ ਬਹੁਤ ਫਾਇਦੇਮੰਦ ਸਾਬਤ ਹੋ ਸਕਦੇ ਹਨ। ਕੱਚੇ ਅੰਬਾਂ ਵਿੱਚ ਮੌਜੂਦ ਫਾਈਬਰ ਸਮੱਗਰੀ ਸੁਚਾਰੂ ਪਾਚਨ ਕਿਰਿਆ ਨੂੰ ਆਸਾਨ ਬਣਾਉਂਦੀ ਹੈ, ਜਿਸ ਨਾਲ ਕਬਜ਼ ਅਤੇ ਗੈਸ ਵਰਗੀਆਂ ਸਮੱਸਿਆਵਾਂ ਤੋਂ ਰਾਹਤ ਮਿਲਦੀ ਹੈ। ਇਹ ਪਿੱਤ ਨੂੰ ਵੀ ਉਤੇਜਿਤ ਕਰਦੀ ਹੈ, ਜੋ ਭੋਜਨ ਦੇ ਆਸਾਨੀ ਨਾਲ ਪਾਚਨ ਵਿੱਚ ਸਹਾਇਤਾ ਕਰਦੀ ਹੈ।

**ਇਮਿਊਨਿਟੀ ਵਧਾਉਂਦੀ ਹੈ ;** ਕੱਚੇ ਅੰਬ ਵਿਟਾਮਿਨ ਸੀ ਦਾ ਇੱਕ ਵਧੀਆ ਸਰੋਤ ਹਨ। ਇਹ ਤੁਹਾਡੀ ਇਮਿਊਨ ਸਿਸਟਮ ਨੂੰ ਵਧਾਉਂਦੇ ਹਨ, ਜੋ ਤੁਹਾਨੂੰ ਮੌਸਮੀ ਬਿਮਾਰੀਆਂ ਅਤੇ ਲਾਗਾਂ ਤੋਂ ਬਚਾਉਣ ਵਿੱਚ ਮਦਦ ਕਰਦੇ ਹਨ। ਇਨ੍ਹਾਂ ਵਿੱਚ ਵਿਟਾਮਿਨ ਏ ਵੀ ਹੁੰਦਾ ਹੈ, ਜੋ ਅੱਖਾਂ ਦੀ ਸਿਹਤ ਅਤੇ ਚਮੜੀ ਦੀ ਸਿਹਤ ਦੋਵਾਂ ਲਈ ਲਾਭਦਾਇਕ ਹੁੰਦਾ ਹੈ।

**ਭਾਰ ਘਟਾਉਣ ਵਿੱਚ ਮਦਦ ਕਰਦਾ ;** ਪੱਕੇ ਅੰਬਾਂ ਦੇ ਮੁਕਾਬਲੇ, ਕੱਚੇ ਅੰਬਾਂ ਵਿੱਚ ਖੰਡ ਅਤੇ ਕੈਲੋਰੀ ਦੇ ਪੱਧਰ ਕਾਫ਼ੀ ਘੱਟ ਹੁੰਦੇ ਹਨ। ਇਹ ਮੈਟਾਬੋਲਿਜ਼ਮ ਨੂੰ ਵਧਾਉਣ ਵਿੱਚ ਮਦਦ ਕਰਦੇ ਹਨ, ਜੋ ਬਦਲੇ ਵਿੱਚ, ਸਰੀਰ ਨੂੰ ਚਰਬੀ ਸਾੜਨ ਵਿੱਚ ਸਹਾਇਤਾ ਕਰਦਾ ਹੈ।

**ਜਿਗਰ ਅਤੇ ਦੰਦਾਂ ਦੀ ਸਿਹਤ ;** ਇਹ ਜਿਗਰ ਨੂੰ ਸਾਫ਼ ਕਰਨ ਵਿੱਚ ਮਦਦ ਕਰਦਾ ਹੈ ਅਤੇ ਜਿਗਰ ਨਾਲ ਸਬੰਧਤ ਬਿਮਾਰੀਆਂ ਨੂੰ ਦੂਰ ਰੱਖਦਾ ਹੈ। ਇਸਨੂੰ ਚਬਾਉਣ ਨਾਲ ਮਸੂੜਿਆਂ ਵਿੱਚੋਂ ਖੂਨ ਵਹਿਣਾ ਅਤੇ ਸਾਹ ਦੀ ਬਦਬੂ ਵਰਗੀਆਂ ਸਮੱਸਿਆਵਾਂ ਨੂੰ ਵੀ ਦੂਰ ਕਰਨ ਵਿੱਚ ਮਦਦ ਮਿਲਦੀ ਹੈ।

# ਮਹਾਰਾਜਾ ਦਲੀਪ ਸਿੰਘ ਦੀਆਂ ਧੀਆਂ ਬਾਰੇ ਇੰਗਲੈਂਡ 'ਚ ਲੱਗੇਗੀ ਪ੍ਰਦਰਸ਼ਨੀ

ਲੰਡਨ, 15 ਮਾਰਚ (ਚ.ਨ.ਸ.) : ਬਰਤਾਨਵੀ-ਭਾਰਤੀ ਇਤਿਹਾਸਕਾਰ, ਲੇਖਕ ਅਤੇ ਕਲਾ ਸੰਗ੍ਰਹਿਕਾਰ ਪੀਟਰ ਬੈਂਸ ਨੇ ਮਹਾਰਾਜਾ ਦਲੀਪ ਸਿੰਘ ਸੰਗ੍ਰਹਿ ਦਾ ਵੱਡਾ ਹਿੱਸਾ ਨਵੀਂ ਸ਼ਾਹੀ ਪ੍ਰਦਰਸ਼ਨੀ ਲਈ ਉਧਾਰ ਦਿੱਤਾ ਹੈ, ਜੋ ਇਸ ਮਹੀਨੇ ਦੇ ਅਖ਼ੀਰ ਵਿੱਚ ਲੰਡਨ ਵਿੱਚ ਸ਼ੁਰੂ ਹੋ ਰਹੀ ਹੈ। ਇਹ ਨੁਮਾਇਸ਼ ਸਿੱਖ ਹਾਕਮ ਦੀਆਂ ਧੀਆਂ ਬਾਰੇ ਅਹਿਮ ਜਾਣਕਾਰੀ ਦੇਵੇਗੀ।ਕੈਨਸਿੰਗਟਨ ਪੈਲੇਸ 'ਚ 'ਦਿ ਲਾਸਟ ਪ੍ਰਿੰਸੈੱਸਿਜ਼ ਆਫ਼ ਪੰਜਾਬ' ਨਾਂ ਹੇਠਲੀ ਪ੍ਰਦਰਸ਼ਨੀ ਰਾਜਕੁਮਾਰੀ ਸੋਫੀਆ ਦਲੀਪ ਸਿੰਘ ਅਤੇ 20ਵੀਂ ਸਦੀ ਦੇ ਇੰਗਲੈਂਡ ਵਿੱਚ ਔਰਤਾਂ ਦੇ ਵੋਟ ਦੇ ਅਧਿਕਾਰ ਲਈ 'ਸਫ਼ਰਾਗੈੱਟ' ਵਜੋਂ ਉਨ੍ਹਾਂ ਦੇ ਲਾਸਾਨੀ ਜੀਵਨ ਦੁਆਲੇ ਘੁੰਮੇਗੀ। ਇਸ ਸਾਲ ਸੋਫੀਆ ਦੀ 150ਵੀਂ ਜਨਮ ਵਰ੍ਹੇਗੰਢ ਮਨਾਉਣ ਮੌਕੇ ਉਨ੍ਹਾਂ ਦੀਆਂ ਸਾਥਣਾਂ ਬਰਤਾਨਵੀ-ਭਾਰਤੀ ਰਾਜਕੁਮਾਰੀ ਭੈਣਾਂ, ਉਨ੍ਹਾਂ ਦੀ ਜਰਮਨ ਮਾਂ ਬੰਬਾ ਮੂਲਰ, ਦਾਦੀ ਮਹਾਰਾਣੀ ਜਿੰਦ ਕੌਰ ਅਤੇ ਗੌਡਮਦਰ ਮਹਾਰਾਣੀ ਵਿਕਟੋਰੀਆ 'ਤੇ ਵੀ ਰੋਸ਼ਨੀ ਪਾਈ ਜਾਵੇਗੀ। ਇੰਗਲੈਂਡ ਦੇ ਮਹਿਲਾਂ ਦੀ ਦੇਖਭਾਲ ਕਰਨ ਵਾਲੀ ਸੰਸਥਾ 'ਹਿਸਟੌਰਿਕ ਰੌਇਲ ਪੈਲੇਸਿਜ਼' ਨੇ ਕਿਹਾ ਕਿ ਰਾਜਕੁਮਾਰੀ ਸੋਫੀਆ ਦਲੀਪ ਸਿੰਘ ਨੂੰ 'ਸਫ਼ਰਾਗੈੱਟ ਵਜੋਂ ਸਭ ਤੋਂ ਵੱਧ ਜਾਣਿਆ ਜਾਂਦਾ ਹੈ, ਜਿਨ੍ਹਾਂ ਆਪਣੇ ਰੁਤਬੇ ਦੀ ਵਰਤੋਂ ਕਰਦਿਆਂ ਔਰਤਾਂ ਦੇ ਵੋਟ ਦੇ ਅਧਿਕਾਰ ਲਈ ਲੜਾਈ ਲੜੀ। ਇਹ ਪ੍ਰਦਰਸ਼ਨੀ 25 ਮਾਰਚ ਨੂੰ ਕੈਨਸਿੰਗਟਨ ਪੈਲੇਸ ਵਿੱਚ ਸ਼ੁਰੂ ਹੋਵੇਗੀ।ਨੁਮਾਇਸ਼ ਪੀਟਰ ਬੈਂਸ ਦੀ ਨਵੀਂ ਕਿਤਾਬ 'ਦਿ ਲਾਸਟ ਰੌਇਲਜ਼ ਆਫ਼ ਲਾਹੌਰ: ਦਿ ਦਲੀਪ ਸਿੰਘਜ਼' ਦੀ ਰਿਲੀਜ਼ ਨਾਲ ਸ਼ੁਰੂ ਹੋ ਰਹੀ ਹੈ। ਸ੍ਰੀ ਬੈਂਸ ਨੇ ਦੱਸਿਆ ਕਿ ਦਲੀਪ ਸਿੰਘ ਦੇ ਪਰਿਵਾਰ ਬਾਰੇ ਇਹ ਉਨ੍ਹਾਂ ਦੀ ਤੀਜੀ ਕਿਤਾਬ ਹੈ। ਕਿਤਾਬ ਦੀ ਭੂਮਿਕਾ ਗਾਇਕ ਅਤੇ ਅਦਾਕਾਰ ਸਤਿੰਦਰ ਸਰਤਾਜ ਨੇ ਲਿਖੀ ਹੈ, ਜਿਨ੍ਹਾਂ ਨਾਲ ਸ੍ਰੀ ਬੈਂਸ ਨੇ ਦਲੀਪ ਸਿੰਘ ਦੀ ਜੀਵਨ ਕਹਾਣੀ 'ਤੇ ਬਣੀ ਫਿਲਮ 'ਦਿ ਬਲੈਕ ਪ੍ਰਿੰਸ' ਵਿੱਚ ਕੰਮ ਕੀਤਾ ਸੀ। ਪਰਿਵਾਰ ਦੇ ਦਿਲਚਸਪ ਪਹਿਲੂ ਪਹਿਲੀ ਵਾਰ ਸਾਹਮਣੇ ਆਏ ਹਨ।



# ਕੈਨੇਡਾ: ਸਰੀ-ਬਰੈਂਪਟਨ ਤੋਂ ਬਾਅਦ ਹੁਣ ਵੈਨਕੂਵਰ 'ਚ ਫਿਰੌਤੀ ਗੈਂਗਾਂ ਦੀ ਦਹਿਸ਼ਤ; ਪੰਜਾਬੀ ਕਾਰੋਬਾਰੀ ਨਿਸ਼ਾਨੇ 'ਤੇ

ਟੋਰਾਂਟੋ, 15 ਮਾਰਚ (ਚ.ਨ.ਸ.) : ਸਰੀ ਅਤੇ ਬਰੈਂਪਟਨ ਤੋਂ ਬਾਅਦ ਹੁਣ ਵੈਨਕੂਵਰ ਵਿੱਚ ਵੀ ਫਿਰੌਤੀਆਂ ਮੰਗਣ ਦਾ ਸਿਲਸਿਲਾ ਤੇਜ਼ ਹੋ ਗਿਆ ਹੈ, ਜਿਸ ਕਾਰਨ ਪੰਜਾਬੀ ਕਾਰੋਬਾਰੀ ਖਾਸ ਕਰਕੇ ਬਿਲਡਰ ਗਰੁੱਪ ਭਾਰੀ ਦਹਿਸ਼ਤ ਦੇ ਸਾਏ ਹੇਠ ਹਨ। ਰਿਪੋਰਟ ਮੁਤਾਬਕ, ਵੈਨਕੂਵਰ ਦੇ ਪੰਜਾਬੀ ਬਿਲਡਰਾਂ ਨੇ ਆਪਣੀ ਸੁਰੱਖਿਆ ਦੇ ਮੱਦੇਨਜ਼ਰ ਕੰਮ ਵਾਲੀਆਂ ਥਾਵਾਂ ਤੋਂ ਆਪਣੇ ਨਾਮ ਅਤੇ ਫ਼ੋਨ ਨੰਬਰਾਂ ਵਾਲੇ ਬੋਰਡ ਹਟਾਉਣੇ ਸ਼ੁਰੂ ਕਰ ਦਿੱਤੇ ਹਨ।ਬਿਲਡਰਾਂ ਦਾ ਕਹਿਣਾ ਹੈ ਕਿ ਅਪਰਾਧੀਆਂ ਵੱਲੋਂ ਉਨ੍ਹਾਂ ਨੂੰ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ, ਜਿਸ ਕਾਰਨ ਕਈਆਂ ਨੇ ਆਪਣੇ ਪ੍ਰੋਜੈਕਟ ਤੱਕ ਰੋਕ ਦਿੱਤੇ ਹਨ। ਉਨ੍ਹਾਂ ਨੇ ਸ਼ਹਿਰ ਦੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਸਰਕਾਰੀ ਵੈੱਬਸਾਈਟਾਂ 'ਤੇ ਮੌਜੂਦ ਉਨ੍ਹਾਂ ਦੇ ਨਿੱਜੀ ਸੰਪਰਕ ਅਤੇ ਪ੍ਰੋਜੈਕਟਾਂ ਦੀ ਜਾਣਕਾਰੀ ਨੂੰ ਜਨਤਕ ਤੌਰ 'ਤੇ ਹਟਾਇਆ ਜਾਵੇ, ਕਿਉਂਕਿ ਅਪਰਾਧੀ ਇਨ੍ਹਾਂ ਵੇਰਵਿਆਂ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾ ਰਹੇ ਹਨ।ਜ਼ਿਕਰਯੋਗ ਹੈ ਕਿ ਸਰੀ ਅਤੇ ਬਰੈਂਪਟਨ ਵਿੱਚ ਪਿਛਲੇ ਕਾਫੀ ਸਮੇਂ ਤੋਂ ਦੱਖਣੀ ਏਸ਼ੀਆਈ ਕਾਰੋਬਾਰੀਆਂ ਨੂੰ ਅਜਿਹੀਆਂ ਧਮਕੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਾਲ 2025 ਵਿੱਚ ਇਕੱਲੇ ਸਰੀ ਵਿੱਚ ਹੀ ਫਿਰੌਤੀ ਦੀਆਂ 132 ਕੋਸ਼ਿਸ਼ਾਂ ਦਰਜ ਕੀਤੀਆਂ ਗਈਆਂ, ਜਿਨ੍ਹਾਂ ਵਿੱਚੋਂ ਕਈ ਮਾਮਲਿਆਂ ਵਿੱਚ ਗੋਲੀਆਂ ਚੱਲਣ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਸਨ।ਵੈਨਕੂਵਰ ਪੁਲੀਸ ਨੇ ਫਿਲਹਾਲ ਫਿਰੌਤੀ ਦੇ ਚਾਰ ਮਾਮਲਿਆਂ ਦੀ ਪੁਸ਼ਟੀ ਕੀਤੀ ਹੈ, ਪਰ ਮੰਨਿਆ ਜਾ ਰਿਹਾ ਹੈ ਕਿ ਪੀੜਤਾਂ ਦੀ ਅਸਲ ਗਿਣਤੀ ਇਸ ਤੋਂ ਕਿਤੇ ਜ਼ਿਆਦਾ ਹੈ। ਬਿਲਡਰਾਂ ਨੇ ਸ਼ਿਕਾਇਤ ਕੀਤੀ ਹੈ ਕਿ ਪ੍ਰਸ਼ਾਸਨ ਦੀਆਂ ਪਾਰਦਰਸ਼ਤਾ ਨੀਤੀਆਂ ਅਪਰਾਧੀਆਂ ਲਈ ਸੌਖਾ ਰਾਹ ਬਣ ਰਹੀਆਂ ਹਨ। ਪੁਲੀਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਡਰਨ ਦੀ ਬਜਾਏ ਅੱਗੇ ਆ ਕੇ ਸ਼ਿਕਾਇਤ ਦਰਜ ਕਰਵਾਉਣ ਤਾਂ ਜੋ ਇਨ੍ਹਾਂ ਗਰੋਹਾਂ 'ਤੇ ਨਕੇਲ ਕਸੀ ਜਾ ਸਕੇ।



# ਵਨ ਬੀਟ ਮੈਡੀਕਲ ਗਰੁੱਪ ਦੇ ਚੇਅਰਮੈਨ ਦੀ 38ਵੀ ਵਿਆਹ ਵਰ੍ਹੇਗੰਢ ਮੌਕੇ ਗੁਰਮਤਿ ਸੰਗੀਤ ਸਮਾਗਮ





ਚੜ੍ਹਦੀਕਲਾ ਦੇ ਡਾਇਰੈਕਟਰ ਸ੍ਰ. ਪਰਵਿੰਦਰ ਸਿੰਘ ਅਤੇ ਸਮੂਹ ਸਟਾਫ ਹਰਪ੍ਰੀਤ ਸਿੰਘ ਦਰਦੀ, ਗਿਆਨੀ ਮੈਂਬਰ ਮਿੱਤਰ ਸਨੇਹੀਆ ਅਤੇ ਰਿਸ਼ਤੇਦਾਰ ਹਾਜ਼ਰ ਸਨ।

ਲਖੀਮਪੁਰ, 15 ਮਾਰਚ (ਚ.ਨ.ਸ.) : ਵਨ ਬੀਟ ਮੈਡੀਕਲ ਗਰੁੱਪ ਦੇ ਚੇਅਰਮੈਨ ਬਹਾਦਰ ਸਿੰਘ ਅਤੇ ਉਨਾਂ ਦੀ ਧਰਮ ਸੁਪਤਨੀ ਸਰਦਾਰਨੀ ਹੋਰਾਂ ਦੀ 38ਵੀ ਵਿਆਹ ਵਰੇਗੰਡ ਅੱਜ ਨਗਰ ਭੀਰਾ ਜ਼ਿਲਾ ਲਖੀਮਪੁਰ ਯੂਪੀ ਵਿਖੇ ਵਨ ਬੀਟ ਗਰੁੱਪ ਵੱਲੋਂ ਚੱਲ ਰਹੇ ਅਕਾਲ ਅਕੈਡਮੀ ਗੁਰਮਤ ਵਿਦਿਆਲਿਆ ਦੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਕਰਕੇ ਅਤੇ ਸੰਗਤੀ ਰੂਪ ਵਿੱਚ ਅਰਦਾਸ ਕਰਕੇ ਮਨਾਇਆ।

ਇਸ ਮੌਕੇ ਅਦਾਰਾ ਚੜ੍ਹਦੀਕਲਾ ਦੇ ਡਾਇਰੈਕਟਰ ਸ੍ਰ. ਪਰਵਿੰਦਰ ਸਿੰਘ ਅਤੇ ਸਮੂਹ ਸਟਾਫ ਹਰਪ੍ਰੀਤ ਸਿੰਘ ਦਰਦੀ, ਗਿਆਨੀ ਮੈਂਬਰ ਮਿੱਤਰ ਸਨੇਹੀਆ ਅਤੇ ਰਿਸ਼ਤੇਦਾਰ ਹਾਜ਼ਰ ਸਨ। ਸਭਨਾ ਵੱਲੋਂ ਸ. ਬਹਾਦਰ ਸਿੰਘ ਅਤੇ ਉਹਨਾਂ ਧਰਮ ਸੁਪਤਨੀ ਸਰਦਾਰਨੀ ਪਰਵਿੰਦਰ ਕੌਰ ਨੂੰ ਵਧਾਈਆਂ ਦਿੱਤੀਆਂ ਗਈਆਂ। ਜ਼ਿਕਰਯੋਗ ਹੈ ਕਿ ਸ. ਬਹਾਦਰ ਸਿੰਘ ਯੂਐਸਏ ਵਾਲੇ ਚੇਅਰਮੈਨ ਵਨ ਬੀਟ ਗਰੁੱਪ ਯੂਪੀ ਇੰਡੀਆ ਵੱਲੋਂ ਵੱਡੇ ਪੱਧਰ ਤੇ ਸੰਸਾਰ ਭਰ ਦੇ ਵਿੱਚ ਸਮਾਜ ਸੇਵਾ ਦੇ ਕਾਰਜ ਕੀਤੇ ਜਾ ਰਹੇ ਹਨ। ਜਿਸ ਵਿੱਚ ਵਨ ਬੀਠ ਮੈਡੀਕਲ ਗਰੁੱਪ ਵੱਲੋਂ ਯੂਪੀ ਅਤੇ ਪੰਜਾਬ ਦੇ ਵਿੱਚ ਮੈਡੀਕਲ ਅਤੇ ਅੱਖਾਂ ਦੇ ਹਸਪਤਾਲਾਂ ਰਾਹੀਂ ਫਰੀ ਇਲਾਜ ਸੇਵਾ ਪ੍ਰਦਾਨ ਕੀਤੀ ਜਾ ਰਹੀ ਹੈ।

ਬੱਚਿਆਂ ਨੂੰ ਸਕਾਲਰਸ਼ਿਪ ਅਤੇ ਲੋੜਵੰਦਾਂ ਵਾਸਤੇ ਵੱਖ-ਵੱਖ ਤਰ੍ਹਾਂ ਦੀਆਂ ਭਲਾਈ ਸਕੀਮਾਂ ਵੀ ਚਲਾਈਆਂ ਜਾ ਰਹੀਆਂ ਹਨ। ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਦੇ ਵਿੱਚ ਸਰਗਰਮ ਰੋਲ ਅਦਾ ਹੋਏ ਦੀਵਾਨ ਟੋਡਰ ਮੱਲ ਹਵੇਲੀ ਦਾ ਰਿਸਟੋਰੇਸ਼ਨ ਪ੍ਰੋਜੈਕਟ ਬੜੀ ਹੀ ਸੁਚਜਤਾ ਨਾਲ ਚੱਲ ਰਿਹਾ ਹੈ।

# ਮੱਧ ਪੂਰਬ 'ਚ ਜਾਰੀ ਤਣਾਅ ਕਾਰਨ ਏਅਰ ਇੰਡੀਆ ਦੀਆਂ ਦੁਬਈ ਆਬੂਧਾਬੀ ਲਈ ਕਈ ਉਡਾਣਾਂ ਰੱਦ

ਨਵੀਂ ਦਿੱਲੀ, 15 ਮਾਰਚ (ਚ.ਨ.ਸ.) : ਇਰਾਨ ਨਾਲ ਇਜ਼ਰਾਈਲ-ਅਮਰੀਕਾ ਦੀ ਚੱਲ ਰਹੀ ਜੰਗ ਦਾ ਅਸਰ ਪੂਰੇ ਮੱਧ ਪੂਰਬ 'ਤੇ ਦੇਖਣ ਨੂੰ ਮਿਲ ਰਿਹਾ ਹੈ । ਸੰਕਟ ਦੇ ਵਿਚਕਾਰ ਸੰਯੁਕਤ ਅਰਬ ਅਮੀਰਾਤ ਏਅਰਪੋਰਟ ਅਥਾਰਟੀ ਦੇ ਨਿਰਦੇਸ਼ਾਂ ਤੋਂ ਬਾਅਦ ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਦੀਆਂ ਉਡਾਣਾਂ ਵੱਡੇ ਪੱਧਰ 'ਤੇ ਪ੍ਰਭਾਵਿਤ ਹੋਈਆਂ ਹਨ। ਏਅਰ ਇੰਡੀਆ ਦੀਆਂ ਦੁਬਈ ਅਤੇ ਅਬੂ ਧਾਬੀ ਦੀਆਂ ਕਈ ਫਲਾਈਟਾਂ ਅੱਜ ਲਈ ਰੱਦ ਕਰ ਦਿੱਤੀਆਂ ਗਈਆਂ ਹਨ।ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਨੇ "15 ਏਅਰਪੋਰਟ ਅਥਾਰਟੀ ਦੇ ਨਿਰਦੇਸ਼ਾਂ ਤੋਂ ਬਾਅਦ 15 ਮਾਰਚ 2026 ਨੂੰ ਦੁਬਈ ਅਤੇ ਅਬੂ ਧਾਬੀ ਲਈ ਆਪਣੀਆਂ ਜ਼ਿਆਦਾਤਰ ਉਡਾਣਾਂ ਵਿੱਚ ਭਾਰੀ ਕਟੌਤੀ ਕੀਤੀ ਹੈ। ਏਅਰਲਾਈਨ ਨੇ ਅਧਿਕਾਰਤ ਬਿਆਨ ਵਿੱਚ ਕਿਹਾ ਹੈ ਕਿ "15 ਹਵਾਈ ਅੱਡਾ ਅਧਿਕਾਰੀਆਂ ਦੇ ਨਵੀਨਤਮ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਅੱਜ 15 ਮਾਰਚ ਲਈ ਐਡ-ਹਾਕ (ਅਸਥਾਈ) ਸੰਚਾਲਨ ਵਿੱਚ ਕਾਫ਼ੀ ਕਮੀ ਲਿਆਉਣੀ ਪਈ ਹੈ।ਨਵੇਂ ਹੁਕਮਾਂ ਅਨੁਸਾਰ ਜ਼ਿਆਦਾਤਰ ਨਿਰਧਾਰਤ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ, ਜਦਕਿ ਸਿਰਫ਼ ਸੀਮਤ ਗਿਣਤੀ ਵਿੱਚ ਹੀ ਉਡਾਣਾਂ ਸੰਚਾਲਿਤ ਹੋ ਰਹੀਆਂ ਹਨ। ਯਾਤਰੀਆਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਆਪਣੀ ਫਲਾਈਟ ਦਾ ਸਟੇਟਸ ਏਅਰ ਇੰਡੀਆ ਦੀ ਵੈੱਬਸਾਈਟ ਜਾਂ ਐਪ @ਤੇ ਤੁਰੰਤ ਜਾਂਚ ਲੈਣ।ਏਅਰ ਇੰਡੀਆ ਨੇ ਸਿਰਫ਼ ਇੱਕ ਦਿੱਲੀ-ਦੁਬਈ ਰਿਟਰਨ ਫਲਾਈਟ ਸੰਚਾਲਿਤ ਕਰ ਰਹੀ ਹੈ; ਪੰਜ ਵਿੱਚੋਂ ਚਾਰ ਨਿਰਧਾਰਤ ਦੁਬਈ ਫਲਾਈਟਾਂ ਰੱਦ। ਇਸੇ ਤਰ੍ਹਾਂ ਇੰਡੀਆ ਐਕਸਪ੍ਰੈਸ ਸਿਰਫ਼ ਇੱਕ ਦਿੱਲੀ-ਦੁਬਈ ਰਿਟਰਨ ਫਲਾਈਟ ਸੰਚਾਲਿਤ; ਛੇ ਵਿੱਚੋਂ ਪੰਜ ਦੁਬਈ ਫਲਾਈਟਾਂ ਰੱਦ। ਜਦਕਿ ਅਬੂ ਧਾਬੀ: ਏਅਰ ਇੰਡੀਆ ਐਕਸਪ੍ਰੈਸ ਦੀਆਂ ਸਾਰੀਆਂ ਪੰਜ ਨਿਰਧਾਰਤ ਫਲਾਈਟਾਂ ਰੱਦ। ਸ਼ਾਰਜਾਹ : ਏਅਰ ਇੰਡੀਆ ਐਕਸਪ੍ਰੈਸ ਦੁਬਈ, ਕੰਨੂਰ, ਕੋਚੀ, ਕੋਝੀਕੋਡ, ਮੁੰਬਈ ਅਤੇ ਤਿਰੂਵਨੰਤਪੁਰਮ ਲਈ ਫਲਾਈਟਾਂ ਸੰਚਾਲਿਤ ਕਰਨ ਦੀ ਯੋਜਨਾ ਬਣਾ ਰਹੀ ਹੈ।



# ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ

ਅੰਮ੍ਰਿਤਸਰ, 15 ਮਾਰਚ(ਬਬਲੂ ਮਹਾਜਨ/ਗੁਰਦਿਆਲ ਸਿੰਘ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਿੱਲੀ ਦੇ ਉਪ ਰਾਜਪਾਲ ਨਿਯੁਕਤ ਹੋਣ ਤੋਂ ਬਾਅਦ ਪਹਿਲੀ ਵਾਰ ਅੰਮ੍ਰਿਤਸਰ ਪਹੁੰਚੇ ਤਰਨਜੀਤ ਸਿੰਘ ਸੰਧੂ ਨਤਮਸਤਕ ਹੋਏ। ਜਿਥੇ ਉਨ੍ਹਾਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਕੁਝ ਸਮਾਂ ਕੀਰਤਨ ਸਰਵਨ ਕੀਤਾ। ਉਪਰੰਤ ਤਰਨਜੀਤ ਸਿੰਘ ਸੰਧੂ ਆਪਣੇ ਦਾਦਾ ਤੇਜਾ ਸਿੰਘ ਸਮੁੰਦਰੀ ਦੀ ਯਾਦ ਵਿਚ ਬਣੇ ਤੇਜਾ ਸਿੰਘ ਸਮੁੰਦਰੀ ਹਾਲ ਮੁੱਖ ਦਫਤਰ ਸ਼੍ਰੋਮਣੀ ਕਮੇਟੀ ਵਿਖੇ ਪਹੁੰਚੇ। ਜਿਥੇ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਸੁਰਜੀਤ ਸਿੰਘ ਭਿੱਟੇਵੱਡ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਘੇੜਾ ਨੇ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਤੇ ਲੋਈ ਦੇ ਕੇ ਸਨਮਾਨਿਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਸ. ਸੰਧੂ ਨੇ ਆਪਣੇ ਪਰਿਵਾਰਕ ਪਿਛੋਕੜ ਅਤੇ ਸ੍ਰੀ ਹਰਿਮੰਦਰ ਸਾਹਿਬ ਨਾਲ ਜੁੜੀ ਅਥਾਹ ਸ਼ਰਧਾ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ, ÷ਦਰਬਾਰ ਸਾਹਿਬ ਨੇ ਹਮੇਸ਼ਾ ਮੇਰੇ ਪਰਿਵਾਰ ਨੂੰ ਬਲੈਸਿੰਗ ਅਤੇ ਸ਼ਕਤੀ ਦਿੱਤੀ ਹੈ। ਮੇਰੇ ਦਾਦਾ ਸ. ਤੇਜਾ ਸਿੰਘ ਸਮੁੰਦਰੀ ਨੇ ਚਾਬੀਆਂ ਦੇ ਮੋਰਚੇ ਅਤੇ ਗੁਰੂ ਕਾ ਬਾਗ ਮੋਰਚੇ ਵਰਗੇ ਇਤਿਹਾਸਕ ਸੰਘਰਸ਼ਾਂ ਵਿੱਚ ਅਹਿਮ ਭੂਮਿਕਾ ਨਿਭਾਈ ਸੀ। ਮੈਂ ਅੱਜ ਉਹੀ ਗੁਰੂ ਘਰ ਦੀ ਬਖਸ਼ਿਸ਼ ਲੈ ਕੇ ਆਪਣੀ ਨਵੀਂ ਜ਼ਿੰਮੇਵਾਰੀ ਨਿਭਾਉਣ ਲਈ ਦਿੱਲੀ ਜਾ ਰਿਹਾ ਹਾਂ।÷ਸੰਧੂ ਨੇ ਕਿਹਾ ਕਿ ਜਿਸ ਤਰ੍ਹਾਂ ਸ. ਤੇਜਾ ਸਿੰਘ ਸਮੁੰਦਰੀ ਅਤੇ ਸ. ਬਿਸ਼ਨ ਸਿੰਘ ਸਮੁੰਦਰੀ ਨੇ ਅੰਮ੍ਰਿਤਸਰ ਦਾ ਨਾਮ ਰੌਸ਼ਨ ਕੀਤਾ, ਉਹ ਵੀ ਉਸੇ ਮਾਰਗ 'ਤੇ ਚੱਲਦਿਆਂ ਡੱਟ ਕੇ ਕੰਮ ਕਰਨਗੇ। ਉਨ੍ਹਾਂ ਮੰਨਿਆ ਕਿ ਦਿੱਲੀ ਵਿੱਚ ਚੁਣੌਤੀਆਂ ਅਤੇ ਮੁਸ਼ਕਿਲਾਂ ਬਹੁਤ ਹਨ, ਪਰ ਉਹ ਇਨ੍ਹਾਂ ਚੁਣੌਤੀਆਂ ਨੂੰ ਮੌਕਿਆਂ ਵਿੱਚ ਬਦਲ ਕੇ ਸਫਲਤਾ ਦਿਖਾਉਣਗੇ।ਉਨ੍ਹਾਂ ਭਾਵੁਕ ਹੁੰਦਿਆਂ ਕਿਹਾ, ਮੈਂ ਇੱਥੋਂ ਸ਼ਕਤੀ ਅਤੇ ਹਿੰਮਤ ਮੰਗਣ ਆਇਆ ਹਾਂ ਤਾਂ ਜੋ ਮੈਂ ਆਪਣੀ ਪੱਗ ਅਤੇ ਆਪਣੇ ਸ਼ਹਿਰ ਦਾ ਮਾਣ ਵਧਾ ਸਕਾਂ। ਅਸੀਂ ਸਾਰਿਆਂ ਨੂੰ ਨਾਲ ਲੈ ਕੇ ਦਿੱਲੀ ਦਾ ਸਰਬਪੱਖੀ ਵਿਕਾਸ ਕਰਾਂਗੇ। ਉਨ੍ਹਾਂ ਦਿੱਲੀ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਮਿਲ ਕੇ ਸ਼ਹਿਰ ਦੀ ਬਿਹਤਰੀ ਲਈ ਕੰਮ ਕਰਨਗੇ। ਇਸ ਮੌਕੇ ਸਾਬਕਾ ਵਿਧਾਇਕ ਹਰਜਿੰਦਰ ਸਿੰਘ ਠੇਕੇਦਾਰ, ਸਾਬਕਾ ਚੇਅਰਮੈਨ ਗੁਰਪ੍ਰਤਾਪ ਸਿੰਘ ਟਿੱਕਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਜੈਬੀਰਪਾਲ ਸਿੰਘ ਰੰਧਾਵਾ, ਹਰਵਿੰਦਰ ਸਿੰਘ ਸੰਧੂ ਮਨਿੰਦਰ ਸਿੰਘ ਠੇਕੇਦਾਰ ਬਲਜਿੰਦਰ ਸਿੰਘ ਬੱਬੂ ਆਦਿ ਮੌਜੂਦ ਸਨ।



# ਟਰੰਪ ਦੀ ਹਮਾਇਤੀ ਲੂਮਰ ਨੇ ਦਿੱਤਾ ਵੱਡਾ ਬਿਆਨ ਅਮਰੀਕਾ ਨੂੰ ਪਾਕਿਸਤਾਨ ਤੋਂ ਰਹਿਣਾ ਚਾਹੀਦੈ ਦੂਰ..!

ਵਾਸ਼ਿੰਗਟਨ, 15 ਮਾਰਚ (ਚ.ਨ.ਸ.) : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਹਮਾਇਤੀ ਕਾਰਕੁੰਨ ਲੌਰਾ ਲੂਮਰ ਨੇ ਪਾਕਿਸਤਾਨ ਬਾਰੇ ਇਕ ਵਾਦ-ਵਿਵਾਦ ਵਾਲਾ ਬਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦੁਨੀਆ ਦਾ ਸਭ ਤੋਂ ਵੱਡਾ ਇਸਲਾਮਿਕ ਅੱਤਵਾਦ ਫੈਲਾਉਣ ਵਾਲਾ ਦੇਸ਼ ਹੈ। ਅਮਰੀਕਾ ਨੂੰ ਪਾਕਿਸਤਾਨ ਤੋਂ ਦੂਰ ਰਹਿਣਾ ਚਾਹੀਦਾ ਹੈ। ਨਾਲ ਹੀ ਆਪਣੇ ਸਬੰਧਾਂ 'ਚ ਸਾਵਧਾਨੀ ਵਰਤਣੀ ਚਾਹੀਦੀ ਹੈ।ਲੂਮਰ ਨੇ ਇਹ ਬਿਆਨ ਇਕ ਪ੍ਰੋਗਰਾਮ 'ਚ ਦਿੱਤਾ। ਸਿੱਧੇ ਤੌਰ 'ਤੇ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਦੀ ਸਰਕਾਰ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਪਾਕਿਸਤਾਨ 'ਤੇ ਲੰਬੇ ਸਮੇਂ ਤੋਂ ਜੇਹਾਦੀ ਵਿਚਾਰਧਾਰਾ ਫੈਲਾਉਣ ਦਾ ਦੋਸ਼ ਲਾਇਆ ਜਾਂਦਾ ਰਿਹਾ ਹੈ। ਅਜਿਹੀ ਸਥਿਤੀ 'ਚ ਅਮਰੀਕਾ ਨੂੰ ਪਾਕਿਸਤਾਨ ਦੀ ਮੌਜੂਦਾ ਸਰਕਾਰ ਨਾਲ ਨੇੜਲੇ ਸਬੰਧ ਵਿਕਸਤ ਕਰਨ ਤੋਂ ਪਹਿਲਾਂ ਚੌਕਸੀ ਨਾਲ ਅੱਗੇ ਵਧਣਾ ਚਾਹੀਦਾ ਹੈ। ਜ਼ਿਕਰਯੋਗ ਹੈ ਕਿ ਲੂਮਰ ਪਹਿਲਾਂ ਵੀ ਆਪਣੇ ਮੁਸਲਿਮ ਵਿਰੋਧੀ ਤੇ ਵਾਦ-ਵਿਵਾਦ ਵਾਲੇ ਬਿਆਨਾਂ ਲਈ ਖ਼ਬਰਾਂ 'ਚ ਰਹੀ ਹੈ। ਉਨ੍ਹਾਂ ਪਹਿਲਾਂ ਭਾਰਤ ਬਾਰੇ ਵੀ ਵਿਵਾਦ ਖੜ੍ਹਾ ਕੀਤਾ ਸੀ। ਉਨ੍ਹਾਂ ਭਾਰਤੀ ਪ੍ਰਵਾਸੀਆਂ ਨੂੰ ਤੀਜੀ ਦੁਨੀਆ ਦੇ ਹਮਲਾਵਰ ਕਿਹਾ ਸੀ ਤੇ ਬਾਲੀਵੁੱਡ ਦਾ ਮਜ਼ਾਕ ਉਡਾਇਆ ਸੀ।



# ਕੈਲੀਫੋਰਨੀਆ 'ਚ ਹਾਲੀਵੁੱਡ ਸਟਾਈਲ ਵਿੱਚ ਲੁੱਟ
## ਲੁਟੇਰਿਆਂ ਨੇ ਭਾਰਤੀ-ਅਮਰੀਕੀ ਪਰਿਵਾਰ ਦੇ ਸਟੋਰ ਤੋਂ 16 ਕਰੋੜ ਦੇ ਗਹਿਣੇ ਲੁੱਟੇ

ਕੈਲੀਫੋਰਨੀਆ , 15 ਮਾਰਚ (ਚ.ਨ.ਸ.) : 18 ਜੂਨ, 2025 ਨੂੰ ਪੱਛਮੀ ਅਮਰੀਕੀ ਰਾਜ ਕੈਲੀਫੋਰਨੀਆ ਵਿੱਚ ਸਥਿਤ ਫ੍ਰੀਮੋਂਟ ਵਿੱਚ ਕੁਮਾਰ ਜਵੈਲਰਜ਼ - ਇੱਕ ਭਾਰਤੀ-ਅਮਰੀਕੀ ਪਰਿਵਾਰ ਦੀ ਮਲਕੀਅਤ ਵਾਲੀ ਸਟੋਰ - ਵਿੱਚ ਇੱਕ ਵੱਡੀ ਡਕੈਤੀ ਹੋਈ। ਅਮਰੀਕੀ ਨਿਆਂ ਵਿਭਾਗ ਦੁਆਰਾ ਜਾਰੀ ਕੀਤੀ ਗਈ ਨਿਗਰਾਨੀ ਫੁਟੇਜ ਵਿੱਚ ਲਗਭਗ ਦੋ ਦਰਜਨ ਨਕਾਬਪੋਸ਼ ਲੁਟੇਰੇ, ਹਥੌੜਿਆਂ ਅਤੇ ਪਿਕੈਕਸਾਂ ਨਾਲ ਲੈਸ ਅਤੇ ਆਪਣੀ ਪਿੱਠ 'ਤੇ ਬੈਗ ਲੈ ਕੇ ਸਟੋਰ ਵਿੱਚ ਦਾਖਲ ਹੁੰਦੇ ਦਿਖਾਈ ਦਿੰਦੇ ਹਨ। ਸਿਰਫ਼ 70 ਤੋਂ 90 ਸਕਿੰਟਾਂ ਦੇ ਸਮੇਂ ਵਿੱਚ, ਉਹ ਲਗਭਗ ?15.7 ਕਰੋੜ ਦੇ ਸੋਨੇ ਅਤੇ ਹੀਰੇ ਦੇ ਗਹਿਣੇ ਲੈ ਕੇ ਭੱਜ ਗਏ। ਸਟੋਰ ਦੀ ਪੂਰੀ ਵਸਤੂ ਦਾ 75% ਅਤੇ 80% ਹਿੱਸਾ ਚੋਰੀ ਹੋ ਗਿਆ।ਲੁਟੇਰਿਆਂ ਨੇ ਚੋਰੀ ਕੀਤੀ ਹੌਂਡਾ ਗੱਡੀ ਦੀ ਵਰਤੋਂ ਕਰਕੇ ਸਟੋਰ ਦੇ ਪ੍ਰਵੇਸ਼ ਦੁਆਰ ਨੂੰ ਤੋੜ ਦਿੱਤਾ। ਦੋ ਬੰਦੂਕਧਾਰੀਆਂ ਨੇ ਸੁਰੱਖਿਆ ਗਾਰਡ ਨੂੰ ਬੰਧਕ ਬਣਾ ਲਿਆ, ਜਦੋਂ ਕਿ ਬਾਕੀਆਂ ਨੇ ਸ਼ੀਸ਼ੇ ਦੇ ਡਿਸਪਲੇਅ ਕੇਸ ਤੋੜ ਦਿੱਤੇ ਅਤੇ ਗਹਿਣੇ ਆਪਣੇ ਬੈਗਾਂ ਵਿੱਚ ਭਰ ਦਿੱਤੇ। ਸਟੋਰ ਦੇ ਕਰਮਚਾਰੀ ਲੁਕਣ ਲਈ ਇਮਾਰਤ ਦੇ ਪਿਛਲੇ ਪਾਸੇ ਭੱਜ ਗਏ।ਲੁਟੇਰੇ ਕਈ ਚੋਰੀ ਕੀਤੇ ਵਾਹਨਾਂ ਵਿੱਚ ਭੱਜ ਗਏ, ਕਿਉਂਕਿ ਕਾਰਾਂ ਚੋਰੀ ਹੋ ਗਈਆਂ ਸਨ, ਲਾਇਸੈਂਸ ਪਲੇਟ ਰੀਡਰਾਂ ਨੇ ਕੋਈ ਲਾਭਦਾਇਕ ਸੁਰਾਗ ਨਹੀਂ ਦਿੱਤਾ। ਪੁਲਿਸ ਨੇ ਇੱਕ ਕਾਲੇ ਐਕੁਰਾ ਦਾ ਪਿੱਛਾ ਕੀਤਾ, ਜੋ ਟ੍ਰੈਫਿਕ ਦੇ ਵਿਰੁੱਧ ਗੱਡੀ ਚਲਾਉਂਦਾ ਹੋਇਆ ਅਤੇ 80 ਮੀਲ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਸਟਾਪ ਸਾਈਨਾਂ ਵਿੱਚੋਂ ਲੰਘਦਾ ਹੋਇਆ ਭੱਜ ਗਿਆ। ਹਾਲਾਂਕਿ, ਵਾਹਨ ਦੇ ਹਾਦਸਾਗ੍ਰਸਤ ਹੋਣ ਤੋਂ ਬਾਅਦ, ਅਧਿਕਾਰੀਆਂ ਨੇ ਪੈਦਲ ਪਿੱਛਾ ਜਾਰੀ ਰੱਖਿਆ ਅਤੇ ਚਾਰ ਸ਼ੱਕੀਆਂ ਨੂੰ ਸਫਲਤਾਪੂਰਵਕ ਫੜ ਲਿਆ।



# ਨੇਤਨਯਾਹੂ ਨੂੰ IRGC ਦੀ ਚਿਤਾਵਨੀ ! ਲੱਭ ਕੇ ਮਾਰਾਂਗੇ ਇਜ਼ਰਾਈਲੀ PM...'

ਤਹਿਰਾਨ, 15 ਮਾਰਚ (ਚ.ਨ.ਸ.) : ਈਰਾਨ 'ਚ ਚੱਲ ਰਹੀ ਜੰਗ ਰੁਕਣ ਦਾ ਨਾਂ ਨਹੀਂ ਲੈ ਰਹੀ, ਸਗੋਂ ਹੋਰ ਭਿਆਨਕ ਰੂਪ ਧਾਰਨ ਕਰਦੀ ਜਾ ਰਹੀ ਹੈ। ਇਸੇ ਦੌਰਾਨ ਖਾਮੇਨੇਈ ਦੀ ਮੌਤ ਮਗਰੋਂ ਉਨ੍ਹਾਂ ਦੀ ਮੌਤ ਲਈ ਜ਼ਿੰਮੇਵਾਰ ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਨੂੰ ਖ਼ਤਮ ਕਰਨ ਦੀ ਇਰਾਨ ਦੀ ਰੈਵੋਲਿਊਸ਼ਨਰੀ ਗਾਰਡਜ਼ ਨੇ ਸਹੁੰ ਖਾਧੀ ਹੋਈ ਹੈ।ਇਰਾਨੀ ਗਾਰਡਜ਼ ਦੇ ਅਧਿਕਾਰੀਆਂ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਉਹ ਆਪਣੇ ਸੁਪਰੀਮ ਲੀਡਰ ਦੀ ਮੌਤ ਅਤੇ ਇਰਾਨੀ ਟਿਕਾਣਿਆਂ 'ਤੇ ਹੋਏ ਹਮਲਿਆਂ ਦਾ ਬਦਲਾ ਲੈਣ ਲਈ ਨੇਤਨਯਾਹੂ ਦਾ ਪਿੱਛਾ ਕਰਨਗੇ ਅਤੇ ਉਨ੍ਹਾਂ ਲੱਭ ਕੇ ਮਾਰਨਗੇ। ਇਰਾਨ ਨੇ ਸਪੱਸ਼ਟ ਕੀਤਾ ਹੈ ਕਿ ਉਹ ਇਜ਼ਰਾਈਲ ਅਤੇ ਅਮਰੀਕਾ ਵੱਲੋਂ ਕੀਤੇ ਗਏ ਆਪਰੇਸ਼ਨ ਰੋਰਿੰਗ ਲਾਇਨ ਨੂੰ ਕਦੇ ਨਹੀਂ ਭੁੱਲਣਗੇ। ਉਨ੍ਹਾਂ ਨੇ ਇਜ਼ਰਾਈਲ ਦੇ ਸਿਆਸੀ ਅਤੇ ਫੌਜੀ ਲੀਡਰਾਂ ਨੂੰ ਨਿਸ਼ਾਨਾ ਬਣਾਉਣ ਲਈ ਵਿਸ਼ੇਸ਼ ਯੋਜਨਾ ਬਣਾਉਣ ਦਾ ਦਾਅਵਾ ਕੀਤਾ ਹੈ।ਇਰਾਨ ਦੀ ਇਸ ਧਮਕੀ ਤੋਂ ਬਾਅਦ ਇਜ਼ਰਾਈਲ ਵਿੱਚ ਸੁਰੱਖਿਆ ਪ੍ਰਬੰਧ ਹੋਰ ਸਖ਼ਤ ਕਰ ਦਿੱਤੇ ਗਏ ਹਨ। ਇਜ਼ਰਾਈਲੀ ਖੁਫੀਆ ਏਜੰਸੀਆਂ ਹਾਈ ਅਲਰਟ @ਤੇ ਹਨ ਤਾਂ ਜੋ ਕਿਸੇ ਵੀ ਸੰਭਾਵੀ ਹਮਲੇ ਨੂੰ ਰੋਕਿਆ ਜਾ ਸਕੇ। ਇਰਾਨੀ ਗਾਰਡਜ਼ ਦਾ ਇਹ ਤਾਜ਼ਾ ਬਿਆਨ ਦਰਸਾਉਂਦਾ ਹੈ ਕਿ ਜੰਗ ਹੁਣ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਉਣ ਦੇ ਪੜਾਅ ਵਿੱਚ ਦਾਖਲ ਹੋ ਗਈ ਹੈ।ਅੰਤਰਰਾਸ਼ਟਰੀ ਭਾਈਚਾਰਾ ਇਸ ਗੱਲੋਂ ਚਿੰਤਤ ਹੈ ਕਿ ਅਜਿਹੇ ਬਿਆਨਾਂ ਅਤੇ ਜਵਾਬੀ ਹਮਲਿਆਂ ਨਾਲ ਪੂਰਾ ਮੱਧ-ਪੂਰਬ ਇੱਕ ਅਜਿਹੀ ਜੰਗ ਦੀ ਲਪੇਟ ਵਿੱਚ ਆ ਸਕਦਾ ਹੈ ਜਿਸ ਨੂੰ ਰੋਕਣਾ ਮੁਸ਼ਕਿਲ ਹੋਵੇਗਾ। ਇਸ ਦਾ ਸਿੱਧਾ ਅਸਰ ਦੁਨੀਆ ਭਰ ਦੀ ਆਰਥਿਕਤਾ ਅਤੇ ਤੇਲ ਦੀ ਸਪਲਾਈ 'ਤੇ ਪੈ ਰਿਹਾ ਹੈ।



# ਬਾਬਾ ਅਤਰ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਮਹਾਨ ਗੁਰਮਤਿ ਸਮਾਗਮ

ਮਸਤੂਆਣਾ ਸਾਹਿਬ, 15 ਮਾਰਚ (ਚ.ਨ.ਸ.) : ਰਾਜਯੋਗੀ, ਪਰਉਪਕਾਰੀ ਅਤੇ 20ਵੀਂ ਸਦੀ ਦੇ ਮਹਾਨ ਸੰਤ ਬਾਬਾ ਅਤਰ ਸਿੰਘ ਜੀ ਮਹਾਰਾਜ ਮਸਤੂਆਣਾ ਸਾਹਿਬ ਵਾਲਿਆਂ ਦੇ 160ਵੇਂ ਜਨਮ ਦਿਹਾੜੇ ਦੀ ਖ਼ੁਸ਼ੀ ਵਿਚ ਗੁਃ ਜਨਮ ਅਸਥਾਨ ਚੀਮਾਂ ਸਾਹਿਬ ਵਿਖੇ ਮਿਤੀ 17 ਮਾਰਚ 2026 ਤੱਕ ਮਹਾਨ ਗੁਰਮਤਿ ਸਮਾਗਮ ਬੜੇ ਪ੍ਰੇਮ-ਉਤਸ਼ਾਹ ਅਤੇ ਚੜ੍ਹਦੀਕਲਾ ਨਾਲ ਮਨਾਇਆ ਜਾ ਰਿਹਾ ਹੈ। ਪ੍ਰੋਗਰਾਮ ਅਨੁਸਾਰ 6 ਫਰਵਰੀ ਤੋਂ 17 ਮਾਰਚ ਤੱਕ 151 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। 13 ਤੇ 14 ਮਾਰਚ - ਕਥਾ-ਕੀਰਤਨ ਦੀਵਾਨ ਸਜਾਏ ਜਾ ਰਹੇ ਹਨ ਜਿਨ੍ਹਾਂ ਵਿਚ ਸੰਤਾਂ-ਮਹਾਂਪੁਰਸ਼ਾਂ ਤੇ ਰਾਗੀ-ਢਾਡੀ ਜਥਿਆਂ ਵੱਲੋਂ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ੧੫ ਮਾਰਚ ਨੂੰ ਮਹਾਨ ਨਗਰ ਕੀਰਤਨ ਸਜਾਏ ਜਾਣਗੇ ਜੋ ਕਿ ਸਵੇਰੇ 7 ਵਜੇ ਗੁਃ ਜਨਮ ਅਸਥਾਨ ਸਾਹਿਬ ਤੋਂ ਆਰੰਭਤਾ ਅਤੇ ਸ਼ਾਮੀ ੬ ਵਜੇ ਗੁਃ ਨਾਨਕਸਰ ਸਾਹਿਬ ਵਿਖੇ ਸਮਾਪਤੀ ਹੋਵੇਗੀ। 16 ਮਾਰਚ ਨੂੰ ਸਵੇਰੇ 'ਸੰਤ ਸਮਾਗਮ' ਅਤੇ ਰਾਤ ਨੂੰ 'ਰੈਣ-ਸਬਾਈ ਕੀਰਤਨ' ਦਰਬਾਰ ਹੋਵੇਗਾ। 17 ਮਾਰਚ ਨੂੰ ਭੋਗ ਆਰਤੀ ਤੇ ਅਰਦਾਸ ਅਤੇ ਧਾਰਮਿਕ ਦੀਵਾਨ ਅੰਮ੍ਰਿਤ ਵੇਲੇ 1 ਵਜੇ ਸੰਤ ਜੀ ਦੇ ਜਨਮ ਸਮੇਂ ਭੋਗ, ਆਰਤੀ ਅਤੇ ਅਰਦਾਸ ਉਪਰੰਤ ਸਵੇਰ ਤੋਂ ਸ਼ਾਮ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ। ਸੰਸਥਾਂ ਵੱਲੋਂ ਸੰਗਤਾਂ ਨੂੰ ਸਮੇਂ ਸਿਰ ਪੁੱਜ ਕੇ ਸਾਰੇ ਪ੍ਰੋਗਰਾਮਾਂ ਦਾ ਆਨੰਦ ਲੈਣ ਲਈ ਬੇਨਤੀ ਕੀਤੀ ਹੈ। 17 ਮਾਰਚ ਸਵੇਰੇ 11 ਵਜੇ ਗੁਃ ਨਾਨਕਸਰ ਸਾਹਿਬ ਵਿਖੇ ਅੰਮ੍ਰਿਤ-ਸੰਚਾਰ ਹੋਵੇਗਾ।

# ਐਨ.ਸੀ.ਸੀ.ਟੀ. ਸਕੱਤਰ ਮੀਨੂ ਸ਼ੁਕਲਾ ਵੱਲੋਂ ਸਹਿਕਾਰੀ ਸਿਖਲਾਈ ਪ੍ਰੋਗਰਾਮਾਂ ਨੂੰ ਮਜ਼ਬੂਤ ਕਰਨ 'ਤੇ ਜ਼ੋਰ

ਚੰਡੀਗੜ੍ਹ, 15 ਮਾਰਚ (ਚ.ਨ.ਸ.) : ਸ਼੍ਰੀਮਤੀ ਮੀਨੂ ਸ਼ੁਕਲਾ, IRS, ਨੈਸ਼ਨਲ ਕੌਂਸਲ ਫਾਰ ਕੋਆਪਰੇਟਿਵ ਟ੍ਰੇਨਿੰਗ, ਨਵੀਂ ਦਿੱਲੀ ਨੇ 13 ਮਾਰਚ, 2026 ਨੂੰ ਖੇਤਰੀ ਸਹਿਕਾਰੀ ਪ੍ਰਬੰਧਨ ਸੰਸਥਾ, ਸੈਕਟਰ 32-3, ਚੰਡੀਗੜ੍ਹ ਦਾ ਦੌਰਾ ਕੀਤਾ। ਉਨ੍ਹਾਂ ਨੇ ਸੰਸਥਾ ਦੇ ਪ੍ਰਦਰਸ਼ਨ ਦੀ ਸਮੀਖਿਆ ਕੀਤੀ ਅਤੇ ਸੰਸਥਾ ਦੁਆਰਾ ਪੇਸ਼ ਕੀਤੀਆਂ ਗਈਆਂ ਵੱਖ-ਵੱਖ ਗਤੀਵਿਧੀਆਂ ਅਤੇ ਸਿਖਲਾਈ ਪ੍ਰੋਗਰਾਮਾਂ ਨੂੰ ਦੇਖਿਆ। ਆਪਣੇ ਦੌਰੇ ਦੌਰਾਨ, ਸ਼੍ਰੀਮਤੀ ਸ਼ੁਕਲਾ ਨੇ ਸੰਸਥਾ ਦੇ ਅਧਿਕਾਰੀਆਂ ਅਤੇ ਫੈਕਲਟੀ ਮੈਂਬਰਾਂ ਨਾਲ ਵਿਸਤ੍ਰਿਤ ਚਰਚਾ ਕੀਤੀ। ਉਨ੍ਹਾਂ ਨੇ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਲਈ ਸੰਸਥਾ ਦੇ ਸਿਖਲਾਈ ਪਹਿਲਕਦਮੀਆਂ ਦੀ ਸ਼ਲਾਘਾ ਕੀਤੀ ਅਤੇ ਸਿਖਲਾਈ ਪ੍ਰੋਗਰਾਮਾਂ ਦੀ ਗੁਣਵੱਤਾ ਅਤੇ ਦਾਇਰੇ ਨੂੰ ਹੋਰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸਹਿਕਾਰੀ ਸੰਸਥਾਵਾਂ ਦੀਆਂ ਵਿਕਸਤ ਹੋ ਰਹੀਆਂ ਜ਼ਰੂਰਤਾਂ ਦੇ ਅਨੁਸਾਰ ਸਿਖਲਾਈ ਪ੍ਰੋਗਰਾਮਾਂ ਨੂੰ ਵਿਕਸਤ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਸ਼੍ਰੀਮਤੀ ਸ਼ੁਕਲਾ ਨੇ ਸੰਸਥਾ ਦੇ ਸਟਾਫ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਵੱਖ-ਵੱਖ ਸ਼ਿਕਾਇਤਾਂ ਅਤੇ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ। ਆਪਣੀ ਫੇਰੀ ਦੌਰਾਨ, ਸ਼੍ਰੀਮਤੀ ਸ਼ੁਕਲਾ ਨੇ ਹਰਿਆਣਾ ਰਾਜ ਸਹਿਕਾਰੀ ਸਪਲਾਈ ਅਤੇ ਮਾਰਕੀਟਿੰਗ ਫੈਡਰੇਸ਼ਨ (81654), ਪੰਚਕੂਲਾ, ਹਰਿਆਣਾ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਸਿਖਲਾਈ ਪ੍ਰੋਗਰਾਮਾਂ ਦੀ ਸੰਭਾਵਨਾ ਦਾ ਮੁਲਾਂਕਣ ਕੀਤਾ ਅਤੇ ਸਹਿਕਾਰੀ ਖੇਤਰ ਵਿੱਚ ਸਿਖਲਾਈ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਮੌਕਿਆਂ 'ਤੇ ਵਿਚਾਰ ਕੀਤਾ। ਸੰਸਥਾ ਦੇ ਕੰਮ ਦੀ ਸਮੀਖਿਆ ਕਰਦੇ ਹੋਏ, ਸ਼੍ਰੀਮਤੀ ਸ਼ੁਕਲਾ ਨੇ ਸਹਿਕਾਰੀ ਸੰਸਥਾਵਾਂ ਲਈ ਸਿਖਲਾਈ, ਖੋਜ ਅਤੇ ਸਮਰੱਥਾ ਨਿਰਮਾਣ ਪ੍ਰੋਗਰਾਮਾਂ ਨੂੰ ਸਫਲਤਾਪੂਰਵਕ ਚਲਾਉਣ ਵਿੱਚ RICM ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਸੰਸਥਾ ਨੂੰ ਭਵਿੱਖ ਵਿੱਚ ਸਿਖਲਾਈ ਦੇ ਨਵੇਂ ਅਤੇ ਉੱਭਰ ਰਹੇ ਖੇਤਰਾਂ ਦੀ ਪੜਚੋਲ ਕਰਨ ਲਈ ਵੀ ਉਤਸ਼ਾਹਿਤ ਕੀਤਾ। ਦੌਰੇ ਦੇ ਅੰਤ ਵਿੱਚ, RICM ਦੇ ਡਾਇਰੈਕਟਰ ਡਾ. ਆਰ.ਕੇ. ਸ਼ਰਮਾ ਨੇ ਸੰਸਥਾ ਦਾ ਦੌਰਾ ਕਰਨ, ਮਾਰਗਦਰਸ਼ਨ ਪ੍ਰਦਾਨ ਕਰਨ ਅਤੇ ਸੰਸਥਾ ਦੇ ਭਵਿੱਖ ਦੇ ਸਿਖਲਾਈ ਪ੍ਰੋਗਰਾਮਾਂ ਅਤੇ ਗਤੀਵਿਧੀਆਂ ਦੇ ਵਿਕਾਸ ਲਈ ਕੀਮਤੀ ਸੁਝਾਅ ਪ੍ਰਦਾਨ ਕਰਨ ਲਈ ਸ਼੍ਰੀਮਤੀ ਮੀਨੂ ਸ਼ੁਕਲਾ ਦਾ ਦਿਲੋਂ ਧੰਨਵਾਦ ਕੀਤਾ।






# ਸਿਰਫ 10 ਦਿਨਾਂ 'ਚ ਲਿਬਨਾਨ 'ਚ ਅੱਠ ਲੱਖ ਤੋਂ ਵੱਧ ਲੋਕ ਜੰਗ ਕਾਰਨ ਬੇਘਰ ਹੋਏ

## ☛ ਲਿਬਨਾਨ 'ਚ 700 ਤੋਂ ਵੱਧ ਲੋਕਾਂ ਦੀ ਮੌਤ

ਬੈਰੂਤ, 15 ਮਾਰਚ (ਚ.ਨ.ਸ): ਫਾਤਿਮਾ ਨਜ਼ਾ ਨੂੰ ਇਜ਼ਰਾਈਲੀ ਫੌਜ ਵੱਲੋਂ ਇਲਾਕਾ ਖ਼ਾਲੀ ਕਰਨ ਦੇ ਵੱਡੇ ਹੁਕਮ ਤੋਂ ਬਾਅਦ ਬੈਰੂਤ ਦੇ ਦੱਖਣੀ ਉਪਨਗਰਾਂ ਵਿੱਚ ਆਪਣੇ ਘਰ ਤੋਂ ਭੱਜਣ ਪਿੱਛੋਂ ਦੋ ਦਿਨ ਸੜਕ 'ਤੇ ਸੌਣਾ ਪਿਆ। ਸਰਕਾਰ ਵੱਲੋਂ ਆਸਰਾ ਘਰਾਂ ਵਿੱਚ ਤਬਦੀਲ ਕੀਤੇ ਗਏ ਸਾਰੇ ਸਕੂਲ ਭਰ ਚੁੱਕੇ ਸਨ ਤੇ ਉਸ ਦਾ ਪਰਿਵਾਰ ਹੋਟਲ ਜਾਂ ਅਪਾਰਟਮੈਂਟ ਦਾ ਖ਼ਰਚਾ ਨਹੀਂ ਚੁੱਕ ਸਕਦਾ ਸੀ। ਆਖ਼ਰਕਾਰ ਉਹ ਤੇ ਉਸ ਦਾ ਪਤੀ ਦੇਸ਼ ਦੇ ਸਭ ਤੋਂ ਵੱਡੇ ਸਟੇਡੀਅਮ ਵਿੱਚ ਟੈਂਟ 'ਚ ਚਲੇ ਗਏ, ਜਦੋਂ ਕਿ ਉਨ੍ਹਾਂ ਦੇ ਬੱਚਿਆਂ ਤੇ ਪੋਤੇ-ਪੋਤੀਆਂ ਨੇ ਦੱਖਣੀ ਸਾਹਿਲੀ ਸ਼ਹਿਰ ਸਿਡਨ ਦੇ ਨੇੜੇ ਪਨਾਹ ਲਈ। ਨਾਰਵੇਜਿਅਨ ਰਿਫਿਊਜੀ ਕੌਂਸਲ ਅਨੁਸਾਰ ਸਿਰਫ 10 ਦਿਨਾਂ ਵਿੱਚ ਲਿਬਨਾਨ 'ਚ ਅੱਠ ਲੱਖ ਤੋਂ ਵੱਧ ਲੋਕ ਜੰਗ ਕਾਰਨ ਬੇਘਰ ਹੋ ਚੁੱਕੇ ਹਨ। ਇਹ ਇਸ ਛੋਟੇ ਜਿਹੇ ਮੁਲਕ ਦੀ ਆਬਾਦੀ ਦਾ ਹਰ ਸੱਤਵਾਂ ਵਿਅਕਤੀ ਬਣਦਾ ਹੈ। ਆਰਥਿਕ ਤੰਗੀ ਨਾਲ ਜੂਝ ਰਹੀ ਸਰਕਾਰ ਸਿਰਫ 1,20,000 ਦੇ ਕਰੀਬ ਲੋਕਾਂ ਨੂੰ ਹੀ ਰਿਹਾਇਸ਼ ਦੇਣ ਦੇ ਯੋਗ ਹੋ ਸਕੀ ਹੈ, ਕਿਉਂਕਿ ਉਹ ਨਵੇਂ ਆਸਰਾ ਘਰ ਖੋਲ੍ਹਣ ਤੇ ਸਪਲਾਈ ਲਿਆਉਣ ਲਈ ਸੰਘਰਸ਼ ਕਰ ਰਹੀ ਹੈ। ਵੀਲ੍ਹਚੇਅਰ ਦੀ ਵਰਤੋਂ ਕਰਨ ਵਾਲੀ ਨਜ਼ਾ ਨੇ ਦੱਸਿਆ ਕਿ ਪਿਛਲੀ ਵਾਰ (ਇੱਕ ਸਾਲ ਪਹਿਲਾਂ) ਦੇ ਮੁਕਾਬਲੇ ਇਸ ਵਾਰ ਘਰੋਂ ਨਿਕਲਣਾ ਬਹੁਤ ਮੁਸ਼ਕਿਲ ਰਿਹਾ ਹੈ। ਇਜ਼ਰਾਈਲ ਦੇ ਹਮਲੇ ਇਸ ਵਾਰ ਵਧੇਰੇ ਤਿੱਖੇ ਹਨ। ਲਿਬਨਾਨ ਵਿੱਚ 700 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ, ਜਿਨ੍ਹਾਂ ਵਿੱਚ 103 ਬੱਚੇ ਸ਼ਾਮਲ ਹਨ।

# ਗੁ. ਛੋਟਾ ਨਾਨਕਿਆਣਾ ਦੀ ਇਮਾਰਤ ਰੱਖ-ਰਖਾਅ ਦੀ ਘਾਟ ਕਾਰਨ ਪੂਰੀ ਤਰ੍ਹਾਂ ਨਾਲ ਢਹਿ-ਢੇਰੀ

ਅੰਮ੍ਰਿਤਸਰ, 15 ਮਾਰਚ (ਚ.ਨ.ਸ): ਪਾਕਿਸਤਾਨ ਦੇ ਜ਼ਿਲ੍ਹਾ ਲਾਹੌਰ ਦੇ ਪਿੰਡ ਮਾਂਗਾ ਮੰਡੀ 'ਚ ਸਥਾਪਤ ਗੁਰਦੁਆਰਾ ਛੋਟਾ ਨਾਨਕਿਆਣਾ ਦੀ ਇਮਾਰਤ ਰੱਖ-ਰਖਾਅ ਦੀ ਘਾਟ ਕਾਰਨ ਪੂਰੀ ਤਰ੍ਹਾਂ ਨਾਲ ਢਹਿ-ਢੇਰੀ ਹੋ ਚੁੱਕੀ ਹੈ। ਗੁਰਦੁਆਰਾ ਸਾਹਿਬ ਦੀਆਂ ਸਾਰੀਆਂ ਛੱਤਾਂ, ਦਰਵਾਜ਼ੇ, ਖਿੜਕੀਆਂ ਗਾਇਬ ਹਨ ਤੇ ਥਾਂ-ਥਾਂ 'ਤੇ ਮਲਬੇ ਦੇ ਢੇਰ ਲੱਗੇ ਹੋਏ ਹਨ। ਲਾਹੌਰ-ਮੁਲਤਾਨ ਰੋਡ 'ਤੇ ਪੁਲਿਸ ਥਾਣਾ ਮਾਂਗਾ ਦੇ ਬਿਲਕੁਲ ਪਿੱਛੇ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਤ ਯਾਦਗਾਰ ਗੁਰਦੁਆਰਾ ਛੋਟਾ ਨਾਨਕਿਆਣਾ ਬਾਰੇ ਮਹਾਨ ਕੋਸ਼ ਦੇ ਸਫ਼ਾ 960 'ਤੇ ਦਰਜ ਹੈ ਕਿ ਇਸ ਸਥਾਨ 'ਤੇ ਗੁਰੂ ਸਾਹਿਬ ਸੰਗਤਾਂ ਨੂੰ ਉਪਦੇਸ਼ ਦੇਣੇ ਲਈ ਕੰਗਣਪੁਰ ਨੂੰ ਜਾਂਦੇ ਹੋਏ ਪਧਾਰੇ ਸਨ। ਇਸ ਅਸਥਾਨ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀ ਚਰਨ ਛੋਹ ਵੀ ਪ੍ਰਾਪਤ ਹੈ। ਸੰਗਤਾਂ ਨੇ ਬਾਅਦ 'ਚ ਇੱਥੇ ਇੱਕ ਆਲੀਸ਼ਾਨ ਗੁਰਦੁਆਰਾ ਬਣਾਇਆ ਤੇ ਸਰੋਵਰ ਦਾ ਵੀ ਨਿਰਮਾਣ ਕੀਤਾ। ਇੱਥੇ ਵਿਸਾਖੀ ਦਾ ਬਹੁਤ ਭਾਰੀ ਮੇਲਾ ਲੱਗਦਾ ਸੀ। ਦੇਸ਼ ਦੀ ਵੰਡ ਵੇਲੇ ਹਿੰਦੂ-ਸਿੱਖ ਸ਼ਰਨਾਰਥੀਆਂ ਦੇ ਠਹਿਰਨ ਦਾ ਪ੍ਰਬੰਧ ਇਸ ਅਸਥਾਨ 'ਤੇ ਵੀ ਕੀਤਾ ਗਿਆ ਸੀ। ਜਿਸ ਕਾਰਨ ਦੰਗਾਕਾਰੀਆਂ ਨੇ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਅੱਗ ਲੱਗਾ ਦਿੱਤੀ, ਜਿਸ ਨਾਲ ਇਮਾਰਤ ਨੂੰ ਭਾਰੀ ਨੁਕਸਾਨ ਪਹੁੰਚਿਆ। ਅਮਰੀਕਾ ਆਧਾਰਿਤ ਜੀਵੇ ਸਾਂਝਾ ਪੰਜਾਬ ਨਾਮੀ ਜਥੇਬੰਦੀ ਦੇ ਡਾ. ਤਰੁਨਜੀਤ ਸਿੰਘ ਬੁਤਾਲੀਆ (ਪ੍ਰੋ. ਓਹਿਓ ਸਟੇਟ ਯੂਨੀਵਰਸਿਟੀ, ਯੂ.ਐਸਏ.) ਨੇ ਇੱਕ ਅਖ਼ਬਾਰ ਨਾਲ ਅਸਥਾਨ ਦੀ ਮੌਜੂਦਾ ਹਾਲਤ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅਸਥਾਨ ਦੇ ਨਾਂਅ 'ਤੇ ਵੰਡ ਤੋਂ ਪਹਿਲਾਂ 620 ਏਕੜ ਜ਼ਮੀਨ ਸੀ। ਜਿਸ ਬਾਰੇ ਭੂਮੀ ਰਿਕਾਰਡ 'ਚ ਅਜੇ ਵੀ ਜਾਣਕਾਰੀ ਦਰਜ ਹੈ। ਉਨ੍ਹਾਂ ਨੇ ਪਾਕਿ ਸਰਕਾਰ ਤੋਂ ਗੁਰਦੁਆਰਾ ਸਾਹਿਬ ਦੀ ਨਵਉਸਾਰੀ ਦੀ ਮੰਗ ਕਰਦਿਆਂ ਹੋਰਨਾਂ ਸਿੱਖ ਧਾਰਮਿਕ ਅਸਥਾਨਾਂ ਦੀ ਸੇਵਾ-ਸੰਭਾਲ ਦੀ ਵੀ ਅਪੀਲ ਕੀਤੀ ਹੈ।



# ਜਥੇ. ਸੰਤ ਬਾਬਾ ਮਹਿੰਦਰ ਸਿੰਘ ਦੀ ਗੁ. ਯਾਦਗਾਰ ਸਾਹਿਬ ਜਰਗ ਵਿਖੇ ਬਰਸੀ ਮਨਾਈ

ਜੋੜੇਪੁਲ ਜਰਗ, 15 ਮਾਰਚ (ਚ.ਨ.ਸ): ਮਹਾਨ ਯੁੱਗ ਪੁਰਸ਼ ਤੇ ਗੁਰਦੁਆਰਾ ਯਾਦਗਾਰ ਸਾਹਿਬ ਜਰਗ ਦੇ ਬਾਨੀ ਜਥੇ. ਸੰਤ ਬਾਬਾ ਮਹਿੰਦਰ ਸਿੰਘ (ਰਾੜਾ ਸਾਹਿਬ) ਜਰਗ ਵਾਲਿਆਂ ਦੀ ਸਾਲਾਨਾ ਬਰਸੀ ਗੁ. ਯਾਦਗਾਰ ਸਾਹਿਬ ਵਿਖੇ ਗੁਰਦੁਆਰਾ ਮੁਖੀ ਸੰਤ ਬਾਬਾ ਭੁਪਿੰਦਰ ਸਿੰਘ (ਰਾੜਾ ਸਾਹਿਬ) ਜਰਗ ਵਾਲਿਆਂ ਦੀ ਸਰਪ੍ਰਸਤੀ ਹੇਠ ਪੂਰੀ ਸ਼ਰਧਾ ਤੇ ਸਤਿਕਾਰ ਭਾਵਨਾ ਨਾਲ ਮਨਾਈ ਗਈ। ਰੈਣ ਸਬਾਈ ਵਾਲੀ ਰਾਤ ਨੂੰ ਰਾੜਾ ਸਾਹਿਬ ਸੰਪਰਦਾ ਦੇ ਮੌਜੂਦਾ ਮੁਖੀ ਸੇਵਾ ਦੇ ਪੁੰਜ ਸੰਤ ਬਾਬਾ ਅਮਰ ਸਿੰਘ ਰਾੜਾ ਸਾਹਿਬ (ਭੌਰਾ ਸਾਹਿਬ) ਵਾਲਿਆਂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਤੇ ਸੰਤ ਬਾਬਾ ਭੁਪਿੰਦਰ ਸਿੰਘ ਨਾਲ ਮਹਾਨ ਯੁੱਗ ਜਥੇਦਾਰ ਬਾਬਾ ਮਹਿੰਦਰ ਸਿੰਘ (ਰਾੜਾ ਸਾਹਿਬ) ਜਰਗ ਵਾਲਿਆਂ ਨਾਲ ਬਿਤਾਏ ਪਲਾਂ ਦੀ ਯਾਦਾਂ ਸਾਂਝੀਆਂ ਕੀਤੀਆਂ। ਸੰਤ ਬਾਬਾ ਭੁਪਿੰਦਰ ਸਿੰਘ ਨੇ ਸੰਤ ਬਾਬਾ ਅਮਰ ਸਿੰਘ (ਭਰਾ ਸਾਹਿਬ) ਰਾੜਾ ਸਾਹਿਬ ਵਾਲਿਆਂ ਨੂੰ ਲੋਈ ਯਾਦਗਾਰੀ ਚਿੰਨ੍ਹ ਤੇ ਸਿਰੋਪਾਏ ਦੇ ਕੇ ਸਨਮਾਨਤ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕ ਜਥੇਦਾਰ ਭਾਈ ਰਣਜੀਤ ਸਿੰਘ ਨੇ ਗੁਰਮਤਿ ਵਿਚਾਰਾਂ ਦੁਆਰਾ ਸੰਗਤਾਂ ਨਾਮ ਬਾਣੀ ਲੜ ਲੱਗਣ ਪ੍ਰੇਰਿਤ ਕੀਤਾ। ਉਘੇ ਪੰਥਕ ਵਿਦਵਾਨ ਭਾਈ ਹਰਪ੍ਰੀਤ ਸਿੰਘ ਮਖੂ ਨੇ ਲਗਾਤਾਰ ਦੋ ਦਿਨ ਗੁਰਮਤਿ ਵਿਚਾਰਾਂ ਦੇ ਨਾਲ-ਨਾਲ ਜਥੇਦਾਰ ਬਾਬਾ ਮਹਿੰਦਰ ਸਿੰਘ ਦੇ ਪਰਉਪਕਾਰੀ ਜੀਵਨ ਬਾਰਾ ਚਾਨਣਾ ਪਾਇਆ। 9 ਮਾਰਚ ਤੋਂ 14 ਮਾਰਚ ਸਵੇਰ ਤੱਕ ਜਾਰੀ ਰਹੇ ਸਮਾਗਮਾਂ ਵਿੱਚ ਵੱਖ ਵੱਖ ਸੰਪਰਦਾਵਾਂ ਦੇ ਮੁਖੀਆਂ, ਸੰਤ ਮਹਾਂਪੁਰਸ਼, ਰਾਗੀ ਢਾਡੀਆਂ, ਕਵੀਸ਼ਰਾਂ, ਕੀਰਤਨੀ ਜੱਥਿਆਂ, ਪੰਥ ਪ੍ਰਸਿੱਧ ਵਿਦਵਾਨਾਂ, ਸਰਪੰਚਾਂ, ਪੰਚਾਂ, ਕਵੀਆਂ, ਇਲਾਕੇ ਦੀਆਂ ਧਾਰਮਿਕ, ਸਮਾਜਿਕ, ਸੰਸਥਾਵਾਂ ਦੇ ਮੁਖੀਆਂ ਤੇ ਪਤਵੰਤਿਆਂ ਨੇ ਵੱਡੀ ਗਿਣਤੀ 'ਚ ਹਾਜ਼ਰੀ ਭਰੀ। ਰੈਣ ਸੁਬਾਈ ਵਾਲੀ ਰਾਤ ਨੂੰ ਰਾੜਾ ਸਾਹਿਬ ਦੇ ਮੁੱਖ ਕੀਰਤੀਏ ਭਾਈ ਸੁਖਵਿੰਦਰ ਸਿੰਘ ਰਾੜਾ ਸਾਹਿਬ, ਸੰਤ ਬਾਬਾ ਅਮਰ ਸਿੰਘ ਰਾੜਾ ਸਾਹਿਬ, ਭਾਈ ਗੁਰਸੇਵਕ ਸਿੰਘ ਘੱਵਦੀ, ਭਾਈ ਹਰਪਾਲ ਸਿੰਘ ਬਿਜਲੀਪੁਰ, ਜਿੰਮੀ ਲੁਧਿਆਣਾ, ਗਿਆਨੀ ਗੁਰਤਾਰ ਸਿੰਘ ਚਾਪੜ, ਸੰਤ ਰਜਨੀਸ਼ ਸਿੰਘ ਨੱਥੂਮਾਜਰਾ, ਬਾਬਾ ਮਨਦੀਪ ਸਿੰਘ ਅਤਰਸਰ, ਬਾਬਾ ਬਲਵੀਰ ਸਿੰਘ, ਜਥੇਦਾਰ ਬਾਬਾ ਸਿੰਘ, ਬਾਬਾ ਦਰਸ਼ਨ ਸਿੰਘ ਭੀਖੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਣਧੀਰ ਸਿੰਘ, ਬਾਬਾ ਜਸਵੀਰ ਸਿੰਘ ਮੂੰਡ ਖੇੜਾ, ਸੰਤ ਬਾਬਾ ਬਲਕਾਰ ਸਿੰਘ ਰੱਖੜਾ, ਸੰਤ ਜਗਤਾਰ ਸਿੰਘ ਕਾਦਰਬਾਦ, ਸੰਤ ਜਤਿੰਦਰ ਸਿੰਘ ਢੱਡਿਆਂ ਵਾਲੇ, ਗਿਆਨੀ ਜਸਪ੍ਰੀਤ ਸਿੰਘ ਨਾਨਕਸਰ, ਭਾਈ ਅਮਨਦੀਪ ਸਿੰਘ ਸਮੇਤ ਹੋਰਨਾਂ ਨੇ ਸ਼ਿਰਕਤ ਕੀਤੀ।

# ਨਕਲੀ ਦੁੱਧ ਕਾਰਨ ਡੇਅਰੀ ਧੰਦਾ ਤਬਾਹੀ ਕਿਨਾਰੇ, ਬੀਕੇਯੂ ਕਾਦੀਆਂ ਨੇ ਯੂਰੀਆ ਖਾਦ ਦੀ ਘਾਟ ਦਾ ਮੁੱਦਾ ਵੀ ਚੁੱਕਿਆ



ਬੰਗਾ, 15 ਮਾਰਚ (ਪ੍ਰਭਜੋਤ ਸਿੰਘ): ਅੱਜ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਬੱਲੋਵਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਿਸਾਨੀ ਮੁੱਦਿਆਂ ਬਾਰੇ ਵਿਚਾਰਾਂ ਕੀਤੀਆਂ ਗਈਆਂ ਜਿਵੇਂ ਕਿ ਨਕਲੀ ਦੁੱਧ ਸੂਬੇ ਵਿੱਚ 60 ਫੀਸਦੀ ਵਿਕ ਰਿਹਾ ਹੈ ਅਸਲੀ ਦੁੱਧ 40 ਫੀਸਦੀ ਵਿਕ ਰਿਹਾ ਹੈ, ਉਸ ਵਿੱਚ ਕਿਸਾਨਾਂ ਤੇ ਡੇਅਰੀ ਵਾਲਿਆਂ ਦਾ ਦੁੱਧ ਸਸਤੇ ਭਾਵ ਵਿਕ ਰਿਹਾ ਹੈ। ਕਿਸਾਨਾਂ ਨੂੰ ਪਸ਼ੂਆਂ ਵਿੱਚ ਬਹੁਤ ਵੱਡਾ ਘਾਟਾ ਪੈ ਗਿਆ ਹੈ। ਡੇਅਰੀ ਧੰਦਾ ਖਤਮ ਹੋ ਰਿਹਾ ਹੈ, ਅਸੀਂ ਮੰਗ ਕਰਦੇ ਹਾਂ ਕਿ ਦੁੱਧ ਦਾ ਘੱਟੋ-ਘੱਟ ਰੇਟ 100 ਰੁਪਏ ਪ੍ਰਤੀ ਲੀਟਰ ਕੀਤਾ ਜਾਵੇ ਤੇ ਫਗਵਾੜਾ ਗੰਨਾ ਮਿੱਲ ਦਾ ਬਕਾਇਆ ਕਿਸਾਨਾਂ ਦੇ ਖਾਤਿਆਂ ਵਿੱਚ ਜਲਦ ਤੋਂ ਜਲਦ ਪਾਇਆ ਜਾਵੇ ਤੇ ਕੋਆਪਰੇਟ ਸੁਸਾਇਟੀਆਂ ਦਾ ਕਰਜ਼ਾ ਮੁਆਫ ਕੀਤਾ ਜਾਵੇ, ਕਿਸਾਨ ਪਹਿਲਾਂ ਹੀ ਬਹੁਤ ਘਾਟੇ ਵਿੱਚ ਜਾ ਰਹੇ ਹਨ ਤੇ ਜੋ ਯੂਰੀਆ ਖਾਦ ਦੀ ਬਹੁਤ ਵੱਡੀ ਘਾਟ ਆਉਣ ਕਰਕੇ ਜ਼ਿੰਮੀਦਾਰ ਨੂੰ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਆਉਣ ਵਾਲੇ ਸਮੇਂ ਵਿੱਚ ਯੂਰੀਆ ਖਾਦ ਦੀ ਘਾਟ ਪੂਰੀ ਕੀਤੀ ਜਾਵੇ ਤਾਂ ਕਿ ਜੋ ਕਿਸਾਨ ਆਪਣੀ ਮੱਕੀ ਦੀ ਫਸਲ ਤੇ ਕਮਾਦ ਸਮੇਂ ਸਿਰ ਬਿਜਾਈ ਕਰਕੇ ਸਾਂਭ-ਸੰਭਾਲ ਕਰ ਸਕਣ। ਇਸ ਸਮੇਂ ਪਹੁੰਚੇ ਹੋਏ ਕਿਸਾਨ ਆਗੂ ਸੁਖਵਿੰਦਰ ਸਿੰਘ ਬਲੋਵਾਲ ਜ਼ਿਲ੍ਹਾ ਪ੍ਰਧਾਨ ਜਸਪ੍ਰੀਤ ਸਿੰਘ ਜੀਂਦੋਵਾਲ ਗੁਰਨੇਕ ਸਿੰਘ ਖਟਕੜ ਕਲਾਂ ਅਜੀਤ ਸਿੰਘ ਬਲੋਵਾਲ ਜਸਪਾਲ ਸਿੰਘ ਮੱਲਾ ਸੋਡੀਆ ਗੁਰਸੇਵ ਸਿੰਘ ਨੂਰਪੁਰ ਵਾਈਸ ਪ੍ਰਧਾਨ ਸਰਨਜੀਤ ਸਿੰਘ ਭਜਨ ਸਿੰਘ ਹਸਨ ਲਾਲ ਸੋਹਨ ਸਿੰਘ ਸਤਵਿੰਦਰ ਸਿੰਘ ਬਲਜੀਤ ਕੁਮਾਰ ਹਰਪ੍ਰੀਤ ਸਿੰਘ ਅਮਨਦੀਪ ਸਿੰਘ ਇੰਦਰਜੀਤ ਸਿੰਘ ਲਖਬੀਰ ਸਿੰਘ ਸਤਵੀਰ ਸਿੰਘ ਬਲਜਿੰਦਰ ਸਿੰਘ ਬਲਵੰਤ ਸਿੰਘ ਸ਼ਾਮਲ ਸਨ।

# ਕੌਮੀ ਲੋਕ ਅਦਾਲਤ 'ਚ 26,069 ਕੇਸਾਂ ਦਾ ਨਿਪਟਾਰਾ, 13.84 ਕਰੋੜ ਰੁਪਏ ਤੋਂ ਵੱਧ ਦੇ ਐਵਾਰਡ ਪਾਸ

ਹੁਸ਼ਿਆਰਪੁਰ, 15 ਮਾਰਚ (ਦੀਪਕ ਅਗਨੀਹੋਤਰੀ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ ਸ਼ਨੀਵਾਰ ਨੂੰ ਜ਼ਿਲ੍ਹੇ ਵਿੱਚ ਸਾਲ ਦੀ ਪਹਿਲੀ ਰਾਸ਼ਟਰੀ ਲੋਕ ਅਦਾਲਤ ਲਗਾਈ ਗਈ। ਇਹ ਲੋਕ ਅਦਾਲਤ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਿੰਦਰ ਅਗਰਵਾਲ ਦੀ ਪ੍ਰਧਾਨਗੀ ਹੇਠ ਲਗਾਈ ਗਈ।ਇਸ ਲੋਕ ਅਦਾਲਤ ਵਿੱਚ ਐਨ.ਆਈ. ਐਕਟ ਦੀ ਧਾਰਾ 138 ਨਾਲ ਸਬੰਧਤ ਮਾਮਲੇ (ਲੰਬਿਤ ਤੇ ਪ੍ਰੀ-ਲਿਟੀਗੇਸ਼ਨ ਬੈਂਕ ਰਿਕਵਰੀ ਕੇਸ), ਕਿਰਤ ਵਿਵਾਦ, ਮੋਟਰ ਦੁਰਘਟਨਾ ਦੇ ਦਾਅਵੇ ਮਾਮਲੇ, ਬਿਜਲੀ-ਪਾਣੀ ਦੇ ਬਿੱਲਾਂ ਨਾਲ ਜੁੜੇ ਮਾਮਲੇ (ਗੈਰ-ਕੰਪਾਉਂਡੇਬਲ ਮਾਮਲਿਆਂ ਨੂੰ ਛੱਡ ਕੇ), ਵਿਆਹ ਸਬੰਧੀ ਝਗੜੇ, ਟ੍ਰੈਫਿਕ ਚਲਾਨ, ਮਾਲੀਆ ਮਾਮਲੇ ਤੇ ਹੋਰ ਸਿਵਲ ਤੇ ਘੱਟ ਗੰਭੀਰ ਅਪਰਾਧਕ ਮਾਮਲਿਆਂ ਸਮੇਤ ਘਰੇਲੂ ਝਗੜਿਆਂ ਦੀ ਸੁਣਵਾਈ ਲਈ ਰੱਖੇ ਗਏ। ਜਾਣਕਾਰੀ ਦਿੰਦੇ ਹੋਏ ਸੀ.ਜੇ.ਐਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਦੱਸਿਆ ਕਿ ਲੋਕ ਅਦਾਲਤ ਦੀ ਸਫਲਤਾ ਲਈ ਜ਼ਿਲ੍ਹੇ ਵਿੱਚ ਕੁੱਲ 19 ਬੈਂਚਾਂ ਦਾ ਗਠਨ ਕੀਤਾ ਗਿਆ। ਇਨ੍ਹਾਂ ਵਿੱਚ ਹੁਸ਼ਿਆਰਪੁਰ ਅਦਾਲਤੀ ਕੰਪਲੈਕਸ ਵਿੱਚ 9 ਬੈਂਚ, ਸਬ-ਡਵੀਜ਼ਨ ਦਸੂਹਾ ਵਿੱਚ 2 ਬੈਂਚ, ਮੁਕੇਰੀਆਂ ਵਿੱਚ 1 ਬੈਂਚ, ਗੜ੍ਹਸ਼ੰਕਰ ਵਿੱਚ 2 ਬੈਂਚ ਤੇ ਮਾਲ ਅਦਾਲਤਾਂ ਦੇ 5 ਬੈਂਚ ਸ਼ਾਮਲ ਸਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੀ ਲੋਕ ਅਦਾਲਤ ਵਿੱਚ ਕੁੱਲ 29,451 ਮਾਮਲਿਆਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚ 26,069 ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਧਿਰਾਂ ਦੇ ਹੱਲ ਵਿੱਚ ਕੁੱਲ 13,84,84,145 ਰੁਪਏ ਦੇ ਐਵਾਰਡ ਪਾਸ ਕੀਤੇ ਗਏ।ਕੌਮੀ ਲੋਕ ਅਦਾਲਤ ਮੌਕੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਰਮਚਾਰੀਆਂ ਤੇ ਪੈਰਾ ਲੀਗਲ ਵਲੰਟੀਅਰਾਂ ਵੱਲੋਂ ਟ੍ਰੈਫਿਕ ਚਲਾਨ ਭੁਗਤਾਨ ਲਈ ਵਿਸ਼ੇਸ਼ ਹੈਲਪ ਡੈਸਕ ਵੀ ਲਗਾਏ ਗਏ ਤਾਂ ਜੋ ਲੋਕਾਂ ਨੂੰ ਅਦਾਲਤਾਂ ਵਿੱਚ ਲੰਬਿਤ ਟ੍ਰੈਫਿਕ ਚਲਾਨਾਂ ਦਾ ਭੁਗਤਾਨ ਕਰਨ ਵਿੱਚ ਸੁਵਿਧਾ ਮਿਲ ਸਕੇ।



# ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ 'ਤੇ ਪੁਲਿਸ ਦਾ ਧਾਵਾ ਨਿੰਦਣਯੋਗ: ਬੀਬੀ ਕੁਲਵਿੰਦਰ ਕੌਰ

ਕਾਹਨੂੰਵਾਨ, 15 ਮਾਰਚ (ਕੁਲਜੀਤ ਸਿੰਘ ਖੋਖਰ): ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਇਸਤਰੀ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਬੀਬੀ ਕੁਲਵਿੰਦਰ ਕੌਰ ਖ਼ਾਲਸਾ (ਸੁਪਤਨੀ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਤੁਗਲਵਾਲ) ਨੇ ਕਿਹਾ ਕਿ ਆਪਣੇ ਸਵੈਮਾਨ, ਸੱਭਿਆਚਾਰ, ਇਤਿਹਾਸ, ਸਿਧਾਂਤਾਂ ਤੇ ਮਾਣ ਮਰਯਾਦਾ ਨੂੰ ਕਾਇਮ ਰੱਖਣ ਲਈ ਪ੍ਰਦਰਸ਼ਨ ਕਰਨਾ ਹਰ ਇੱਕ ਦਾ ਮੁੱਢਲਾ ਅਧਿਕਾਰ ਹੈ ਤੇ ਇਸੇ ਅਧਿਕਾਰ ਦੀ ਵਰਤੋਂ ਕਰ ਰਹੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਿੱਖ ਵਿਦਿਆਰਥੀਆਂ ਉਤੇ ਪੁਲਿਸ ਦਾ ਧਾਵਾ, ਦਸਤਾਰਾਂ ਉਤਾਰਨੀਆਂ ਤੇ ਕੇਸਾਂ ਦੀ ਬੇਅਦਬੀ ਕਰਨੀ ਨਾ ਬਰਦਾਸ਼ਤ ਕਰਨ ਯੋਗ, ਹਿੰਦ ਸਟੇਟ ਦਾ ਇੱਕ ਭਿਆਨਕ ਕਾਰਾ ਹੈ। ਆਰ.ਐਸ.ਐਸ., ਭਾਜਪਾ ਤੇ ਹੋਰ ਪੰਥ ਵਿਰੋਧੀ ਤਾਕਤਾਂ ਖ਼ਿਲਾਫ ਡੱਟਣਾ ਹਰ ਸਿੱਖ ਦਾ ਫਰਜ਼ ਹੈ। ਪੰਥ ਨੂੰ ਸਮਰਪਿਤ ਸਮੁੱਚੀਆਂ ਜਥੇਬੰਦੀਆਂ, ਮਨੁੱਖੀ ਹੱਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਸੰਗਠਨ, ਸ਼ਖ਼ਸੀਅਤਾਂ ਤੇ ਹਰੇਕ ਸਿੱਖ ਨੂੰ ਵਿਦਿਆਰਥੀਆਂ ਦੇ ਸਮਰਥਨ ਵਿੱਚ ਨਿੱਤਰਨਾ ਤੇ ਆਵਾਜ਼ ਬੁਲੰਦ ਕਰਨੀ ਆਪਣਾ ਫਰਜ਼ ਸਮਝਣ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿੱਚ ਨੌਵੇਂ ਪਾਤਸ਼ਾਹ ਦੇ ਸਬੰਧ ਵਿੱਚ ਕਰਵਾਏ ਸੈਮੀਨਾਰ ਵਿੱਚ ਆਰ.ਐਸ.ਐਸ. ਦੇ ਬੁਲਾਰਿਆਂ ਦਾ ਡੱਟਵਾਂ ਵਿਰੋਧ ਹੋਣਾ ਦਰਸਾਉਂਦਾ ਹੈ ਕਿ ਸਿੱਖ ਕੌਮ ਤੇ ਪੰਜਾਬੀਆਂ ਵਿੱਚ ਵੱਡੀ ਜਾਗ੍ਰਿਤੀ ਆ ਰਹੀ ਹੈ, ਵਿਦਿਆਰਥੀਆਂ ਦੇ ਇਸ ਕਾਰਨਾਮੇ ਨੇ ਸਿੱਖ ਪੰਥ ਵਿੱਚ ਇੱਕ ਨਵਾਂ ਇਤਿਹਾਸ ਸਿਰਜਿਆ ਹੈ।



# ਬਾਬਾ ਰਾਮ ਆਸਰਾ ਦੀ ਯਾਦ 'ਚ ਨਗਰ ਕੀਰਤਨ ਸਜਾਇਆ, ਗੁਰਮਿਤ ਸਮਾਗਮ ਅੱਜ



ਅਜਨਾਲਾ/ਚੇਤਨਪੁਰਾ, 15 ਮਾਰਚ (ਸੁਖਦੇਵ ਸਿੰਘ ਖਾਲਸਾ): ਨਗਰ ਸੰਤੂ ਨੰਗਲ ਵਿਖੇ ਸਥਿਤ ਤਪ ਅਸਥਾਨ ਗੁਰਦੁਆਰਾ ਬਾਬਾ ਰਾਮ ਆਸਰਾ ਜੀ ਵਿੱਚ ਉਨ੍ਹਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦਾ ਆਰੰਭ ਗ੍ਰੰਥੀ ਸਿੰਘ ਵੱਲੋਂ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਵਿੱਤਰ ਹੁਕਮਨਾਮਾ ਲੈ ਕੇ ਕੀਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਰਹਿਨੁਮਾਈ ਵਿੱਚ ਨਗਰ ਕੀਰਤਨ ਵਿਸ਼ਾਲ ਸੰਗਤਾਂ ਦੇ ਇਕੱਠ ਨਾਲ ਸ਼ੁਰੂ ਹੋਇਆ। ਇਹ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਮੁੜ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਮੌਕੇ ਅੱਜ 16 ਮਾਰਚ ਨੂੰ ਬਾਬਾ ਰਾਮ ਆਸਰਾ ਜੀ ਦੀ ਯਾਦ ਵਿੱਚ ਵਿਸ਼ਾਲ ਧਾਰਮਿਕ ਸਮਾਗਮ ਕਰਵਾਏ ਜਾਣਗੇ, ਜਿਸ ਵਿੱਚ ਪੰਥ ਪ੍ਰਸਿੱਧ ਕਥਾਵਾਚਕ ਭਾਈ ਜਸਵੰਤ ਸਿੰਘ ਮੰਜੀ ਸਾਹਿਬ ਵਾਲੇ, ਭਾਈ ਭਗਵੰਤ ਸਿੰਘ ਸੂਰਵਿੰਡ ਵਾਲੇ, ਢਾਡੀ ਜੱਥਾ ਭਾਈ ਬਲਬੀਰ ਸਿੰਘ ਪਾਰਸ ਤੇ ਭਾਈ ਗੁਰਪ੍ਰੀਤ ਸਿੰਘ ਮਹਿਲ ਜੰਡਿਆਲੇ ਵਾਲਿਆਂ ਦਾ ਰਾਗੀ ਜੱਥਾ ਸੰਗਤਾਂ ਨੂੰ ਕਥਾ-ਕੀਰਤਨ ਰਾਹੀਂ ਨਿਹਾਲ ਕਰੇਗਾ।

# ਪੰਜਗਰਾਈਆਂ ਵਿਖੇ ਪੰਜ ਰੋਜ਼ਾ ਹੋਲੇ-ਮਹੱਲੇ ਦੀ ਸਮਾਪਤੀ

ਬਟਾਲਾ, 15 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਪੰਜਗਰਾਈਆਂ ਵਿਖੇ ਹਰ ਸਾਲ ਦੀ ਤਰ੍ਹਾਂ ਪੰਜ ਰੋਜ਼ਾ 65ਵਾਂ ਹੋਲਾ-ਮਹੱਲਾ ਜੋ 11 ਮਾਰਚ ਤੋਂ ਆਰੰਭ ਹੋਇਆ ਸੀ, ਦੀ ਅੱਜ ਗੁਰੂ ਸਾਹਿਬਾਂ ਦੀ ਅਪਾਰ ਬਖਸ਼ਿਸ਼ ਸਦਕਾ ਸਮਾਪਤੀ ਹੋ ਗਈ ਹੈ। ਡੇਰੇ ਦੇ ਮੁੱਖ ਸੇਵਾਦਾਰ ਮਹੰਤ ਸੁਖਪਾਲ ਦੇਵ ਤੇ ਸੰਤ ਸੁਖ ਚਰਨ ਦੇਵ ਨੇ ਦੱਸਿਆ ਕਿ ਬ੍ਰਹਮਲੀਨ ਬਾਬਾ ਬ੍ਰਹਮਦੇਵ ਦੇ ਅਸਥਾਨ (ਉਦਾਸੀਨ ਅਖਾੜੇ) ਵਿਖੇ ਪਿੰਡ ਪੰਜਗਰਾਈਆਂ ਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ 11 ਮਾਰਚ ਦਿਨ ਬੁੱਧਵਾਰ ਨੂੰ ਹੋਲਾ-ਮਹੱਲਾ ਸਾਹਿਬ ਦੇ ਦੀਵਾਨਾਂ ਦੀ ਆਰੰਭਤਾ ਹੋਈ ਸੀ, ਜਿਸ ਦੀ ਕਿ ਅੱਜ ਸੰਗਤਾਂ ਦੇ ਵਿਸ਼ਾਲ ਠਾਠਾ ਮਾਰਦੇ ਇਕੱਠ ਦੌਰਾਨ ਸਮਾਪਤੀ ਹੋਈ ਹੈ। ਇਸ ਦੌਰਾਨ ਵਿਸ਼ਾਲ ਨਗਰ ਕੀਰਤਨ ਵੀ ਸਜਾਏ ਗਏ ਜਿਸ ਦੀ ਕਿ ਨਗਰ ਦੀ ਪਰਿਕਰਮਾ ਕਰਨ ਉਪਰੰਤ ਡੇਰੇ ਵਿਖੇ ਸਮਾਪਤੀ ਕੀਤੀ ਗਈ ਹੈ, ਉਪਰੰਤ ਪੰਥ ਪ੍ਰਸਿੱਧ ਗਿਆਨੀ ਗੁਰਮੀਤ ਸਿੰਘ ਦੇ ਢਾਡੀ ਜਥੇ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਗਿਆ। ਇਸ ਪਵਿੱਤਰ ਸਮਾਗਮ ਵਿੱਚ ਭਾਈ ਗੁਰਮੀਤ ਸਿੰਘ ਐਮਏ ਦੇ ਢਾਡੀ ਜਥੇ ਵੱਲੋਂ ਦੁਪਹਿਰ 2 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਲਗਾਤਾਰ 5 ਦਿਨ ਸੰਗਤਾਂ ਦੀ ਗੁਰ ਇਤਿਹਾਸ ਨਾਲ ਸਾਂਝ ਪਾਈ ਗਈ। ਡੇਰੇ ਦੇ ਮੁੱਖ ਸੇਵਾਦਾਰ ਮਹੰਤ ਸੁਖਪਾਲ ਦੇਵ ਵੱਲੋਂ ਸੰਗਤਾਂ ਦੇ ਪਰਿਵਾਰਾਂ ਸਮੇਤ ਦੀਵਾਨਾਂ ਵਿੱਚ ਹਾਜ਼ਰੀਆਂ ਭਰਨ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਕਿ ਉਹ ਆਪਣੇ ਸ਼ਾਨਮੱਤੀ ਇਤਿਹਾਸ ਤੋਂ ਜਾਣੂੰ ਹੋਏ ਤੇ ਪ੍ਰਚਾਰਕਾਂ ਕੋਲੋਂ ਗੁਰੂ ਸਾਹਿਬਾਨ ਬਾਰੇ, ਸ਼ਹੀਦ ਸੂਰਮਿਆਂ ਬਾਰੇ ਸੁਣਿਆ ਕਿ ਕਿਵੇਂ ਸਾਡੇ ਗੁਰੂਆਂ ਨੇ, ਸਾਡੇ ਵਡੇਰਿਆਂ ਨੇ ਜਾਂ ਸਿਰ ਲੱਥ ਯੋਧਿਆਂ ਨੇ, ਪੰਥ ਦੀ ਖਾਤਿਰ, ਪੰਜਾਬ ਵਾਸਤੇ ਜਾਂ ਮਨੁੱਖਤਾ ਲਈ, ਘਾਲਣਾ ਘਾਲੀਆਂ ਸਨ। ਇਸ ਮੌਕੇ ਮਹੰਤ ਸੁਖਪਾਲ ਦੇਵ ਤੇ ਸੰਤ ਸੁਖਚਰਨ ਦੇਵ ਤੋਂ ਇਲਾਵਾ ਸੰਮਤੀ ਮੈਂਬਰ ਪਰਮਜੀਤ ਸਿੰਘ ਟੀਟਾ ਬਾਜਵਾ, ਸਰਪੰਚ ਗੁਰਦੀਪ ਸਿੰਘ ਹੇਅਰ, ਸਾਬਕਾ ਸਰਪੰਚ ਝਿਰਮਲ ਸਿੰਘ, ਚੇਅਰਮੈਨ ਹਰਭਜਨ ਸਿੰਘ, ਸਾਬਕਾ ਸਰਪੰਚ ਕਰਮਜੀਤ ਸਿੰਘ ਬਾਜਵਾ, ਜਸਬੀਰ ਸਿੰਘ ਗਦਲੀ ਵਾਲੇ, ਕੰਵਲਜੀਤ ਸਿੰਘ ਲੱਲੀ, ਨਿਰਮਲ ਸਿੰਘ ਪੁਰੇਵਾਲ, ਪੰਚ ਧਰਮਿੰਦਰ ਸਿੰਘ, ਕੁਲਵਿੰਦਰ ਸਿੰਘ ਬੱਬੀ, ਜੇਈ ਹਰਪਾਲ ਸਿੰਘ, ਮਾ. ਜੋਗਾ ਸਿੰਘ, ਸਤਪਾਲ ਸਿੰਘ ਹੇਅਰ, ਗੁਲਜ਼ਾਰ ਸਿੰਘ ਹੇਅਰ, ਬਲਵਿੰਦਰ ਸਿੰਘ ਹੇਅਰ, ਬਲਦੇਵ ਰਾਜ ਸ਼ਰਮਾ, ਕੁਲਵਿੰਦਰ ਸਿੰਘ ਟਿੱਕੂ, ਬਲਦੇਵ ਸਿੰਘ, ਗੁਲਜ਼ਾਰ ਸਿੰਘ ਫੌਜੀ, ਬਲਕਾਰ ਸਿੰਘ ਹੇਅਰ, ਅਜੀਤ ਸਿੰਘ ਬਾਜਵਾ, ਹਰਪਾਲ ਸਿੰਘ ਬਾਜਵਾ, ਭਾਈ ਲਾਲੋ ਬਾਜਵਾ, ਜਰਨੈਲ ਸਿੰਘ, ਬਲਵਿੰਦਰ ਸਿੰਘ, ਜੱਗਾ ਸਿੰਘ ਮਿਸਤਰੀ, ਜਗਦੀਸ਼ ਸਿੰਘ, ਪੰਚ ਜੁਗਰਾਜਬੀਰ ਸਿੰਘ ਤੇ ਹੋਰ ਵੀ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।



# ਬਿਕਰਮ ਸਿੰਘ ਮਜੀਠੀਆ ਗੁਰਦੁਆਰਾ ਤਪਿਆਣਾ ਸਾਹਿਬ ਜੀ ਵਿਖੇ ਨਤਮਸਤਕ ਹੋਏ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 15 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਕਸਬਾ ਘੁਮਾਣ ਦੇ ਗੁਰਦੁਆਰਾ ਤਪਿਆਣਾ ਸਾਹਿਬ ਜੀ ਵਿਖੇ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਵੱਲੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਚੜ੍ਹਦੀਕਲਾ ਲਈ ਰੱਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਪੰਥ ਦੇ ਪ੍ਰਸਿੱਧ ਰਾਗੀ ਜਥੇ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਇਕੱਠੇ ਹੋਏ ਸਮੂਹ ਅਕਾਲੀ ਵਰਕਰਾਂ ਤੇ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਨੇ ਕਿਹਾ ਕਿ ਮੈਂ ਇਸ ਅਸਥਾਨ ਨੂੰ ਬਹੁਤ ਮੰਨਦਾ ਹਾਂ ਤੇ ਜਦੋਂ ਮਜੀਠੀਆ ਸਾਹਿਬ ਜੇਲ੍ਹ ਵਿੱਚ ਬੰਦ ਸਨ ਤਾਂ ਮੈਂ ਇਸ ਅਸਥਾਨ 'ਤੇ ਅਰਦਾਸ ਬੇਨਤੀ ਕੀਤੀ ਸੀ ਕਿ ਬਿਕਰਮ ਸਿੰਘ ਮਜੀਠੀਆ ਰਿਹਾਅ ਹੋ ਜਾਣ ਤਾਂ ਮੈਂ ਇਸ ਅਸਥਾਨ 'ਤੇ ਸੁਖਮਨੀ ਸਾਹਿਬ ਦੇ ਪਾਠ ਕਰਵਾ ਕੇ ਗੁਰੂ ਸਾਹਿਬ ਜੀ ਸ਼ੁਕਰਾਨਾ ਕਰਾਂਗਾ।ਉਨ੍ਹਾਂ ਕਿਹਾ ਕਿ ਭਗਤ ਨਾਮਦੇਵ ਜੀ ਦੇ ਅਸਥਾਨ 'ਤੇ ਕੀਤੀ ਗਈ ਅਰਦਾਸ ਬੇਨਤੀ ਸਦਕਾ ਬਿਕਰਮ ਸਿੰਘ ਮਜੀਠੀਆ ਰਿਹਾਅ ਹੋ ਗਏ, ਜਿਸ ਸਦਕਾ ਮੈਂ ਉਨ੍ਹਾਂ ਦੀ ਚੜ੍ਹਦੀਕਲਾ ਲਈ ਸੁਖਮਨੀ ਸਾਹਿਬ ਦੇ ਪਾਠ ਕਰਵਾਇਆ ਹੈ। ਇਸ ਮੌਕੇ ਬੋਲਦਿਆਂ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਸਰਕਾਰਾਂ ਨਾਲ ਮੱਥਾ ਲਗਾਉਣਾ ਕੋਈ ਸੌਖਾ ਕੰਮ ਨਹੀਂ ਇਹ ਤਾਂ ਹੀ ਹੋ ਸਕਦਾ ਹੈ ਜਦੋਂ ਗੁਰੂ ਸਾਹਿਬ ਹਮੇਸ਼ਾ ਅੰਗ-ਸੰਗ ਰਹਿਣਗੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਿਕਰਮ ਸਿੰਘ ਮਜੀਠੀਆ ਨੇ ਆਖਿਆ ਕਿ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਸ਼੍ਰੋਮਣੀ ਭਗਤ ਨਾਮਦੇਵ ਜੀ ਦੀ ਮੇਹਰ ਸਦਕਾ ਉਹ ਜੇਲ੍ਹ ਵਿੱਚੋਂ ਜ਼ਮਾਨਤ 'ਤੇ ਰਿਹਾਅ ਹੋ ਕੇ ਬਾਹਰ ਆਇਆ ਹਾਂ। ਇਸ ਮੌਕੇ ਹਲਕਾ ਇੰਚਾਰਜ ਸ੍ਰੀ ਹਰਿਗੋਬਿੰਦਪੁਰ ਰਾਜਨਬੀਰ ਸਿੰਘ ਘੁਮਾਣ, ਸਾਬਕਾ ਚੇਅਰਮੈਨ ਪੰਜਾਬ ਤਰਲੋਕ ਸਿੰਘ ਬਾਠ, ਕੌਮੀ ਸੀਨੀਅਰ ਮੀਤ ਪ੍ਰਧਾਨ ਰਮਨਦੀਪ ਸਿੰਘ ਸੰਧੂ, ਜਤਿੰਦਰ ਸਿੰਘ ਲੱਧਾ ਮੁੰਡਾ ਜ਼ਿਲ੍ਹਾ ਪ੍ਰਧਾਨ ਐਸਸੀ ਵਿੰਗ, ਸਰਪੰਚ ਸੁਲੱਖਣ ਸਿੰਘ ਡੋਗਰ ਮਹੇਸ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਸਨਮਾਨਤ ਕੀਤਾ ਗਿਆ।



# ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ 18 ਨੂੰ

ਗੁਰਦਾਸਪੁਰ, 15 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਆਦਿੱਤਿਆ ਉਪਲ ਨੇ ਦੱਸਿਆ ਮਾਣਯੋਗ ਮੁੱਖ ਚੋਣ ਅਫ਼ਸਰ, ਪੰਜਾਬ ਤੇ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਦੇ ਸਮੁੱਚੇ ਜ਼ਿਲ੍ਹਿਆਂ, ਸਬ-ਡਵੀਜ਼ਨਾਂ ਤੇ ਤਹਿਸੀਲਾਂ ਵਿੱਚ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ 2026 ਦੀਆਂ ਚੋਣਾਂ 18 ਮਾਰਚ ਦਿਨ ਬੁੱਧਵਾਰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਕਰਵਾਈਆਂ ਜਾਣਗੀਆਂ ਹਨ, ਜਿਸ ਤਹਿਤ ਗੁਰਦਾਸਪੁਰ ਵਿੱਚ ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਕਰਵਾਈਆਂ ਜਾਣਗੀਆਂ।ਇਹ ਚੋਣਾਂ ਰਾਜ ਪੱਧਰੀ ਰਿਟਰਨਿੰਗ ਅਫ਼ਸਰ ਜਸਟਿਸ ਜੈਸ੍ਰੀ ਠਾਕੁਰ (ਸੇਵਾਮੁਕਤ) ਵੱਲੋਂ ਨਿਰਧਾਰਿਤ ਕੀਤੇ ਗਏ ਪੋਲਿੰਗ ਬੂਥਾਂ ਵਿੱਚ ਕਰਵਾਈਆਂ ਜਾ ਰਹੀਆਂ ਹਨ।ਪੋਲਿੰਗ ਬੂਥ ਨੰਬਰ 1, ਜ਼ਿਲ੍ਹਾ ਕੋਰਟ ਕੰਪਲੈਕਸ, ਗੁਰਦਾਸਪੁਰ ਦੀ ਪਹਿਲੀ ਮੰਜ਼ਿਲ 'ਤੇ ਸਥਿਤ ਬਾਰ ਰੂਮ, ਇਸ ਪੋਲਿੰਗ ਬੂਥ ਵਿੱਚ ਵਕੀਲ ਭਾਈਚਾਰੇ ਦੀਆਂ ਕੁੱਲ 456 ਵੋਟਾਂ ਹਨ। ਪੋਲਿੰਗ ਬੂਥ ਨੰਬਰ 2, ਡਾਈਨਿੰਗ ਰੂਮ, ਜ਼ਿਲ੍ਹਾ ਕੋਰਟ ਕੰਪਲੈਕਸ ਗੁਰਦਾਸਪੁਰ ਤੇ 474 ਵੋਟਾਂ ਹਨ। ਪੋਲਿੰਗ ਬੂਥ ਬਟਾਲਾ, ਬਾਰ ਰੂਮ, ਕੋਰਟ ਕੰਪਲੈਕਸ ਬਟਾਲਾ ਵਿਖੇ ਤੇ ਕੁੱਲ ਵੋਟਾਂ 315 ਹਨ। ਚੋਣਾਂ ਨੂੰ ਮੁੱਖ ਰੱਖਦਿਆਂ ਹੋਇਆਂ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਸਮੁੱਚੇ ਪ੍ਰਸ਼ਾਸਨਿਕ ਤੇ ਪੁਲਿਸ ਸਬੰਧੀ ਯੋਗ ਪ੍ਰਬੰਧ ਕਰ ਲਏ ਗਏ ਹਨ। ਪੋਲਿੰਗ ਬੂਥਾਂ 'ਤੇ ਵੀਡੀਓਗ੍ਰਾਫੀ ਕੀਤੀ ਜਾਵੇਗੀ। ਪੋਲਿੰਗ ਬੂਥ 'ਤੇ ਮਾਈਕਰੋ ਆਬਜ਼ਰਵਰ ਦੀ ਵੀ ਤਾਇਨਾਤੀ ਕੀਤੀ ਗਈ ਹੈ ਜੋ ਕਿ ਇਨ੍ਹਾਂ ਚੋਣਾਂ ਦੇ ਰਿਟਰਨਿੰਗ ਅਫ਼ਸਰ ਤੇ ਹਾਈ ਪਾਵਰ ਇਲੈਕਸ਼ਨ ਕਮੇਟੀ ਦੀ ਸਿੱਧੇ ਤੌਰ 'ਤੇ ਸੁਪਰਵੀਜ਼ਨ ਅਧੀਨ ਡਿਊਟੀ ਨਿਭਾਉਣਗੇ।ਉਨ੍ਹਾਂ ਨੇ ਇਹ ਵੀ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਹਦਾਇਤਾਂ ਅਨੁਸਾਰ ਕੇਵਲ 05 ਦਸਤਾਵੇਜ਼ ਜਿਨ੍ਹਾਂ 'ਤੇ ਫੋਟੋ ਲੱਗੀ ਹੋਵੇ, ਰਾਹੀਂ ਹੀ ਵੋਟ ਪਾਈ ਜਾ ਸਕਦੀ ਹੈ। ਜਿਨ੍ਹਾਂ ਵਿੱਚ ਬਾਰ ਕੌਂਸਲ ਵੱਲੋਂ ਜਾਰੀ ਸ਼ਨਾਖਤੀ ਕਾਰਡ, ਐਨਰੋਲਮੈਂਟ ਸਰਟੀਫਿਕੇਟ, ਡਰਾਈਵਿੰਗ ਲਾਇਸੈਂਸ, ਪਾਸਪੋਰਟ ਤੇ ਵੋਟਰ ਫੋਟੋ ਸ਼ਨਾਖਤੀ ਕਾਰਡ ਸ਼ਾਮਲ ਹੈ।



# ਮਾਨ ਸਰਕਾਰ ਦੀ ਔਰਤਾਂ ਨੂੰ ਦਿੱਤੀ ਗਰੰਟੀ ਪੂਰੀ ਹੋਣ ਨਾਲ ਪੂਰੇ ਪੰਜਾਬ 'ਚ ਖ਼ੁਸ਼ੀ ਦੀ ਲਹਿਰ: ਰਮਨਦੀਪ ਕੌਰ



ਗੜ੍ਹਦੀਵਾਲਾ, 15 ਮਾਰਚ (ਗੌਰਵ): ਪੰਜਾਬ ਦੀਆਂ ਔਰਤਾਂ ਨਾਲ ਕੀਤੀ ਗਈ ਗਰੰਟੀ ਨੂੰ ਪੂਰਾ ਕਰਨ ਦੇ ਫੈਸਲੇ ਨਾਲ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਦਿਖਾਈ ਦੇ ਰਹੀ ਹੈ। ਇਸ ਖ਼ੁਸ਼ੀ ਦਾ ਪ੍ਰਗਟਾਵਾ ਕਰਨ ਲਈ ਸਰਕਾਰ ਦੇ ਲੋਕ ਪੱਖੀ ਫੈਸਲਿਆਂ ਦਾ ਸਵਾਗਤ ਕਰਦੇ ਹੋਏ ਗੜ੍ਹਦੀਵਾਲਾ ਦੇ ਬਲਾਕ ਪ੍ਰਧਾਨ ਸੋਨੀਆ ਕੌਂਡਲ ਦੀ ਅਗਵਾਈ ਵਿੱਚ ਵਾਰਡ ਨੰਬਰ 6 ਵਿੱਚ ਹੁੰਮ-ਹੁਮਾ ਕੇ ਜਾਗੋ ਕੱਢੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਾਕ ਪ੍ਰਧਾਨ ਸੋਨੀਆ ਕੌਂਡਲ ਨੇ ਕਿਹਾ ਕਿ ਹਲਕਾ ਵਿਧਾਇਕ ਰਾਜਾ ਗਿੱਲ ਦੇ ਧਰਮ ਪਤਨੀ ਰਮਨਦੀਪ ਕੌਰ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਜਿਸ ਨਾਲ ਔਰਤਾਂ ਨੂੰ ਅੱਗੇ ਵੱਧ ਕੇ ਸਮਾਜ ਸੇਵਾ ਕਰਨ ਦੀ ਪ੍ਰੇਰਨਾ ਵੀ ਮਿਲੀ ਤੇ ਅਹਿਸਾਸ ਹੋਇਆ ਕਿ ਆਮ ਆਦਮੀ ਪਾਰਟੀ ਵਿੱਚ ਔਰਤਾਂ ਦਾ ਬੇਹਤਰ ਸਨਮਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੂਰੇ ਪੰਜਾਬ ਵਿੱਚ ਖ਼ੁਸ਼ੀ ਦਾ ਮਹੌਲ ਹੈ ਜਿਸ ਸਬੰਧੀ ਗੜ੍ਹਦੀਵਾਲਾ ਵਿੱਚ ਔਰਤਾਂ ਵੱਲੋਂ ਜਾਗੋ ਕੱਢ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ ਤੇ ਮਾਨ ਸਰਕਾਰ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਗੜ੍ਹਦੀਵਾਲਾ ਬਲਾਕ ਪ੍ਰਧਾਨ ਸੋਨੀਆਂ ਕੌਂਡਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਹਰ ਮਹੀਨੇ 1000 ਰੁਪਏ ਦੇਣ ਦੀ ਗਰੰਟੀ ਪੂਰੀ ਕਰਨ ਨਾਲ ਘਰਾਂ ਦੀਆਂ ਮਹਿਲਾਵਾਂ ਨੂੰ ਵੱਡੀ ਆਰਥਿਕ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਘਰੇਲੂ ਮਹਿਲਾਵਾਂ ਨੂੰ ਆਪਣੀਆਂ ਛੋਟੀਆਂ-ਮੋਟੀਆਂ ਜ਼ਰੂਰਤਾਂ ਪੂਰੀਆਂ ਕਰਨ ਵਿੱਚ ਮਦਦ ਮਿਲੇਗੀ ਤੇ ਉਹ ਆਰਥਿਕ ਤੌਰ 'ਤੇ ਮਜ਼ਬੂਤ ਹੋਣਗੀਆਂ।ਇਸ ਮੌਕੇ ਅਮਰਜੀਤ ਰਾਜ ਮੁਲਤਾਨੀ ਕੋਆਰਡੀਨੇਟਰ ਆਪ ਹਲਕਾ ਟਾਂਡਾ, ਮਨਦੀਪ ਕੌਰ ਸਰਪੰਚ ਸ਼ਾਲਾਪੁਰ, ਮੋਨਿਕਾ ਸੋਂਧੀ ਸਾਬਕਾ ਕੌਂਸਲਰ ਟਾਂਡਾ, ਨਰਿੰਦਰ ਕੌਰ ਕੌਂਸਲਰ ਟਾਂਡਾ, ਨਰੇਸ਼ ਕੁਮਾਰੀ ਬਲਾਕ ਪ੍ਰਧਾਨ, ਪਰਮਜੀਤ ਕੌਰ ਬਲਾਕ ਪ੍ਰਧਾਨ, ਮੋਨਿਕਾ ਉਪਲ, ਜਸਵਿੰਦਰ ਕੌਰ ਪੰਚ ਸ਼ਾਲਾਪੁਰ, ਅਮਨਜੋਤ ਕੌਰ ਪੰਚ ਹਰਸੀ ਪਿੰਡ, ਦਲਜੀਤ ਕੌਰ ਪਤਨੀ ਹਰਪ੍ਰੀਤ ਸਿੰਘ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਾਜ਼ਰ ਸਨ।

# ਪੁਲਿਸ ਵੱਲੋਂ 8 ਗ੍ਰਾਮ ਹੈਰੋਇਨ ਸਮੇਤ ਨੌਜਵਾਨ ਕਾਬੂ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 15 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਥਾਣਾ ਘੁਮਾਣ ਦੀ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਪ੍ਰਾਪਤ ਹੋਈ ਜਦੋਂ ਇੱਕ ਨੌਜਵਾਨ ਨੂੰ 8 ਗ੍ਰਾਮ ਹੈਰੋਇਨ ਸਮੇਤ ਕਾਬੂ ਕਰ ਲਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਘੁਮਾਣ ਦੇ ਐਸਐਚਓ ਹਰਜਿੰਦਰ ਸਿੰਘ ਢਿਓਲ ਨੇ ਦੱਸਿਆ ਕਿ ਏਐਸਆਈ ਰਛਪਾਲ ਸਿੰਘ ਪੁਲਿਸ ਪਾਰਟੀ ਸਮੇਤ ਥਾਣਾ ਘੁਮਾਣ ਤੋਂ ਗਸ਼ਤ ਲਈ ਵੱਖ ਵੱਖ ਥਾਵਾਂ 'ਤੇ ਗਏ ਜਦੋਂ ਪੁਲਿਸ ਪਾਰਟੀ ਟੀ-ਪੁਆਇੰਟ ਪੁੱਠ ਸੂਆ ਪਿੰਡ ਮਹਿਮਦਪੁਰ ਵਿਖੇ ਨਾਕਾਬੰਦੀ ਕੀਤੀ ਸੀ ਕਿ ਨਾਕਾਬੰਦੀ ਦੌਰਾਨ ਇੱਕ ਮੋਨਾ ਨੌਜਵਾਨ ਮੇਨ ਸੜਕ ਤੋਂ ਮਹਿਮਦਪੁਰ ਨੂੰ ਪੈਦਲ ਆਉਂਦਾ ਦਿਖਾਈ ਦਿੱਤਾ ਜੋ ਕਿ ਸਾਹਮਣੇ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਤੇ ਯਕਦਮ ਪਿਛੇ ਮੁੜਨ ਲੱਗਿਆ ਨੂੰ ਆਪਣੇ ਜੇਬ ਵਿੱਚ ਪਿਆ ਲਿਫਾਫਾ ਸੁੱਟਣ ਲੱਗਿਆ ਨੂੰ ਪੁਲਿਸ ਪਾਰਟੀ ਵੱਲੋਂ ਕਾਬੂ ਕਰ ਲਿਆ ਗਿਆ। ਇਸ ਨੇ ਆਪਣਾ ਨਾਂ ਸਰਵਣ ਸਿੰਘ ਉਰਫ ਸੰਮਾ ਪੁੱਤਰ ਅਮਰ ਸਿੰਘ ਵਾਸੀ ਬੋਹਜਾ ਦੱਸਿਆ। ਜਿਸ ਦੇ ਕੋਲੋਂ ਮਿਲੇ ਲਿਫਾਫੇ ਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ 8 ਗ੍ਰਾਮ ਹੈਰੋਇਨ ਬ੍ਰਾਮਦ ਹੋਈ ਹੈ। ਇਸ ਸਬੰਧੀ ਪੁਲਿਸ ਵੱਲੋਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।



# 100 ਗ੍ਰਾਮ ਹੈਰੋਇਨ ਸਣੇ 1 ਔਰਤ ਗ੍ਰਿਫ਼ਤਾਰ

ਟਾਂਡਾ ਉੜਮੁੜ, 15 ਮਾਰਚ (ਅਰਜੁਨ ਜੈਨ): ਜ਼ਿਲ੍ਹਾ ਪੁਲਿਸ ਮੁਖੀ ਸੰਦੀਪ ਕੁਮਾਰ ਮਲਿਕ ਤੇ ਡੀਐਸਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਨਸ਼ਿਆਂ ਖ਼ਿਲਾਫ ਵਿੱਢੀ ਮੁਹਿੰਮ ਤਹਿਤ ਪੁਲਿਸ ਨੇ ਇੱਕ ਔਰਤ ਨੂੰ 100 ਗ੍ਰਾਮ ਹੈਰੋਇਨ ਸਣੇ ਗ੍ਰਿਫਤਾਰ ਕੀਤਾ ਹੈ। ਥਾਣਾ ਮੁਖੀ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਮੁੱਖ ਸਿਪਾਹੀ ਜਸਪ੍ਰੀਤ ਸਿੰਘ ਦੀ ਟੀਮ ਵੱਲੋਂ ਗਸ਼ਤ ਦੌਰਾਨ ਫੋਕਲ ਪੁਆਇੰਟ ਢਡਿਆਲਾ ਨੇੜੇ ਕਾਬੂ ਕੀਤੀ ਔਰਤ ਦੀ ਪਛਾਣ ਕਲਪਨਾ ਪਤਨੀ ਮਲਕੀਤ ਸਿੰਘ ਵਾਸੀ ਮੀਲਮਾ ਤਮੋਟਾ (ਇੰਦੌਰਾ) ਕਾਂਗੜਾ ਹਿਮਾਚਲ ਪ੍ਰਦੇਸ਼ ਦੇ ਰੂਪ ਵਿੱਚ ਹੋਈ ਹੈ। ਜਿਸਦੇ ਕਬਜ਼ੇ ਵਿੱਚੋ ਹੈਰੋਇਨ ਬ੍ਰਾਮਦ ਕਰਕੇ ਇਸਦੇ ਖ਼ਿਲਾਫ ਐਨ.ਡੀ.ਪੀ.ਐਸ. ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੁਲਜ਼ਮ ਕੋਲੋਂ ਨਸ਼ੇ ਦੀ ਸਪਲਾਈ ਲਾਈਨ ਦਾ ਪਤਾ ਲਗਾਉਣ ਲਈ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਮੁਲਜ਼ਮ ਦੇ ਖ਼ਿਲਾਫ ਪਹਿਲਾਂ ਵੀ ਨਸ਼ੇ ਦੇ ਮਾਮਲੇ ਦਰਜ ਹਨ।



# ਹਲਕੇ ਮੀਂਹ ਦੇ ਬਾਵਜੂਦ ਫੌਜੀ ਭਰਤੀ ਰੈਲੀ ਦੇ ਸੱਤਵੇਂ ਦਿਨ ਨੌਜਵਾਨਾਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ

ਗੁਰਦਾਸਪੁਰ, 15 ਮਾਰਚ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਚੱਲ ਰਹੀ ਭਾਰਤੀ ਫੌਜ ਦੀ ਭਰਤੀ ਰੈਲੀ ਦੇ ਸੱਤਵੇਂ ਦਿਨ ਪਠਾਨਕੋਟ ਇਲਾਕੇ ਦੇ ਨੌਜਵਾਨਾਂ ਦੀ ਵੱਡੀ ਭਾਗੀਦਾਰੀ ਦੇਖਣ ਨੂੰ ਮਿਲੀ। ਡਾਇਰੈਕਟਰ ਭਰਤੀ ਬੋਰਡ ਕਰਨਲ ਜੇਮਸ ਜੈਕਬ ਨੇ ਦੱਸਿਆ ਕਿ ਇਸ ਤੋਂ ਇਲਾਵਾ ਜਿਨ੍ਹਾਂ ਉਮੀਦਵਾਰਾਂ ਦੀ ਪਹਿਲਾਂ ਨਿਰਧਾਰਿਤ ਮਿਤੀ ਉੱਤੇ ਇਮਤਿਹਾਨਾਂ ਕਾਰਨ ਹਾਜ਼ਰੀ ਨਹੀਂ ਹੋ ਸਕੀ ਸੀ, ਉਨ੍ਹਾਂ ਨੂੰ ਵੀ ਅੱਜ ਐਤਵਾਰ ਨੂੰ ਰੈਲੀ ਵਿੱਚ ਭਾਗ ਲੈਣ ਦਾ ਮੌਕਾ ਦਿੱਤਾ ਗਿਆ ਤਾਂ ਜੋ ਕੋਈ ਵੀ ਯੋਗ ਉਮੀਦਵਾਰ ਇਸ ਮੌਕੇ ਤੋਂ ਵੰਚਿਤ ਨਾ ਰਹੇ। ਉਨ੍ਹਾਂ ਦੱਸਿਆ ਕਿ ਹਲਕੀ ਬਾਰਿਸ਼ ਦੇ ਬਾਵਜੂਦ ਉਮੀਦਵਾਰਾਂ ਨੇ 1.6 ਕਿਲੋਮੀਟਰ ਦੌੜ, ਫਿਜ਼ੀਕਲ ਫਿਟਨੈਸ ਟੈਸਟ ਤੇ ਦਸਤਾਵੇਜ਼ ਜਾਂਚ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਾਣ-ਪੀਣ ਤੇ ਲੱਸੀ ਦੀ ਵਿਵਸਥਾ ਕੀਤੀ ਗਈ, ਜਦਕਿ ਸਥਾਨਕ ਲੋਕਾਂ ਵੱਲੋਂ ਲੰਗਰ ਦਾ ਪ੍ਰਬੰਧ ਕੀਤਾ ਗਿਆ, ਜੋ ਸਿਵਲ ਪ੍ਰਸ਼ਾਸਨ ਤੇ ਫੌਜ ਵਿਚਕਾਰ ਮਜ਼ਬੂਤ ਸਹਿਯੋਗ ਨੂੰ ਦਰਸਾਉਂਦਾ ਹੈ।ਭਰਤੀ ਪ੍ਰਕਿਰਿਆ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਹੋਈ ਤੇ ਕਈ ਉਮੀਦਵਾਰਾਂ ਨੇ ਵਧੀਆ ਪ੍ਰਦਰਸ਼ਨ ਕਰਦਿਆਂ ਅਗਨੀਵੀਰ ਭਰਤੀ ਦੇ ਅਗਲੇ ਪੜਾਅ ਲਈ ਯੋਗਤਾ ਹਾਸਲ ਕੀਤੀ।



# ਸਾਂਝੇ ਅਧਿਆਪਕ ਮੋਰਚੇ ਵੱਲੋਂ ਟੈਟ ਦੇ ਵਿਰੋਧ 'ਚ ਅਰਥੀ ਫੂਕ ਮੁਜ਼ਾਹਰਾ 17 ਨੂੰ

ਗੜ੍ਹਦੀਵਾਲਾ, 15 ਮਾਰਚ (ਗੌਰਵ): ਸਾਂਝੇ ਅਧਿਆਪਕ ਮੋਰਚੇ ਦੇ ਜ਼ਿਲ੍ਹਾ ਸੀਨੀਅਰ ਆਗੂ ਪ੍ਰਿੰਸ ਪਲਿਆਲ ਗੜ੍ਹਦੀਵਾਲਾ, ਰਾਜੇਸ਼ ਅਰੋੜਾ, ਜਸਬੀਰ ਬੋਦਲ ਤੇ ਉਮੇਸ਼ ਕੁਮਾਰ, ਜਗਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ ਨੇ ਕਿਹਾ ਕਿ 17 ਮਾਰਚ ਨੂੰ ਦਸੂਹਾ ਵਿਖੇ ਟੈਟ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਜਾਵੇਗੀ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਚੰਡੀਗੜ੍ਹ ਵਿਖੇ ਰੈਲੀ ਦੇ ਦੌਰਾਨ ਸਰਕਾਰ ਨੇ ਲਾਠੀਚਾਰਜ, ਪਾਣੀ ਦੀਆਂ ਬੁਛਾਰਾਂ ਤੇ ਅੱਥਰੂ ਗੈਸ ਦੇ ਗੋਲੀਆਂ ਨਾਲ ਅਨੇਕਾਂ ਅਧਿਆਪਕ ਜ਼ਖਮੀ ਕੀਤੇ ਸਨ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਜਾਣ ਬੁਝ ਕੇ ਅਧਿਆਪਕਾਂ 'ਤੇ ਟੈਟ ਦੀ ਸ਼ਰਤ ਲਗਾ ਰਹੀ ਹੈ, ਜਦ ਕਿ 2011 ਤੋਂ ਪਹਿਲਾਂ ਦੇ ਭਰਤੀ ਹੋਏ ਅਧਿਆਪਕ ਸਾਰੀਆਂ ਯੋਗਤਾਵਾਂ ਪੂਰੀਆਂ ਕਰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪੁਰਾਣੀ ਪੈਨਸ਼ਨ ਦੇ ਮੁੱਦੇ ਨੂੰ ਤਾਰਪੀਡੋ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ 16 ਮਾਰਚ ਤੱਕ ਵਿਧਾਨ ਸਭਾ ਵਿੱਚ ਟੈਟ ਦੇ ਵਿਰੋਧ ਵਿੱਚ ਬਿੱਲ ਲਿਆ ਕੇ ਮੁਲਾਜ਼ਮਾਂ ਨੂੰ ਰਾਹਤ ਨਾ ਦਿੱਤੀ ਤਾਂ 17 ਮਾਰਚ ਨੂੰ ਪੂਰੇ ਪੰਜਾਬ ਵਿੱਚ ਤਹਿਸੀਲ ਪੱਧਰੀ ਵੱਡੇ ਪੱਧਰ 'ਤੇ ਸਰਕਾਰ ਦੀਆਂ ਅਰਥੀਆਂ ਫੂਕੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਾਡੇ 7 ਲੱਖ ਮੁਲਾਜ਼ਮ ਹਿਸਾਬ ਚੋਣਾਂ ਵਿੱਚ ਕਰਨਗੇ।



# 29 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ 'ਚ ਵਪਾਰਕ ਐਲਪੀਜੀ ਸਿਲੰਡਰਾਂ ਦੀ ਵੰਡ ਸ਼ੁਰੂ

ਨਵੀਂ ਦਿੱਲੀ, 15 ਮਾਰਚ (ਚ.ਨ.ਸ): 29 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ (ਯੂਟੀਜ਼) ਵਿੱਚ ਵਪਾਰਕ ਐਲਪੀਜੀ ਸਿਲੰਡਰਾਂ ਦੀ ਵੰਡ ਸ਼ੁਰੂ ਹੋ ਗਈ ਹੈ। ਇਸ ਦੇ ਨਾਲ ਹੀ ਰਸੋਈ ਗੈਸ ਦੀ ਸਪਲਾਈ 'ਤੇ ਵੱਧਦੇ ਦਬਾਅ ਦੇ ਮੱਦੇਨਜ਼ਰ ਜਮ੍ਹਾਂਖੋਰੀ ਤੇ ਕਾਲਾਬਜ਼ਾਰੀ ਰੋਕਣ ਲਈ ਦੇਸ਼ ਭਰ ਵਿੱਚ ਛਾਪੇ ਤੇ ਅਚਾਨਕ ਨਿਰੀਖਣ ਤੇਜ਼ ਕਰ ਦਿੱਤੇ ਗਏ ਹਨ। ਇਹ ਜਾਣਕਾਰੀ ਤੇਲ ਮੰਤਰਾਲੇ ਦੇ ਇੱਕ ਸੀਨੀਅਰ ਅਧਿਕਾਰੀ ਨੇ ਦਿੱਤੀ।ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਘਰੇਲੂ ਲੋੜਾਂ ਨੂੰ ਪੂਰਾ ਕਰਨ ਲਈ ਲੋੜੀਂਦਾ ਸਟਾਕ ਹੋਣ ਦੇ ਬਾਵਜੂਦ ਲੋਕਾਂ ਵਿੱਚ ਡਰ ਦਾ ਮਾਹੌਲ ਹੋਣ ਕਾਰਨ ਅਗਾਊਂ ਬੁਕਿੰਗ ਲਗਾਤਾਰ ਵੱਧ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਭਾਰਤ ਕੋਲ ਕੱਚੇ ਤੇਲ ਦਾ ਲੋੜੀਂਦਾ ਭੰਡਾਰ ਹੈ ਤੇ ਘਰੇਲੂ ਰਿਫਾਇਨਰੀਆਂ ਪੂਰੀ ਸਮਰੱਥਾ ਨਾਲ ਕੰਮ ਕਰ ਰਹੀਆਂ ਹਨ, ਜਿਸ ਨਾਲ ਦੇਸ਼ ਭਰ ਵਿੱਚ ਪੈਟਰੋਲ ਤੇ ਡੀਜ਼ਲ ਦੀ ਸਪਲਾਈ ਯਕੀਨੀ ਬਣੀ ਹੋਈ ਹੈ। ਸ਼ਰਮਾ ਨੇ ਕਿਹਾ ਕਿ ਕਿਸੇ ਵੀ ਪੈਟਰੋਲ ਪੰਪ ਤੋਂ ਤੇਲ ਖ਼ਤਮ ਹੋਣ ਦੀ ਕੋਈ ਰਿਪੋਰਟ ਨਹੀਂ ਹੈ। ਅਸੀਂ ਆਪਣੀ ਲੋੜ ਅਨੁਸਾਰ ਪੈਟਰੋਲ ਤੇ ਡੀਜ਼ਲ ਦਾ ਉਤਪਾਦਨ ਦੇਸ਼ ਵਿੱਚ ਹੀ ਕਰਦੇ ਹਾਂ ਤੇ ਸਾਨੂੰ ਇਸ ਨੂੰ ਦਰਾਮਦ ਕਰਨ ਦੀ ਲੋੜ ਨਹੀਂ ਹੈ।" ਖਾੜੀ ਦੇਸ਼ਾਂ ਤੋਂ ਊਰਜਾ ਸਪਲਾਈ ਵਿੱਚ ਦਰਪੇਸ਼ ਭੂ-ਸਿਆਸੀ ਅੜਿੱਕਿਆਂ ਦੇ ਬਾਵਜੂਦ, ਸਰਕਾਰ ਘਰੇਲੂ ਐਲਪੀਜੀ ਸਪਲਾਈ ਨੂੰ ਪਹਿਲ ਦੇ ਰਹੀ ਹੈ।



# ਹਰਿਆਣਾ ਕਾਡਰ ਦੇ 186 ਆਈਏਐਸ ਅਫਸਰਾਂ ਲਈ ਗੁਰੂਗ੍ਰਾਮ, ਨਿਊ ਚੰਡੀਗੜ੍ਹ ਤੇ ਪੰਚਕੂਲਾ ਬਣੇ ਪਹਿਲੀ ਪਸੰਦ

ਚੰਡੀਗੜ੍ਹ, 15 ਮਾਰਚ (ਚ.ਨ.ਸ): ਹਰਿਆਣਾ ਕਾਡਰ ਦੇ 186 ਆਈਏਐਸ ਅਫਸਰਾਂ ਵੱਲੋਂ ਸਾਲ 2025 ਲਈ ਦਾਇਰ ਕੀਤੇ ਸਾਲਾਨਾ ਅਚੱਲ ਸੰਪਤੀ ਦੇ ਵੇਰਵਿਆਂ ਤੋਂ ਪਤਾ ਲੱਗਦਾ ਹੈ ਕਿ ਗੁਰੂਗ੍ਰਾਮ, ਨਿਊ ਚੰਡੀਗੜ੍ਹ ਤੇ ਪੰਚਕੂਲਾ ਅਫ਼ਸਰਾਂ ਲਈ ਜਾਇਦਾਦ ਖ਼ਰੀਦਣ ਦੀਆਂ ਸਭ ਤੋਂ ਪਸੰਦੀਦਾ ਥਾਵਾਂ ਹਨ, ਜਿੱਥੇ ਕਈਆਂ ਕੋਲ ਪਲਾਟ ਜਾਂ ਫਲੈਟ ਹਨ। ਜਾਇਦਾਦਾਂ ਦੇ ਇਹ ਵੇਰਵੇ ਪਰਸੋਨਲ ਤੇ ਟ੍ਰੇਨਿੰਗ ਵਿਭਾਗ ਕੋਲ ਜਮ੍ਹਾਂ ਕਰਵਾਏ ਜਾਂਦੇ ਹਨ। 1989 ਬੈਚ ਦੇ ਅਧਿਕਾਰੀ ਵਿਵੇਕ ਜੋਸ਼ੀ, ਜਿਨ੍ਹਾਂ ਸਵੈ-ਇੱਛਾ ਨਾਲ ਸੇਵਾਮੁਕਤੀ ਲਈ ਤੇ ਫਰਵਰੀ 2025 ਵਿੱਚ ਚੋਣ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ, ਕੋਲ ਨੋਇਡਾ ਵਿੱਚ 1623.96 ਵਰਗ ਫੁੱਟ ਦਾ ਫਲੈਟ ਹੈ। ਏਸੀਐਸ ਹੋਮ ਸੁਧੀਰ ਰਾਜਪਾਲ ਕੋਲ ਗੁਰੂਗ੍ਰਾਮ ਵਿੱਚ 420 ਵਰਗ ਮੀਟਰ ਦਾ ਮਕਾਨ, ਦਿੱਲੀ ਵਿੱਚ ਫਲੈਟ, ਕੋਲਕਾਤਾ ਵਿੱਚ ਫਲੈਟ, ਗੁਰੂਗ੍ਰਾਮ ਦੇ ਗੋਲਫ ਕੋਰਸ ਐਕਸਟੈਂਸ਼ਨ ਰੋਡ 'ਤੇ ਫਲੈਟ, ਹਿਸਾਰ ਵਿੱਚ ਪਲਾਟ, ਪੰਚਕੂਲਾ ਦੀ ਹਾਈਲੈਂਡਜ਼ ਕੋਆਪ੍ਰੇਟਿਵ ਗਰੁੱਪ ਹਾਊਸਿੰਗ ਸੁਸਾਇਟੀ ਵਿੱਚ ਫਲੈਟ ਹੈ। ਵਿੱਤ ਕਮਿਸ਼ਨਰ (ਮਾਲ ਤੇ ਆਫ਼ਤ ਪ੍ਰਬੰਧਨ ਵਿਭਾਗ) ਸੁਮਿਤਾ ਮਿਸ਼ਰਾ ਕੋਲ ਪੰਜਾਬ ਆਈਏਐਸ/ਪੀਸੀਐਸ ਅਫ਼ਸਰ ਕੋਆਪ੍ਰੇਟਿਵ ਗਰੁੱਪ ਹਾਊਸਿੰਗ ਸੁਸਾਇਟੀ ਮੋਹਾਲੀ ਵਿੱਚ ਪਲਾਟ, ਲਖਨਊ ਵਿੱਚ ਮਾਂ ਤੋਂ ਪ੍ਰਾਪਤ ਜ਼ਮੀਨ ਦੇ ਤਿੰਨ ਟੁਕੜੇ, ਨਿਊ ਚੰਡੀਗੜ੍ਹ ਵਿੱਚ ਪਲਾਟ ਤੇ ਦਿੱਲੀ ਦੇ ਹੌਜ਼ ਖਾਸ ਵਿੱਚ ਬਿਲਡਰ ਫਲੋਰ ਹੈ। ਏਸੀਐਸ ਫੂਡ ਐਂਡ ਸਿਵਲ ਸਪਲਾਈਜ਼ ਰਾਜਾ ਸ਼ੇਖਰ ਵੂੰਡਰੂ ਕੋਲ ਹੈਦਰਾਬਾਦ ਦੇ ਹਿਮਾਇਤਨਗਰ ਵਿੱਚ ਪਲਾਟ ਤੇ ਨੋਇਡਾ ਵਿੱਚ ਪਲਾਟ ਹੈ। ਏਸੀਐਸ ਟਾਊਨ ਐਂਡ ਕੰਟਰੀ ਪਲਾਨਿੰਗ ਏਕੇ ਸਿੰਘ ਕੋਲ ਬਾਗਪਤ ਵਿੱਚ 28 ਵਿੱਘੇ ਜ਼ਮੀਨ ਹੈ। ਨਿਊ ਚੰਡੀਗੜ੍ਹ ਵਿੱਚ ਪਲਾਟ ਤੇ ਵਪਾਰਕ ਥਾਂ ਹੈ। ਏਸੀਐਸ ਉਚੇਰੀ ਸਿੱਖਿਆ ਵਿਨੀਤ ਗਰਗ ਕੋਲ ਗੁਰੂਗ੍ਰਾਮ ਵਿੱਚ ਫਲੈਟ, ਪੰਚਕੂਲਾ ਦੇ ਸੈਕਟਰ 7 ਵਿੱਚ ਘਰ, ਦਿੱਲੀ ਵਿੱਚ ਫਲੈਟ (ਮਾਂ ਤੋਂ ਵਿਰਸੇ ਵਿੱਚ ਮਿਲਿਆ), ਸੋਨੀਪਤ ਵਿੱਚ ਵਾਹੀਯੋਗ ਜ਼ਮੀਨ ਤੇ ਪੰਚਕੂਲਾ ਦੇ ਸੈਕਟਰ 6 ਵਿੱਚ ਮਕਾਨ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਅਰੁਣ ਕੁਮਾਰ ਗੁਪਤਾ, ਆਈਏਐਸ ਦੀਪਤੀ ਉਮਾਸ਼ੰਕਰ, ਆਈਏਐਸ ਅਧਿਕਾਰੀ ਡਾ. ਡੀ ਸੁਰੇਸ਼, ਆਈਏਐਸ ਡਾ. ਰਾਕੇਸ਼ ਗੁਪਤਾ, ਆਈਏਐਸ ਮੁਹੰਮਦ ਸ਼ਾਇਨ ਤੇ ਆਈਏਐਸ ਅਮਿਤ ਕੁਮਾਰ ਅਗਰਵਾਲ ਕੋਲ ਵੀ ਕਈ ਜਾਇਦਾਦਾਂ ਹਨ।




# ਵਾਹਿਗੁਰੂ ਦੀ ਯਾਦ ਨਾ ਆਉਣਾ ਸਭ ਤੋਂ ਵੱਡਾ ਦੁੱਖ ਤੇ ਵਾਹਿਗੁਰੂ ਸਿਮਰਨ ਵਾਲਿਆਂ ਦੇ ਵੱਡੇ ਭਾਗ ਹੁੰਦੇ ਨੇ

ਲੁਧਿਆਣਾ, 15 ਮਾਰਚ (ਚ.ਨ.ਸ): ਜਵੱਦੀ ਟਕਸਾਲ ਵਿੱਚ ਨਾਨਕਸ਼ਾਹੀ ਸੰਮਤ 558 ਦੀ ਆਰੰਭਤਾ ਨੂੰ ਸਮਰਪਿਤ ਮਹੀਨਾਵਾਰ ਸਮਾਗਮ ਹੋਇਆ। ਇਸ ਦੌਰਾਨ ਜੁੜੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸੰਤ ਬਾਬਾ ਅਮੀਰ ਸਿੰਘ ਨੇ ਗੁਰਬਾਣੀ ਸ਼ਬਦਾਂ ਦੇ ਦ੍ਰਿਸ਼ਟਾਂਤ ਦਿੰਦਿਆਂ ਸਮਝਾਇਆ ਕਿ ਮਨੁੱਖੀ ਜੀਵਨ ਰੂਪੀ ਚੇਤ ਮਹੀਨੇ ਵਿੱਚ ਜੇਕਰ ਅਕਾਲ ਪੁਰਖ ਵਾਹਿਗੁਰੂ ਨੂੰ ਯਾਦ ਕਰੀਏ ਤਾਂ ਡੂੰਘਾ ਅਨੰਦ ਮਿਲਦਾ ਹੈ।ਪਰਮੇਸ਼ਰ ਨਾਲ ਜੁੜੀਆਂ ਰੂਹਾਂ ਨਾਲ ਮਿਲ ਬੈਠ ਕੇ, ਜੀਭਾ ਨਾਲ ਗੁਰਬਾਣੀ ਨਾਮ ਸਿਮਰਨ ਕਰਨਾ ਸੌਖਾ ਤੇ ਸੰਭਵ ਹੋ ਜਾਂਦਾ ਹੈ। ਮਹਾਂਪੁਰਸ਼ਾਂ ਨੇ ਬਾਰਹ ਮਾਹਾ ਸ਼ਬਦ ਦੇ ਅੰਤਰੀਵ ਭਾਵ ਸਮਝਾਉਂਦਿਆਂ ਜ਼ੋਰ ਦਿੱਤਾ ਕਿ ਪ੍ਰਭੂ ਭਗਤੀ ਦੇ ਵਾਸਤੇ ਚੰਗੀ ਸੰਗਤ ਲੱਭਣ ਦੀ ਲੋੜ ਹੈ। ਜਿੱਥੇਂ ਮਨੁੱਖ ਨੂੰ ਭੜਕਣ ਤੋਂ ਬਚਾਅ ਹੋਵੇ ਤੇ ਰੂਹਾਨੀ ਮੰਜ਼ਿਲ ਵੱਲ ਤੋਰਨ ਦੀ ਜਾਂਚ ਆਵੇ। ਮਹਾਂਪੁਰਸ਼ਾਂ ਨੇ ਸਪੱਸ਼ਟ ਕੀਤਾ ਕਿ ਜਿਸ ਮਨੁੱਖ ਨੇ ਪਰਮੇਸ਼ਰ ਨੂੰ ਪਾ ਲਿਆ ਉਸ ਨੂੰ ਹੀ ਇਸ ਸੰਸਾਰ ਅੰਦਰ ਆਇਆ ਗਿਣੀਏ। ਉਹ ਵਾਹਿਗੁਰੂ ਦੀ ਯਾਦ ਬਿਨਾਂ, ਉਸ ਨੂੰ ਚਿਤਵਣ ਬਿਨਾ ਨਹੀਂ ਰਹਿੰਦਾ। ਉਹ ਚਾਰ-ਚੁਫੇਰੇ ਜਲ-ਥਲ ਤੇ ਬਨਸਪਤੀ ਵਿੱਚ ਵਾਹਿਗੁਰੂ ਦਾ ਪਸਾਰਾ ਵੇਖਦਾ ਹੈ। ਵਾਹਿਗੁਰੂ ਦੀ ਯਾਦ ਨਾ ਆਉਣਾ ਉਸ ਲਈ ਸਭ ਤੋਂ ਵੱਡਾ ਦੁੱਖ ਹੁੰਦਾ ਹੈ। ਇਸ ਲਈ ਵਾਹਿਗੁਰੂ ਨੂੰ ਸਿਮਰਨ ਵਾਲਿਆਂ ਦੇ ਵੱਡੇ ਭਾਗ ਹੁੰਦੇ ਹਨ। ਮਹਾਂਪੁਰਸ਼ਾਂ ਨੇ ਸਮੁੱਚੇ ਸਿੱਖ ਭਾਈਚਾਰੇ ਨੂੰ ਨਾਨਕਸ਼ਾਹੀ ਸੰਮਤ 558ਦੀ ਆਮਦ ਮੌਕੇ ਵਧਾਈ ਦਿੰਦਿਆਂ ਜ਼ੋਰ ਦਿੱਤਾ ਕਿ ਗੁਰਬਾਣੀ ਨਾਮ-ਸਿਮਰਨ ਕਰਦਿਆਂ ਜੀਵਨ ਨੂੰ ਸਫਲ ਕਰੀਏ ਤਦ ਹੀ ਨਵਾਂ ਵਰ੍ਹਾ ਜਾਂ ਸੰਗਰਾਂਦ ਦਾ ਦਿਹਾੜਾ ਮਨਾਉਣਾ ਸਹੀ ਅਰਥਾਂ ਵਿੱਚ ਪ੍ਰਵਾਨ ਹੋਵੇਗਾ।



# ਕੌਮੀ ਲੋਕ ਅਦਾਲਤ 'ਚ 13037 ਕੇਸਾਂ ਦਾ ਨਿਪਟਾਰਾ



ਫਿਰੋਜ਼ਪੁਰ, 15 ਮਾਰਚ (ਤਿਵਾੜੀ): ਅੱਜ ਮਾਣਯੋਗ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਰੇ ਹਿੰਦੁਸਤਾਨ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ। ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਣਯੋਗ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸੁਮੀਤ ਮਲਹੋਤਰਾ,ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਾਹਿਬ ਫਿਰੋਜ਼ਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਦੇ ਤਹਿਤ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਕੁੱਲ 18 ਬੈਂਚ ਬਣਾਏ ਗਏ, ਜਿਨ੍ਹਾਂ ਵਿੱਚ ਸੈਸ਼ਨ ਡਵੀਜ਼ਨ, ਫਿਰੋਜ਼ਪੁਰ ਦੀਆਂ ਅਦਾਲਤਾਂ ਵਿੱਚ 12 ਬੈਂਚ, ਸਥਾਈ ਲੋਕ ਅਦਾਲਤ ਵਿਖੇ 1 ਬੈਂਚ, ਜ਼ੀਰਾ ਵਿਖੇ 3 ਬੈਂਚ ਤੇ ਗੁਰੂਹਰਸਹਾਏ ਵਿਖੇ 2 ਬੈਂਚ ਬਣਾਏ ਗਏ ਹਨ। ਜਾਣਕਾਰੀ ਮੁਤਾਬਿਕ ਇਸ ਲੋਕ ਅਦਾਲਤ ਵਿੱਚ ਕੁੱਲ 22396 ਕੇਸ ਲਗਾਏ ਗਏ, ਜਿਨ੍ਹਾਂ ਵਿੱਚੋਂ 13037 ਕੇਸਾਂ ਦਾ ਨਿਪਟਾਰਾ ਕੀਤਾ ਗਿਆ।ਇਸ ਲੋਕ ਅਦਾਲਤ ਵਿੱਚ ਵੱਖ-ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈਕ ਬਾਊਂਸ, ਰਿਕਵਰੀ ਦੇ ਕੇਸ, ਟ੍ਰੈਫਿਕ ਚਲਾਨ ਤੇ ਘਰੇਲੂ ਝਗੜਿਆਂ ਦੇ ਕੇਸ, ਇਖਰਾਜ ਰਿਪੋਰਟਾਂ, ਅਦਮਪਤਾ ਰਿਪੋਰਟਾਂ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਕੇਸ ਤੇ ਪ੍ਰੀ-ਲਿਟੀਗੇਟਿਵ ਕੇਸ ਜਿਨ੍ਹਾਂ ਵਿੱਚ ਬੈਂਕ ਰਿਕਵਰੀ ਪ੍ਰਾਈਵੇਟ ਫਾਈਨਾਂਸ ਕੰਪਨੀ, ਮੋਬਾਈਲ ਤੇ ਟੈਲੀਫੋਨ ਕੰਪਨੀਆਂ ਦੇ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਦੇ ਨਾਲ ਕੀਤਾ ਗਿਆ।ਲੋਕ ਅਦਾਲਤ ਵਿੱਚ ਆਉਣ ਵਾਲੇ ਲੋਕਾਂ ਦੀ ਮਦਦ ਤੇ ਪੁੱਛ-ਗਿੱਛ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਕੋਰਟ ਕੰਪਲੈਕਸ, ਫਿਰੋਜ਼ਪੁਰ ਦੇ ਪਬਲਿਕ ਐਂਟਰੀ ਗੇਟ ਉਪਰ ਇੱਕ ਹੈਲਪ ਡੈਸਕ ਵੀ ਲਗਾਇਆ ਗਿਆ ਤਾਂ ਜੋ ਲੋਕਾਂ ਨੂੰ ਸੁਖਾਲਾ ਕੀਤਾ ਜਾ ਸਕੇ। ਇਸੇ ਤਰ੍ਹਾਂ ਹੀ ਦੋਨਾਂ ਸਬ-ਡਵੀਜ਼ਨਾਂ ਜ਼ੀਰਾ ਤੇ ਗੁਰੂਹਰਸਹਾਏ ਵਿਖੇ ਵੀ ਹੈਲਪ ਡੈਸਕ ਲਗਾਏ ਗਏ।ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੈ। ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਤੇ ਇਹ ਫੈਸਲੇ ਤਸੱਲੀਬਖਸ਼ ਹੁੰਦੇ ਹਨ ਤੇ ਧਿਰਾਂ ਨੂੰ ਮੁਕੱਦਮੇਬਾਜ਼ੀ ਤੋਂ ਮੁਕਤੀ ਮਿਲਦੀ ਹੈ ਤੇ ਹੋਰ ਕਈ ਮਾਨਸਿਕ ਪ੍ਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ।

# ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਦਫ਼ਤਰ ਵੱਲੋਂ ਈਰਾਨ-ਇਜ਼ਰਾਈਲ ਜੰਗਬੰਦੀ 'ਚ ਭਾਰਤ ਅਹਿਮ ਭੂਮਿਕਾ ਨਿਭਾ ਸਕਦੈ

ਨਵੀਂ ਦਿੱਲੀ, 15 ਮਾਰਚ (ਚ.ਨ.ਸ): ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਦਫ਼ਤਰ ਨੇ ਚਿਤਾਵਨੀ ਦਿੱਤੀ ਹੈ ਕਿ ਵਧਦੀ ਈਰਾਨ-ਇਜ਼ਰਾਈਲ ਜੰਗ ਦੇ ਗੰਭੀਰ ਮਨੁੱਖੀ, ਆਰਥਿਕ ਤੇ ਵਿਸ਼ਵ ਪੱਧਰੀ ਨਤੀਜੇ ਹੋ ਸਕਦੇ ਹਨ ਤੇ ਸਾਰੀਆਂ ਧਿਰਾਂ ਨੂੰ ਤਤਕਾਲ ਜੰਗਬੰਦੀ ਦੀ ਦਿਸ਼ਾ 'ਚ ਅੱਗੇ ਵਧਣ ਤੇ ਤਣਾਅ ਘੱਟ ਕਰਨ 'ਚ ਮਦਦ ਦੀ ਅਪੀਲ ਕੀਤੀ ਹੈ। ਨਾਲ ਹੀ ਕਿਹਾ ਹੈ ਕਿ ਭਾਰਤ ਸਮੇਤ ਪ੍ਰਭਾਵਸ਼ਾਲੀ ਦੇਸ਼ ਇਸ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਬੁਲਾਰਾ ਰਵੀਨਾ ਸ਼ਾਮਦਾਸਾਨੀ ਨੇ ਕਿਹਾ ਕਿ ਸੰਗਠਨ ਨੇ ਮਹੀਨਿਆਂ ਪਹਿਲਾਂ ਹੀ ਜੰਗ ਦੇ ਖ਼ਦਸ਼ੇ ਬਾਰੇ ਚਿਤਾਵਨੀ ਦਿੱਤੀ ਸੀ। ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਦਫ਼ਤਰ ਮੁਤਾਬਿਕ ਸੰਘਰਸ਼ ਸ਼ੁਰੂਆਤੀ ਹਮਲਿਆਂ ਤੋਂ ਅੱਗੇ ਵੱਧ ਕੇ ਹੁਣ ਪੂਰੇ ਖੇਤਰ 'ਚ ਕਈ ਧਿਰਾਂ ਨੂੰ ਸ਼ਾਮਲ ਕਰ ਚੁੱਕਾ ਹੈ। ਸ਼ਾਮਦਾਸਾਨੀ ਨੇ ਕਿਹਾ ਕਿ ਇਜ਼ਰਾਈਲ, ਈਰਾਨ ਤੇ ਅਮਰੀਕਾ ਵੱਲੋਂ ਕੀਤੇ ਗਏ ਹਮਲਿਆਂ ਦੇ ਬਾਅਦ ਇਹ ਤਣਾਅ ਵਧਿਆ, ਜਿਸ ਤੋਂ ਬਾਅਦ ਜਵਾਬੀ ਕਾਰਵਾਈ ਹੋਈ ਤੇ ਗੁਆਂਢੀ ਦੇਸ਼ਾਂ ਨੂੰ ਵੀ ਪ੍ਰਭਾਵਿਤ ਕਰਦੇ ਹੋਏ ਵਿਆਪਕ ਦੁਸ਼ਮਣੀ ਫੈਲ ਗਈ। ਉਨ੍ਹਾਂ ਕਿਹਾ ਕਿ ਇਹ ਇੱਕ ਭਿਆਨਕ ਆਫ਼ਤ ਹੈ ਜਿਹੜੀ ਸਾਡੀਆਂ ਅੱਖਾਂ ਦੇ ਸਾਹਮਣੇ ਵਾਪਰੀ ਹੈ ਤੇ ਇਸ ਨੂੰ ਪੂਰੀ ਤਰ੍ਹਾਂ ਨਾਲ ਟਾਲਿਆ ਜਾ ਸਕਦਾ ਸੀ। ਸੰਯੁਕਤ ਰਾਸ਼ਟਰ ਈਰਾਨ, ਲਿਬਨਾਨ ਤੇ ਇਜ਼ਰਾਈਲ ਸਮੇਤ ਕਈ ਦੇਸ਼ਾਂ 'ਚ ਹੋ ਰਹੇ ਘਟਨਾਕ੍ਰਮਾਂ 'ਤੇ ਬਾਰੀਕੀ ਨਾਲ ਨਜ਼ਰ ਰੱਖ ਰਿਹਾ ਹੈ। ਨਾਲ ਹੀ ਈਂਧਣ ਦੀਆਂ ਵੱਧਦੀਆਂ ਕੀਮਤਾਂ, ਮਨੁੱਖੀ ਸਹਾਇਤਾ 'ਚ ਰੁਕਾਵਟ ਤੇ ਖਾੜੀ ਦੇਸ਼ਾਂ 'ਚ ਪ੍ਰਵਾਸੀ ਕਾਮਿਆਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਆਰਥਿਕ ਮੁਸ਼ਕਿਲਾਂ ਵਰਗੇ ਵਿਸ਼ਵ ਪੱਧਰੀ ਨਤੀਜਿਆਂ 'ਤੇ ਵੀ ਨਜ਼ਰ ਰੱਖ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਹੋਰਨਾਂ ਪ੍ਰਭਾਵਸ਼ਾਲੀ ਦੇਸ਼ਾਂ ਦੇ ਨਾਲ ਮਿਲ ਕੇ, ਸੰਯੁਕਤ ਰਾਸ਼ਟਰ ਚਾਰਟਰ ਦੇ ਪ੍ਰਤੀ ਆਪਣੀ ਵਚਨਬੱਧਤਾ ਦੁਹਰਾ ਸਕਦਾ ਹੈ ਤੇ ਇਸ ਜੰਗ ਨੂੰ ਖ਼ਤਮ ਕਰਨ 'ਤੇ ਜ਼ੋਰ ਦੇ ਸਕਦਾ ਹੈ। ਉਨ੍ਹਾਂ ਕਿਹਾ ਕਿ ਸੰਕਟ ਨੂੰ ਵਿਆਪਕ ਖੇਤਰੀ ਜੰਗ 'ਚ ਤਬਦੀਲ ਹੋਣ ਤੋਂ ਰੋਕਣ ਲਈ ਵਿਸ਼ਵ ਦੇ ਨੇਤਾਵਾਂ ਨੂੰ ਸੰਵਾਦ, ਗੱਲਬਾਤ ਤੇ ਅੰਤਰਰਾਸ਼ਟਰੀ ਕਾਨੂੰਨ ਦੇ ਸਨਮਾਨ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ।



# ਸ਼ਰਾਰਤੀ ਨੌਜਵਾਨਾਂ ਵੱਲੋਂ ਨਮਾਜ਼ ਪੜ੍ਹ ਰਹੇ ਨਮਾਜ਼ੀਆਂ 'ਤੇ ਪੱਥਰਬਾਜ਼ੀ

ਲੁਧਿਆਣਾ, 15 ਮਾਰਚ (ਚ.ਨ.ਸ): ਸਥਾਨਕ ਟਿੱਬਾ ਰੋਡ ਇਲਾਕੇ 'ਚ ਨਮਾਜ਼ ਪੜ੍ਹ ਰਹੇ ਨਮਾਜ਼ੀਆਂ ਉਪਰ ਸ਼ਰਾਰਤੀ ਨੌਜਵਾਨਾਂ ਨੇ ਪੱਥਰਬਾਜ਼ੀ ਕੀਤੀ। ਇਸ ਘਟਨਾ 'ਚ ਨਮਾਜ਼ ਪੜ੍ਹ ਰਹੇ 5 ਨਮਾਜ਼ੀ ਫੱਟੜ ਹੋ ਗਏ ਤੇ ਇਹ ਧਾਰਮਿਕ ਰਸਮ ਅਦਾ ਕਰ ਰਹੇ ਨਮਾਜ਼ੀਆਂ ਵਿੱਚ ਭੱਜ ਦੌੜ ਮੱਚ ਗਈ। ਸ਼ਾਂਤੀ ਪੂਰਵਕ ਢੰਗ ਨਾਲ ਨਮਾਜ਼ ਪੜ੍ਹ ਰਹੇ ਨਮਾਜ਼ੀਆਂ ਉਪਰ ਹਮਲੇ ਦੀ ਘਟਨਾ ਮਗਰੋਂ ਗੁੱਸੇ ਵਿੱਚ ਆਏ ਨਮਾਜ਼ੀਆਂ ਨੇ ਵੀ ਹਮਲਾਵਰਾਂ ਉਪਰ ਜਵਾਬੀ ਪੱਥਰਬਾਜ਼ੀ ਕੀਤੀ। ਇਲਾਕੇ ਵਿੱਚ ਅਜਿਹੇ ਤਣਾਅ ਦੀ ਖਬਰ ਮਿਲਣ ਮਗਰੋਂ ਥਾਣਾ ਟਿੱਬਾ ਪੁਲਿਸ ਨੇ ਮੌਕੇ 'ਤੇ ਜਾ ਕੇ ਪੜਤਾਲ ਸ਼ੁਰੂ ਕੀਤੀ ਤੇ ਵਿਸ਼ੇਸ਼ ਭਾਈਚਾਰੇ ਵੱਲੋਂ ਦਿੱਤੀ ਗਈ ਸ਼ਿਕਾਇਤ ਦੇ ਆਧਾਰ 'ਤੇ ਜਾਂਚ ਕਰਦੇ ਹੋਏ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਕਬਜ਼ੇ ਵਿੱਚ ਲੈਣ ਮਗਰੋਂ ਹਮਲਾਵਰਾਂ ਦੀ ਸ਼ਨਾਖਤ ਲਈ ਉਦਮ ਸ਼ੁਰੂ ਕਰ ਦਿੱਤੇ ਹਨ। ਉਕਤ ਘਟਨਾ ਵਿੱਚ ਫੱਟੜ ਹੋਏ ਨਮਾਜ਼ੀ ਹੈਦਰ ਅਲੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੁੰਮੇ ਦੀ ਨਮਾਜ਼ ਪੜ੍ਹਨ ਲਈ ਕਰੀਬ 70-80 ਲੋਕ ਇਕੱਠੇ ਹੋ ਕੇ ਨਮਾਜ਼ ਅਦਾ ਕਰ ਰਹੇ ਸਨ, ਇਸ ਦੌਰਾਨ ਮੋਟਰਸਾਈਕਲ 'ਤੇ ਆਏ ਅਣਪਛਾਤੇ ਨੌਜਵਾਨਾਂ ਨੇ ਨਮਾਜ਼ੀਆਂ ਉਪਰ ਹਮਲਾ ਕਰ ਦਿੱਤਾ। ਹਮਲਾਵਰਾਂ ਨੇ ਨਮਾਜ਼ ਪੜ੍ਹ ਰਹੇ ਨਮਾਜ਼ੀਆਂ ਉਪਰ ਪੱਥਰ ਵਰਸਾਉਣੇ ਸ਼ੁਰੂ ਕਰ ਦਿੱਤੇ। ਜਿਸ ਕਾਰਨ ਕਰੀਬ 5 ਨਮਾਜ਼ੀ ਫੱਟੜ ਹੋ ਗਏ। ਉਨ੍ਹਾਂ ਕਿਹਾ ਕਿ ਰਮਜ਼ਾਨ ਦੇ ਪਵਿੱਤਰ ਮਹੀਨੇ ਵਿੱਚ ਉਹ ਸ਼ਾਂਤੀ ਪੂਰਨ ਢੰਗ ਨਾਲ ਆਪਣੀਆਂ ਧਾਰਮਿਕ ਰਸਮਾਂ ਅਦਾ ਕਰ ਰਹੇ ਸਨ, ਪਰ ਭਾਈਚਾਰਾ ਖਰਾਬ ਕਰਨ ਦੀ ਨੀਅਤ ਨਾਲ ਮੌਕੇ 'ਤੇ ਆਏ ਅਣਪਛਾਤੇ ਵਿਅਕਤੀਆਂ ਨੇ ਬਿਨਾਂ ਕਿਸੇ ਗੱਲਬਾਤ ਤੇ ਦੁਸ਼ਮਣੀ ਦੇ ਇੱਟਾਂ ਪੱਥਰ ਮਾਰ ਕੇ ਧਾਰਮਿਕ ਸਮਾਗਮ ਦੌਰਾਨ ਅਫਰਾ ਤਫਰੀ ਫੈਲਾਉਣ ਦੀ ਕੋਸ਼ਿਸ਼ ਕੀਤੀ। ਥਾਣਾ ਟਿੱਬਾ ਦੇ ਮੁੱਖ ਅਫਸਰ ਬਲਵੀਰ ਸਿੰਘ ਮੁਤਾਬਿਕ ਫੱਟੜ ਹੋਈ ਪੀੜਤ ਧਿਰ ਵੱਲੋਂ ਦਿੱਤੀ ਸ਼ਿਕਾਇਤ ਦੇ ਆਧਾਰ 'ਤੇ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ ਤੇ ਹਾਲਾਤ ਪੂਰੀ ਤਰ੍ਹਾਂ ਨਾਲ ਕਾਬੂ 'ਚ ਹਨ।

# ਸੰਤ ਬਾਬਾ ਦਲਵਾਰਾ ਸਿੰਘ ਵੱਲੋਂ ਸ਼੍ਰੋਮਣੀ ਪੱਤਰਕਾਰ ਭੂਸ਼ਨ ਸੂਦ ਦਾ ਸਨਮਾਨ



ਅਮਲੋਹ, 15 ਮਾਰਚ (ਜਸਵੰਤ ਸਿੰਘ): ਗੁਰਦੁਆਰਾ ਰੋਹੀਸਰ ਸਾਹਿਬ ਮਾਲੋਵਾਲ ਤਪ ਅਸਥਾਨ ਸ੍ਰੀ ਮਾਨ ਸੰਤ ਬਾਬਾ ਕ੍ਰਿਪਾ ਸਿੰਘ ਜੀ ਵਿਖੇ 3 ਰੋਜ਼ਾ ਗੁਰਮਤਿ ਸਮਾਗਮ ਦੌਰਾਨ ਸੰਤ ਬਾਬਾ ਦਲਵਾਰਾ ਸਿੰਘ ਨੇ ਸ਼੍ਰੋਮਣੀ ਤੇ ਵੈਟਰਨ ਪੱਤਰਕਾਰ ਭੂਸ਼ਨ ਸੂਦ ਵੱਲੋਂ ਪੱਤਰਕਾਰੀ, ਸਮਾਜ ਸੇਵਾ ਤੇ ਧਾਰਮਿਕ ਖੇਤਰ ਵਿੱਚ ਕੀਤੀ ਜਾ ਰਹੀ ਸੇਵਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ। ਉਨ੍ਹਾਂ ਖੁਸ਼ੀ ਪ੍ਰਗਟ ਕੀਤੀ ਕਿ ਸ੍ਰੀ ਸੂਦ ਵੱਲੋਂ ਪਿਛਲੇ 4 ਦਹਾਕਿਆਂ ਤੋਂ ਵੱਧ ਸਮੇਂ ਤੋਂ ਪੱਤਰਕਾਰੀ ਦੇ ਖੇਤਰ ਵਿੱਚ ਬੇਦਾਗ ਸੇਵਾ ਕੀਤੀ ਜਾ ਰਹੀ ਹੈ। ਉਨ੍ਹਾਂ ਸ੍ਰੀ ਸੂਦ ਨੂੰ ਲੰਬੀ ਤੇ ਤੰਦਰੁਸਤ ਜੀਵਨ ਲਈ ਆਸ਼ੀਰਵਾਦ ਵੀ ਦਿੱਤਾ। ਇਸ ਮੌਕੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ, ਰਿਟ.ਡੀਆਈਜੀ ਰਣਵੀਰ ਸਿੰਘ ਖੱਟੜਾ, ਭਾਜਪਾ ਆਗੂ ਜਗਦੀਪ ਸਿੰਘ ਚੀਮਾ, ਸਮਾਜ ਸੇਵੀ ਡਾ. ਰਘਵੀਰ ਸ਼ੁਕਲਾ, ਸੀਨੀਅਰ ਅਕਾਲੀ ਆਗੂ ਕੁਲਦੀਪ ਸਿੰਘ ਮਛਰਾਈ, ਮੁਲਾਜ਼ਮ ਆਗੂ ਪ੍ਰਿਥੀਪਾਲ ਸਿੰਘ ਹਾਜ਼ਰ ਸਨ।

# ਗੈਸ ਸਿਲੰਡਰਾਂ ਦੀ ਵੱਧ ਰਹੀ ਕੀਮਤ ਤੇ ਕਮੀ ਚਿੰਤਾ ਦਾ ਵਿਸ਼ਾ: ਰਾਜੂ ਖੰਨਾ

**☛25 ਦੀ ਰੈਲੀ ਨੂੰ ਲੈ ਕੇ ਸੰਤ ਨਗਰ, ਅਜਨਾਲੀ ਤੇ ਨਸਰਾਲੀ 'ਚ ਕੀਤੀਆਂ ਮੀਟਿੰਗਾਂ**



ਮੰਡੀ ਗੋਬਿੰਦਗੜ੍ਹ, 15 ਮਾਰਚ (ਸੂਦ): ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ 25 ਮਾਰਚ ਨੂੰ ਹਲਕਾ ਅਮਲੋਹ ਅੰਦਰ ਹੋ ਰਹੀ 'ਪੰਜਾਬ ਬਚਾਓ ਰੈਲੀ' ਸਬੰਧੀ ਸ਼ਹਿਰ ਦੇ ਸੰਤ ਨਗਰ, ਅਜਨਾਲੀ ਤੇ ਨਸਰਾਲੀ ਵਿਖੇ ਭਰਵੀਆਂ ਮੀਟਿੰਗਾਂ ਸਮੇਂ ਕਿਹਾ ਕਿ ਘਰੇਲੂ ਤੇ ਕਮਰਸ਼ੀਅਲ ਐਲਪੀਜੀ ਗੈਸ ਸਿਲੰਡਰਾਂ ਦੀ ਵੱਧ ਰਹੀ ਕੀਮਤ ਤੇ ਘਾਟ ਚਿੰਤਾ ਦਾ ਵਿਸ਼ਾ ਹੈ, ਜਿਸ ਨੂੰ ਲੈ ਕੇ ਕੇਂਦਰ ਤੇ ਸੂਬਾ ਸਰਕਾਰ ਗੰਭੀਰ ਨਹੀਂ।ਉਨ੍ਹਾਂ ਕਿਹਾ ਕਿ ਪਹਿਲਾਂ ਹੀ ਲੋਕ ਐਲਪੀਜੀ ਸਿਲੰਡਰਾਂ ਦੀ ਵੱਧ ਰਹੀ ਕੀਮਤਾਂ ਕਾਰਨ ਪ੍ਰੇਸ਼ਾਨ ਹਨ ਤੇ ਹੁਣ ਗੈਸ ਸਿਲੰਡਰਾਂ ਦੀ ਕਮੀ ਦੀਆਂ ਖਬਰਾਂ ਨਾਲ ਘਰਾਂ ਤੇ ਛੋਟੇ ਕਾਰੋਬਾਰੀਆਂ ਵਿੱਚ ਚਿੰਤਾ ਹੋਰ ਵੱਧ ਗਈ ਹੈ ਕਿਉਂਕਿ ਉਹ ਖਾਣਾ ਬਣਾਉਣ ਲਈ ਵੱਡੇ ਪੱਧਰ 'ਤੇ ਗੈਸ 'ਤੇ ਨਿਰਭਰ ਕਰਦੇ ਹਨ। ਉਨ੍ਹਾਂ ਮੰਗ ਕੀਤੀ ਕਿ ਦੋਵੇਂ ਕਿਸਮਾਂ ਦੇ ਗੈਸ ਸਿਲੰਡਰਾਂ ਦੀਆਂ ਕੀਮਤਾਂ ਘਟਾ ਕੇ ਲੋਕਾਂ ਨੂੰ ਸਪਲਾਈ ਵਗੈਰ ਰੁਕਾਵਟ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਰਸੋਈ ਗੈਸ ਇੱਕ ਜ਼ਰੂਰੀ ਵਸਤੂ ਹੈ ਤੇ ਇਸ ਦੀ ਸੁਚਾਰੂ ਉਪਲਬਧਤਾ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਲਈ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ 25 ਮਾਰਚ ਦੀ ਅਮਲੋਹ ਵਿੱਚ ਕੀਤੀ ਜਾ ਰਹੀ ਰੈਲੀ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ। ਮੀਟਿੰਗਾਂ ਨੂੰ ਜਥੇਦਾਰ ਨਾਜ਼ਰ ਸਿੰਘ ਸੰਤ ਨਗਰ, ਬਾਬਾ ਨਿਸ਼ਾਨ ਸਿੰਘ, ਫੋਰਮੈਨ ਬਲਵੀਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਨੋਨੀ, ਬਿਕਰਮ ਸਿੰਘ ਬੀਕਾ, ਸੁਖਵਿੰਦਰ ਕੌਰ ਸੁੱਖੀ, ਹਰਪਾਲ ਸਿੰਘ ਮੰਗੋ, ਡਾ. ਮਨਜੀਤ ਸਿੰਘ ਲੁਹਾਰਮਾਜਰਾ, ਰੋਸ਼ਨ ਸਿੰਘ ਮੰਡੀ, ਸੋਮਨਾਥ ਅਜਨਾਲੀ, ਦੀਦਾਰ ਸਿੰਘ, ਗੋਰਾ ਅਜਨਾਲੀ, ਕੰਵਲਦੀਪ ਸਿੰਘ ਮੰਡੀ, ਸਿਕੰਦਰ ਸਿੰਘ ਨਸਰਾਲੀ, ਰਣਧੀਰ ਸਿੰਘ ਧੀਰਾ, ਹਰਜੀਤ ਸਿੰਘ, ਦਿਲਾਵਰ ਸਿੰਘ ਚੀਮਾ, ਸੱਤਪਾਲ ਸਿੰਘ ਸੱਤਾ, ਹਰਪਾਲ ਸਿੰਘ ਨਸਰਾਲੀ, ਜਗਤਾਰ ਸਿੰਘ ਗਿੱਲ, ਅੰਗਰੇਜ਼ ਕੌਰ, ਹਰਜੀਤ ਸਿੰਘ ਸੋਨੂੰ, ਹਰਪਿੰਦਰ ਸਿੰਘ ਭੂਰਾ ਤੇ ਰਾਮ ਸਿੰਘ ਮੰਡੀ ਨੇ ਸੰਬੋਧਨ ਕੀਤਾ।

# ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਵੱਲੋਂ ਫਾਜ਼ਿਲਕਾ ਵਿਖੇ ਪ੍ਰਸ਼ਾਸਨ, ਸਮਾਜ ਸੇਵੀ ਸੰਸਥਾਵਾਂ ਤੇ ਸਰਪੰਚਾਂ ਨਾਲ ਮੀਟਿੰਗ

ਫਾਜ਼ਿਲਕਾ, 15 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਸਟੇਟ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਿਤੇਂਦਰ ਸਿੰਘ ਸ਼ੰਟੀ ਨੇ ਅੱਜ ਫਾਜ਼ਿਲਕਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਸਬੰਧੀ ਖੁੱਲ੍ਹੀ ਸੁਣਵਾਈ ਦਾ ਕੈਂਪ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਜਿਤੇਂਦਰ ਸਿੰਘ ਸ਼ੰਟੀ ਨੇ ਜ਼ੋਰ ਦੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਸਮੇਤ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਰਾਜ ਭਰ ਦੇ ਹਰ ਜ਼ਿਲ੍ਹੇ ਤੱਕ ਪਹੁੰਚ ਬਣਾ ਰਿਹਾ ਹੈ। ਉਨ੍ਹਾਂ ਕਮਿਸ਼ਨ ਵੱਲੋਂ ਲੋਕਾਂ ਦੀਆਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 98554-75547 ਜਾਰੀ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਦਿੱਤੀ ਜਾਵੇ, ਜਿਸ 'ਤੇ ਯਕੀਨਨ ਕਾਰਵਾਈ ਹੋਵੇਗੀ।ਇਸ ਮੌਕੇ ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਨਵੀਆਂ ਹਦਾਇਤਾਂ ਜਾਰੀਆਂ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਕਿ ਕਮਿਸ਼ਨ ਵੱਲੋਂ ਰਾਜ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ 15 ਮੈਂਬਰੀ ਕੋਰ ਗਰੁੱਪਾਂ ਦਾ ਗਠਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹੇ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹੋਣਗੇ ਤਾਂ ਕਿ ਪੀੜਤਾਂ ਨੂੰ ਤੁਰੰਤ ਨਿਆਂ ਦਿਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਦਫ਼ਤਰੀ ਕੰਮਾਂ ਵਾਲੇ ਦਿਨ ਸੋਮਵਾਰ ਤੋਂ ਸ਼ੁੱਕਰਵਾਰ 11 ਤੋਂ 1 ਵਜੇ ਤੱਕ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ ਤੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਨੁਮਾਇੰਦੇ ਨੂੰ ਮਿਲ ਸਕਦੇ ਹਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨ.) ਡਾ. ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਜਗਵਿੰਦਰਜੀਤ ਸਿੰਘ ਗਰੇਵਾਲ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ,ਐਸ.ਪੀ,ਕੇਂਦਰੀ ਜੇਲ੍ਹ ਦੇ ਸੁਪਰਡੈਂਟ, ਨਗਰ ਕੌਂਸਲ, ਸਿਹਤ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਸਰਪੰਚ ਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰ ਹਾਜ਼ਰ ਸਨ।



# ਕੌਮੀ ਲੋਕ ਅਦਾਲਤ 'ਚ 16,623 ਕੇਸਾਂ ਦਾ ਨਿਪਟਾਰਾ




ਫਾਜ਼ਿਲਕਾ, 15 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਹੇਠ ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੀ ਅਗਵਾਈ ਤੇ ਰਹਿਨੁਮਾਈ ਹੇਠ 14 ਮਾਰਚ ਨੂੰ ਜ਼ਿਲ੍ਹਾ ਫਾਜ਼ਿਲਕਾ, ਅਬੋਹਰ ਤੇ ਜਲਾਲਾਬਾਦ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਸਫਲ ਆਯੋਜਨ ਕੀਤਾ ਗਿਆ। ਇਸ ਲੋਕ ਅਦਾਲਤ ਦੌਰਾਨ ਦੋਨਾਂ ਪਾਰਟੀਆਂ ਦੀ ਆਪਸੀ ਸਹਿਮਤੀ ਨਾਲ ਕਈ ਲੰਬਿਤ ਤੇ ਪ੍ਰੀ-ਲਿਟੀਗੇਸ਼ਨ ਕੇਸਾਂ ਦਾ ਸੁਲਝਾਅ ਕਰਵਾਇਆ ਗਿਆ, ਜਿਸ ਨਾਲ ਪਾਰਟੀਆਂ ਨੂੰ ਤੁਰੰਤ ਤੇ ਸਸਤਾ ਇਨਸਾਫ ਪ੍ਰਾਪਤ ਹੋਇਆ।ਇਸ ਨੈਸ਼ਨਲ ਲੋਕ ਅਦਾਲਤ ਵਿੱਚ ਜ਼ਿਲ੍ਹਾ ਫਾਜ਼ਿਲਕਾ ਵਿੱਚ ਕੁੱਲ 10 ਬੈਂਚਾਂ ਦਾ ਗਠਨ ਕੀਤਾ ਗਿਆ, ਜਿਸ ਵਿੱਚ 05 ਬੈਂਚ ਫਾਜ਼ਿਲਕਾ, 03 ਬੈਂਚ ਅਬੋਹਰ ਤੇ 02 ਬੈਂਚ ਜਲਾਲਾਬਾਦ ਵਿਖੇ ਲਗਾਏ ਗਏ। ਇਨ੍ਹਾਂ ਬੈਂਚਾਂ ਵੱਲੋਂ ਦੋਨਾਂ ਪੱਖਾਂ ਦੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਕਰਵਾ ਕੇ ਨਿਆਂ ਪ੍ਰਕਿਰਿਆ ਨੂੰ ਹੋਰ ਤੇਜ਼ ਤੇ ਆਸਾਨ ਬਣਾਇਆ ਗਿਆ।ਇਸ ਮੌਕੇ ਅਜੀਤ ਪਾਲ ਸਿੰਘ, ਮਾਣਯੋਗ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ, ਫਾਜ਼ਿਲਕਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਕੁੱਲ 17,710 ਕੇਸ ਸੁਣਵਾਈ ਲਈ ਰੱਖੇ ਗਏ ਸਨ, ਜਿਨ੍ਹਾਂ ਵਿੱਚੋਂ 16,623 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਤੇ ਕੁੱਲ ਰੁਪਏ 13,74,66,427/- ਦੇ ਐਵਾਰਡ ਪਾਸ ਕੀਤੇ ਗਏ। ਉਨ੍ਹਾਂ ਨੇ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਕਰਵਾਉਣਾ ਨਿਆਂ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਇਸ ਨਾਲ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੀ ਗਿਣਤੀ ਘਟਦੀ ਹੈ ਤੇ ਲੋਕਾਂ ਨੂੰ ਛੇਤੀ ਨਿਆਂ ਮਿਲਦਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਦੋਨਾਂ ਪਾਰਟੀਆਂ ਦੀ ਆਪਸੀ ਸਹਿਮਤੀ ਨਾਲ ਮਾਮਲਿਆਂ ਦਾ ਨਿਪਟਾਰਾ ਹੋਣ ਕਾਰਨ ਲੋਕਾਂ ਵਿਚਲੀ ਦੁਸ਼ਮਣੀ ਖਤਮ ਹੋ ਜਾਂਦੀ ਹੈ ਤੇ ਸਮਾਜ ਵਿੱਚ ਭਾਈਚਾਰਾ ਤੇ ਆਪਸੀ ਸਾਂਝ ਵੱਧਦੀ ਹੈ।

# ਕੈਂਸਰ ਵਿਰੁੱਧ ਫਿਰੋਜ਼ਪੁਰ ਸਿਹਤ ਵਿਭਾਗ ਦਾ ਵੱਡਾ ਹੱਲਾ

**☛ਸਮੇਂ ਸਿਰ ਜਾਂਚ ਹੀ ਸਭ ਤੋਂ ਵੱਡਾ ਬਚਾਅ: ਡਾ. ਰਾਜੀਵ ਪਰਾਸ਼ਰ**



ਫਿਰੋਜ਼ਪੁਰ, 15 ਮਾਰਚ (ਤਿਵਾੜੀ): ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਦੀ ਅਗਵਾਈ ਹੇਠ ਸਿਹਤ ਵਿਭਾਗ ਨੇ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨੂੰ ਜੜ੍ਹੋਂ ਖ਼ਤਮ ਕਰਨ ਲਈ ਕਮਰਕੱਸ ਲਈ ਹੈ। ਇਸੇ ਮੁਹਿੰਮ ਤਹਿਤ ਅੱਜ ਸਿਵਲ ਸਰਜਨ ਦਫ਼ਤਰ ਵਿਖੇ ਜ਼ਿਲ੍ਹੇ ਦੇ ਸਮੂਹ ਕਮਿਊਨਿਟੀ ਹੈਲਥ ਅਫ਼ਸਰਾਂ ਲਈ ਇੱਕ ਵਿਸ਼ੇਸ਼ ਟ੍ਰੇਨਿੰਗ ਵਰਕਸ਼ਾਪ ਲਗਾਈ ਗਈ, ਜਿਸ ਦਾ ਮੁੱਖ ਮਕਸਦ ਮੂੰਹ ਦੇ ਕੈਂਸਰ, ਛਾਤੀ ਦੇ ਕੈਂਸਰ ਤੇ ਸਰਵਾਈਕਲ ਕੈਂਸਰ (ਬੱਚੇਦਾਨੀ ਦੇ ਮੂੰਹ ਦਾ ਕੈਂਸਰ) ਦੀ ਸ਼ੁਰੂਆਤੀ ਸਟੇਜ 'ਤੇ ਪਛਾਣ ਕਰਕੇ ਕੀਮਤੀ ਜਾਨਾਂ ਬਚਾਉਣਾ ਹੈ। ਟ੍ਰੇਨਿੰਗ ਵਰਕਸ਼ਾਪ ਵਿੱਚ ਡਾ. ਪੰਕਜ ਗੁਪਤਾ ਡਿਪਟੀ ਡਾਇਰੈਕਟਰ ਡੈਂਟਲ ਹੈਲਥ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਮੂੰਹ ਦੇ ਛਾਲਿਆਂ ਨੂੰ ਨਜ਼ਰ-ਅੰਦਾਜ਼ ਨਹੀਂ ਕਰਨਾ ਚਾਹੀਦਾ। ਦੰਦਾਂ ਦੇ ਡਾਕਟਰ ਕੋਲ ਜਾ ਕੇ ਸਮੇਂ ਸਿਰ ਜਾਂਚ ਜ਼ਰੂਰ ਕਰਵਾ ਲੈਣੀ ਚਾਹੀਦੀ ਹੈ। ਡਾ. ਪੰਕਜ ਗੁਪਤਾ ਨੇ ਕਮਿਊਨਿਟੀ ਹੈਲਥ ਅਫ਼ਸਰਾਂ ਨੂੰ ਮੂੰਹ ਦੇ ਕੈਂਸਰ ਦੇ ਲੱਛਣਾਂ, ਮੂੰਹ ਦੇ ਕੈਂਸਰ ਦੀ ਜਲਦੀ ਪਛਾਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਡਾ. ਹਰਲੀਨ ਕੌਰ ਨੇ ਛਾਤੀ ਦੇ ਕੈਂਸਰ ਤੇ ਸਰਵਾਈਕਲ ਕੈਂਸਰ (ਬੱਚੇਦਾਨੀ ਦੇ ਮੂੰਹ ਦੇ ਕੈਂਸਰ) ਦੇ ਲੱਛਣਾਂ ਤੇ ਮੈਡੀਕਲ ਚੈਕਅੱਪ ਦੌਰਾਨ ਕੈਂਸਰ ਦੀ ਅਗਾਊ ਪਛਾਣ ਬਾਰੇ ਅਹਿਮ ਨੁਕਤੇ ਸਾਂਝੇ ਕੀਤੇ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਔਰਤਾਂ ਵਿੱਚ ਇਹ ਤੇਜ਼ੀ ਨਾਲ ਵੱਧ ਰਿਹਾ ਹੈ, ਜਿਸ ਦੀ ਸਕ੍ਰੀਨਿੰਗ ਹੁਣ ਪਿੰਡ ਪੱਧਰ 'ਤੇ ਲਾਜ਼ਮੀ ਹੋਵੇਗੀ। ਉਨ੍ਹਾਂ ਕਿਹਾ ਕਿ ਕੈਂਸਰ ਦਾ ਡਰ ਉਦੋਂ ਹੀ ਖ਼ਤਮ ਹੁੰਦਾ ਹੈ ਜਦੋਂ ਉਸ ਦੀ ਪਛਾਣ ਜਲਦੀ ਹੋ ਜਾਵੇ। ਉਨ੍ਹਾਂ ਨੇ ਡਾਇਗਨੋਸਟਿਕ ਕਿੱਟਾਂ ਦੀ ਬਾਰੀਕੀ ਨਾਲ ਵਰਤੋਂ ਕਰਨ ਦੀ ਟ੍ਰੇਨਿੰਗ ਦਿੱਤੀ ਤਾਂ ਜੋ ਫੀਲਡ ਵਿੱਚ ਜਾ ਕੇ ਮਰੀਜ਼ਾਂ ਦੀ ਤੁਰੰਤ ਸਕ੍ਰੀਨਿੰਗ ਕੀਤੀ ਜਾ ਸਕੇ। ਹੁਣ ਹਰ ਸਕ੍ਰੀਨਿੰਗ ਰਿਪੋਰਟ ਤੁਰੰਤ ਆਨਲਾਈਨ ਦਰਜ ਕੀਤੀ ਜਾਵੇਗੀ, ਜਿਸ ਨਾਲ ਉਚ ਅਧਿਕਾਰੀ ਸਿੱਧੇ ਤੌਰ 'ਤੇ ਮਰੀਜ਼ ਦੇ ਇਲਾਜ ਦੀ ਪ੍ਰਗਤੀ ਨੂੰ ਟ੍ਰੈਕ ਕਰ ਸਕਣਗੇ।

# ਰਵਿੰਦਰ ਸਿੰਘ ਸੈਂਪਲਾ ਅਕਾਲੀ ਦਲ ਐਸਸੀ ਵਿੰਗ ਦੇ ਦਫ਼ਤਰ ਸਕੱਤਰ ਤੇ ਮੁੱਖ ਬੁਲਾਰੇ ਨਿਯੁਕਤ

ਸ੍ਰੀ ਫਤਹਿਗੜ੍ਹ ਸਾਹਿਬ, 15 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਦਫ਼ਤਰ ਵੱਲੋਂ ਪਾਰਟੀ ਦੇ ਬੁਲਾਰਿਆਂ ਦੀ ਸੂਚੀ ਜਾਰੀ ਕਰਦਿਆਂ ਵਿਧਾਨ ਸਭਾ ਹਲਕਾ ਬੱਸੀ ਪਠਾਣਾਂ ਦੇ ਸੀਨੀਅਰ ਨੌਜਵਾਨ ਆਗੂ ਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸੀਨੀਅਰ ਵਕੀਲ ਐਡ. ਰਵਿੰਦਰ ਸਿੰਘ ਸੈਂਪਲਾ ਨੂੰ ਪਾਰਟੀ ਦੇ ਐਸ.ਸੀ ਵਿੰਗ ਦਾ ਪਾਰਟੀ ਦੇ ਮੁੱਖ ਦਫਤਰ ਦਾ ਦਫਤਰ ਸਕੱਤਰ ਤੇ ਮੁੱਖ ਬੁਲਾਰਾ ਨਿਯੁਕਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਐਡ. ਸੈਂਪਲਾ ਪਹਿਲਾਂ ਵੀ ਪਾਰਟੀ ਦੇ ਬੁਲਾਰੇ ਵਜੋਂ ਸੇਵਾਵਾਂ ਨਿਭਾਅ ਰਹੇ ਸਨ ਤੇ ਉਨ੍ਹਾਂ ਦੀ ਪਾਰਟੀ ਘਾਲਣਾ ਤੇ ਕਾਰਗੁਜ਼ਾਰੀ ਨੂੰ ਦੇਖਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਸ.ਸੀ. ਵਿੰਗ ਦੇ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਗੁਲਜ਼ਾਰ ਸਿੰਘ ਰਾਣੀਕੇ ਨਾਲ ਸਲਾਹ-ਮਸ਼ਵਰੇ ਮਗਰੋਂ ਉਨ੍ਹਾਂ ਨੂੰ ਵਿੰਗ ਦੇ ਮੁੱਖ ਬੁਲਾਰੇ ਤੇ ਚੰਡੀਗੜ੍ਹ ਸਥਿਤ ਦਫਤਰ ਵਿਖੇ ਦਫਤਰ ਸਕੱਤਰ ਵਜੋਂ ਵੱਡੀ ਜ਼ਿੰਮੇਵਾਰੀ ਦੇ ਕੇ ਉਨ੍ਹਾਂ ਪ੍ਰਤੀ ਭਰੋਸਾ ਜਤਾਇਆ ਹੈ। ਐਡ. ਸੈਂਪਲਾ ਜੋ ਕਿ ਹਲਕਾ ਬੱਸੀ ਪਠਾਣਾ ਦੇ ਪਿੰਡ ਸੈਂਪਲਾ ਨਾਲ ਸਬੰਧਤ ਹਨ ਤੇ ਪਿਛਲੇ ਡੇਢ ਦਹਾਕੇ ਤੋਂ ਹਾਈਕੋਰਟ ਵਿੱਚ ਵਕਾਲਤ ਕਰ ਰਹੇ ਹਨ ਤੇ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਤੇ ਪਾਰਟੀ ਨਾਲ ਸਬੰਧਤ ਮੁਕੱਦਮਿਆਂ ਵਿੱਚ ਪੈਰਵਾਈ ਕਰਦੇ ਆ ਰਹੇ ਹਨ ਤੇ ਪਾਰਟੀ ਵਰਕਰਾਂ ਨਾਲ ਚੱਟਾਨ ਵਾਂਗ ਖੜ੍ਹੇ ਰਹੇ ਹਨ।



# ਭੋਗਪੁਰ 'ਚ ਪਹਿਲਾਂ ਵਾਂਗ ਹੀ ਮਿਲ ਰਹੀ ਐਚਪੀ ਗੈਸ: ਮੁਲਾਜ਼ਮ

ਭੋਗਪੁਰ, 15 ਮਾਰਚ (ਜੰਡੀਰ ਸੈਣੀ): ਐਚਪੀ ਗੈਸ ਏਜੰਸੀ ਭੋਗਪੁਰ ਚਾੜਕੇ ਲੁਹਾਰਾ ਰੋਡ ਗੁ. ਗੁਰੂ ਨਾਨਕ ਯਾਦਗਾਰ ਸਾਹਿਬ ਦੇ ਸਾਹਮਣੇ ਗੈਸ ਲੈਣ ਵਾਸਤੇ ਪਹੁੰਚੇ ਲੋਕ ਲੰਬੀਆਂ ਕਿਤਾਰਾਂ ਵਿੱਚ ਖੜ੍ਹੇ ਆਖ ਰਹੇ ਸਨ ਕਿ ਉਨ੍ਹਾਂ ਦੇ ਮੋਬਾਈਲ ਨੰਬਰਾਂ ਰਾਹੀਂ ਗੈਸ ਦੀ ਬੁਕਿੰਗ ਨਹੀਂ ਹੋ ਰਹੀ, ਜਦ ਕਿ ਹਰ ਵਾਰ ਮੋਬਾਈਲ ਰਾਹੀਂ ਹੀ ਗੈਸ ਦੀ ਬੁਕਿੰਗ ਕਰਿਆ ਕਰਦੇ ਸਨ। ਜਦ ਅੰਦਰ ਮੁਲਾਜ਼ਮਾਂ ਕੋਲੋਂ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਗੈਸ ਵਿੱਚ ਕੋਈ ਵੀ ਦਿੱਕਤ ਨਹੀਂ ਹੈ, ਪਹਿਲਾਂ ਵਾਂਗ ਹੀ ਗੈਸ ਬੁਕਿੰਗ ਹੋ ਰਹੀ ਹੈ ਤੇ ਗੈਸ ਸਪਲਾਈ ਕੀਤੀ ਵੀ ਜਾ ਰਹੀ ਹੈ ਤੇ ਏਜੰਸੀ ਕੋਲ ਗੈਸ ਦੀ ਕੋਈ ਘਾਟ ਵੀ ਨਹੀਂ ਹੈ।ਉਨ੍ਹਾਂ ਕਿਹਾ ਮੋਬਾਈਲ ਨੰਬਰਾਂ ਰਾਹੀਂ ਬੁਕਿੰਗ ਨਾ ਹੋਣ ਦਾ ਕਾਰਨ ਲਾਈਨ ਟੂ ਲਾਈਨ ਦੀ ਖਰਾਬੀ ਹੋ ਸਕਦੀ ਹੈ ਤੇ ਜਲਦ ਹੀ ਮੋਬਾਈਲ ਰਾਹੀਂ ਗੈਸ ਦੀ ਬੁਕਿੰਗ ਸ਼ੁਰੂ ਹੋ ਜਾਵੇਗੀ। ਇਸ ਮੌਕੇ 'ਤੇ ਗੈਸ ਲੈਣ ਆਏ ਲੋਕ ਕਾਫੀ ਮੌਜੂਦ ਸਨ।



# ਸ਼੍ਰੋਮਣੀ ਕਮੇਟੀ ਕਾਲਜਾਂ ਦੇ ਵਿਦਿਆਰਥੀਆਂ ਲਈ ਤੀਜਾ ਰੁਜ਼ਗਾਰ ਮੇਲਾ ਕਰਵਾਇਆ

ਸ੍ਰੀ ਫਤਹਿਗੜ੍ਹ ਸਾਹਿਬ, 15 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਕੱਤਰ ਵਿੱਦਿਆ ਇੰਜੀਨੀਅਰ ਸੁਖਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਬਹਾਦਰਗੜ੍ਹ (ਪਟਿਆਲਾ) ਵੱਲੋਂ ਧਾਰਮਿਕ, ਸਮਾਜਿਕ ਤੇ ਵਿਦਿਅਕ ਗਤੀ-ਵਿਧੀਆਂ ਵਿੱਚ ਵਡਮੁੱਲਾ ਯੋਗਦਾਨ ਦਿੱਤਾ ਜਾ ਰਿਹਾ ਜਿਵੇਂ ਕਿ ਧਾਰਮਿਕ ਪ੍ਰੀਖਿਆ, ਪ੍ਰਸ਼ਨੋਤਰੀ ਮੁਕਾਬਲੇ, ਅੰਤਰਰਾਸ਼ਟਰੀ ਕਾਨਫਰੰਸ/ਸੈਮੀਨਾਰ ਆਦਿ ਕਰਵਾਏ ਜਾ ਰਹੇ ਹਨ, ਉਥੇ ਹੀ ਯੂ.ਪੀ.ਐਸ.ਸੀ., ਪੀ.ਪੀ.ਐਸ.ਸੀ. ਤੇ ਪੀ.ਸੀ.ਐਸ. ਜੁਡੀਸ਼ੀਅਲ ਵਰਗੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਬਿਲਕੁੱਲ ਮੁਫ਼ਤ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਇਸੇ ਲੜੀ ਤਹਿਤ ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਹਾਦਰਗੜ੍ਹ, ਪਟਿਆਲਾ ਵੱਲੋਂ ਸਕੱਤਰ ਵਿੱਦਿਆ ਇੰਜ. ਸੁਖਮਿੰਦਰ ਸਿੰਘ ਦੇ ਯਤਨਾਂ ਸਦਕਾ ਇੱਕ ਵਿਸ਼ੇਸ਼ ਉਪਰਾਲਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਕਾਲਜਾਂ ਦੇ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਕਾਲਜਾਂ ਵਿੱਚ ਪਲੇਸਮੈਂਟ ਸੈੱਲ ਸਥਾਪਤ ਕਰਦਿਆਂ ਉਨ੍ਹਾਂ ਦੇ ਪਲੇਸਮੈਂਟ ਅਫ਼ਸਰ ਨਿਯੁਕਤ ਕੀਤੇ ਗਏ। ਤੀਜੀ ਮੈਗਾ ਪਲੇਸਮੈਂਟ ਡਰਾਈਵ ਕਰਵਾਈ ਗਈ, ਜਿਸ ਵਿਚ ਬੈਂਕਿੰਗ ਫਾਇਨੈਂਸ਼ੀਅਲ ਸੈਕਟਰ, ਆਈ.ਟੀ. ਸੈਕਟਰ, ਮੈਨੂਫੈਕਚਰਿੰਗ/ਪ੍ਰੋਡਕਸ਼ਨ ਸੈਕਟਰ ਤੋਂ 26 ਨਾਮਪੁਰ ਕੰਪਨੀਆਂ ਵਿਦਿਆਰਥੀਆਂ ਦੀ ਚੋਣ ਲਈ ਪਹੁੰਚੀਆਂ।




# ਰਿਮਟ ਸਕੂਲ ਆਫ਼ ਲੀਗਲ ਸਟੱਡੀਜ਼ ਵੱਲੋਂ ਪੰਜਾਬ ਵਿਧਾਨ ਸਭਾ ਦਾ ਵਿੱਦਿਅਕ ਦੌਰਾ

ਮੰਡੀ ਗੋਬਿੰਦਗੜ੍ਹ, 15 ਮਾਰਚ (ਸੂਦ): ਰਿਮਟ ਸਕੂਲ ਆਫ਼ ਲੀਗਲ ਸਟੱਡੀਜ਼ ਦੇ ਵਿਦਿਆਰਥੀਆਂ ਨੂੰ ਪੰਜਾਬ ਵਿਧਾਨ ਸਭਾ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ ਤਾਂ ਜੋ ਵਿਧਾਨਕ ਪ੍ਰਣਾਲੀ ਦੇ ਕੰਮਕਾਜ ਦੀ ਵਿਹਾਰਕ ਜਾਣਕਾਰੀ ਮਿਲ ਸਕੇ। ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਰਾਜ ਵਿਧਾਨ ਸਭਾ ਦੀਆਂ ਪ੍ਰਕਿਰਿਆਵਾਂ ਤੇ ਕੰਮਕਾਜ ਤੋਂ ਜਾਣੂੰ ਕਰਵਾਉਣਾ ਤੇ ਉਨ੍ਹਾਂ ਨੂੰ ਕਾਨੂੰਨ ਬਣਾਉਣ ਦੀ ਪ੍ਰਕਿਰਿਆ ਦੀ ਡੂੰਘਾਈ ਨਾਲ ਜਾਣਕਾਰੀ ਦੇਣਾ ਸੀ। ਵਿਦਿਆਰਥੀਆਂ ਨੂੰ ਵਿਧਾਨ ਸਭਾ ਦੇ ਉਦਘਾਟਨੀ ਦਿਨ ਦੇ ਕੰਮਕਾਜ ਬਾਰੇ ਜਾਣੂੰ ਕਰਵਾਇਆ ਗਿਆ, ਜਿਸ ਵਿੱਚ ਰਾਜਪਾਲ ਵੱਲੋਂ ਵਿਧਾਨ ਸਭਾ ਨੂੰ ਦਿੱਤਾ ਗਿਆ ਰਸਮੀ ਭਾਸ਼ਣ ਵੀ ਸ਼ਾਮਲ ਸੀ। ਇਸ ਨਾਲ ਵਿਦਿਆਰਥੀਆਂ ਨੂੰ ਵਿਧਾਨ ਸਭਾ ਸੈਸ਼ਨਾਂ ਤੇ ਲੋਕਤੰਤਰੀ ਸ਼ਾਸਨ ਨੂੰ ਸੇਧ ਦੇਣ ਵਾਲੇ ਸੰਵਿਧਾਨਕ ਤੇ ਪ੍ਰਕਿਰਿਆਤਮਕ ਪਹਿਲੂਆਂ ਬਾਰੇ ਜਾਣਕਾਰੀ ਮਿਲੀ। ਅਸੈਂਬਲੀ ਅਹਾਤੇ ਦੇ ਅੰਦਰ ਵਿਦਿਆਰਥੀਆਂ ਨੇ ਵਿਧਾਨ ਸਭਾ ਹਾਲ ਦੀ ਬਣਤਰ ਤੇ ਕੰਮਕਾਜ ਨੂੰ ਨੇੜਿਓਂ ਦੇਖਿਆ। ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਵਿਧਾਨ ਸਭਾ ਸੈਸ਼ਨਾਂ ਦੌਰਾਨ ਅਪਣਾਈਆਂ ਜਾਣ ਵਾਲੀਆਂ ਵੱਖ-ਵੱਖ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ, ਜਿਸ ਵਿੱਚ ਬਿੱਲਾਂ ਦੀ ਸ਼ੁਰੂਆਤ, ਵਿਧਾਨਕ ਬਹਿਸਾਂ ਤੇ ਉਹ ਪ੍ਰਕਿਰਿਆ ਸ਼ਾਮਲ ਹੈ, ਜਿਸ ਰਾਹੀਂ ਕਾਨੂੰਨਾਂ 'ਤੇ ਚਰਚਾ, ਸੋਧ ਤੇ ਅੰਤ ਵਿੱਚ ਪਾਸ ਕੀਤਾ ਜਾਂਦਾ ਹੈ। ਇਸ ਬ੍ਰੀਫਿੰਗ ਵਿੱਚ ਲੋਕਤੰਤਰੀ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਜਨਤਾ ਦੇ ਹਿੱਤਾਂ ਤੇ ਚਿੰਤਾਵਾਂ ਦੀ ਨੁਮਾਇੰਦਗੀ ਕਰਨ ਵਿੱਚ ਵਿਧਾਨ ਸਭਾ ਦੇ ਮੈਂਬਰਾਂ (ਵਿਧਾਇਕਾਂ) ਦੁਆਰਾ ਨਿਭਾਈ ਗਈ ਭੂਮਿਕਾ ਨੂੰ ਵੀ ਉਜਾਗਰ ਕੀਤਾ ਗਿਆ। ਵਿਦਿਆਰਥੀਆਂ ਨੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਤੇ ਵਿਧਾਨਕ ਪ੍ਰਕਿਰਿਆਵਾਂ, ਸ਼ਾਸਨ ਤੇ ਸੰਸਦੀ ਅਭਿਆਸਾਂ ਨਾਲ ਸਬੰਧਤ ਕਈ ਪਹਿਲੂਆਂ 'ਤੇ ਜਾਣਕਾਰੀ ਪ੍ਰਾਪਤ ਕੀਤੀ।





# ਪਟਿਆਲਾ-ਆਸ/ਪਾਸ



## ਅਮਿਤ ਸ਼ਾਹ ਨੇ ਫੇਰੀ ਦੌਰਾਨ ਪੰਜਾਬ ਦੇ ਹੱਕਾਂ ਦੀ ਕੋਈ ਗੱਲ ਨਹੀਂ ਕੀਤੀ : ਜਥੇ. ਬਘੌਰਾ

ਪਟਿਆਲਾ, 15 ਮਾਰਚ (ਚ.ਨ.ਸ.): ਕੇਂਦਰੀ ਮੰਤਰੀ ਅਮਿਤ ਸ਼ਾਹ ਜੋ ਮੋਗਾ ਵਿਖੇ ਬਦਲਾਓ ਰੈਲੀ ਪੰਜਾਬ ਕਰਕੇ ਗਏ ਹਨ ਉਨ੍ਹਾਂ ਵਲੋਂ ਸਿਰਫ਼ ਇੱਕ ਵੋਟਾਂ ਦੀ ਘੋੜੀ ਦੇ ਗਾਉਣ ਤੋਂ ਬਿਨਾਂ ਪੰਜਾਬ ਦੀਆਂ ਜੋ ਮੰਗਾਂ ਸਨ, ਉਹਨਾਂ ਨੂੰ ਖ਼ਾਲੀ ਥਾਵਾਂ ਵਿੱਚ ਰੱਖ ਕੇ ਪੰਜਾਬ ਨੂੰ ਅੱਖੋਂ ਪਰੋਖੇ ਕਰਕੇ ਗਏ ਹਨ। ਇਹ ਵਿਚਾਰ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰਚਾਰ ਸਕੱਤਰ ਸ਼੍ਰੋਮਣੀ ਅਕਾਲੀ ਦੱਲ ਨੇ ਕਹੇ। ਉਨ੍ਹਾਂ ਕਿਹਾ ਸਿੱਖ ਕੌਮ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੋ ਸਿੱਖ ਕੌਮ ਦੀ ਉਮੀਦ ਸੀ, ਉਸ ਪ੍ਰਤੀ ਸਵਾਲ ਹੈ ਕਿ ਇਹ ਤੁਸੀਂ ਆਏ ਹੋ ਪੰਜਾਬ ਤੁਹਾਡੇ ਕੋਲੇ ਦੇਸ਼ ਦੀ ਵਜ਼ੀਰੀ ਹੈ, ਗ੍ਰਹਿ ਵਿਭਾਗ ਹੈ, ਪੰਜਾਬ ਨੂੰ ਬਹੁਤ ਆਸ ਸੀ ਕਿ ਕੌਮ ਦੇ ਇਨ੍ਹਾਂ ਮਸਲਿਆਂ 'ਤੇ ਤੁਸੀਂ ਕੋਈ ਐਲਾਨ ਕਰੋਗੇ ਜੋ ਬੰਦੀ ਸਿੰਘਾਂ ਦੀ



ਰਿਹਾਈ ਲਈ ਐਲਾਨ ਕਰੋਗੇ ਪਰ ਤੁਸੀਂ ਤਾਂ ਬਿਲਕੁਲ ਹੀ ਮੁਨਕਰ ਹੋ ਕਿ ਚਲੇ ਗਏ। ਸਭ ਤੋਂ ਪਹਿਲਾਂ ਦੇਸ਼ ਦੀ ਜੋ ਕੈਬਨਿਟ ਨੇ ਨੋਟੀਫਿਕੇਸ਼ਨ ਕੀਤਾ ਸੀ ਕਿ ਬੰਦੀ ਸਿੰਘਾਂ ਨੂੰ ਰਿਹਾਅ ਕਰਾਂਗੇ, ਗੁਰੂ ਸਾਹਿਬ ਦੇ ਗੁਰਪੁਰਬ 'ਤੇ ਹੁਣ ਤੁਸੀਂ ਮੁੱਕਰ ਗਏ ਕਿ ਉਹ ਪੰਜਾਬ ਨਾਲ ਸਿੱਖ ਕੌਮ ਨਾਲ ਖਾਲਸਾ ਪੰਥ ਨਾਲ ਧੋਖਾ ਨਹੀਂ ਕਿ ਇੱਕ ਸ਼ਤਾਬਦੀ ਸਮਾਗਮਾਂ 'ਤੇ ਤੁਸੀਂ ਲਾਰਾ ਲਾਉਣੇ ਹੋ ਵਾਅਦਾ ਕਰਦੇ ਹੋ ਤੇ ਉਸ ਤੋਂ ਮੁੱਕਰਦੇ ਹੋ। ਸਮੁੱਚੇ ਬੰਦੀ ਸਿੰਘਾਂ ਦਾ ਤੇ ਪੂਰੀ ਕੌਮ ਦੀ ਤੁਹਾਡੇ ਕੋਲੇ ਇਹ ਮੰਗ ਹੈ ਕੋਈ ਇਕੱਲਾ ਇੱਕ ਇਨਸਾਨ ਨਹੀਂ ਹਰ ਇੱਕ ਜਥੇਬੰਦੀ ਜਿਹੜੇ ਬੰਦੀ ਸਿੰਘ 32 ਸਾਲਾਂ ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਨੇ ਜੋ ਚਾਹੇ ਦਵਿੰਦਰ ਪਾਲ ਸਿੰਘ ਭੁੱਲਰ ਹੋਣ ਚਾਹੇ ਭਾਈ ਬਲਵੰਤ ਸਿੰਘ ਰਾਜੋਆਣਾ ਹੋਵੇ ਭਾਈ ਹਵਾਰਾ ਹੋਵੇ, ਤਾਰਾ ਹੋਵੇ ਭਿਓਰਾ ਹੋਵੇ ਖੇੜਾ ਹੋਵੇ, ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਹੈ ਸਭ ਤੋਂ ਵੱਡੀ ਅਦਾਲਤ ਜਿਹਦੇ ਵਿੱਚ 3536 ਤਰੀਕਾਂ ਪੈ ਗਈਆਂ ਹਨ ਉਨ੍ਹਾਂ ਤਰੀਕਾਂ 'ਤੇ ਤੁਹਾਨੂੰ ਆਦੇਸ਼ ਹੋਇਆ ਹੈ ਕਿ ਸੈਂਟਰ ਸਰਕਾਰ ਨੂੰ ਕਿ ਭਾਈ ਬਲਵੰਤ ਸਿੰਘ ਰਾਜੋਆਣੇ ਦੇ ਮਸਲੇ 'ਤੇ ਫੈਸਲਾ ਕਰੋ ਕਿਉਂਕਿ ਹੁਣ ਤਾਂ ਸਾਲ ਹੋ ਚੁੱਕੇ ਫਾਂਸੀ ਚੁੱਕੀ 'ਚ 32 ਸਾਲ, ਜਿਥੇ ਜੇਲ 'ਚ ਨੇ 19 ਸਾਲ ਹੋ ਗਏ ਫਾਂਸੀ ਚੁੱਕੀ ਦੇ 'ਚ 15 ਤਰੀਕਿਆਂ ਤੇ ਸੁਪਰੀਮ ਕੋਰਟ ਨੇ ਤੁਹਾਨੂੰ ਉਦੇਸ਼ ਕੀਤਾ ਕਿ ਸੈਂਟਰ ਸਰਕਾਰ ਸੁਣਵਾਈ ਕਰੇ ਫੈਸਲਾ ਕਰੇ ਪਰ ਤੁਸੀਂ ਟਸ ਤੋਂ ਮੱਸ ਨਹੀਂ ਹੋਏ। ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਕੇਂਦਰ ਵਿੱਚ ਸਰਕਾਰ ਹੁੰਦੇ ਹੋਏ ਉਨ੍ਹਾਂ ਦਾ ਫਰਜ਼ ਬਣਦਾ ਸੀ, ਬੰਦੀ ਸਿੰਘਾਂ ਦੀ ਰਿਹਾਈ ਅਤੇ ਕਿਸਾਨਾਂ ਦੇ ਕਰਜ਼ੇ ਮੁਆਫ਼ ਕਰ ਕੇ ਆਉਣੇ ਸੀ।

## ਭਾਈ ਗੁਰਜੀਤ ਸਿੰਘ ਖਾਲਸਾ ਵੱਲੋਂ ਟਾਵਰ ਮੋਰਚੇ ਦੀ ਦੇਣਦਾਰੀ ਸਾਬਤ ਕਰਨ ਵਾਲੇ ਨੂੰ 5 ਲੱਖ ਦੇਣ ਦਾ ਐਲਾਨ



ਸਮਾਣਾ, 15 ਮਾਰਚ (ਹਰਜਿੰਦਰ ਸਿੰਘ ਜਵੰਦਾ): ਪਿਛਲੇ 533 ਦਿਨਾਂ ਤੋਂ ਸਮੂਹ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਵਿਖੇ 400 ਫੁੱਟ ਉੱਚੇ ਟਾਵਰ 'ਤੇ ਚੜ੍ਹੇ ਭਾਈ ਗੁਰਜੀਤ ਸਿੰਘ ਨੇ ਅੱਜ ਇੱਕ ਅਹਿਮ ਅਤੇ ਵੱਡਾ ਐਲਾਨ ਕਰਦਿਆਂ ਵਿਰੋਧੀਆਂ ਨੂੰ ਕਰਾਰਾ ਜਵਾਬ ਦਿੱਤਾ ਹੈ। ਗੁਰਜੀਤ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਕੋਈ ਵੀ ਵਿਅਕਤੀ ਇਹ ਸਾਬਤ ਕਰ ਦੇਵੇ ਕਿ ਉਸ ਦੀ ਜਾਂ ਟਾਵਰ ਮੋਰਚੇ ਦੀ ਕਿਸੇ ਨਾਲ ਕੋਈ ਵੀ ਪੈਸੇ ਦੀ ਦੇਣਦਾਰੀ (ਲੈਣ-ਦੇਣ) ਬਾਕੀ ਹੈ, ਤਾਂ ਉਸ ਨੂੰ ਮੋਰਚੇ ਵੱਲੋਂ 5 ਲੱਖ ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਲਵਿੰਦਰ ਸਿੰਘ ਔਲਖ ਨੇ ਕਿਹਾ ਕਿ ਭਾਈ ਗੁਰਜੀਤ ਸਿੰਘ ਨੇ ਗਲਤ ਅਫ਼ਵਾਹਾਂ ਫੈਲਾਉਣ ਵਾਲਿਆਂ ਬਾਰੇ ਕਿਹਾ ਕਿ ਕੁਝ ਸ਼ਰਾਰਤੀ ਅਨਸਰ ਮੋਰਚੇ ਦੀ ਚੜ੍ਹਦੀਕਲਾ ਨੂੰ ਦੇਖ ਕੇ ਬੁਖਲਾਹਟ ਵਿੱਚ ਹਨ ਅਤੇ ਸੋਸ਼ਲ ਮੀਡੀਆ ਜਾਂ ਹੋਰ ਸਾਧਨਾਂ ਰਾਹੀਂ ਝੂਠੀਆਂ ਅਫ਼ਵਾਹਾਂ ਫੈਲਾ ਕੇ ਸੰਘਰਸ਼ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਗੱਲਾਂ ਫੈਲਾਈਆਂ ਜਾ ਰਹੀਆਂ ਹਨ ਕਿ ਮੋਰਚੇ ਸਿਰ ਕੋਈ ਦੇਣਦਾਰੀ ਹੈ, ਜੋ ਕਿ ਪੂਰੀ ਤਰ੍ਹਾਂ ਬੇਬੁਨਿਆਦ ਹੈ।

ਮੋਰਚੇ ਦੇ ਆਗੂਆਂ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਕਿਹਾ ਕਿ ਹੁਣ ਅਫ਼ਵਾਹਾਂ ਫੈਲਾਉਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਮੋਰਚਾ ਪੂਰੀ ਤਰ੍ਹਾਂ ਪਾਰਦਰਸ਼ੀ ਤਰੀਕੇ ਨਾਲ ਚੱਲ ਰਿਹਾ ਹੈ ਅਤੇ ਝੂਠੀ ਬਿਆਨਬਾਜ਼ੀ ਕਰਨ ਵਾਲਿਆਂ ਵਿਰੁੱਧ ਮੋਰਚੇ ਵੱਲੋਂ ਜਲਦ ਹੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜ਼ਿਕਰਯੋਗ ਹੈ ਕਿ ਗੁਰਜੀਤ ਸਿੰਘ ਲੰਬੇ ਸਮੇਂ ਤੋਂ ਟਾਵਰ 'ਤੇ ਡਟੇ ਹੋਏ ਹਨ ਤੇ ਉਨ੍ਹਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਬੇਅਦਬੀ 'ਤੇ ਕੋਈ ਕਾਨੂੰਨ ਬਣਾਉਣ ਦੀ ਮੰਗ ਨਹੀਂ ਹੁੰਦੀ, ਸੰਘਰਸ਼ ਜਾਰੀ ਰਹੇਗਾ।

## ਜੌੜਾਮਾਜਰਾ ਵੱਲੋਂ ਵਿਕਾਸ ਕਾਰਜਾਂ ਦਾ ਉਦਘਾਟਨ



ਸਮਾਣਾ, 15 ਮਾਰਚ (ਵਿਜੇ ਕੁਮਾਰ): ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਮਦਨ ਮਿੱਤਲ ਦੀ ਅਗਵਾਈ ਵਿੱਚ ਤਿੰਨ ਸਾਲਾਂ ਦਾ ਕਾਰਜਕਾਲ ਪੂਰਾ ਹੋ ਗਿਆ। ਇਸ ਮੌਕੇ ਸਾਬਕਾ ਮੰਤਰੀ ਅਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਅਗਰਵਾਲ ਧਰਮਸ਼ਾਲਾ,ਅਗਰਸੇਨ ਇੰਟਰਨੈਸ਼ਨਲ ਸਕੂਲ ਅਤੇ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਕਈ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਇਨ੍ਹਾਂ ਵਿੱਚ 100 ਕੇ.ਵੀ.ਦਾ ਸੋਲਰ ਪਲਾਂਟ, ਨਵੀਂ ਲਾਇਬ੍ਰੇਰੀ ਅਤੇ ਵੱਡਾ ਮੀਟਿੰਗ ਹਾਲ ਸ਼ਾਮਲ ਹਨ।

ਇਸ ਮੌਕੇ ਆਯੋਜਿਤ ਵਿਸ਼ੇਸ਼ ਸਭਾ ਵਿੱਚ ਪ੍ਰਧਾਨ ਮਦਨ ਮਿੱਤਲ ਨੇ ਆਪਣੇ ਕਾਰਜਕਾਲ ਦੌਰਾਨ ਹੋਏ ਵਿਕਾਸ ਕਾਰਜਾਂ ਦੀ ਜਾਣਕਾਰੀ ਦਿੱਤੀ। ਵਿਧਾਇਕ ਜੌੜਾਮਾਜਰਾ ਨੇ ਮੌਜੂਦਾ ਕਮੇਟੀ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਦੀ ਸ਼ਲਾਘਾ ਕਰਦਿਆਂ ਭਰੋਸਾ ਦਿੱਤਾ ਕਿ ਉਹ ਨਵੀਂ ਬਣਨ ਵਾਲੀ ਪ੍ਰਬੰਧਕ ਕਮੇਟੀ ਨੂੰ ਵੀ ਪੂਰਾ ਸਹਿਯੋਗ ਦੇਣਗੇ। ਇਸ ਮੌਕੇ ਦਾਨੀ ਸੱਜਣਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਪ੍ਰਿੰਸੀਪਲ ਅਨਿਰੁਧ ਗਰਗ, ਪ੍ਰਿੰਸੀਪਲ ਸੁਨੀਤਾ ਰਾਣੀ ਆਦਿ ਮੌਜੂਦ ਸਨ।

## ਜੌੜਾਮਾਜਰਾ ਦੀ ਅਗਵਾਈ ਹੇਠ ਡਕਾਲਾ 'ਚ ਮਾਵਾਂ-ਧੀਆਂ ਸਤਿਕਾਰ ਮੁਹਿੰਮ ਦੀ ਜਾਗੋ ਕੱਢੀ



ਸਮਾਣਾ, 15 ਮਾਰਚ (ਚ.ਨ.ਸ.): ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਮਹਿਲਾਵਾਂ ਨੂੰ ਜਾਗਰੂਕ ਕਰਨ ਤੇ ਉਨ੍ਹਾਂ ਦੇ ਸਨਮਾਨ ਨੂੰ ਉਭਾਰਨ ਦੇ ਉਦੇਸ਼ ਨਾਲ ਡਕਾਲਾ ਵਿੱਚ ਮਾਵਾਂ ਧੀਆਂ ਸਤਿਕਾਰ ਮੁਹਿੰਮ ਤਹਿਤ ਇਕ ਵਿਸ਼ੇਸ਼ ਜਾਗੋ ਰੈਲੀ ਕੱਢੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ ਅਤੇ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਰੌਸ਼ਨ ਕੀਤਾ ਗਿਆ।

ਇਸ ਦੌਰਾਨ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮਾਵਾਂ ਤੇ ਧੀਆਂ ਸਾਡੇ ਸਮਾਜ ਦੀ ਤਾਕਤ ਹਨ ਅਤੇ ਉਨ੍ਹਾਂ ਦਾ ਸਤਿਕਾਰ ਕਰਨਾ ਹਰ ਇਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਮੁਹਿੰਮ ਦਾ ਮਕਸਦ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਸਮਾਜ ਵਿੱਚ ਉਨ੍ਹਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ।

ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੁਹਿੰਮਾਂ ਨਾਲ ਸਮਾਜ ਵਿੱਚ ਸਕਾਰਾਤਮਕ ਸੋਚ ਪੈਦਾ ਹੁੰਦੀ ਹੈ ਅਤੇ ਮਹਿਲਾਵਾਂ ਨੂੰ ਅੱਗੇ ਵੱਧਣ ਲਈ ਪ੍ਰੇਰਨਾ ਮਿਲਦੀ ਹੈ। ਇਸ ਮੌਕੇ ਮਹਿਲਾਵਾਂ ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਸਮਾਜ ਵਿੱਚ ਮਹਿਲਾਵਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਕੱਠੇ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਜ਼ਿਲ੍ਹਾ ਪਰਿਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਬਲਾਕ ਸੰਮਤੀ ਚੇਅਰਮੈਨ ਪਟਿਆਲਾ ਸਰਬਜੀਤ ਕੌਰ ਗੁਰਵਿੰਦਰ ਕੌਰ ਸਰਪੰਚ ਡਕਾਲਾ ਸਤਿੰਦਰ ਕੌਰ ਪੰਚ ਹਰਪ੍ਰੀਤ ਕੌਰ ਪੰਚ, ਹਰਮਨਦੀਪ ਕੌਰ ਪੰਚ, ਦੀਪ ਕੌਰ, ਅਮਰਦੀਪ, ਮਨਦੀਪ ਕੌਰ ਪੰਚ, ਗੁਰਪ੍ਰੀਤ ਕੌਰ ਪੰਚ, ਜਿਲ੍ਹਾ ਪਰਿਸ਼ਦ ਮੈਂਬਰ ਮਨਜੀਤ ਕੌਰ, ਸੁਮਨ ਕਰਹਾਲੀ ਆਦਿ ਮੌਜੂਦ ਸਨ।

## ਆਪਣੇ ਵਿਰਸੇ ਦੀਆਂ ਜੜ੍ਹਾਂ ਤੇ ਜਨਮ ਭੂਮੀ ਤੋਂ ਦੂਰ ਹੋ ਕੇ ਮਨੁੱਖ ਅਕਸਰ ਮਾਨਸਿਕ ਤੌਰ 'ਤੇ ਰਹਿੰਦੈ ਅਸ਼ਾਂਤ

ਪਟਿਆਲਾ, 15 ਮਾਰਚ (ਚ.ਨ.ਸ.): ਪੰਜਾਬੀ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਵਿਖੇ ਹੋਏ ਇੱਕ ਖੋਜ ਕਾਰਜ ਰਾਹੀਂ ਸਾਹਮਣੇ ਆਇਆ ਹੈ ਕਿ ਕਿਸ ਤਰ੍ਹਾਂ ਮਨੁੱਖ ਆਪਣੇ ਵਿਰਸੇ ਦੀਆਂ ਜੜ੍ਹਾਂ ਅਤੇ ਜਨਮ ਭੂਮੀ ਤੋਂ ਦੂਰ ਹੋ ਕੇ ਅਕਸਰ ਮਾਨਸਿਕ ਤੌਰ 'ਤੇ ਅਸ਼ਾਂਤ ਰਹਿੰਦਾ ਹੈ। ਖੋਜਾਰਥੀ ਡਾ. ਸੋਹਨ ਕੁਮਾਰ ਵੱਲੋਂ ਨਿਗਰਾਨ ਡਾ. ਨੀਤੂ ਕੌਸ਼ਲ ਦੀ ਅਗਵਾਈ ਵਿੱਚ ਹੋਏ ਇਸ ਖੋਜ ਕਾਰਜ ਰਾਹੀਂ ਪ੍ਰਵਾਸੀ ਜੀਵਨ ਦੇ ਗੁੰਝਲਦਾਰ ਸਰੋਕਾਰਾਂ ਨੂੰ ਸਮਝਣ ਦਾ ਯਤਨ ਕੀਤਾ ਗਿਆ ਹੈ।



ਖੋਜਾਰਥੀ ਡਾ. ਸੋਹਨ ਕੁਮਾਰ ਨੇ ਦੱਸਿਆ ਕਿ 'ਪ੍ਰਵਾਸੀ ਹਿੰਦੀ ਕਵਿਤਾ ਦੇ ਸਭਿਆਚਾਰਕ ਸਰੋਕਾਰ' ਵਿਸ਼ੇ ਉੱਪਰ ਹੋਏ ਇਸ ਖੋਜ ਕਾਰਜ ਰਾਹੀਂ ਪ੍ਰਵਾਸੀ ਹਿੰਦੀ ਕਵਿਤਾ ਦੇ ਵੱਖ-ਵੱਖ ਸੱਭਿਆਚਾਰਕ ਪਹਿਲੂਆਂ ਦਾ ਗਹਿਨ ਵਿਸ਼ਲੇਸ਼ਣ ਕਰਦਿਆਂ ਇਹ ਤੱਥ ਉੱਭਰ ਕੇ ਸਾਹਮਣੇ ਆਇਆ ਹੈ ਕਿ ਆਪਣੇ ਸਭਿਆਚਾਰ, ਜੜ੍ਹਾਂ ਅਤੇ ਜਨਮ ਭੂਮੀ ਤੋਂ ਦੂਰ ਹੋ ਕੇ ਮਨੁੱਖ ਅਕਸਰ ਮਾਨਸਿਕ ਤੌਰ 'ਤੇ ਅਸ਼ਾਂਤ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਕਵਿਤਾਵਾਂ ਦੇ ਵਿਸ਼ਾਗਤ ਅਧਿਐਨ ਰਾਹੀਂ ਇਹ ਸਾਹਮਣੇ ਆਇਆ ਕਿ ਭਾਵੇਂ ਪ੍ਰਵਾਸੀ ਮਨੁੱਖ ਆਰਥਿਕ ਤੇ ਸਮਾਜਿਕ ਤੌਰ 'ਤੇ ਵਿਦੇਸ਼ਾਂ ਵਿੱਚ ਬਹੁਤ ਤਰੱਕੀ ਕਰ ਲੈਂਦਾ ਹੈ, ਪਰ ਉਸ ਦੇ ਮਨ ਵਿੱਚ ਆਪਣੀ ਮਿੱਟੀ ਦੀ ਮਹਿਕ ਤੇ ਜਨਮ ਭੂਮੀ ਦੀਆਂ ਯਾਦਾਂ ਹਮੇਸ਼ਾ ਤਾਜ਼ਾ ਰਹਿੰਦੀਆਂ ਹਨ।

ਡਾ. ਨੀਤੂ ਕੌਸ਼ਲ ਨੇ ਦੱਸਿਆ ਕਿ ਖੋਜਾਰਥੀ ਨੇ ਆਪਣੀ ਖੋਜ ਵਿੱਚ ਪ੍ਰਵਾਸੀ ਜੀਵਨ ਦੇ ਉਸ ਕੌੜੇ ਸੱਚ ਨੂੰ ਬੜੀ ਬਰੀਕੀ ਨਾਲ ਪੇਸ਼ ਕੀਤਾ ਹੈ, ਜਿਸ ਵਿੱਚ ਵਿਦੇਸ਼ੀ ਧਰਤੀ 'ਤੇ ਆਪਣੀ ਹੋਂਦ ਅਤੇ ਪਛਾਣ ਬਣਾਉਣ ਲਈ ਇੱਕ ਵਿਅਕਤੀ ਨੂੰ ਅਨੇਕਾਂ ਸੰਘਰਸ਼ਾਂ ਵਿੱਚੋਂ ਲੰਘਣਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਕਾਰਜ ਵਿੱਚ ਰੰਗ-ਭੇਦ, ਨਸਲਵਾਦ, ਸਮਾਜਿਕ ਵਿਛੋੜਾ, ਨਿਰਾਸ਼ਾ ਅਤੇ ਇਕੱਲੇਪਨ ਵਰਗੀਆਂ ਚੁਣੌਤੀਆਂ ਨੂੰ ਪ੍ਰਮੁੱਖਤਾ ਨਾਲ ਉਭਾਰਿਆ ਗਿਆ ਹੈ, ਜੋ ਅਕਸਰ ਪ੍ਰਵਾਸੀ ਜੀਵਨ ਦੀ ਹੋਣੀ ਬਣ ਜਾਂਦੀਆਂ ਹਨ।

ਉਨ੍ਹਾਂ ਕਿਹਾ ਕਿ ਇਹ ਖੋਜ ਕਾਰਜ ਕੇਵਲ ਸਾਹਿਤਕ ਪੱਖ ਤੋਂ ਹੀ ਨਹੀਂ, ਸਗੋਂ ਸਮਾਜਿਕ ਅਤੇ ਨੀਤੀਗਤ ਪੱਖ ਤੋਂ ਵੀ ਬਹੁਤ ਮਹੱਤਵਪੂਰਨ ਹੈ। ਪ੍ਰਵਾਸੀ ਜੀਵਨ ਦੀਆਂ ਅਸਲ ਪਰਿਸਥਿਤੀਆਂ 'ਤੇ ਆਧਾਰਿਤ ਇਹ ਅਧਿਐਨ ਭਵਿੱਖ ਵਿੱਚ ਨਵੇਂ ਵਿਚਾਰਧਾਰਕ ਪਹਿਲੂਆਂ ਅਤੇ ਨਵੀਆਂ ਨੀਤੀਆਂ ਲਈ ਇੱਕ ਮਜ਼ਬੂਤ ਪਿਛੋਕੜ ਤਿਆਰ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਖੋਜਾਰਥੀ ਅਤੇ ਨਿਗਰਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਖੋਜ ਕਾਰਜ ਪ੍ਰਵਾਸੀਆਂ ਦੇ ਮਨੋਵਿਗਿਆਨਕ ਅਤੇ ਸਭਿਆਚਾਰਕ ਸੰਘਰਸ਼ਾਂ ਨੂੰ ਸਮਝਣ ਵਿੱਚ ਸਹਾਈ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਹਮੇਸ਼ਾ ਹੀ ਅਜਿਹੇ ਮਿਆਰੀ ਖੋਜ ਕਾਰਜਾਂ ਨੂੰ ਉਤਸ਼ਾਹਿਤ ਕਰਦੀ ਹੈ ਜੋ ਸਮਾਜਿਕ ਸਰੋਕਾਰਾਂ ਨਾਲ਼ ਡੂੰਘੀ ਤਰ੍ਹਾਂ ਜੁੜੇ ਹੋਣ।

## ਭਾਰਤ ਵਿਕਾਸ ਪ੍ਰੀਸ਼ਦ ਨੇ 'ਏਕ ਸ਼ਾਮ ਪ੍ਰੀਵਾਰ ਕੇ ਨਾਮ' ਸਮਾਰੋਹ ਕਰਵਾਇਆ



ਸਮਾਣਾ, 15 ਮਾਰਚ (ਵਿਜੇ ਕੁਮਾਰ): ਭਾਰਤ ਵਿਕਾਸ ਪ੍ਰੀਸ਼ਦ ਸਮਾਣਾ ਦੇ ਪ੍ਰਧਾਨ ਰਾਜਿੰਦਰ ਪ੍ਰਸ਼ਾਦ, ਸੈਕਟਰੀ ਹਰੀਸ਼ ਸਡਾਨਾ, ਕੈਸ਼ੀਅਰ ਗਗਨਦੀਪ ਗੋਇਲ, ਪ੍ਰਾਜੈਕਟ ਚੇਅਰਮੈਨ ਬ੍ਰਿਸ਼ਭਾਨ ਕਾਂਸਲ ਤੇ ਸੀਤਾ ਰਾਮ ਗੁਪਤਾ ਦੀ ਅਗਵਾਈ ਵਿਚ 'ਏਕ ਸ਼ਾਮ ਪ੍ਰੀਵਾਰ ਦੇ ਨਾਮ' ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿਚ 120 ਪ੍ਰੀਵਾਰਾਂ ਦੇ ਕਰੀਬ 325 ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਮਾਤਾ ਨੈਣਾਂ ਆਰੀਆ ਧਰਮਸ਼ਾਲਾ 'ਚ ਆਯੋਜਿਤ ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸਾਬਕਾ ਪ੍ਰਧਾਨ ਨਗਰ ਕੌਂਸਲ ਯਸ਼ਪਾਲ ਸਿੰਗਲਾ, ਕੌਂਸਲਰ ਦਰਸ਼ਨ ਮਿੱਤਲ ਤੇ ਸਮਾਜ ਸੇਵੀ ਵਿਜੇ ਸਿੰਗਲਾ (ਗਾਜੇਵਾਸ ਵਾਲਿਆਂ) ਨੇ ਸਾਂਝੇ ਤੌਰ 'ਤੇ ਜੋਤੀ ਪ੍ਰਚੰਡ ਕਰਕੇ ਵੰਦੇ ਮਾਤਰਮ ਦੇ ਗੀਤ ਨਾਲ ਸਮਾਗਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸਟੇਟ ਕਨਵੀਨਰ ਵਿਜੇ ਡਾਵਰ, ਜ਼ਿਲ੍ਹਾ ਕਨਵੀਨਰ ਸੰਦੀਪ ਗੋਇਲ, ਸਰਪ੍ਰਸਤ ਚਮਨ ਲਾਲ ਧਨੇਠਾ, ਸੁਭਾਸ਼ ਪੰਜਰਥ, ਨਰੈਣ ਦਾਸ ਮੰਤਰੀ, ਰਾਕੇਸ਼ ਅਧਿਆਪਕ ਵੀ ਮੌਜੂਦ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਯਸ਼ਪਾਲ ਸਿੰਗਲਾ ਤੇ ਦਰਸ਼ਨ ਮਿੱਤਲ ਨੇ ਪ੍ਰੀਸ਼ਦ ਵੱਲੋਂ ਕਰਵਾਏ ਗਏ ਪ੍ਰੀਵਾਰ ਮਿੱਲਣ ਸਮਾਰੋਹ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮਾਂ ਨਾਲ ਪ੍ਰੀਵਾਰਾਂ ਵਿਚ ਇਕ ਦੂਜੇ ਨਾਲ ਪ੍ਰੇਮ ਪਿਆਰ ਵਧਦਾ ਹੈ।

ਸਮਾਗਮ ਦੌਰਾਨ ਪ੍ਰੀਸ਼ਦ 'ਚ ਸ਼ਾਮਲ ਹੋਏ ਨਵੇਂ 39 ਮੈਂਬਰਾਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਨੂੰ ਪ੍ਰੀਸ਼ਦ ਵੱਲੋਂ ਸਮੇਂ-ਸਮੇਂ ਕੀਤੇ ਜਾਂਦੇ ਸਮਾਜ ਸੇਵੀ ਕਾਰਜਾਂ ਵਿਚ ਸ਼ਾਮਲ ਹੋਣ ਲਈ ਪ੍ਰੇਰਿਆ। ਇਸ ਮੌਕੇ ਜਿਥੇ ਪ੍ਰੀਸ਼ਦ ਦੇ ਸੈਕਟਰੀ ਹਰੀਸ਼ ਸਡਾਨਾ ਨੇ ਬੀਤੇ ਵਰ੍ਹੇ ਕੀਤੇ ਸਮਾਜ ਭਲਾਈ ਕਾਰਜਾਂ ਸੰਬਧੀ ਜਾਣੂੰ ਕਰਵਾਇਆ ਉਥੇ ਸੰਸਥਾ ਪ੍ਰਧਾਨ ਰਾਜਿੰਦਰ ਪ੍ਰਸ਼ਾਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਵਿੱਖ ਵਿਚ ਵੀ ਸੰਸਥਾ ਲੋਕ ਭਲਾਈ ਦੇ ਕੰਮ ਹੋਰ ਜ਼ੋਰ ਸ਼ੋਰ ਨਾਲ ਕਰੇਗੀ।

ਸਟੇਜ ਦੀ ਭੂਮਿਕਾ ਐਡਵੋਕੇਟ ਵਿਜੇ ਡਾਵਰ ਤੇ ਲੈਕਚਰਾਰ ਹਿੱਤ ਅਭਿਲਾਸ਼ੀ ਸ਼ਰਮਾ ਨੇ ਬਾਖ਼ੂਬੀ ਨਿਭਾਈ। ਇਸ ਦੌਰਾਨ ਕਲਚਰ ਪ੍ਰੋਗਰਾਮ ਪੇਸ਼ ਕਰਦਿਆਂ ਬੱਚਿਆਂ ਤੇ ਪ੍ਰੀਵਾਰਕ ਮੈਂਬਰਾਂ ਨੇ ਗੀਤ ਅਤੇ ਤਮੋਲਾ ਖੇਡ ਕੇ ਸਮਾਗਮ ਨੂੰ ਰੰਗ ਵਿਚ ਬੰਨ੍ਹ ਦਿੱਤਾ। ਪ੍ਰੀਸ਼ਦ ਵੱਲੋਂ ਮੁੱਖ ਮਹਿਮਾਨ ਸਣੇ ਹੋਰ ਸ਼ਖਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ਦੀ ਸਮਾਪਤੀ ਰਾਸ਼ਟਰੀ ਗਾਇਨ ਨਾਲ ਕੀਤੀ ਗਈ। ਸਮਾਗਮ ਵਿਚ ਸੰਸਥਾ ਦੇ ਸ਼ਸੀ ਭੂਸ਼ਣ ਸਿੰਗਲਾ, ਰਾਜਿੰਦਰ ਵਿਕੀ, ਕੇ.ਸੀ. ਅਰੋੜਾ, ਸੰਜੇ ਸੇਠੀ, ਪ੍ਰੋ: ਵਿਕਰਮ ਗੁਪਤਾ, ਸੁਭਾਸ਼ ਗੋਇਲ, ਪਰਮਜੀਤ ਕੁਮਾਰ, ਬੇਅੰਤ ਵਰਮਾ, ਯਤਿੰਦਰ ਸ਼ਰਮਾ, ਰਮਨ ਗੁਪਤਾ, ਅਨੁਰਾਗ ਗੋਇਲ, ਸੀ.ਏ. ਨੈਂਨਸੀ ਗੋਇਲ, ਅਨਿਲ ਕੁਮਾਰ, ਬਲਜਿੰਦਰ ਮੋਦਗਿਲ, ਡਾ: ਦਵਿੰਦਰ ਗੁਪਤਾ, ਸੁਸ਼ੀਲ ਸਿੰਗਲਾ, ਜੋਲੀ ਗਰਗ, ਭੀਮ ਸੈਨ, ਸੁਰੇਸ਼ ਜਿੰਦਲ, ਅਸ਼ਵਨੀ ਤੁਲਾਨੀ ਆਦਿ ਵੀ ਹਾਜ਼ਰ ਸਨ।

## ਕਾਂਸ਼ੀ ਰਾਮ ਜਯੰਤੀ ਨੂੰ ਸਮਰਪਿਤ ਸੱਤਾ ਪ੍ਰਾਪਤ ਕਰੋ ਰੈਲੀ

ਪਟਿਆਲਾ, 15 ਮਾਰਚ (ਚ.ਨ.ਸ.): ਬਹੁਜਨ ਸਮਾਜ ਪਾਰਟੀ ਦੇ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਦੇ ਜਨਮ ਦਿਵਸ ਨੂੰ ਸਮਰਪਿਤ ਸੱਤਾ ਪ੍ਰਾਪਤ ਕਰੋ ਰੈਲੀ ਨੂੰ ਸਫ਼ਲ ਤੇ ਇਤਿਹਾਸਿਕ ਬਣਾਉਣ ਸਬੰਧੀ ਪਾਰਟੀ ਦੇ ਮੁੱਖ ਦਫਤਰ ਤੋਂ ਵੱਖ-ਵੱਖ ਪਿੰਡਾਂ ਤੋਂ ਬਸਪਾ ਵਰਕਰਾਂ ਅਤੇ ਸਮਰਥਕਾਂ ਦੇ ਕਾਫ਼ਲੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ) ਦੀ ਬਹਿਰਾਮ ਦਾਣਾ ਮੰਡੀ ਲਈ ਰਵਾਨਾ ਹੋਏ। ਜਿਨ੍ਹਾਂ ਦੀ ਅਗਵਾਈ ਜਰਨੈਲ ਸਿੰਘ ਆਈ.ਟੀ.ਓ. ਜ਼ਿਲ੍ਹਾ ਇੰਚਾਰਜ ਦਿਹਾਤੀ, ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ, ਸੁਰਜੀਤ ਗੋਰੀਆ ਜ਼ਿਲ੍ਹਾ ਇੰਚਾਰਜ ਅਤੇ ਹਲਕਾ ਸਮਾਣਾ ਇੰਚਾਰਜ ਰੂਪ ਵਿੱਚ ਬਠੋਈ ਵਲੋਂ ਕੀਤੀ ਗਈ। ਇਸ ਦੌਰਾਨ ਇਨ੍ਹਾਂ ਬਸਪਾ ਆਗੂਆਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਅੱਜ ਸੂਬੇ ਵਿੱਚ ਕਾਨੂੰਨ ਵਿਵਸਥਾ ਦਾ ਜਨਾਜ਼ਾ ਨਿਕਲ ਚੁੱਕਿਆ ਹੈ। ਮੌਜੂਦਾ ਸਰਕਾਰ ਲੋਕਾਂ ਦੀ ਸੋਚ 'ਤੇ ਖਰੀ ਨਹੀਂ ਉੱਤਰੀ, ਜਿਸ ਕਾਰਨ ਲੋਕਾਂ ਦਾ ਭਰੋਸਾ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਤੋਂ ਉੱਠ ਚੁੱਕਿਆ ਹੈ।

## ਸਨੌਰ 'ਚ ਆਟੋ ਰਿਕਸ਼ਾ ਸਟੈਂਡ ਦੀ ਕਮੀ ਕਾਰਨ ਆਟੋ ਚਾਲਕਾਂ ਦੇ ਲਈ ਉਠਾਈ ਆਵਾਜ਼

ਸਨੌਰ, 15 ਮਾਰਚ (ਪ੍ਰਥਮ ਕੁਮਾਰ): ਵਿਧਾਨ ਸਭਾ ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਸੰਗਠਨ ਦੇ ਉਪ ਪ੍ਰਧਾਨ ਗੁਰਵਿੰਦਰ ਸਿੰਘ 'ਗੌਰਵ ਸੰਧੂ' ਵੱਲੋਂ ਆਟੋ ਰਿਕਸ਼ਾ ਯੂਨੀਅਨ ਸਨੌਰ ਦੇ ਮੈਂਬਰਾਂ ਨਾਲ ਇੱਕ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਗਈ ਤੇ ਇਸ ਮੁਲਾਕਾਤ ਦੌਰਾਨ ਆਟੋ ਚਾਲਕਾਂ ਨੇ ਆਪਣੀਆਂ ਦਰਪੇਸ਼ ਮੁਸ਼ਕਲਾਂ, ਖਾਸ ਕਰਕੇ ਸਨੌਰ 'ਚ ਆਟੋ ਸਟੈਂਡ ਦੀ ਘਾਟ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਯੂਨੀਅਨ ਮੈਂਬਰਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਦਿਆਂ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਕਿਹਾ ਕਿ ਆਟੋ ਰਿਕਸ਼ਾ ਚਾਲਕ ਸ਼ਹਿਰ ਦੀ ਆਵਾਜਾਈ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਮਿਹਨਤਕਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣਾ ਸਰਕਾਰ ਦੀ ਪਹਿਲ ਹੈ। ਇਸ ਤੋਂ ਇਲਾਵਾ ਗੌਰਵ ਸੰਧੂ ਨੇ ਆਟੋ ਰਿਕਸ਼ਾ ਯੂਨੀਅਨ ਦੇ ਮੈਂਬਰਾਂ ਨਾਲ ਟ੍ਰੈਫਿਕ ਪ੍ਰਬੰਧ ਅਤੇ ਹੋਰ ਸਥਾਨਕ ਮੁੱਦਿਆਂ ਬਾਰੇ ਵੀ ਚਰਚਾ ਕੀਤੀ। ਇਸ ਦੇ ਨਾਲ ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਆਟੋ ਰਿਕਸ਼ਾ ਚਾਲਕਾਂ ਵਲੋਂ ਉਠਾਏ ਗਏ ਮੁੱਦਿਆਂ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾ ਕੇ ਜਲਦੀ ਤੋਂ ਜਲਦੀ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਲੋਕਾਂ ਅਤੇ ਮਜ਼ਦੂਰ ਵਰਗ ਦੀਆਂ ਸਮੱਸਿਆਵਾਂ ਨੂੰ ਹੱਲ ਕਰਵਾਉਣਾ ਹੀ ਸਾਡੀ ਆਵਾਜ਼ ਰਹੀ ਹੈ ਅਤੇ ਭਵਿੱਖ ਵਿੱਚ ਵੀ ਲੋਕਾਂ ਦੇ ਹਿੱਤਾਂ ਲਈ ਉਹ ਹਮੇਸ਼ਾਂ ਤਤਪਰ ਰਹਿਣਗੇ। ਇਸ ਮੌਕੇ ਆਟੋ ਰਿਕਸ਼ਾ ਯੂਨੀਅਨ ਸਨੌਰ ਦੇ ਕਈ ਮੈਂਬਰ, ਇਲਾਕੇ ਦੇ ਮਾਣਯੋਗ ਵਿਅਕਤੀ ਅਤੇ ਹੋਰ ਪਾਰਟੀ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਵੀ ਇਸ ਮੀਟਿੰਗ ਦੌਰਾਨ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਤਨਾਮ ਸਿੰਘ, ਪਵਨ ਕੁਮਾਰ, ਅਤਿੰਦਰ ਸਿੰਘ, ਰੋਮੀ, ਕਰਨਵੀਰ ਸਿੰਘ ਅਤੇ ਜੀਵਨ ਸਿੰਘ ਸਮੇਤ ਹੋਰ ਕਈ ਆਟੋ ਰਿਕਸ਼ਾ ਯੂਨੀਅਨ ਦੇ ਮੈਂਬਰ ਵੀ ਮੌਜੂਦ ਸਨ।



## ਯਾਦਗਾਰੀ ਹੋ ਨਿਬੜਿਆ ਹਾਜ਼ੀਪੁਰ ਦਾ ਕਬੱਡੀ ਕੁਸ਼ਤੀ ਮੇਲਾ



ਦੇਵੀਗੜ੍ਹ, 15 ਮਾਰਚ (ਗੁਰਜੀਤ ਸਿੰਘ ਢੋਟ): ਬੱਚਿਆਂ ਨੂੰ ਤੰਦਰੁਸਤ ਰਹਿਣ ਦੇ ਲਈ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਦਾ ਆਯੋਜਨ ਕਰਵਾਉਣਾ ਬਹੁਤ ਜ਼ਰੂਰੀ ਹੈ ਅਤੇ ਅੱਜ ਕੱਲ ਦੇ ਨੌਜਵਾਨਾਂ ਦਾ ਖੇਡਾਂ ਪ੍ਰਤੀ ਰੁਚੀ ਰੱਖਣਾ ਵੀ ਬੇਹੱਦ ਜ਼ਰੂਰੀ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਸਟੇਟ ਕੰਟੇਨਰ ਅਤੇ ਵੇਅਰ ਹਾਊਸਿੰਗ ਪੰਜਾਬ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਪਿੰਡ ਹਾਜੀਪੁਰ ਵਿਖੇ ਚੱਲ ਰਹੇ ਕਬੱਡੀ ਕੁਸ਼ਤੀ ਮੇਲੇ ਵਿਖੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨ ਦੌਰਾਨ ਕੀਤਾ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁੱਲਤ ਕਰਨ ਦੇ ਲਈ ਹਲਕਾ ਸਨੌਰ ਅੰਦਰ ਵੱਡੇ ਪੱਧਰ 'ਤੇ ਖੇਡ ਮੈਦਾਨ ਬਣਾਏ ਜਾ ਰਹੇ ਹਨ ਤਾਂ ਜੋ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਆਪਣਾ ਉਜਵਲ ਭਵਿੱਖ ਬਣਾ ਸਕਣ। ਇਸ ਲਈ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਅਨੇਕਾਂ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਜਿੱਥੇ ਕਿ ਖਿਡਾਰੀ ਖੇਡਾਂ ਨਾਲ ਆਪਣੇ ਸਰੀਰ ਨੂੰ ਫਿੱਟ ਰੱਖਦੇ ਹਨ, ਉੱਥੇ ਹੀ ਨੌਜਵਾਨਾਂ ਨੂੰ ਬਿਨਾਂ ਸਿਫਾਰਿਸ਼ ਤੋਂ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ ਜੋ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਨਾ ਕਿਸੇ ਦੀ ਸਿਫਾਰਿਸ਼ ਅਤੇ ਨਾ ਹੀ ਕੋਈ ਪੈਸਾ ਕਾਬਲੀਅਤ ਦੇ ਤੌਰ 'ਤੇ ਪੰਜਾਬ ਸਰਕਾਰ ਵੱਲੋਂ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਭਵਿੱਖ ਨੂੰ ਉਜਵਲ ਅਤੇ ਤੰਦਰੁਸਤ ਰੱਖਣ ਲਈ ਖੇਡਾਂ ਨਾਲ ਜੁੜਨ। ਸੰਧੂ ਵੱਲੋਂ ਹਾਜੀਪੁਰ ਦੇ ਸਮੁੱਚੇ ਆਯੋਜਕਾਂ ਦਾ ਵੀ ਧੰਨਵਾਦ ਕੀਤਾ ਗਿਆ।

ਜਿਨ੍ਹਾਂ ਵੱਲੋਂ ਨੌਜਵਾਨਾਂ ਲਈ ਇਹੋ ਜਿਹੇ ਉਪਰਾਲੇ ਕੀਤੇ ਜਾ ਰਹੇ ਹਨ ਜੋ ਕਿ ਇੱਕ ਸ਼ਲਾਘਾਯੋਗ ਕਦਮ ਹੈ।

## ਸਮਾਜ ਕਲਿਆਣ ਕਲੱਬ ਨੇ ਅੱਖਾਂ ਦਾ ਕੈਂਪ ਲਗਾਇਆ



ਦੇਵੀਗੜ੍ਹ, 15 ਮਾਰਚ (ਗੁਰਜੀਤ ਸਿੰਘ ਢੋਟ): ਸਮਾਜ ਕਲਿਆਣ ਵਿੱਚ ਮਾਨਵਤਾ ਦੇ ਭਲੇ ਲਈ ਉਚਿੱਤ ਕੰਮ ਕਰਨਾ ਇੱਕ ਸ਼ਲਾਘਾਯੋਗ ਕਾਰਜ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਸਟੇਟ ਕੰਟੇਨਰ ਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਪੰਜਾਬ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਵੱਲੋਂ ਦੇਵੀਗੜ੍ਹ ਤਨੇਜਾ ਸਵੀਟਸ ਵਿਖੇ ਸਮਾਜ ਕਲਿਆਣ ਕਲੱਬ ਸਨੌਰ ਵੱਲੋਂ ਅੱਖਾਂ ਦੇ ਲਗਾਏ ਗਏ ਕੈਂਪ ਦੌਰਾਨ ਕੀਤਾ। ਅੱਜ ਦਾ ਇਹ ਕੈਂਪ ਜਸਬੀਰ ਸਿੰਘ ਬੱਲੀ, ਜੱਸੀ ਹਸਨਪੁਰ ਅਤੇ ਜਸਵਿੰਦਰ ਸ਼ਰਮਾ ਆਈ ਕੇਅਰ ਸੈਂਟਰ ਸਮੇਤ ਸਮੁੱਚੇ ਆਯੋਜਕਾਂ ਵੱਲੋਂ ਇਸ ਕੈਂਪ ਦਾ ਆਯੋਜਨ ਕਰਵਾਇਆ ਗਿਆ।

ਇਸ ਮੌਕੇ ਡਾਕਟਰਾਂ ਦੀ ਟੀਮ ਵੱਲੋਂ ਵੱਖ-ਵੱਖ ਮਰੀਜ਼ਾਂ ਦੇ ਅੱਖਾਂ ਦਾ ਚੈੱਕਅੱਪ ਕੀਤਾ ਗਿਆ ਅਤੇ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਵਾਈਫ ਚੇਅਰਮੈਨ ਇੰਦਰਜੀਤ ਸੰਧੂ ਨੇ ਕਿਹਾ ਕਿ ਸਾਨੂੰ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਇਲਾਕੇ ਦੀਆਂ ਹੋਰ ਵੀ ਉੱਚ ਸ਼ਖਸੀਅਤਾਂ ਮੌਜੂਦ ਸਨ।

## ਕੁੱਤਿਆਂ ਦੇ ਝੁੰਡ ਵੱਲੋਂ 10 ਸਾਲਾ ਬੱਚੇ 'ਤੇ ਹਮਲਾ; ਹਾਲਤ ਗੰਭੀਰ, ਪਟਿਆਲਾ ਰੈਫਰ

ਸਮਾਣਾ, 15 ਮਾਰਚ (ਵਿਜੇ ਕੁਮਾਰ): ਸਮਾਣਾ ਦੇ ਨਜ਼ਦੀਕੀ ਪਿੰਡ ਬਦਨਪੁਰ ਵਿੱਚ ਕੁੱਤਿਆਂ ਦੇ ਇੱਕ ਝੁੰਡ ਵੱਲੋਂ 10 ਸਾਲਾ ਬੱਚੇ ਨੂੰ ਬੁਰੀ ਤਰ੍ਹਾਂ ਨੋਚਣ ਦਾ ਮਾਮਲਾ ਸਾਹਮਣੇ ਆਇਆ ਹੈ। ਬੱਚੇ ਨੂੰ ਇਲਾਜ ਲਈ ਪਹਿਲਾਂ ਸਮਾਣਾ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ, ਪਰ ਉਸ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਡਾਕਟਰਾਂ ਨੇ ਉਸ ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਲਈ ਰੈਫਰ ਕਰ ਦਿੱਤਾ ਹੈ।



ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਦੇ ਕੋਲੋਂ ਹਾਂਸੀ-ਬੁਟਾਣਾ ਨਹਿਰ ਗੁਜ਼ਰਦੀ ਹੈ। ਨਹਿਰ ਵਿੱਚ ਪਾਣੀ ਨਾ ਹੋਣ ਕਾਰਨ ਲੋਕ ਉੱਥੇ ਮਰੇ ਹੋਏ ਜਾਨਵਰ ਸੁੱਟ ਜਾਂਦੇ ਹਨ, ਜਿਨ੍ਹਾਂ ਨੂੰ ਖਾਣ ਲਈ ਉੱਥੇ ਕੁੱਤਿਆਂ ਦੇ ਝੁੰਡ ਇਕੱਠੇ ਰਹਿੰਦੇ ਹਨ। ਪ੍ਰਿਆਂਸ਼ ਜਦੋਂ ਨਹਿਰ ਦੇ ਕੋਲੋਂ ਦੁੱਧ ਲੈਣ ਜਾ ਰਿਹਾ ਸੀ, ਤਾਂ ਅਚਾਨਕ ਕੁੱਤਿਆਂ ਦੇ ਝੁੰਡ ਨੇ ਉਸ 'ਤੇ ਹਮਲਾ ਕਰ ਦਿੱਤਾ। ਇਸ ਹਮਲੇ ਵਿੱਚ ਬੱਚੇ ਦੇ ਸਰੀਰ 'ਤੇ ਕਈ ਥਾਵਾਂ 'ਤੇ ਡੂੰਘੇ ਜ਼ਖਮ ਹੋ ਗਏ।

ਘਟਨਾ ਤੋਂ ਤੁਰੰਤ ਬਾਅਦ ਬੱਚੇ ਨੂੰ ਸਮਾਣਾ ਦੇ ਸਿਵਲ ਹਸਪਤਾਲ ਲਿਆਂਦਾ ਗਿਆ। ਉੱਥੇ ਮੌਜੂਦ ਡਾਕਟਰਾਂ ਦੀ ਟੀਮ ਨੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਬੱਚੇ ਦੀ ਨਾਜ਼ੁਕ ਹਾਲਤ ਨੂੰ ਦੇਖਦਿਆਂ ਉਸ ਨੂੰ ਉੱਚੇਰੀ ਸਹੂਲਤਾਂ ਲਈ ਪਟਿਆਲਾ ਭੇਜ ਦਿੱਤਾ।

## ਕਬੱਡੀ ਖਿਡਾਰੀ ਨੂੰ ਇਨਸਾਫ ਦਿਵਾਉਣ ਲਈ ਪਿੰਡ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਨੂੰ ਭਲਕੇ ਤੱਕ ਦਾ ਦਿੱਤਾ ਸਮਾਂ

ਡਕਾਲ/ਬਲਬੇੜ੍ਹਾ, 15 ਮਾਰਚ (ਗੁਰਸੇਵਕ ਸਿੰਘ ਕਰਹਾਲੀ ਸਾਹਿਬ): ਪਿੰਡ ਬਲਬੇੜ੍ਹਾ ਦੇ ਯੂਥ ਸਪੋਰਟਸ ਕਲੱਬ ਪ੍ਰਧਾਨ ਤੇ ਕਬੱਡੀ ਖਿਡਾਰੀ ਗੁਰਜੰਟ ਸਿੰਘ ਖ਼ਿਲਾਫ ਕਿਸੇ ਸ਼ਰਾਰਤੀ ਅਨਸਰ ਦੁਆਰਾ ਪੁਲਿਸ ਨੂੰ ਨਸ਼ੇ ਕਰਨ ਦੀ ਕੀਤੀ ਗਈ ਝੂਠੀ ਸ਼ਿਕਾਇਤ ਦੇ ਮਾਮਲੇ 'ਚ ਕਬੱਡੀ ਖਿਡਾਰੀ ਨੂੰ ਇਨਸਾਫ ਦਿਵਾਉਣ ਲਈ ਪਿੰਡ ਵਾਸੀਆਂ ਵਲੋਂ ਕੀਤੇ ਗਏ ਇੱਕਠ ਤੋਂ ਬਾਅਦ ਮਤਾ ਪਾਸ ਕਰਦੇ ਹੋਏ ਪੁਲਿਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦੇ ਹੋਏ ਪਟਿਆਲਾ-ਚੀਕਾ ਮੁੱਖ ਮਾਰਗ 'ਤੇ ਵਿਸ਼ਾਲ ਰੋਸ ਧਰਨਾ ਲਗਾਉਣ ਦਾ ਐਲਾਨ ਕੀਤਾ ਹੈ।ਪਿੰਡ ਵਾਸੀਆਂ ਨੇ ਆਪਣੀ ਸ਼ਿਕਾਇਤ ਪੁਲਿਸ ਪ੍ਰਸ਼ਾਸਨ ਨੂੰ ਭੇਜ ਦਿੱਤੀ ਹੈ। ਇਸ ਦੌਰਾਨ ਪਿੰਡ ਦੇ ਆਗੂ ਪ੍ਰਧਾਨ ਸੁਖਬੀਰ ਸਿੰਘ, ਗੁਰਮੇਲ ਸਿੰਘ ਘੁੰਮਣ, ਕਿਸਾਨ ਆਗੂ ਜ਼ੋਰਾ ਸਿੰਘ ਨੇ ਇੱਕਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੁਲਿਸ ਪ੍ਰਸ਼ਾਸਨ ਪਿੰਡ ਦੇ ਕਬੱਡੀ ਖਿਡਾਰੀ ਗੁਰਜੰਟ ਸਿੰਘ ਖਿਲਾਫ ਝੂਠੀ ਸ਼ਿਕਾਇਤ ਕਰਨ ਵਾਲੇ ਵਿਅਕਤੀ ਦਾ ਨਾਮ ਜਨਤਕ ਕਰਕੇ, ਦੋਸ਼ੀ ਖਿਲਾਫ ਬਣਦੀ ਕਾਰਵਾਈ ਕਰੇ। ਉਨ੍ਹਾਂ ਕਿਹਾ ਕਿ ਸ਼ਰਾਰਤੀ ਅਨਸਰ ਦੁਆਰਾ ਖਿਡਾਰੀ ਦਾ ਅਕਸ ਖਰਾਬ ਕਰਨ ਤੇ ਮਨੋਬਲ ਨੂੰ ਤੋੜਨ ਦੀ ਘਟੀਆ ਸ਼ਰਾਰਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੀ ਝੂਠੀ ਸ਼ਿਕਾਇਤ ਪਹਿਲਾਂ ਵੀ ਕਿਸੇ ਹੋਰ ਪਰਿਵਾਰ ਦੀ ਕੀਤੀ ਜਾ ਚੁੱਕੀ ਹੈ। ਪਿੰਡ ਬਲਬੇੜ੍ਹਾ ਦੇ ਮੁੱਖ ਮਾਰਗ 'ਤੇ ਪੁਲਿਸ



ਪਿੰਡ ਦੇ ਆਗੂਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਬੱਡੀ ਖਿਡਾਰੀ ਗੁਰਜੰਟ ਸਿੰਘ ਖਿਲਾਫ ਨਸ਼ੇ ਕਰਨ ਤੇ ਵੇਚਣ ਦੀ ਕੀਤੀ ਗਈ ਝੂਠੀ ਸ਼ਿਕਾਇਤ ਕਰਨ ਵਾਲੇ ਵਿਅਕਤੀ ਖਿਲਾਫ 17 ਮਾਰਚ ਤਕ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ ਦੋਸ਼ੀ ਵਿਅਕਤੀ ਦਾ ਨਾਮ ਜਨਤਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਮੂਹ ਪਿੰਡ ਵਾਸੀਆਂ ਵਲੋਂ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਜੇਕਰ 17 ਮਾਰਚ ਤਕ ਦੋਸ਼ੀ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾਂਦੀ ਤਾਂ ਸਮੂਹ ਪਿੰਡ ਵਾਸੀ 18 ਮਾਰਚ ਨੂੰ ਸਵੇਰੇ 9 ਵਜੇ ਚੌਂਕੀ ਬਲਬੇੜ੍ਹਾ ਨੇੜੇ ਪੁਲਿਸ ਪ੍ਰਸ਼ਾਸਨ ਤੇ ਸਰਕਾਰ ਖਿਲਾਫ ਵਿਸ਼ਾਲ ਰੋਸ ਧਰਨਾ ਲਗਾਉਣਗੇ।ਇਸ ਮੌਕੇ ਪ੍ਰਧਾਨ ਸੁਖਬੀਰ ਸਿੰਘ, ਗੁਰਮੇਲ ਸਿੰਘ, ਪ੍ਰਧਾਨ ਜ਼ੋਰਾ ਸਿੰਘ, ਹਰਵਿੰਦਰ ਸਿੰਘ ਕੋਚ, ਕਸ਼ਮੀਰ ਸਿੰਘ, ਨਿੱਕਾ ਸਿੰਘ, ਚਰਨਜੀਤ ਚੰਨੀ, ਰਣਧੀਰ ਭੋਲਾ, ਅਮਰਿੰਦਰ ਸਿੰਘ, ਮਨਜੀਤ ਨੰਬਰਦਾਰ, ਗੁਰਬਖਸ਼ ਸਿੰਘ, ਭਾਗ ਸਿੰਘ, ਜਸਵੰਤ ਵਰਮਾ, ਸ਼ਿਵ ਵਰਮਾ, ਅਵਤਾਰ ਤਾਰੀ, ਬਲਕਾਰ ਸਿੰਘ, ਦਾਰਾ ਸਿੰਘ, ਰਣਜੀਤ ਸਿੰਘ ਨੰਬਰਦਾਰ, ਜਗਰੂਪ ਸਿੰਘ, ਅਮਰੀਕ ਸਿੰਘ, ਸੇਵਾ ਸਿੰਘ, ਦੀਪਾ ਸਿੰਘ, ਹਰਜੀਤ ਸਿੰਘ, ਨਾਹਰ ਸਿੰਘ ਆਦਿ ਹੋਰ ਵੀ ਪਿੰਡ ਵਾਸੀ ਮੌਜੂਦ ਸਨ।

## ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਮਨਾਇਆ

ਪਟਿਆਲਾ 15 ਮਾਰਚ (ਚ.ਨ.ਸ.): ਪਟਿਆਲਾ ਕੰਜ਼ਿਊਮਰ ਐਂਡ ਟੈਲੀਫੋਨ ਸਬਸਕ੍ਰਾਈਬਰਜ਼ ਫੋਰਮ (ਰਜਿ.) ਵੱਲੋਂ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਦੇ ਸਬੰਧ ਵਿੱਚ 13 ਮਾਰਚ 2026 ਨੂੰ ਸਰਕਾਰੀ ਮੋਹਿੰਦਰਾ ਕਾਲਜ ਪਟਿਆਲਾ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਐਡੀਸ਼ਨਲ ਡਿਪਟੀ ਕਮਿਸ਼ਨਰ (ਅਰਬਨ ਡਿਵੈਲਪਮੈਂਟ) ਮੈਡਮ ਨਵਰੀਤ ਕੌਰ ਸੇਖੋਂ ਪੀ.ਸੀ.ਐਸ. ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਸਮੇਤ ਕਾਲਜ ਦੇ 100 ਤੋਂ ਵੱਧ ਵਿਦਿਆਰਥੀਆਂ ਅਤੇ ਐਨਜੀਓ ਅਗੇਨਸਟ ਐਡਲਟਰੇਸ਼ਨ ਦੇ ਮੈਂਬਰਾਂ ਨੇ ਭਾਗ ਲਿਆ। ਇਹ ਸਮਾਗਮ ਸਰਕਾਰੀ ਮੋਹਿੰਦਰਾ ਕਾਲਜ ਦੇ 150ਵੇਂ ਸਥਾਪਨਾ ਵਰ੍ਹੇ ਨੂੰ ਸਮਰਪਿਤ ਸੀ, ਜੋ 30 ਮਾਰਚ ਨੂੰ ਮਨਾਇਆ ਜਾ ਰਿਹਾ ਹੈ। ਪਟਿਆਲਾ ਕੰਜ਼ਿਊਮਰ ਐਂਡ ਟੈਲੀਫੋਨ ਸਬਸਕ੍ਰਾਈਬਰਜ਼ ਫੋਰਮ ਦੀ ਸਥਾਪਨਾ ਸਾਲ 1990-91 ਵਿੱਚ ਉਪਭੋਗਤਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੇ ਜ਼ਿੰਮੇਵਾਰੀਆਂ ਬਾਰੇ ਜਾਗਰੂਕ ਕਰਨ ਲਈ ਕੀਤੀ ਗਈ ਸੀ। ਫੋਰਮ ਨੇ ਪਿਛਲੇ 36 ਸਾਲਾਂ ਦੌਰਾਨ ਉਪਭੋਗਤਾ ਸੁਰੱਖਿਆ ਕਾਨੂੰਨ 1986 ਅਤੇ 2019 ਦੇ ਸੋਧੇ ਕਾਨੂੰਨ ਬਾਰੇ ਲੋਕਾਂ ਨੂੰ ਜਾਣੂੰ ਕਰਵਾਉਣ ਲਈ ਕਈ ਪ੍ਰੋਗਰਾਮ ਕਰਵਾਏ ਹਨ। ਹੁਣ ਤੱਕ 650 ਤੋਂ ਵੱਧ ਲੋਕ ਇਸ ਫੋਰਮ ਦੇ ਮੈਂਬਰ ਰਹੇ ਹਨ। ਫੋਰਮ



ਕੋਲ ਆਉਣ ਵਾਲੀਆਂ ਉਪਭੋਗਤਾਵਾਂ ਦੀਆਂ ਸ਼ਿਕਾਇਤਾਂ ਨੂੰ ਸਬੰਧਤ ਵਿਭਾਗਾਂ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਂਦੇ ਹਨ।

ਇਸ ਮੌਕੇ ਫੋਰਮ ਦੇ ਜਨਰਲ ਸਕੱਤਰ ਪਵਨ ਗੋਇਲ ਮੁੱਖ ਵਕਤਾ ਵਜੋਂ ਸ਼ਾਮਲ ਹੋਏ। ਉਨ੍ਹਾਂ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਦੇ ਮਹੱਤਵ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਕਿਹਾ ਕਿ 15 ਮਾਰਚ 1962 ਨੂੰ ਅਮਰੀਕਾ ਦੇ ਤਤਕਾਲੀਨ ਰਾਸ਼ਟਰਪਤੀ ਜਾਨ ਐਫ. ਕੇਨੇਡੀ ਨੇ ਕੰਜ਼ਿਊਮਰ ਬਿੱਲ ਆਫ ਰਾਈਟਸ ਪੇਸ਼ ਕਰਦਿਆਂ ਉਪਭੋਗਤਾਵਾਂ ਦੇ ਅਧਿਕਾਰਾਂ ਦੀ ਵਕਾਲਤ ਕੀਤੀ ਸੀ। ਬਾਅਦ ਵਿੱਚ ਕੰਜ਼ਿਊਮਰ ਹੱਕਾਂ ਦੇ ਕਾਰਕੁੰਨ ਅਨਵਰ ਫਜ਼ਲ ਦੀ ਪੇਸ਼ਕਸ਼ ਉੱਤੇ 1983 ਤੋਂ ਹਰ ਸਾਲ 15 ਮਾਰਚ ਨੂੰ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਵਜੋਂ ਮਨਾਇਆ ਜਾਣ ਲੱਗਾ। ਫੋਰਮ ਦੇ ਸਲਾਹਕਾਰ ਓ.ਪੀ. ਗਰਗ ਨੇ ਉਪਭੋਗਤਾ ਸੁਰੱਖਿਆ ਕਾਨੂੰਨ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਫੋਰਮ ਦੇ ਜਨਰਲ ਸਕੱਤਰ ਨੇ ਫੋਰਮ ਦੀ ਕਾਰਗੁਜ਼ਾਰੀ, ਟੀਮ ਤੇ ਭਵਿੱਖੀ ਦ੍ਰਿਸ਼ਟੀਕੋਣ ਬਾਰੇ ਵੀ ਜਾਣੂੰ ਕਰਵਾਇਆ।

ਕਾਲਜ ਦੀ ਪ੍ਰਿੰਸੀਪਲ ਪ੍ਰੋ. ਨਿਸ਼ਠਾ ਤ੍ਰਿਪਾਠੀ ਤੇ ਵਾਈਸ ਪ੍ਰਿੰਸੀਪਲ ਪ੍ਰੋ. ਲਵਲੀਨ ਪਰਮਾਰ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੂਰਾ ਸਹਿਯੋਗ ਦਿੱਤਾ। ਪ੍ਰੋ. ਪੁਨੀਤ ਕਥੂਰੀਆ ਅਤੇ ਪ੍ਰੋ. ਵਿਲੀਅਮਜੀਤ ਸਿੰਘ ਨੇ ਪ੍ਰੋਗਰਾਮ ਦੀ ਕੋਆਰਡੀਨੇਸ਼ਨ ਕੀਤੀ। ਇਸ ਮੌਕੇ ਐਚ.ਡੀ. ਅਗਰਵਾਲ (ਪ੍ਰਧਾਨ) ਨੇ ਸਾਰੇ ਹਾਜ਼ਰੀਨਾਂ ਦਾ ਸਵਾਗਤ ਕੀਤਾ। ਸਮਾਗਮ ਵਿੱਚ ਬਲਦੇਵ ਕ੍ਰਿਸ਼ਨ ਸ਼ਰਮਾ, ਆਰ. ਐਸ. ਸਲੂਜਾ, ਰਾਜੇਸ਼ ਮਿੱਤਲ, ਹਰਿੰਦਰ ਕੌਰ ਸੰਧੂ, ਇੰਜੀ. ਸੁਖਜਿੰਦਰ ਸਿੰਘ (ਪੰਜਾਬੀ ਯੂਨੀਵਰਸਿਟੀ ਪਟਿਆਲਾ) ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਵੱਖ-ਵੱਖ ਵਰਗਾਂ ਦੇ ਲੋਕ ਹਾਜ਼ਰ ਰਹੇ।



# ਪਟਿਆਲਾ-ਆਸ/ਪਾਸ



# ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਜਾਇਦਾਦ ਕਮੇਟੀ ਦੀ ਇਕੱਤਰਤਾ 'ਚ ਮਤਿਆਂ ਨੂੰ ਪ੍ਰਵਾਨਗੀ

## ਗੁਰਦੁਆਰਾ ਪ੍ਰਬੰਧ ਅਧੀਨ ਚੱਲ ਰਹੇ ਸਰਾਵਾਂ ਸਮੇਤ ਵੱਖ-ਵੱਖ ਕਾਰਜ ਜਲਦ ਹੋਣਗੇ ਮੁਕੰਮਲ : ਪ੍ਰੋ. ਬਡੂੰਗਰ, ਜਥੇਦਾਰ ਗੜ੍ਹੀ

ਪਟਿਆਲਾ, 15 ਮਾਰਚ (ਚ.ਨ.ਸ.) : ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਜਾਇਦਾਦ ਸਬ ਕਮੇਟੀ ਦੀ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਪ੍ਰਧਾਨਗੀ ਹੇਠ ਹੋਈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਬੀਬੀ ਕੁਲਦੀਪ ਕੌਰ ਟੌਹੜਾ ਆਦਿ ਉਚੇਚੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਇਕੱਤਰਤਾ ਦੌਰਾਨ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕੋਲ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ, ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਚੱਲ ਰਹੇ ਨਿਰਮਾਣ ਕਾਰਜਾਂ ਨੂੰ ਸ਼੍ਰੋਮਣੀ ਕਮੇਟੀ



ਦੀ ਅੰਤ੍ਰਿੰਗ ਕਮੇਟੀ ਪਾਸ ਵੱਖ-ਵੱਖ ਮਤਿਆਂ ਨੂੰ ਲਿਜਾਇਆ ਗਿਆ, ਜਿਸ ਦੀ ਜਾਇਦਾਦ ਸਬ ਕਮੇਟੀ ਦੀ ਬੈਠਕ ਵਿਚ ਲਿਆਂਦੇ ਗਏ ਮਤਿਆਂ ਤੋਂ ਬਾਅਦ ਪ੍ਰਵਾਨਗੀ ਦੀ ਆਸ ਵਿਚ ਵੱਖ-ਵੱਖ ਮਤਿਆਂ ਨੂੰ ਪਾਸ ਕਰ ਲਿਆ ਗਿਆ ਹੈ। ਇਸ ਦੌਰਾਨ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਦੱਸਿਆ ਕਿ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਕੁਲਦੀਪ ਸਿੰਘ ਨੱਸੂਪੁਰ, ਬੀਬੀ ਕੁਲਦੀਪ ਕੌਰ ਟੌਹੜਾ ਦੀ ਮੌਜੂਦਗੀ ਵਿਚ ਵੱਖ-ਵੱਖ ਕਾਰਜਾਂ ਸਬੰਧੀ ਮਤੇ ਲਿਆਂਦੇ ਗਏ ਸਨ, ਉਨ੍ਹਾਂ ਮਤਿਆਂ ਨੂੰ ਪ੍ਰਵਾਨ ਕਰ ਲਿਆ ਗਿਆ ਹੈ, ਜੋ ਅਗਾਮੀ ਮਹੀਨਿਆਂ ਵਿਚ ਜਲਦ ਮੁਕੰਮਲ ਕਰ ਲਏ ਜਾਣਗੇ। ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਨਵੇਂ ਜੋੜਾ ਘਰ, ਬੇਸਮੈਂਟ, ਲੰਗਰਾਂ ਦੇ ਨਵੀਨੀਕਰਨ ਸਮੇਤ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਸਰਾਵਾਂ ਦੇ ਚੱਲ ਰਹੇ ਕਾਰਜ ਜਲਦ ਸੰਗਤਾਂ ਨੂੰ ਸਮਰਪਿਤ ਕੀਤੇ ਜਾਣਗੇ। ਜਥੇਦਾਰ ਗੜ੍ਹੀ ਨੇ ਦੱਸਿਆ ਕਿ ਨਵੇਂ ਕੜਾਹ ਪ੍ਰਸ਼ਾਦ ਕਾਊਂਟਰਾਂ ਜੋੜੇ ਘਰ ਅਤੇ ਲੰਗਰ ਇਮਾਰਤ ਦੇ ਨਿਰਮਾਣ ਸਬੰਧੀ ਅਨੇਕਾਂ ਹੀ ਕਾਰਜਾਂ ਦੀ ਮੰਗ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਪਾਸ ਰੱਖੀ ਸੀ, ਜਿਸ 'ਤੇ ਮੋਹਰ ਲੱਗ ਗਈ ਹੈ ਅਤੇ ਅਨੇਕਾਂ ਹੀ ਕਾਰਜਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸੰਗਤਾਂ ਨੂੰ ਸਮਰਪਿਤ ਕਰਨਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀਆਂ 'ਚ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਨਵਜਿੰਦਰ ਸਿੰਘ, ਰਿਕਾਰਡ ਕੀਪਰ ਸਰਬਜੀਤ ਸਿੰਘ, ਅਕਾਊਂਟੈਂਟ ਗੁਰਮੀਤ ਸਿੰਘ, ਭਾਈ ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ, ਭਾਈ ਮਨਜੀਤ ਸਿੰਘ ਸਮੇਤ ਅਧਿਕਾਰੀ ਅਤੇ ਸਮੂਹ ਸਟਾਫ ਮੈਂਬਰ ਆਦਿ ਸ਼ਾਮਲ ਸਨ।

# ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰਾਂ ਵੱਲੋਂ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ

ਪਟਿਆਲਾ, 15 ਮਾਰਚ (ਚ.ਨ.ਸ.): ਬੇਰੁਜ਼ਗਾਰ ਮਲਟੀਪਰਪਜ ਹੈਲਥ ਵੱਲੋਂ ਮਾਨਯੋਗ ਸਿਹਤ ਮੰਤਰੀ ਬਲਬੀਰ ਸਿੰਘ ਦੀ ਪਟਿਆਲਾ ਕੋਠੀ ਦਾ ਘਿਰਾਓ ਕੀਤਾ ਗਿਆ, ਧਰਨੇ ਨੂੰ ਸੰਬੋਧਿਤ ਕਰਦਿਆਂ ਤਿੱਖੇ ਸੁਰਾਂ 'ਚ ਸਰਕਾਰ ਦੀ ਨਿੰਦਾ ਕਰਦਿਆਂ ਕਿਹਾ ਕਿ ਅਨੇਕਾਂ ਮੀਟਿੰਗਾਂ ਕਰਨ ਉਪਰੰਤ ਮਪਹਵ ਮੇਲ ਦੀਆਂ 270 ਦੀ ਭਰਤੀ ਸਰਕਾਰ ਵਲੋਂ ਦਿੱਤੀ ਗਈ ਸੀ, 30 ਨਵੰਬਰ ਨੂੰ ਪੇਪਰ ਲੈਣ ਉਪਰੰਤ 20-21-22-23 ਜਨਵਰੀ ਨੂੰ ਕੌਂਸਲਿੰਗ ਹੋ ਚੁੱਕੀ ਆ ਪਰ ਉਸ ਤੋਂ ਬਾਅਦ ਅਨੇਕਾਂ ਮੀਟਿੰਗਾਂ ਕਰਨ ਦੇ ਬਾਵਜੂਦ ਸਰਕਾਰ ਤੇ ਡਿਪਾਰਟਮੈਂਟ ਵਲੋਂ ਸਾਨੂੰ ਜੋਇਨ ਕਰਨ ਬਾਰੇ ਕੋਈ ਸਾਰਥਿਕ ਕਦਮ ਨਹੀਂ ਚੁੱਕਿਆ ਗਿਆ, ਜਿਸ ਕਾਰਣ ਅੱਜ ਸਾਨੂੰ ਮਜਬੂਰੀ ਵੱਸ ਧਰਨੇ ਦੇ ਰੂਪ ਵਿੱਚ ਆਪਣਾ ਰੋਸ



ਉਜਾਗਰ ਕੀਤਾ ਗਿਆ ਹੈ, ਮਾਨਯੋਗ ਤਹਿਸੀਲਦਾਰ ਸਾਹਿਬ ਵਲੋਂ ਮੀਟਿੰਗ ਦਾ ਲਿਖਤੀ ਭਰੋਸਾ ਦਿੱਤਾ ਗਿਆ ਤੇ ਮੰਤਰੀ ਸਾਹਿਬ ਦੇ ਦਫ਼ਤਰੀ ਅਮਲੇ ਵਲੋਂ ਮੰਗਾਂ ਨੂੰ ਲੈ ਕੇ ਹੱਲ ਕਰਨ ਦਾ ਪੂਰਨ ਵਿਸ਼ਵਾਸ ਦਵਾਇਆ ਗਿਆ, ਜਿਸ ਉਪਰੰਤ ਧਰਨੇ ਨੂੰ ਸਮਾਪਤ ਕਰਨ ਦਾ ਐਲਾਨ ਕੀਤਾ ਗਿਆ, ਸੂਬਾ ਪ੍ਰਧਾਨ ਵੱਲੋਂ ਦੱਸਿਆ ਗਿਆ ਕਿ ਅਗਰ ਮੀਟਿੰਗ ਵਿੱਚ ਕੋਈ ਸਾਰਥਿਕ ਹੱਲ ਨਾ ਨਿਕਲਿਆ ਤਾਂ ਯੂਨੀਅਨ ਵੱਲੋਂ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ, ਮੌਕੇ ਉੱਪਰ ਸੂਬਾ ਪ੍ਰਧਾਨ ਹਰਵਿੰਦਰ ਪਟਿਆਲਾ, ਸਵਿੰਦਰ ਫਰੀਦਕੋਟ, ਨਵਦੀਪ ਰੋਮਾਣਾ, ਲਖਵਿੰਦਰ ਸਿੰਘ ਜੋਗਾ, ਰਾਜ ਸੰਗਤੀਵਾਲਾ, ਮੇਜਰ ਪਾਤੜਾਂ ਨੀਰਜ਼ ਫਿਰੋਜ਼ਪੁਰ, ਰਵਿੰਦਰ ਅਜਨਾਲਾ, ਸਹਿਬ ਸਿੰਘ,ਨਵਗਗਨ ਸਿੰਘ, ਸੁਰਿੰਦਰ ਫਿਰੋਜ਼ਪੁਰ, ਮਨਪ੍ਰੀਤ ਭੁੱਚੋ, ਗੁਰਪਿਆਰ ਮਾਨਸਾ, ਹਰਮਨਪ੍ਰੀਤ ਸਿੰਘ,ਆਦਿ ਮੌਜੂਦ ਸਨ।

# ਜ਼ਿਲ੍ਹਾ ਲਿਖਾਰੀ ਸਭਾ ਦੀ ਸਰਬਸੰਮਤੀ ਨਾਲ ਚੋਣ, ਪਰਮਜੀਤ ਕੌਰ ਪੰਜਵੀਂ ਵਾਰ ਬਣੇ ਪ੍ਰਧਾਨ

ਫਤਿਹਗੜ੍ਹ ਸਾਹਿਬ, 15 ਮਾਰਚ (ਹਰਪ੍ਰੀਤ ਕੌਰ ਟਿਵਾਣਾ) : ਜ਼ਿਲ੍ਹਾ ਲਿਖਾਰੀ ਸਭਾ ਫ਼ਤਹਿਗੜ੍ਹ ਸਾਹਿਬ (ਰਜਿ:) ਦੀ ਮਾਸਿਕ ਇਕੱਤਰਤਾ ਅਸ਼ੋਕਾ ਸੀ.ਸੈ. ਸਕੂਲ ਸਰਹਿੰਦ ਵਿਖੇ ਸਭਾ ਦੀਪ੍ਰਧਾਨ ਪਰਮਜੀਤ ਕੌਰ ਸਰਹਿੰਦ ਦੀ ਅਗਵਾਈ ਵਿੱਚ ਹੋਈ। ਸਭਾ ਦੇ ਸਰਪ੍ਰਸਤ ਲਾਲ ਮਿਸਤਰੀ, ਸਕੱਤਰ ਪ੍ਰਿੰਸੀਪਲ ਸੁਖਵਿੰਦਰ ਸਿੰਘ ਢਿੱਲੋਂ ਤੇ ਕਾਨੂੰਨੀ ਸਲਾਹਕਾਰ ਐਡਵੋਕੇਟ ਵਿਵੇਕ ਨਾਰਦ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਰਹੇ। ਪ੍ਰੋਗਰਾਮ ਦੀ ਰਸਮੀ ਸ਼ੁਰੂਆਤ ਸਭਾ ਦੇ ਜਨਰਲ ਸਕੱਤਰ ਹਰਜਿੰਦਰ ਸਿੰਘ ਗੋਪਾਲੋਂ ਨੇ ਸਾਰਿਆਂ ਨੂੰ ਜੀ ਆਇਆਂ ਤੇ ਨਾਨਕਸ਼ਾਹੀ ਕੈਲੰਡਰ ਮੁਤਾਬਕ ਸੰਮਤ 558 ਦੇ ਸਾਲ ਦੇ ਆਗਮਨ ਦੀ ਮੁਬਾਰਕ ਦਿੱਤੀ। ਉਪਰੰਤ ਪਰਮਜੀਤ ਕੌਰ ਸਰਹਿੰਦ ਨੇ ਸਭਾ ਵਿੱਚ ਪੁੱਜੇ ਨਵੇਂ ਲੇਖਕ/ਮੈਂਬਰਾਂ ਤਵਿੰਦਰ ਸਿੰਘ ਚੱਢਾ (ਚੱਢਾ ਮੋਟਰਜ਼ ਸਰਹਿੰਦ) ਅਤੇ ਸਾਬਕਾ ਬੈਂਕ ਮੈਨੇਜਰ ਮੇਜਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਹਿੱਸਾ ਲੈਣ ਲਈ ਜੀ ਆਇਆਂ ਕਹਿੰਦਿਆਂ ਉਨ੍ਹਾਂ ਦਾ ਮਾਨ ਕੀਤਾ ਤੇ ਸਭਾ ਨਾਲ ਪੱਕੇ ਤੌਰ 'ਤੇ ਜੁੜਨ ਲਈ ਬੇਨਤੀ ਕੀਤੀ।



ਅਗਲੀ ਕਾਰਵਾਈ ਵਿੱਚ ਜ਼ਿਲ੍ਹਾ ਲਿਖਾਰੀ ਸਭਾ (ਰਜਿ:) ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਦੋ ਸਾਲਾਂ ਪਿੱਛੋਂ ਹੋਣ ਵਾਲੀ ਚੋਣ ਪਿਛਲੇ ਸਾਲਾਂ ਵਾਂਗ ਸਰਬਸੰਮਤੀ ਨਾਲ ਹੋਈ। ਜ਼ਿਕਰਯੋਗ ਹੈ ਕਿ ਪਰਮਜੀਤ ਕੌਰ ਸਰਹਿੰਦ ਸੰਨ 2022 ਤੋਂ ਲਿਖਾਰੀ ਸਭਾ ਦੇ ਪ੍ਰਧਾਨ ਵੱਜੋਂ ਸੇਵਾ ਨਿਭਾ ?ਰਹੇ ਹਨ। ਇਸ ਵਾਰ ਫਿਰ ਉਨ੍ਹਾਂ ਦੀਆਂ ਸਭਾ ਤੇ ਸਾਹਿਤ ਲਈ ਕੀਤੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਸਾਰੇ ਮੈਂਬਰਾਂ ਤੇ ਅਹੁਦੇਦਾਰਾਂ ਵੱਲੋਂ ਸਰਬਸੰਮਤੀ ਨਾਲ ਉਨ੍ਹਾਂ ਨੂੰ ਦੋ ਸਾਲਾਂ ਲਈ ਪ੍ਰਧਾਨ ਦੀ ਸੇਵਾ ? ਸੌਂਪੀ ਗਈ ਹੈ। ਇਸ ਮੌਕੇ ਪਰਮਜੀਤ ਕੌਰ ਸਰਹਿੰਦ ਤੇ ਮੈਂਬਰਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਲਿਖਾਰੀ ਸਭਾ (ਰਜਿ:) ਫ਼ਤਹਿਗੜ੍ਹ ਸਾਹਿਬ ਸੰਨ 1992- 93 ਵਿੱਚ ਹੋਂਦ ਵਿੱਚ ਆਈ। ਸਭਾ ਦੇ ਬਾਨੀ ਉੱਘੇ ਸ਼ਾਇਰ/ਨਾਵਲਕਾਰ ਲਾਲ ਮਿਸਤਰੀ ਨੇ ਇਹ ਬੂਟਾ ਲਾਇਆ ਜੋ ਅੱਜ ਘਣਛਾਵਾਂ ਰੁੱਖ ਬਣ ਗਿਆ ਹੈ। ਸੁਧੀਰ ਕੁਮਾਰ, ਉਏਡਾ. ਹਰਚੰਦ ਸਿੰਘ ਸਰਹਿੰਦੀ (ਸ਼੍ਰੋਮਣੀ ਸਾਹਿਤਕਾਰ) ਤੇ ਮਰਹੂਮ ਸੋਹਨ ਸਿੰਘ ਪੀਰਜੈਨ ਉਨ੍ਹਾਂ ਦੇ ਸਹਿਯੋਗੀ ਰਹੇ। ਸਮੇਂ ਸਮੇਂ ਅਹੁਦੇਦਾਰ ਬਦਲਦੇ ਰਹੇ ਪਰ ਲਾਲ ਮਿਸਤਰੀ ਤੇ ਡਾ. ਸਰਹਿੰਦੀ ਨਿਰੰਤਰ ਕਾਰਜਸ਼ੀਲ ਰਹੇ। ਇਸੇ ਦੌਰਾਨ ਸੋਹਨ ਸਿੰਘ ਪੀਰਜੈਨ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਏ।ਲਾਲ ਮਿਸਤਰੀ ਨਿਰੰਤਰ ਸਭਾ ਨਾਲ ਜੁੜੇ ਹੋਏ ਹਨ। ਉਨ੍ਹਾਂ ਦੀ ਸਾਹਿਤ ਪ੍ਰਤੀ ਲਗਨ ਤੇ ਲਿਖਾਰੀ ਸਭਾ ਪ੍ਰਤੀ ਵਫ਼ਾਦਾਰੀ ਦਾ ਆਦਰ ਕਰਦਿਆਂ ਪਰਮਜੀਤ ਕੌਰ ਸਰਹਿੰਦ ਦਾ ਕਹਿਣਾ ਹੈ ਕਿ ਜਿਸ ਲਿਖਾਰੀ ਸਭਾ ਰੂਪੀ ਰੁੱਖ ਦੀ ਛਾਂ ਅਸੀਂ ਮਾਣ ਰਹੇ ਹਾਂ ਇਹ ਲਾਲ ਮਿਸਤਰੀ ਦੀ ਦੇਣ ਹੈ। ਅਸੀਂ ਕਲਮਾਂ ਵਾਲੇ ਤਾਂ ਇਸ ਨੂੰ ਗੋਡਣ-ਸਿੰਜਣ ਵਾਲੇ ਹਾਂ। ਉਨ੍ਹਾਂ ਕਿਹਾ ਕਿ ਜਿੰਨੇ ਮਾਣ ਤੇ ਭਰੋਸੇ ਨਾਲ ਮੈਨੂੰ ਇਹ ਜ਼ਿੰਮੇਵਾਰੀ ਸਭਾ ਵੱਲੋਂ ਸੌਂਪੀ ਗਈ ਹੈ ਮੈਂ ਹਮੇਸ਼ਾ ਵਾਂਗ ਸਿਦਕਦਿਲੀ ਨਾਲ ਇਹ ਸੇਵਾ ਨਿਭਾਂਵਾਂਗੀ।

ਇਸ ਮੌਕੇ ਆਏ ਲੇਖਕਾਂ ਤਵਿੰਦਰ ਸਿੰਘ ਚੱਢਾ, ਮੈਨੇਜਰ ਲਾਲ ਮਿਸਤਰੀ, ਮੇਜਰ ਸਿੰਘ , ਸਿਮਰਨਜੀਤ ਸਿੰਘ, ਰਣਜੀਤ ਸਿੰਘ, ਅਜਮੇਰ ਸਿੰਘ ਮਾਨ, ਪ੍ਰੇਮ ਲਤਾ, ਬਲਤੇਜ ਸਿੰਘ ਬਠਿੰਡਾ, ਅਮਰਬੀਰ ਸਿੰਘ ਚੀਮਾਂ, ਵਿਵੇਕ ਨਾਰਦ, ਬਲਵਿੰਦਰ ਸਿੰਘ ਢੀਂਡਸਾ, ਅਵਤਾਰ ਸਿੰਘ ਪੁਆਰ, ਮਨਿੰਦਰ ਕੌਰ ਬਸੀ, ਹਰਜਿੰਦਰ ਸਿੰਘ ਗੋਪਾਲੋਂ, ਸੁਖਵੰਤ ਸਿੰਘ ਭੱਟੀ ਤੇ ਹੋਰਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਲਾਲ ਮਿਸਤਰੀ ਤੇ ਪ੍ਰਿੰਸੀਪਲ ਸੁਖਵਿੰਦਰ ਸਿੰਘ ਢਿੱਲੋਂ ਨੇ ਜ਼ਿਲ੍ਹਾ ਲਿਖਾਰੀ ਸਭਾ ਫ਼ਤਹਿਗੜ੍ਹ ਸਾਹਿਬ ਦੇ ਕੀਤੇ ਅਤੇ ਅੱਗੋਂ ਕੀਤੇ ਜਾਣ ? ਵਾਲੇ ਕੰਮਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਅਖ਼ੀਰ ਵਿੱਚ ਪਰਮਜੀਤ ਕੌਰ ਸਰਹਿੰਦ ਨੇ ਸਰਬਸੰਮਤੀ ਨਾਲ ਹੋਈ ਚੋਣ @ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਾਰਿਆਂ ਨੂੰ ਇਸੇ ਤਰ੍ਹਾਂ ਇੱਕਜੁੱਟ ਹੋ ਕੇ ?ਕੰਮ ? ਕਰਨ ? ਤੇ ਸਾਹਿਤ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਵੇਂ ਉੱਭਰਦੇ ਕਲਮਕਾਰਾਂ ਨੂੰ ਸਭਾ ਵੱਲੋਂ ਪੂਰਾ ਮਾਣ ਤੇ ਸਹਿਯੋਗ ਦਿੱਤਾ? ਜਾਵੇਗਾ।

# ਪੰਥਕ ਸ਼ਕਤੀ ਇਕੱਠੀ ਕੀਤੇ ਬਗੈਰ ਬੇਗਾਨਿਆਂ ਉਤੇ ਟੇਕ ਰੱਖਣੀ ਆਤਮਘਾਤੀ ਫੈਸਲਾ : ਜਥੇ. ਪੰਜੋਲੀ

ਫਤਿਹਗੜ੍ਹ ਸਾਹਿਬ, 15 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਮੋਗੇ ਦੀ ਧਰਤੀ ਉਤੇ ਅਕਾਲੀਆਂ ਨੂੰ ਚੁਣੌਤੀ ਦੇ ਕੇ ਪੰਜਾਬ ਦੀ ਸਰਜ਼ਮੀਨ ਉਤੇ 2027 ਵਿੱਚ ਬੀ.ਜੇ. ਪੀ. ਦੀ ਸਰਕਾਰ ਬਣਾਉਣ ਦਾ ਐਲਾਨ ਕਰ ਗਏ ਹਨ। ਉਨ੍ਹਾਂ ਕਿਹਾ ਕਿ ਅਮਿਤਸ਼ਾਹ ਕਥਿਤ ਤੌਰ 'ਤੇ ਸਿੱਧੇ ਰੂਪ ਵਿੱਚ ਅਕਾਲੀਆਂ ਉਤੇ ਨਸ਼ੇ ਦਾ ਵਪਾਰ ਕਰਨ ਦਾ ਦੋਸ਼ ਵੀ ਲਾ ਗਏ ਤੇ ਅਕਾਲੀਆਂ ਦੇ ਦੋਵੇਂ ਧੜੇ ਜਿਹੜੇ ਇਹ ਆਸ ਰੱਖੀ ਬੈਠੇ ਸਨ ਕਿ ਬੀ.ਜੇ. ਪੀ. ਸਾਡੇ ਨਾਲ ਸਮਝੌਤਾ ਕਰੇਗੀ, ਅਮਿਤਸ਼ਾਹ ਵੱਲੋਂ ਦੋਵੇਂ ਧੜਿਆਂ ਨੂੰ ਅਗੂੰਠਾ ਦਿਖਾ ਕੇ ਇਹ ਸਾਬਤ ਕਰ ਦਿੱਤਾ ਕਿ ਬੀਜੇਪੀ ਕਰ ਲਿਆ ਹੀ ਪੰਜਾਬ ਟੀਚਰ ਚੋਣਾਂ ਲੜੇਗੀ।



ਜਥੇਦਾਰ ਪੰਜੋਲੀ ਨੇ ਕਿਹਾ ਕਿ ਅਮਿਤਸ਼ਾਹ ਨੇ ਮੋਗੇ ਵਿੱਚ ਸਿੱਖਾਂ ਦੀ ਤਰੀਫ਼ ਤਾ ਕੀਤੀ ਪਰ ਸਿੱਖਾਂ ਦੇ ਕਿਸੇ ਵੀ ਮਸਲੇ ਨੂੰ ਹੱਲ ਕਰਨ ਲਈ ਕੋਈ ਸੁਨੇਹਾ ਨਹੀਂ ਦਿੱਤਾ । ਉਹਨਾਂ ਕਿਹਾ ਕਿ ਸਿੱਖ ਪੰਥ ਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਪੰਥਕ ਸ਼ਕਤੀ ਇਕੱਠੀ ਕੀਤੇ ਬਗੈਰ ਬੇਗਾਨਿਆ ਉੱਤੇ ਟੇਕ ਰੱਖਣੀ ਆਤਮ-ਘਾਤੀ ਫੈਸਲਾ ਹੈ ਤੇ ਅਕਾਲੀਆਂ ਨੂੰ ਸਮਝਣਾ ਚਾਹੀਦਾ ਹੈ ਕਿ ਹਾਲੇ ਵੀ ਵਕਤ ਹੈ ਕਿ ਹਉਮੈ ਦਾ ਤਿਆਗ ਕਰਕੇ ਛੋਟੀਆਂ ਗੱਲਾਂ ਛੱਡ ਕੇ ਵੱਡੀਆ ਗੱਲਾਂ ਦੀ ਪ੍ਰਾਪਤੀ ਲਈ ਏਕੇ ਦਾ ਰਾਹ ਫੜਨਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਖੁਦਗਰਜ਼ੀ ਅਤੇ ਪਰਿਵਾਰਵਾਦ ਵਿੱਚੋਂ ਬਾਹਰ ਨਿਕਲ ਕੇ ਪੰਥ ਪ੍ਰਸਤੀ ਦਾ ਰਾਹ ਅਖ਼ਤਿਆਰ ਕਰਨਾ ਚਾਹੀਦਾ ਹੈ ਤੇ ਨਿੱਜ ਦੇ ਰਾਜ ਦੀ ਲਾਲਸਾ ਛੱਡ ਕੇ ਪੰਥ ਅਤੇ ਪੰਜਾਬ ਦੀ ਭਾਵਨਾ ਦੇ ਰਾਜ ਦੀ ਨੀਂਹ ਰੱਖਣੀ ਚਾਹੀਦੀ ਹੈ । ਮੁਫ਼ਤ ਖੋਰੀਆ ਸਕੀਮਾਂ ਦਾ ਏਜੰਡਾ ਛੱਡ ਕੇ ਕਿਰਤ ਦੇ ਸਿਧਾਂਤ ਦਾ ਰਾਹ ਫੜਨਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਅਕਾਲੀਆਂ ਕੋਲ ਇਹ ਆਖ਼ਰੀ ਮੌਕਾ ਹੈ ਕਿ ਉਹ 2 ਦਸੰਬਰ 2024 ਦੇ ਹੁਕਮਨਾਮੇ ਦੀ ਪਹਿਰੇਦਾਰੀ ਕਰਦਿਆਂ ਪੰਥ ਦੀਆਂ ਸਾਰੀਆਂ ਧਿਰਾਂ ਨੂੰ ਇਕੱਠਾ ਕਰਕੇ ਪੰਥ ਅਤੇ ਪੰਜਾਬ ਦਾ ਰਾਜ ਬਣਾਉਣ , ਜੇ ਅੱਜ ਵੀ ਖੁੰਝ ਗਏ ਤਾਂ ਇਹ ਮੰਨ ਲਵੋ ਕਿ 2027 ਦੀਆਂ ਚੋਣਾਂ ਅਕਾਲੀ ਦੱਲ ਦਾ ਅਕਾਲ ਚਲਾਣਾ ਪੱਕਾ ਸਮਝੋ ।ਪਤਨ ਦੇ ਰਾਹ ਉੱਤੇ ਤੁਰਨ ਤੋ ਪਹਿਲਾਂ ਇਹ ਜ਼ਰੂਰ ਸੋਚ ਰੱਖਿਓ ਕਿ ਤੁਹਾਡਾ ਸਾਡਾ ਸਭ ਦਾ ਨਾਮ ਸਿੱਖਾਂ ਦੇ ਸੁਨਹਿਰੀ ਇਤਿਹਾਸ ਵਿੱਚ ਕਾਲੇ ਅੱਖਰਾ ਨਾਲ ਲਿਖਿਆ ਜਾਏਗਾ । ਉਨ੍ਹਾਂ ਕਿਹਾ ਕਿ ਪੰਥ ਦਾ ਰਾਜ ਬਣ ਜਾਵੇ ਅਤੇ ਤੁਹਾਨੂੰ ਇਸ ਰਾਜ ਵਿੱਚ ਚੌਕੀਦਾਰੀ ਕਰਨ ਦੀ ਸੇਵਾ ਮਿੱਲ ਜਾਵੇ।

# ਵਾਰਡ ਨੰ. 10 'ਚ ਕਾਂਗਰਸੀ ਵਰਕਰਾਂ ਨਾਲ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਦੀ ਮੀਟਿੰਗ



ਫ਼ਤਹਿਗੜ੍ਹ ਸਾਹਿਬ, 15 ਮਾਰਚ (ਨਰਿੰਦਰ ਸਿੰਘ) : ਸਰਹਿੰਦ ਵਾਰਡ ਨੰਬਰ 10 ਵਿਖੇ ਕਾਂਗਰਸ ਪਾਰਟੀ ਦੀ ਇੱਕ ਅਹਿਮ ਮੀਟਿੰਗ ਕੌਂਸਲਰ ਗੁਲਸ਼ਨ ਰਾਏ ਬੋਬੀ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ ਵਿੱਚ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁਲਜੀਤ ਸਿੰਘ ਨਾਗਰਾ ਨੇ ਮੌਜੂਦਾ ਪੰਜਾਬ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਕੀਤੇ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਪੰਜਾਬ ਦੀ ਭਲਾਈ ਲਈ ਕੋਈ ਵੀ ਨਵਾਂ ਪ੍ਰੋਜੈਕਟ ਲਿਆਉਣ ਵਿੱਚ ਨਾਕਾਮ ਰਹੀ ਹੈ।ਸਰਕਾਰ ਕੋਲ ਆਪਣੀ ਕੋਈ ਪ੍ਰਾਪਤੀ ਨਹੀਂ ਹੈ, ਇਸ ਲਈ ਉਹ ਕਾਂਗਰਸ ਸਰਕਾਰ ਦੇ ਸਮੇਂ ਸ਼ੁਰੂ ਕੀਤੇ ਗਏ ਅਤੇ ਮੁਕੰਮਲ ਹੋਏ ਵਿਕਾਸ ਕਾਰਜਾਂ 'ਤੇ ਆਪਣੇ ਨਾਮ ਦੀਆਂ ਤਖ਼ਤੀਆਂ ਲਗਾ ਕੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ।ਇਸ ਮੌਕੇ ਕੌਂਸਲਰ ਗੁਲਸ਼ਨ ਰਾਏ ਬੋਬੀ ਤੇ ਕੌਂਸਲਰ ਪ੍ਰਵੀਨ ਕੁਮਾਰੀ ਨੇ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਵਾਰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਵਾਰਡ ਦੇ ਲੋਕਾਂ ਨੇ ਉਨ੍ਹਾਂ ਨੂੰ ਹਮੇਸ਼ਾ ਇੱਕ ਪਰਿਵਾਰਕ ਮੈਂਬਰ ਵਾਂਗ ਪਿਆਰ ਅਤੇ ਸਤਿਕਾਰ ਦਿੱਤਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਲਾਕੇ ਦੇ ਲੋਕ ਸਰਕਾਰ ਦੀਆਂ ਗੁਮਰਾਹਕੁੰਨ ਗੱਲਾਂ ਵਿੱਚ ਨਹੀਂ ਆਉਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਦੇ ਹੱਕ ਵਿੱਚ ਹੀ ਫਤਵਾ ਦੇਣਗੇ।ਇਸ ਮੀਟਿੰਗ ਨੇ ਜਿੱਥੇ ਆਉਣ ਵਾਲੀਆਂ ਸਥਾਨਕ ਚੋਣਾਂ ਲਈ ਕਾਂਗਰਸੀ ਵਰਕਰਾਂ ਵਿੱਚ ਨਵੀਂ ਰੂਹ ਫੂਕੀ ਹੈ। ਇਸ ਮੌਕੇ ਕੌਂਸਲਰ ਗੁਲਸ਼ਨ ਰਾਏ ਬੋਬੀ, ਕੌਂਸਲਰ ਪਰਵੀਨ ਕੁਮਾਰੀ, ਡਾਕਟਰ ਦਵਿੰਦਰ ਪੁਰੀ ਪੁਨੀਤ ਕੁਮਾਰ ਨੀਰੂ ਰਾਣੀ ਬਲਾਕ ਪ੍ਰਧਾਨ ਓ.ਬੀ.ਸੀ ਸਾਹਿਬ ਸੁਰਿੰਦਰ ਧਿਮਾਨ, ਪ੍ਰੋਮਿਲਾ ਰਾਣੀ, ਸਿਮਰਨਜੀਤ ਕੌਰ, ਕੁਲਵਿੰਦਰ ਕੌਰ, ਪਰਵੀਨ ਪੁਰੀ, ਲਖਵੀਰ ਕੌਰ, ਪ੍ਰਦੀਪ ਪਾਠਕ, ਰਜਨੀ, ਭੁਪਿੰਦਰ ਸਿੰਘ, ਗੁਲਜਾਰ, ਇੰਦਰਜੀਤ ਸਿੰਘ, ਵਿਨੋਦ ਕੁਮਾਰ, ਕੁਲਵੰਤ ਸਿੰਘ ਢਿੱਲੋਂ, ਜਸਵੀਰ ਸਿੰਘ, ਸੋਨੀਆ, ਬਾਲਾ ਰਾਣੀ, ਦਵਿੰਦਰ ਕੌਰ, ਵੰਸ਼ਿਕਾ, ਸੈਨਿਸ਼ ਕਸ਼ਿਸ਼, ਯੁਵਰਾਜ, ਸਨੇਹ ਲਤਾ, ਜਸਵਿੰਦਰ ਕੌਰ, ਮਨਜੀਤ ਕੌਰ, ਸੁਰਿੰਦਰ ਪਾਲ, ਆਦਿ ਮੌਜੂਦ ਸਨ।

# ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਮਹਿਲਾਵਾਂ-ਧੀਆਂ ਲਈ 1000 ਤੇ 1500 ਮਹੀਨਾਵਾਰ ਸਤਿਕਾਰ ਐਲਾਨ 'ਤੇ ਜਾਗੋ ਕੱਢੀ

ਫ਼ਤਹਿਗੜ੍ਹ ਸਾਹਿਬ, 15 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਮੰਡੀ ਗੋਬਿੰਦਗੜ੍ਹ ਦੇ ਮੇਨ ਬਜ਼ਾਰ ਵਿਖੇ ਮਹਿਲਾਵਾਂ-ਧੀਆਂ ਲਈ 1000 ਅਤੇ 1500 ਰੁਪਏ ਮਹੀਨਾਵਾਰ ਸਤਿਕਾਰ ਐਲਾਨ 'ਤੇ ਜਾਗੋ ਕੱਢੀ ਗਈ ਅਤੇ ਮਹਿਲਾਵਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਵਿਧਾਇਕ ਦੇ ਮਾਤਾ ਸ੍ਰੀਮਤੀ ਜਗਜੀਤ ਕੌਰ ਬੜਿੰਗ ਨੇ ਪਹੁੰਚ ਕੇ ਜਾਗੋ ਵਿੱਚ ਸ਼ਮੂਲੀਅਤ ਕੀਤੀ। ਓਹਨਾਂ ਦੱਸਿਆ ਕਿ ਮਾਵਾਂ ਅਤੇ ਭੈਣਾਂ ਵੱਲੋਂ ਪੰਜਾਬ ਸਰਕਾਰ ਦੇ ਉਪਰਾਲਿਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਹਿਲਾਵਾਂ ਦੇ ਸਤਿਕਾਰ ਵਜੋਂ 1000 ਅਤੇ 1500 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਦੀ ਖੁਸ਼ੀ ਵਿੱਚ ਜਾਗੋ ਕੱਢ ਕੇ ਸਰਕਾਰ ਦਾ ਧੰਨਵਾਦ ਕੀਤਾ ਜਾ ਰਿਹਾ ਹੈ।

ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ ਅਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਮਾਨ ਸਰਕਾਰ ਨੇ ਇਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।

ਇਸ ਦੌਰਾਨ ਮਹਿਲਾਵਾਂ ਨੇ ਕਿਹਾ ਕਿ ਸਰਕਾਰ ਵੱਲੋਂ ਚੁੱਕਿਆ ਗਿਆ ਇਹ ਕਦਮ ਆਮ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਘਰੇਲੂ ਖਰਚੇ ਚਲਾਉਣਾ ਬਹੁਤ ਮੁਸ਼ਕਲ ਹੋ ਗਿਆ ਹੈ ਅਤੇ ਛੋਟੀ-ਮੋਟੀ ਲੋੜਾਂ ਲਈ ਵੀ ਕਈ ਵਾਰ ਘਰਾਂ ਵਿੱਚ ਸੋਚਣਾ ਪੈਂਦਾ ਹੈ। ਮਹੀਨਾਵਾਰ ਮਿਲਣ ਵਾਲੀ ਇਹ ਰਕਮ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੇ ਨਾਲ-ਨਾਲ ਘਰੇਲੂ ਖਰਚਿਆਂ ਵਿੱਚ ਮਦਦਗਾਰ ਸਾਬਤ ਹੋਵੇਗੀ। ਇਸ ਮੌਕੇ ਸੰਗਠਨ ਇੰਚਾਰਜ ਅਵਤਾਰ ਸਿੰਘ ਟੈਨੀ ,ਉਪ ਵਾਈਸ ਪ੍ਰਧਾਨ ਹਰਪ੍ਰੀਤ ਘੁੰਮਣ ਨਾਨਕ, ਹਲਕਾ ਕੋਆਰਡੀਨੇਟਰ ਹਰਬੰਸ ਕੌਰ ਨੇਹਾ, ਬਲਾਕ ਪ੍ਰਧਾਨ ਗੀਤਾਂਜਲੀ ਗਿਫਟੀ, ਨਰੇਸ ਸ਼ਰਮਾ, ਬੇਬੀ ਧਿਮਾਨ, ਕੁਲਵੀਰ ਕੌਰ, ਜਸਪ੍ਰੀਤ ਕੌਰ, ਸਿਮਰਨਪ੍ਰੀਤ ਕੌਰ, ਜਾਨਵੀ ਸ਼ਰਮਾ ਜੈਸਮੀਨ ਅਮਨਦੀਪ ਕੌਰ ਸਰਬਜੀਤ ਕੌਰ ਵਾਰਡ ਇੰਚਾਰਜ ਮਨਪ੍ਰੀਤ ਨੇਹਾ, ਮੋਨਿਕਾ ਤੇ ਹੋਰ ਆਪ ਆਗੂ ਹਾਜ਼ਰ ਸਨ।

# ਜਨਹਿਤ ਸਮਿਤੀ ਨੇ ਪਾਰਕ ਹਸਪਤਾਲ ਨਾਲ ਮਿਲ ਕੇ ਮੁਫਤ ਡਾਕਟਰੀ ਜਾਂਚ ਕੈਂਪ ਲਗਾਇਆ

ਪਟਿਆਲਾ, 15 ਮਾਰਚ (ਚ.ਨ.ਸ.) : ਜਨਹਿਤ ਸਮਿਤੀ ਪਟਿਆਲਾ ਵੱਲੋਂ ਪਾਰਕ ਹਸਪਤਾਲ ਨਾਲ ਮਿਲ ਕੇ ਮੁਫਤ ਮੈਡੀਕਲ ਚੈੱਕਅਪ ਕੈਂਪ ਬਾਰਾਦਰੀ ਗਾਰਡਨ ਵਿਚ ਲਗਾਇਆ ਗਿਆ। ਇਸ ਮੌਕੇ ਹੱਡੀਆਂ ਦੇ ਮਾਹਿਰ ਡਾਕਟਰ ਹਰੀ ਓਮ ਅਗਰਵਾਲ ਵੱਲੋਂ ਵੀ ਵਿਸ਼ੇਸ਼ ਤੌਰ ਤੇ ਲੋਕਾਂ ਦਾ ਚੈੱਕ ਅਪ ਕੀਤਾ ਗਿਆ। ਇਸ ਕੈਂਪ ਵਿੱਚ ਤਕਰੀਬਨ 150 ਵਿਅਕਤੀਆਂ ਨੇ ਆਪਣਾ ਮੈਡੀਕਲ ਚੈੱਕ ਅਪ ਕਰਵਾਇਆ , ਪਾਰਕ ਹਸਪਤਾਲ ਦੇ ਸਟਾਫ ਵੱਲੋਂ ਸਾਰੇ ਹੀ ਵਿਅਕਤੀਆਂ ਦਾ ਚੈੱਕ ਅਪ ਕੀਤਾ ਗਿਆ। ਸਮਾਜ ਸੇਵੀ ਅਤੇ ਐਮਸੀ ਜਗਤਾਰ ਸਿੰਘ ਜੱਗੀ ਵੱਲੋਂ ਵਲੋਂ ਸੰਸਥਾ ਦੇ ਸਮਾਜ ਸੇਵੀ ਕੰਮਾਂ ਲਈ ਦੱਸਿਆ ਕੀ ਜਨਹਿਤ ਸਮਿਤੀ ਆਪਣੇ ਆਪ ਦੇ ਵਿੱਚ ਇੱਕ ਪੂਰਨ ਸੰਸਥਾ ਹੈ, ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਲਈ ਉਦਾਹਰਨ ਹੈ। ਸਾਨੂੰ ਸਾਰਿਆਂ ਨੂੰ ਜਨਹਿੱਤ ਸਮਿਤੀ ਦੇ ਮੈਂਬਰ ਬਣਨਾ ਚਾਹੀਦਾ ਹੈ ਤਾਂ ਜੋ ਜਨਹਿੱਤ ਸਮਿਤੀ ਹੋਰ ਵੱਧ ਚੜ ਕੇ ਲੋਕਾਂ ਦੀ ਸੇਵਾ ਕਰ ਸਕੇ। ਡਾ. ਹਰੀ ਓਮ ਅਗਰਵਾਲ ਵੱਲੋਂ ਦੱਸਿਆ ਗਿਆ ਕਿ ਸੰਸਥਾ ਹਮੇਸ਼ਾ ਹੀ ਲੋਕਾਂ ਦੇ ਭਲੇ ਦੇ ਕੰਮ ਕਰਦੀ ਹੈ ਇਸ



ਦੇ ਨਾਲ ਹੀ ਲੋਕਾਂ ਨੂੰ ਸਿਹਤ ਸੰਭਾਲ ਲਈ ਜਾਗਰੂਕ ਕਰਨਾ ਸੰਸਥਾ ਦਾ ਟੀਚਾ ਹੈ ਇਸੇ ਲੜੀ ਤਹਿਤ ਹਰੇਕ ਹਫਤੇ ਬਾਰਾਦਰੀ ਗਾਰਡਨ ਦੇ ਵਿੱਚ ਮੈਡੀਕਲ ਚੈੱਕ ਅਪ ਕੈਂਪ ਲਗਾਏ ਜਾਂਦੇ ਹਨ, ਉਹਨਾਂ ਦੱਸਿਆ ਕਿ ਸੰਸਥਾ ਵੱਲੋਂ ਲਗਾਤਾਰ ਸਮਾਜ ਸੇਵਾ ਦੇ ਭਲਾਈ ਦੇ ਕੰਮ ਜਿਵੇਂ ਕਿ ਮੁਫਤ ਐਂਬੂਲੈਂਸ ਸਰਵਿਸ, ਮੁਫਤ ਕੰਪਿਊਟਰ ਸਿੱਖਿਆ, ਮੁਫਤ ਸਿਲਾਈ ਸਿੱਖਿਆ ਅਤੇ ਮਰੀਜ਼ਾਂ ਦੀ ਮਦਦ ਕਰਨਾ ਸ਼ਾਮਿਲ ਹੈ । ਡਾਕਟਰ ਹਰਿਓਮ ਅਗਰਵਾਲ ਵੱਲੋਂ ਹੱਡੀਆਂ ਦੀ ਸ਼ਮਤਾ ਦਾ ਟੈਸਟ ਇੱਥੇ ਮੁਫਤ ਕੀਤਾ ਗਿਆ ਅਤੇ ਮਰੀਜ਼ਾਂ ਨੂੰ ਹੱਡੀਆਂ ਸਬੰਧੀ ਜਾਣਕਾਰੀ ਦਿੱਤੀ ਗਈ । ਸੰਸਥਾ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਜੀ ਵੱਲੋਂ ਸੰਸਥਾ ਦੇ ਕੰਮਾਂ ਬਾਰੇ ਦੱਸਦਿਆਂ ਕਿਹਾ ਕਿ ਅੱਜ ਜਿੱਥੇ ਸੰਸਥਾ ਵੱਲੋਂ ਇਹ ਕੈਂਪ ਲਗਾਇਆ ਗਿਆ ਹੈ ਉੱਥੇ ਸੰਸਥਾ ਵੱਲੋਂ 13 ਅਪ੍ਰੈਲ ਨੂੰ ਵਿਸਾਖੀ ਦੌੜ ਕਰਵਾਈ ਜਾ ਰਹੀ ਹੈ ਸੋ ਵੱਧ ਤੋਂ ਵੱਧ ਲੋਕਾਂ ਨੂੰ ਇਸ ਦੌੜ ਦੇ ਵਿੱਚ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਅਸੀਂ ਸਮਾਜ ਨੂੰ ਸਿਹਤਮੰਦ ਰਹਿਣ ਦਾ ਸੁਨੇਹਾ ਦੇ ਸਕੀਏ । ਡਾਕਟਰ ਜੀਐਸ ਅਨੰਦ ਵੱਲੋਂ ਪਾਰਕ ਹਸਪਤਾਲ ਪਟਿਆਲਾ ਦੀ ਟੀਮ ਦਾ ਧੰਨਵਾਦ ਕੀਤਾ, ਉਹਨਾਂ ਦੱਸਿਆ ਕਿ ਮਰੀਜ਼ਾਂ ਦੀ ਹੋਰ ਵੀ ਜਾਂਚ ਪਾਰਕ ਹਸਪਤਾਲ ਵਿੱਚ ਮੁਫਤ ਵਿੱਚ ਕੀਤੀ ਜਾਵੇਗੀ ਜਿਸ ਵਿੱਚ ਦਿਲ ਦੇ ਟੈਸਟ ਕੀਤੇ ਜਾਣਗੇ। ਮੌਕੇ ਮੁੱਖ ਤੌਰ ਤੇ ਪਹੁੰਚਿਆ ਸਖਸ਼ੀਤਾਂ ਵਿੱਚ ਡਾਕਟਰ ਜਸਕੀਰਤ ਕੌਰ, ਪੀਆਰਓ ਕਰਮਜੀਤ ਸਿੰਘ, ਹੈਪੀ ਵਰਮਾ ਫਿਟਨੈਸ ਕਲੱਬ, ਰਜਿੰਦਰ ਅੱਜੀ ਫਿਟਨੈਸ ਲਵਰ, ਐਡਵੋਕੇਟ ਜਸਵਿੰਦਰ ਗਰੇਵਾਲ, ਪਵਨ ਜੀਵਨ ਗਰਗ, ਕੇਐਸ ਢਿੱਲੋ ਰਾਜਕੁਮਾਰ ਗੁਪਤਾ, ਕੇ ਕੇ ਸਿੰਘਲਾ ਪਵਨ ਕਾਲੀਆ, ਹਰਿੰਦਰ ਸ਼ਰਮਾ ਸੁਸ਼ੀਲ ਕੁਮਾਰ ,ਜੀ ਐਲ ਵਡੇਰਾ, ਪ੍ਰੀਤ ਮੋਹਨ ਸਿੰਘ ਯੂਐਸਏ, ਪ੍ਰਕਾਸ਼ ਰਾਮ, ਵਿਨੇ ਸ਼ਰਮਾ, ਡੀਪੀ ਸਿੰਘ ਅਸ਼ੋਕ, ਤਰਸੇਮ ਮਿੱਤਲ, ਹਰਜਿੰਦਰ ਸਿੰਘ ਜਰਮਨੀ ,ਐਮ ਐਸ ਜੱਗੀ, ਪ੍ਰਵੀਨ ਜੈਨ, ਮੁਕੇਸ਼ ਸਿੰਘਲਾ ਡਾਕਟਰ ਰੇਸ਼ਵ ਸਿੰਘ ਭੱਟੀ, ਪ੍ਰੋਫੈਸਰ ਸ਼ਰਮਾ, ਚਮਨ ਲਾਲ ਗਰਗ, ਭਾਰਤੀ, ਵਿਵੇਕ ਜੈਨ, ਬਿਮਲ ਚੋਪੜਾ, ਪ੍ਰੋਫੈਸਰ ਐਸ ਸੀ ਵਰਮਾ, ਹਰਪਾਲ ਮਾਨ, ਕੇ ਆਰ ਐਸ ਥਿੰਡ ,ਵਿਵੇਕ ਜੈਨ, ਪ੍ਰਵੀਨ ਜੈਨ ਗਗਨਦੀਪ ਸਿੰਘ ,ਸਤੀਸ਼ ਜੋਸ਼ੀ ਪਾਰਕ ਹਸਪਤਾਲ ਪਟਿਆਲਾ ਦੀ ਪੂਰੀ ਟੀਮ 'ਤੇ ਵੱਡੀ ਗਿਣਤੀ ਵਿੱਚ ਸੈਰ ਪ੍ਰੇਮੀ ਸ਼ਾਮਲ ਹੋਏ।

# ਪਿੰਡ ਖਨੌੜਾ ਦੇ 23 ਸਾਲਾ ਨੌਜਵਾਨ ਦੀ ਹੋਈ ਮੌਤ

ਭਾਦਸੋਂ, 15 ਮਾਰਚ (ਭਰਪੂਰ ਸਿੰਘ ਮੱਟਰਾਂ): ਬੀਤੇ ਦਿਨੀ ਥਾਣਾ ਭਾਦਸੋਂ ਦੇ



ਅਧੀਨ ਆਉਂਦੇ ਪਿੰਡ ਖਨੌੜਾ ਦੇ ਇੱਕ ਰਹਿਣ ਵਾਲੇ 23 ਕੁ ਸਾਲਾ ਨੌਜਵਾਨ ਅਰਸ਼ਦੀਪ ਸਿੰਘ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ । ਖਨੌੜਾ ਦੇ ਰਹਿਣ ਵਾਲੇ ਦਰਸ਼ਨ ਸਿੰਘ ਨੇ ਦੱਸਿਆ ਕਿ ਉਸਦੇ ਪੁੱਤਰ ਅਰਸ਼ਦੀਪ ਸਿੰਘ ਮਹਿੰਦਰਾ ਕਾਲਜ ਪਟਿਆਲਾ ਵਿਖੇ ਐਮ ਕਾਮ ਕਰਨ ਦੇ ਨਾਲ ਨਾਲ ਥਿਏਟਰ ਦਾ ਵੀ ਸ਼ੌਕੀਨ ਸੀ ਪਰ ਜੋ ਕਿ ਕੁਝ ਸਮੇ ਤੋਂ ਕਾਫੀ ਬਿਮਾਰ ਚਲ ਰਿਹਾ ਸੀ ਅਤੇ ਉਸਦਾ ਇਲਾਜ ਪਿਛਲ਼ੇ 5 ਸਾਲਾ ਤੋਂ ਕਰਵਾ ਰਿਹਾ ਹੈ । ਬੀਤੇ ਦਿਨੀ ਉਸਦੀ ਬਿਮਾਰੀ ਕਾਰਨ ਮੌਤ ਹੋ ਗਈ ਪਰ ਪਿੰਡ ਦੇ ਕੁਝ ਵਿਅਕਤੀਆਂ ਨੇ ਉਸ ਖਿਲਾਫ ਥਾਣਾ ਭਾਦਸੋਂ ਵਿਖੇ ਦਰਖਾਸਤ ਦਿੱਤੀ ਗਈ ਕਿ ਅਰਸ਼ਦੀਪ ਸਿੰਘ ਨੂੰ ਉਸਦੇ ਪਿਤਾ ਦਰਸ਼ਨ ਸਿੰਘ ਨੇ ਹੀ ਮਾਰਿਆ ਹੈ ਜੋ ਕਿ ਸਰਾਸਰ ਝੂਠ ਹੈ। ਉਨਾ ਕਿਹਾ ਕਿ ਪਿੰਡ ਦੇ ਇਨਾਂ ਵਿਅਕਤੀਆਂ ਵਲੋਂ ਪੁਰਾਣੀ ਕੋਈ ਰੰਜਿਸ਼ ਕਰਕੇ ਝੂਠੀ ਸ਼ਿਕਾਇਤ ਕਰਕੇ ਮੇਰੇ ਉਤੇ ਆਪਣੇ ਹੀ ਪੁੱਤਰ ਮਾਰਨ ਦਾ ਝੂਠਾ ਇਲਜਾਮ ਲਗਾਇਆ ਹੈ । ਇਸ ਦੌਰਾਨ ਕਾਂਗਰਸ ਪਾਰਟੀ ਦੇ ਸਾਬਕਾ ਜਿਲਾ ਪ੍ਰਧਾਨ ਮਹੰਤ ਹਰਵਿੰਦਰ ਸਿੰਘ ਖਨੌੜਾ ਨੇ ਕਿਹਾ ਕਿ ਇਹ ਨੌਜਵਾਨ ਅਰਸ਼ਦੀਪ ਸਿੰਘ ਪੜਾਈ ਦੇ ਨਾਲ ਨਾਲ ਥਿਏਟਰ ਦਾ ਕਲਾਕਾਰ ਹੋਣ ਵਾਲਾ ਹੋਣਹਾਰ ਨੌਜਵਾਨ ਸੀ ਪਰ ਕੁਝ ਸਮੇ ਤੋਂ ਬਿਮਾਰੀ ਕਾਰਨ ਇਸਦਾ ਇਲਾਜ ਰਜਿੰਦਰਾ ਹਸਪਾਤਾਲ ਪਟਿਆਲਾ,ਪੀ.ਜੀ.ਆਈ ਚੰਡੀਗੜ ਤੋਂ ਇਸਦੇ ਪਿਤਾ ਦੁਆਰਾ ਹੀ ਕਰਵਾਇਆ ਜਾ ਰਿਹਾ ਸੀ ਪਰ ਸਿਆਸੀ ਰੰਜਿਸ਼ ਕਾਰਨ ਪਿੰਡ ਦੇ ਕੁਝ ਵਿਅਕਤੀਆਂ ਦੁਆਰਾ ਝੂਠੀ ਦਰਖਾਸਤ ਦੇ ਕੇ ਜਿਥੇ ਉਨਾ ਇਨਸਾਨੀਅਤ ਨੂੰ ਸ਼ਰਮਸਾਰ ਕੀਤਾ ਹੈ ਉਥੇ ਪਰਿਵਾਰ ਨੂੰ ਵੀ ਨਿਰਾਸ਼ ਅਤੇ ਹੋਰ ਦੁੱਖ ਪਹੁੰਚਾਉਣ ਦੀ ਕੋਸ਼ਿਸ ਕੀਤੀ ਹੈ ।ਖਨੌੜਾ ਨੇ ਕਿਹਾ ਕਿ ਦਰਸ਼ਨ ਸਿੰਘ ਨੇ ਪੁੱਤਰ ਦੇ ਇਲਾਜ ਚ ਕੋਈ ਕਸਰ ਨਹੀ ਛੱਡੀ । ਉਨਾ ਕਿਹਾ ਕਿ ਸ਼ਰਾਰਤੀ ਅਨਸਰਾਂ ਵਲੋਂ ਕੀਤੀ ਗਈ ਇਹ ਝੂਠੀ ਸ਼ਿਕਾਇਤ ਬਹੁਤ ਹੀ ਘਟੀਆ ਹਰਕਤ ਹੈ । ਇਸ ਦੌਰਾਨ ਥਾਣਾ ਮੁਖੀ ਸਬ ਇੰਸਪੈਕਟਰ ਗੁਰਨਾਮ ਸਿੰਘ ਘੁੰਮਣ ਨੇ ਦੱਸਿਆ ਕਿ ਉਨਾਂ ਨੂੰ ਦਰਖਾਸਤ ਪ੍ਰਾਪਤ ਹੋਈ ਕਿ ਨੌਜਵਾਨ ਦੀ ਮੌਤ ਹੋਈ ਹੈ ਅਤੇ ਪੁਲਿਸ ਵਲੋਂ ਮ੍ਰਿਤਕ ਨੌਜਵਾਨ ਅਰਸ਼ਦੀਪ ਸਿੰਘ ਦਾ ਪੋਸਟਮਾਰਟਮ ਕਰਵਾਕੇ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੋਪ ਦਿੱਤੀ ਹੈ । ਉਨਾ ਕਿਹਾ ਕਿ ਪੋਸਟਮਾਰਟਮ ਦੇ ਬਾਦ ਮੌਤ ਦੇ ਕਾਰਨ ਤੋਂ ਬਾਦ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਅਮਨਦੀਪ ਕੌਰ ਖੈਹਿਰਾ ਨੂੰ ਬਲਾਕ ਸਮਤੀ ਨਾਭਾ ਦੀ ਚੇਅਰਪਰਸਨ ਚੁਣਿਆ



ਨਾਭਾ, 15 ਮਾਰਚ (ਗੁਰਚਰਨ ਸਿੰਘ ਚੌਧਰੀ ਮਾਜਰਾ) : ਅਮਨਦੀਪ ਕੌਰ ਖੈਹਿਰਾ ਪਤਨੀ ਤਜਿੰਦਰ ਸਿੰਘ ਖੈਹਿਰਾ ਮੈਂਬਰ ਸਪੋਰਟਸ ਕਲੱਬ ਪਟਿਆਲਾ ਵੱਲੋਂ ਹਲਕਾ ਚੌਧਰੀ ਮਾਜਰਾ ਦੀ ਬਲਾਕ ਸੰਪਤੀ ਆਮ ਆਦਮੀ ਪਾਰਟੀ ਤੋਂ ਭਾਰੀ ਵੋਟਾਂ ਨਾਲ ਜਿੱਤ ਪ੍ਰਾਪਤ ਕੀਤੀ। ਅਮਨਦੀਪ ਕੌਰ ਖੈਹਿਰਾ ਨੂੰ ਬਲਾਕ ਸੰਪਤੀ ਨਾਭਾ ਦੇ ਚੇਅਰਮੈਨ ਵੱਜੋਂ ਚੁਣੀ ਚੋਣ ਤੋਂ ਉਪਰੰਤ ਆਪਣੇ ਜੱਦੀ ਪਿੰਡ ਚੌਧਰੀ ਮਾਜਰਾ ਵਿਖੇ ਪਿੰਡ ਦੀ ਜਨਤਾ ਦੇ ਇਕੱਠ ਨਾਲ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ, ਜਿੱਥੇ ਕਿ ਚੌਧਰੀ ਮਾਜਰਾ ਤੇ ਹੋਰ ਇਲਾਕੇ ਦੀ ਜਨਤਾ ਵੱਲੋਂ ਫੁੱਲਾਂ ਦਾ ਹਾਰ ਪਾ ਕੇ ਅਮਨਦੀਪ ਕੌਰ ਖੈਹਿਰਾ ਨੂੰ ਅਤੇ ਉਸਦੇ ਪਤੀ ਤਜਿੰਦਰ ਸਿੰਘ ਖੈਹਿਰਾ ਨੂੰ ਦੇ ਹਾਰ ਪਾ ਕੇ ਅਤੇ ਹੋਰ ਆਏ ਮੈਂਬਰਾਂ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ। ਉਪਰੰਤ ਗੁਰਦੁਆਰਾ ਸਾਹਿਬ ਵਿਖੇ ਗੁਰੂ ਮਹਾਰਾਜ ਦੇ ਚਰਨਾਂ ਵਿੱਚ ਮੱਥਾਂ ਟੇਕ ਕੇ ਆਸ਼ਿਰਵਾਦ ਹਾਸਿਲ ਕੀਤੀ। ਇਸ ਸਮੇਂ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਅਮਨਦੀਪ ਕੌਰ ਖੈਹਰਾ ਨੇ ਕਿਹਾ ਕਿ ਮੈਂ ਆਪਣੇ ਪਿੰਡ ਵਾਸੀਆਂ ਦਾ ਬਹੁਤ ਬਹੁਤ ਧੰਨਵਾਦ ਕਰਦੀ ਹਾਂ ਜਿਨ੍ਹਾਂ ਨੇ ਮੈਨੂੰ ਵੋਟਾਂ ਪਾ ਕੇ ਜਿੱਤ ਦਿੱਤੀ ਤੇ ਮੈਨੂੰ ਇਸ ਪਦਵੀ ਦੇ ਲਾਇਕ ਬਣਾਇਆ। ਮੈਂ ਆਪਣੀ ਪਿੰਡ ਦੀ ਜਨਤਾ ਤੇ ਮੇਰੀ ਬਲਾਕ ਸੰਮਤੀ ਦੇ ਪਿੰਡਾ ਦੀ ਜਨਤਾ ਨੂੰ ਵਿਸ਼ਵਾਸ ਦਿੰਦੀ ਹਾਂ ਮੈਨੂੰ ਸੰਵਿਧਾਨ ਦੇ ਅਹੁਦੇ ਅਨੁਸਾਰ ਹਰ ਇੱਕ ਨੂੰ ਸਹਿਯੋਗ ਕਰਾਂਗੀ।

# ਪੰਜਾਬ ਭਰ ਵਿੱਚ ਗੈਸ ਸਿਲੰਡਰ ਨਾ ਮਿਲਣ 'ਤੇ ਕਾਲਾ ਬਾਜ਼ਾਰੀ ਕਾਰਨ ਲੋਕਾਂ ਵਿੱਚ ਮਚੀ ਹਾਹਾਕਾਰ : ਪ੍ਰੋ. ਬਡੂੰਗਰ

ਪਟਿਆਲਾ, 15 ਮਾਰਚ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਖਾੜੀ ਦੇਸ਼ਾਂ ਵਿੱਚ ਚੱਲ ਰਹੇ ਯੁੱਧ ਕਾਰਨ ਕੁਦਰਤੀ ਸਰੋਤਾਂ ਦੀ ਕਮੀ ਪੇਸ਼ ਹੋਣ ਨੂੰ ਲੈ ਕੇ ਕੇਂਦਰ ਸਰਕਾਰ ਦੇ ਗੈਸ ਸਪਲਾਈ ਸਬੰਧੀ ਕੋਈ ਪਰੇਸ਼ਾਨੀ ਅਤੇ ਕਿੱਲਤ ਨਾ ਹੋਣ ਨੂੰ ਲੈ ਕੇ ਦਿੱਤੇ ਜਾ ਰਹੇ ਬਿਆਨ ਗੁੰਮਰਾਹਕੁੰਨ ਸਾਬਤ ਹੋ ਰਹੇ ਹਨ ਕਿਉਂਕਿ ਪੰਜਾਬ ਭਰ ਵਿੱਚ ਗੈਸ ਸਿਲੰਡਰ ਨਾ ਮਿਲਣ ਕਾਰਨ ਲੋਕਾਂ ਵਿੱਚ ਹਾਹਾਕਾਰ ਮਚੀ ਹੋਈ ਹੈ ਅਤੇ ਗੈਸ ਸਿਲੰਡਰਾਂ ਦੀ ਕਾਲਾ ਬਜਾਰੀ ਸਿਖਰਾਂ ਉੱਤੇ ਹੈ।



ਪ੍ਰੋ. ਬਡੂੰਗਰ ਨੇ ਕਿਹਾ ਕਿ ਗੈਸ ਏਜੰਸੀਆਂ ਤੇ ਸਥਾਨਕ ਅਧਿਕਾਰੀਆਂ ਦੀ ਮਿਲੀ ਭੁਗਤ ਨਾਲ ਗਰੀਬ ਖਪਤਕਾਰਾਂ ਨਾਲ ਧੱਕੇਸ਼ਾਹੀ ਤੇ ਲੁੱਟ ਕੀਤੀ ਜਾ ਰਹੀ ਹੈ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਅੱਜ ਗੈਸ ਸਲੰਡਰਾਂ ਦੀ ਆ ਰਹੀ ਵੱਡੇ ਪੱਧਰ 'ਤੇ ਕਿੱਲਤ ਕਾਰਨ ਲੋਕਾਂ ਨੂੰ ਗੈਸ ਏਜੰਸੀਆਂ ਤੋਂ ਸਿਲੰਡਰ ਲੈਣ ਲਈ ਲੰਬੀਆਂ ਲੰਬੀਆਂ ਲਾਈਨਾਂ ਵਿੱਚ ਲੱਗਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਅਤੇ ਜੋ ਲੋਕ ਤੜਕੇ ਸਾਰ ਤੋਂ ਹੀ ਲਾਈਨਾਂ ਵਿੱਚ ਲੱਗ ਕੇ ਗੈਸ ਸਲੰਡਰ ਲੈਣ ਦੀ ਉਡੀਕ ਕਰਦੇ ਹਨ ਆਖਰਕਾਰ ਉਹਨਾਂ ਨੂੰ ਇਹ ਜਵਾਬ ਦੇ ਦਿੱਤਾ ਜਾਂਦਾ ਹੈ ਕਿ ਗੈਸ ਸਲੰਡਰ ਖਤਮ ਹੋ ਗਏ ਹਨ ਉਹਨਾਂ ਕਿਹਾ ਕਿ ਇਸ ਤੋਂ ਵੱਧ ਖਪਤਕਾਰਾਂ ਦੀ ਹੋਰ ਕੀ ਪਰੇਸ਼ਾਨੀ ਹੋ ਸਕਦੀ ਹੈ। ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਗੈਸ ਸਿਲਡਰਾਂ ਦੀ ਆ ਰਹੀ ਪਰੇਸ਼ਾਨੀ ਕਾਰਨ ਲਾਈਨ ਵਿੱਚ ਲੱਗੇ ਇੱਕ ਬਜ਼ੁਰਗ ਨੂੰ ਤਾਂ ਆਪਣੀ ਜਾਨ ਤੋਂ ਹੱਥ ਗਵਾਉਣੇ ਪੈ ਗਏ, ਕਿਉਂਕਿ ਉਹ ਕੜਕਦੀ ਧੁੱਪ ਵਿੱਚ ਗੈਸ ਸਿਲਡਰ ਲੈਣ ਲਈ ਲੰਬੀ ਲਾਈਨ ਵਿੱਚ ਲੱਗ ਕੇ ਆਪਣੀ ਵਾਰੀ ਦਾ ਇੰਤਜ਼ਾਰ ਕਰ ਰਿਹਾ ਸੀ ਤੇ ਉਸ ਨੂੰ ਹਾਰਟ ਅਟੈਕ ਆਉਣ ਕਾਰਨ ਆਪਣੀ ਜਾਨ ਗਵਾਉਣੀ ਪਈ।

ਉਹਨਾਂ ਕਿਹਾ ਕਿ ਭਾਵੇਂ ਅੱਜ ਕੌਮੀ ਖਪਤਕਾਰ ਦਿਵਸ ਸਰਕਾਰਾਂ ਵੱਲੋਂ ਮਨਾਇਆ ਜਾ ਰਿਹਾ ਹੈ, ਪਰੰਤੂ ਗਰੀਬ ਖਪਤਕਾਰ ਦੀ ਹੋ ਰਹੀ ਅੰਨੀ ਲੁੱਟ ਕਾਰਨ ਅੱਜ ਖਪਤਕਾਰ ਵਿਅਰਥ ਹੋ ਰਹੇ ਹੋ ਕੇ ਰਹਿ ਗਿਆ ਹੈ। ਉਹਨਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਸਰਕਾਰਾਂ ਦਾ ਕਿਸ ਪਾਸੇ ਵੱਲ ਧਿਆਨ ਕਿਉਂ ਨਹੀਂ ਜਾ ਰਿਹਾ ਕਿ ਅੱਜ ਗੈਸ ਸਿਲੰਡਰਾਂ ਦੀ ਕਾਲਾ ਬਜ਼ਾਰੀ ਤੇ ਕੰਟਰੋਲ ਕਿਉਂ ਨਹੀਂ ਕੀਤਾ ਜਾ ਰਿਹਾ।

# ਪੈਨਸ਼ਨਰ ਆਪਣੇ ਡਿਜ਼ੀਟਲ ਲਾਈਫ ਸਰਟੀਫ਼ਿਕੇਟ 31 ਤੱਕ ਜਮ੍ਹਾਂ ਕਰਵਾਉਣ : ਜ਼ਿਲ੍ਹਾ ਖ਼ਜ਼ਾਨਾ ਅਫ਼ਸਰ

ਪਟਿਆਲਾ, 15 ਮਾਰਚ (ਚ.ਨ.ਸ.) ਤ: ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਪਟਿਆਲਾ ਸਨੇਹ ਲਤਾ ਨੇ ਜ਼ਿਲ੍ਹੇ ਦੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ ਤੱਕ ਜਮ੍ਹਾਂ ਕਰਵਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਨੂੰ ਧਿਆਨ ਵਿੱਚ ਰੱਖਦਿਆਂ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਵੀ ਬੈਂਕਾਂ ਵਿੱਚ ਮੈਨੁਅਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਏ ਜਾ ਰਹੇ ਹਨ, ਜੋ ਹੁਣ ਮੰਨੇ ਨਹੀਂ ਜਾਣਗੇ।

ਸਨੇਹ ਲਤਾ ਨੇ ਕਿਹਾ ਕਿ ਆਪਣੀ ਪੈਨਸ਼ਨ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਸਮੂਹ ਪੈਨਸ਼ਨਰ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਨਜ਼ਦੀਕੀ, ਸਬੰਧਤ ਬੈਂਕ ਸ਼ਾਖਾ, ਖਜ਼ਾਨਾ ਦਫ਼ਤਰ ਜਾਂ ਸੇਵਾ ਕੇਂਦਰ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਪੈਨਸ਼ਨਰ ਰਾਜ ਸਰਕਾਰ ਦੀ ਘਰ ਬੈਠੇ ਸੇਵਾ ਦਾ ਲਾਭ ਲੈਂਦੇ ਹੋਏ 1076 ਨੰਬਰ 'ਤੇ ਕਾਲ ਕਰਕੇ ਡੋਰ-ਸਟੈਪ ਸੇਵਾ ਵੀ ਪ੍ਰਾਪਤ ਕਰ ਸਕਦੇ ਹਨ ਜਾਂ ਜੀਵਨ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਘਰ ਬੈਠੇ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹਨ। ਜ਼ਿਲ੍ਹਾ ਖ਼ਜ਼ਾਨਾ ਅਫ਼ਸਰ (ਡੀਟੀਓ) ਪਟਿਆਲਾ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ ਤੋਂ ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਪੈਨਸ਼ਨ ਦੀ ਅਦਾਇਗੀ ਵਿੱਚ ਕੋਈ ਰੁਕਾਵਟ ਨਾ ਆਵੇ।

# ਐਸ.ਡੀ.ਐਮ. ਨਾਭਾ ਅਰਵਿੰਦਰ ਪਾਲ ਸਿੰਘ ਸੋਮਲ ਨੂੰ ਕੀਤਾ ਸਨਮਾਨਤ



ਨਾਭਾ, 15 ਮਾਰਚ (ਗੁਰਚਰਨ ਸਿੰਘ ਚੌਧਰੀ ਮਾਜਰਾ): ਐਸ ਡੀ ਐਮ ਨਾਭਾ ਅਰਵਿੰਦਰ ਪਾਲ ਸਿੰਘ ਸੋਮਲ ਨੂੰ ਡਾਕਟਰ ਅੰਬੇਦਕਰ ਪਬਲਿਕ ਵੈਲਫੇਅਰ ਸੋਸਾਇਟੀ ਪੰਜਾਬ ਦੇ ਉਹਦੇ ਦਾਰਾਂ ਪ੍ਰਧਾਨ ਗੁਰਚਰਨ ਸਿੰਘ ਚੌਧਰੀ ਮਾਜਰਾ, ਜਨਰਲ ਸਕੱਤਰ ਚਰਨ ਸਿੰਘ ਬਿਰਧਨੋ, ਐਡਵੋਕੇਟ ਬਲਵਿੰਦਰ ਦੀਪ ਸਿੰਘ ਚੌਧਰੀ ਮਾਜਰਾ, ਐਡਵੋਕੇਟ ਹਰਸ਼ਵਿੰਦਰਦੀਪ ਸਿੰਘ ਚੌਧਰੀ ਮਾਜਰਾ, ਕੇਬਲ ਸਿੰਘ ਕੋਟ ਖੁਰਦ ਵੱਲੋਂ ਸਰੋਪਾ ਸਾਹਿਬ ਪਾ ਕੇ ਅਤੇ ਫੁੱਲਾਂ ਦਾ ਗੁਲਦਸਤਾ ਦੇਖ ਕੇ ਕੀਤਾ ਸਨਮਾਨਿਤ । ਇਸ ਸਮੇਂ ਐਸ ਡੀ ਐਮ ਨਾਭਾ ਨੇ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੈਂ ਨਾਭੇ ਪਹਿਲੀ ਵਾਰੀ ਆਇਆ ਹਾਂ ਮੈਂ ਆਪਣੀ ਡਿਊਟੀ ਨਾਭੇ ਦੀ ਜਨਤਾ ਲਈ ਸਹਿਯੋਗ ਕਰਾਂਗਾ ਅਤੇ ਮੈਨੂੰ ਆਸ ਹੈ ਕਿ ਨਾਭੇ ਦੀ ਜਨਤਾ ਮੈਨੂੰ ਪੂਰਾ ਸਹਿਯੋਗ ਦੇਵੇਗੀ। ਉਹਨਾਂ ਕਿਹਾ ਮੈਂ ਆਪਣੀ ਡਿਊਟੀ ਸਮੇਂ ਉਚ ਅਧਿਕਾਰੀਆਂ ਦੇ ਸਹਿਯੋਗ ਨਾਲ ਅਤੇ ਮੈਨੂੰ ਸੰਵਿਧਾਨ ਵਿੱਚੋਂ ਮਿਲਿਆ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਨਤਾ ਨੂੰ ਪੂਰਾ ਸਹਿਯੋਗ ਦੇਵਾਂਗਾ।